19-DEC-PAGE- 4.qxd 12/18/2022 9:58 PM Page 2

ਸੋਮਵਾਰ, 19 ਦਸੰਬਰ, 2022
4 ਪੋਹ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 199

# ਨਵਾਂ ਜ਼ਮਾਨਾ

DAILY NAWAN ZAMANA • MONDAY, 19 DECEMBER 2022 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਜਨਰਲ ਮੈਨੇਜਰ | 0181-5097303 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਸਮਾਚਾਰ ਵਿਭਾਗ | 0181-5097306 |
| ਸੰਪਾਦਕ | 0181-5097307 |
| ਫ਼ੈਕਸ ਇਸ਼ਤਿਹਾਰ | 0181-2222409 |
| ਫ਼ੈਕਸ ਖ਼ਬਰਾਂ | 0181-2240280 |

E-mail : nawanzamana@gmail.com

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | www.nawanzamana.in | ਸਫ਼ੇ : 12

## ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ (ਰਜਿ. ਨੰ. 14/1965) ਵੱਲੋਂ

# ਕਾਮਰੇਡ ਭਗਵਾਨ ਸਿੰਘ ਅਣਖੀ ਦੀ 31ਵੀਂ ਬਰਸੀ ਨੂੰ ਸਮਰਪਤ ਵਿਸ਼ੇਸ਼ ਸਪਲੀਮੈਂਟ

### ਸੰਦੇਸ਼



ਕਾਮਰੇਡ ਭਗਵਾਨ ਸਿੰਘ ਅਣਖੀ ਸਾਬਕਾ ਪ੍ਰਧਾਨ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੀ 31ਵੀਂ ਬਰਸੀ 'ਤੇ ਮੈਂ ਕਾਮਰੇਡ ਅਣਖੀ, ਪਿਛਲੇ ਸਮੇਂ ਦੌਰਾਨ ਵਿਛੜੇ ਆਗੂਆਂ ਤੇ ਵਰਕਰਾਂ ਨੂੰ ਸਰਧਾਂਜਲੀ ਭੇਟ ਕਰਦਾ ਹਾਂ। ਸਾਥੀ ਅਣਖੀ ਜੀ ਇਮਾਨਦਾਰ, ਮਿਹਨਤੀ ਇਨਕਲਾਬੀ ਅਤੇ ਜ਼ਮੀਨ ਨਾਲ ਜੁੜੇ ਆਗੂ ਸਨ। ਉਹ ਬਿਜਲੀ ਮੁਲਾਜ਼ਮਾਂ ਦੇ ਹੀ ਨਹੀਂ ਕਿਰਤੀ ਮਜ਼ਦੂਰਾਂ, ਕਿਸਾਨਾਂ ਦੇ ਵੀ ਆਗੂ ਸਨ, ਜਿਨ੍ਹਾਂ ਮੋਹਰੀ ਰੋਲ ਨਿਭਾ ਕੇ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ ਮਨਵਾਈਆਂ। ਅੱਜ ਜਦੋਂ ਕੇਂਦਰ ਸਰਕਾਰ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਆਮ ਲੋਕਾਂ ਵਿਰੁੱਧ ਕਾਲੇ ਕਾਨੂੰਨ ਬਣਾ ਰਹੀ ਹੈ। 32 ਕਿਸਾਨਾਂ ਜਥੇਬੰਦੀਆਂ ਵੱਲੋਂ ਦਿੱਲੀ ਵਿਖੇ ਵਿਸ਼ਾਲ ਧਰਨੇ ਦੇ ਕੇ ਕਾਲੇ ਕਾਨੂੰਨਾਂ ਦਾ ਜ਼ਬਰਦਸ਼ਤ ਵਿਰੋਧ ਕੀਤਾ ਗਿਆ ਅਤੇ ਕੇਂਦਰ ਸਰਕਾਰ ਪਾਸੋਂ ਤਿੰਨੋਂ ਕਿਸਾਨ ਵਿਰੋਧੀ ਕਾਨੂੰਨ ਰੱਦ ਕਰਵਾਏ। ਬਿਜਲੀ ਸੋਧ ਬਿੱਲ 2021 ਵਾਪਸ ਕਰਵਾਉਣ ਲਈ ਸੰਘਰਸ਼ ਜਾਰੀ ਹੈ। ਸਰਕਾਰ ਦੀਆਂ ਇਨ੍ਹਾਂ ਮਾੜੀਆਂ ਨੀਤੀਆਂ ਵਿਰੁੱਧ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਮਿਹਨਤਕਸ ਲੋਕਾਂ ਨੂੰ ਲਾਮਬੰਦ ਕਰਕੇ ਤਿੱਖੇ ਸੰਘਰਸ਼ਾਂ ਦੀ ਲੋੜ ਹੈ। ਇਹੋ ਸਾਥੀ ਅਣਖੀ ਜੀ ਨੂੰ ਸੱਚੀ ਸਰਧਾਂਜਲੀ ਹੋਵੇਗੀ।

**- ਹਰਦੇਵ ਅਰਸ਼ੀ**
ਕੌਮੀ ਕੌਂਸਲ ਮੈਂਬਰ ਤੇ ਸਾਬਕਾ ਸਕੱਤਰ ਸੀ ਪੀ ਆਈ



**ਕਾਮਰੇਡ ਭਗਵਾਨ ਸਿੰਘ ਅਣਖੀ**
**1941-1991**

### ਸੰਦੇਸ਼



ਕਾਮਰੇਡ ਭਗਵਾਨ ਸਿੰਘ ਅਣਖੀ ਦੀ 31ਵੀਂ ਬਰਸੀ ਸਮੇਂ ਮੈਂ ਕਾਮਰੇਡ ਅਣਖੀ ਸਮੇਤ ਹੋਰਨਾਂ ਵਿਛੜੇ ਆਗੂਆਂ ਤੇ ਵਰਕਰਾਂ ਨੂੰ ਸਰਧਾਂਜਲੀ ਭੇਟ ਕਰਦਾ ਹਾਂ। ਨਵਾਂ ਜ਼ਮਾਨਾ ਵੱਲੋਂ ਅਣਖੀ ਬਰਸੀ ਸੰਬੰਧੀ ਸਪਲੀਮੈਂਟ ਜਾਰੀ ਕਰਨਾ ਸ਼ਲਾਘਾਯੋਗ ਹੈ। ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਕਾਮਰੇਡ ਭਗਵਾਨ ਸਿੰਘ ਅਣਖੀ ਬਿਜਲੀ ਮੁਲਾਜ਼ਮਾਂ ਦੇ ਹੀ ਨਹੀਂ ਸਗੋਂ ਮਿਹਨਤਕਸ਼ ਜਨਤਾ ਅਤੇ ਟਰੇਡ ਯੂਨੀਅਨ ਦੇ ਉਘੇ ਆਗੂ ਸਨ। ਉਹ ਬਿਜਲੀ ਕਾਮਿਆਂ ਦੇ ਸੰਘਰਸ਼ ਅਤੇ ਮੰਗਾਂ ਲਈ ਵਧ-ਚੜ੍ਹ ਕੇ ਹਿੱਸਾ ਪਾਉਂਦੇ ਸਨ। ਅੱਜ ਜਦੋਂ ਕੇਂਦਰ ਸਰਕਾਰ ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀਆਂ ਅਤੇ ਕਿਸਾਨਾਂ ਵਿਰੁਧ ਕਾਨੂੰਨ ਬਣਾ ਕੇ ਕਾਰਪੋਰੇਟਾਂ ਹੱਥੋਂ ਉਨ੍ਹਾਂ ਦੀ ਲੁੱਟ ਖੁਸੱਟ ਦਾ ਰਾਹ ਪੱਧਰਾ ਕਰ ਰਹੀ ਹੈ। ਸੰਯੁਕਤ ਕਿਸਾਨ ਮੋਰਚੇ ਵੱਲੋਂ ਕੇਂਦਰ ਸਰਕਾਰ ਵਿਰੁੱਧ ਦਿੱਲੀ ਦੇ ਬਾਰਡਰਾਂ 'ਤੇ 380 ਦਿਨ ਸੰਘਰਸ਼ ਕਰਕੇ ਤਿੰਨ ਖੇਤੀ ਵਿਰੋਧ ਕਾਲੇ ਕਾਨੂੰਨ ਵਾਪਸ ਕਰਵਾਏ ਗਏ। ਕੇਂਦਰ ਸਰਕਾਰ ਕਿਸਾਨ ਜਥੇਬੰਦੀਆਂ ਨਾਲ ਕੀਤੇ ਸਮਝੌਤੇ ਅਨੁਸਾਰ ਲਾਗੂ ਕਰਨ ਤੋਂ ਟਾਲ ਮਟੋਲ ਕਰ ਰਹੀ ਹੈ, ਜਿਸ ਵਿਰੁੱਧ ਸੰਘਰਸ਼ ਜਾਰੀ ਹੈ। ਸਾਥੀ ਅਣਖੀ ਦੀ ਘਾਟ ਸ਼ਿੱਦਤ ਨਾਲ ਮਹਿਸੂਸ ਕੀਤੀ ਜਾ ਰਹੀ ਹੈ। ਮਜ਼ਦੂਰਾਂ ਮੁਲਾਜ਼ਮਾਂ ਤੇ ਕਿਰਤੀਆਂ ਨੂੰ ਵਿਸ਼ਾਲ ਏਕਾ ਉਸਾਰ ਬਣ ਕੇ ਤਿੱਖੇ ਸੰਘਰਸ਼ਾਂ ਦੀ ਲੋੜ ਹੈ। ਇਹ ਹੀ ਸਾਥੀ ਅਣਖੀ ਨੂੰ ਉਨ੍ਹਾਂ ਦੀ 31ਵੀਂ ਬਰਸੀ 'ਤੇ ਸੱਚੀ ਸਰਧਾਂਜਲੀ ਹੋਵੇਗੀ।

**- ਭੁਪਿੰਦਰ ਸਾਂਬਰ**
ਐਕਟਿੰਗ ਪ੍ਰਧਾਨ ਆਲ ਇੰਡੀਆ ਕਿਸਾਨ ਸਭਾ

### ਸੰਦੇਸ਼



ਮੈਂ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਕਾਮਰੇਡ ਭਗਵਾਨ ਸਿੰਘ ਅਣਖੀ ਦੇ 31ਵੇਂ ਸਰਧਾਂਜਲੀ ਸਮਾਗਮ ਸਮੇਂ ਸਾਥੀ ਅਣਖੀ ਅਤੇ ਪਿਛਲੇ ਸਮੇਂ ਦੌਰਾਨ ਵਿਛੜੇ ਆਗੂਆਂ ਤੇ ਵਰਕਰਾਂ ਨੂੰ ਸਰਧਾ ਦੇ ਫੁੱਲ ਭੇਟ ਕਰਦਾ ਹਾਂ। ਇਸ ਸਰਧਾਂਜਲੀ ਸਮਾਗਮ ਸਮੇਂ ਜਥੇਬੰਦੀ ਵੱਲੋਂ 'ਨਵਾਂ ਜ਼ਮਾਨਾ' ਦਾ ਵਿਸ਼ੇਸ਼ ਸਪਲੀਮੈਂਟ ਜਾਰੀ ਕਰਨਾ ਬਹੁਤ ਹੀ ਸਘਾਲਾਯੋਗ ਉਦਮ ਹੈ। ਸਾਥੀ ਅਣਖੀ ਇਮਾਨਦਾਰ ਮਿਹਨਤੀ ਅਤੇ ਬੇਧੜਕ ਆਗੂ ਸਨ। ਉਹ ਇਕੱਲੇ ਬਿਜਲੀ ਮੁਲਾਜ਼ਮਾਂ ਦੇ ਹੀ ਆਗੂ ਨਹੀਂ ਸਨ, ਸਗੋਂ ਮਿਹਨਤਕਸ ਜਨਤਾ ਦੇ ਸੰਘਰਸ਼ਾਂ ਵਿੱਚ ਮੂਹਰਲੀ ਕਤਾਰ ਵਿੱਚ ਅਗਵਾਈ ਕਰਦੇ ਸਨ। ਅੱਜ ਜਦੋਂ ਕੇਂਦਰ ਸਰਕਾਰ ਵੱਲੋਂ ਪਬਲਿਕ ਸੈਕਟਰ ਦੇ ਅਦਾਰੇ ਤੋੜੇ ਜਾ ਰਹੇ ਹਨ ਰੇਲਵੇ, ਹਵਾਈ ਅੱਡਿਆਂ, ਕੋਲਾ ਸੈਕਟਰ ਅਤੇ ਬੀ ਐਸ ਐਨ ਐਲ ਵਰਗੇ ਅਦਾਰਿਆਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ, ਕਿਸਾਨ ਵਿਰੋਧੀ ਕਾਲੇ ਕਾਨੂੰਨ ਬਿਜਲੀ ਸੋਧ ਬਿੱਲ 2021 ਅਤੇ ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਤੇ ਕਿਸਾਨ ਵਿਰੋਧੀ ਸੋਧਾਂ ਕੀਤੀਆਂ ਜਾ ਰਹੀਆਂ ਹਨ, ਇਸ ਸਮੇਂ ਸਾਥੀ ਅਣਖੀ ਦੀ ਘਾਟ ਸ਼ਿੱਦਤ ਨਾਲ ਮਹਿਸੂਸ ਕੀਤੀ ਜਾ ਰਹੀ ਹੈ। ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਇੱਕਜੁੱਟ ਹੋ ਕੇ ਸੰਘਰਸ਼ ਕਰਨਾ ਹੀ ਸਾਥੀ ਅਣਖੀ ਜੀ ਨੂੰ ਸੱਚੀ ਸਰਧਾਂਜਲੀ ਹੋਵੇਗੀ।

**ਬ੍ਰਿਜ ਲਾਲ**
ਮੁੱਖ ਕਾਨੂੰਨੀ ਸਲਾਹਕਾਰ ਪੀ ਐੱਸ ਈ ਬੀ ਇੰਪਲਾਈਜ਼ ਫ਼ੈਡਰੇਸ਼ਨ ਪੰਜਾਬ।
ਰਜਿ. ਨੰ. 14/1965, (ਮੋਬਾ. 98762-20396)

### ਸੰਦੇਸ਼



ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਸੂਬਾ ਪ੍ਰਧਾਨ ਅਤੇ ਮੁਲਾਜ਼ਮ-ਮਜ਼ਦੂਰ ਲਹਿਰ ਦੇ ਉੱਘੇ ਆਗੂ ਕਾਮਰੇਡ ਭਗਵਾਨ ਸਿੰਘ ਅਣਖੀ ਦੀ 31ਵੀਂ ਬਰਸੀ 'ਤੇ 'ਨਵਾਂ ਜ਼ਮਾਨਾ' 'ਚ ਵਿਸ਼ੇਸ਼ ਸਪਲੀਮੈਂਟ ਕੱਢਿਆ ਜਾ ਰਿਹਾ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਉੱਦਮ ਹੈ। ਸਾਥੀ ਅਣਖੀ ਨੇ ਜਿੱਥੇ ਬਿਜਲੀ ਮੁਲਾਜ਼ਮਾਂ ਦੀ ਅਗਵਾਈ ਕਰਕੇ ਮਹੱਤਵਪੂਰਨ ਸੰਘਰਸ਼ ਲੜੇ ਅਤੇ ਮੁਲਾਜ਼ਮਾਂ ਲਈ ਅਹਿਮ ਬੁਨਿਆਦੀ ਮੰਗਾਂ ਦੀ ਪ੍ਰਾਪਤੀ ਕੀਤੀ। ਉਹ ਮਿਹਨਤਕਸ਼ ਮਜ਼ਦੂਰਾਂ ਦੇ ਹਿੱਤਾਂ ਦੀ ਰਾਖੀ ਲਈ ਜੇਲ੍ਹਾਂ ਵਿੱਚ ਗਏ ਅਤੇ ਇੰਟੈਰੋਗੇਸ਼ਨ ਸੈਂਟਰਾਂ ਦੇ ਤਸੀਹੇ ਝੱਲੇ। ਉਹ ਬਿਮਾਰੀ ਕਾਰਨ 15 ਅਗਸਤ 1991 ਨੂੰ ਸਾਥੋਂ ਸਦਾ ਲਈ ਵਿੱਛੜ ਗਏ। ਅੱਜ ਦੇ ਇਸ ਸਮੇਂ ਉਨ੍ਹਾ ਦੀ ਵੱਡੀ ਘਾਟ ਰੜਕ ਰਹੀ ਹੈ ਅਤੇ ਉਨ੍ਹਾ ਦੇ ਵਿਛੋੜੇ ਨਾਲ ਅਥਾਹ ਘਾਟਾ ਪਿਆ ਹੈ। ਆਓ ਸਾਥੀ ਅਣਖੀ ਤੋਂ ਪ੍ਰੇਰਨਾ ਲੈ ਕੇ ਸੰਘਰਸ਼ਾਂ ਵਿੱਚ ਕੁੱਦੀਏ ਅਤੇ ਟਰੇਡ ਯੂਨੀਅਨ ਲਹਿਰ ਨੂੰ ਮਜ਼ਬੂਤ ਕਰੀਏ ਇਹੋ ਸਾਥੀ ਅਣਖੀ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

**- ਕਾਮਰੇਡ ਰਣਬੀਰ ਸਿੰਘ ਢਿੱਲੋਂ**
ਪ੍ਰਧਾਨ ਆਲ ਇੰਡੀਆ ਗੌਰਮਿੰਟ ਟੀਚਰਜ਼ ਫੈਡਰੇਸ਼ਨ

## ਮੁਲਾਜ਼ਮ-ਮਜ਼ਦੂਰ ਹਿੱਤਾਂ ਦੇ ਰਖਵਾਲੇ, ਇਨਕਲਾਬੀ ਸੰਘਰਸ਼ਾਂ ਦੇ ਪ੍ਰੇਰਨਾ-ਸਰੋਤ ਕਾਮਰੇਡ ਭਗਵਾਨ ਸਿੰਘ ਅਣਖੀ

*ਸ਼ਹੀਦੋਂ ਕੀ ਜਿਤਾਓਂ ਪੇ ਲਗੇਂਗੇ ਹਰ ਵਰਸ ਮੇਲੇ,*
*ਵਤਨ ਮੇਂ ਮਿਟਨੇ ਵਾਲੋਂ ਕਾ ਜਹੀਂ ਬਾਕੀ ਨਿਸ਼ਾਂ ਹੋਗਾ।*

ਕਾਮਰੇਡ ਭਗਵਾਨ ਸਿੰਘ ਅਖਣੀ ਅੱਜ ਤੋਂ 31ਵਰ੍ਹੇ ਪਹਿਲਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾ ਦੇ ਵਿਛੋੜੇ ਨਾਲ ਉਨ੍ਹਾਂ ਦੇ ਪਰਵਾਰ ਨੂੰ ਹੀ ਵੱਡਾ ਘਾਟਾ ਨਹੀਂ ਪਿਆ, ਸਗੋਂ, ਮੁਲਾਜ਼ਮ ਮਜ਼ਦੂਰ ਜਮਾਤ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਅੱਜ ਜਦੋਂ ਅਸੀਂ ਕਾਮਰੇਡ ਅਣਖੀ ਜੀ ਦੀ 31ਵੀਂ ਬਰਸੀ ਮਨਾ ਰਹੇ ਹਾਂ ਤਾਂ ਕੌਮੀ ਕੌਮਾਂਤਰੀ ਤੇ ਸੂਬਾਈ ਪੱਧਰ 'ਤੇ ਮਹੱਤਵਪੂਰਨ ਘਟਨਾਵਾਂ ਵਾਪਰ ਰਾਹੀਆਂ ਹਨ। ਕੇਂਦਰ ਦੀ ਸੱਤਾ 'ਤੇ ਕਾਬਜ ਭਾਜਪਾ ਦੀ ਅਗਵਾਈ ਹੇਠਲੀ ਐਨ ਡੀ ਏ ਸਰਕਾਰ ਵੱਲੋਂ ਕਿਸਾਨ, ਮਜ਼ਦੂਰ ਮੁਲਾਜ਼ਮ ਅਤੇ ਲੋਕ ਵਿਰੋਧੀ ਕਾਨੂੰਨ ਬਣਾਏ ਜਾ ਰਹੇ ਹਨ, ਕਿਰਤੀਆਂ ਦੇ 44 ਲੇਬਰ ਕਾਨੂੰਨਾਂ ਨੂੰ 4 ਲੇਬਰ ਕੋਡਾਂ ਵਿੱਚ ਤਬਦੀਲ ਕਰਨ ਲਈ ਹਦਾਇਤਾਂ ਜਾਰੀ ਕਰ ਦਿੱਤੀਆਂ ਹਨ। ਕਿਸਾਨ ਵਿਰੋਧੀ ਤਿੰਨ ਕਾਲੇ ਕਾਨੂੰਨ ਪਰਾਲੀ ਦੇ ਪ੍ਰਦੂਸ਼ਣ ਸੰਬੰਧੀ ਇੱਕ ਕਰੋੜ ਜੁਰਮਾਨਾ, ਬਿਜਲੀ ਸੋਧ ਬਿੱਲ 2022 ਨੂੰ ਕਾਨੂੰਨ ਬਣਾ ਕੇ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬਿਜਲੀ ਵੰਡ ਕੰਪਨੀਆਂ ਅਤੇ ਰੇਲਵੇ, ਹਵਾਈ ਜਹਾਜ਼, ਬੀ ਐਸ ਐਨ ਐਲ ਨੂੰ ਪ੍ਰਾਈਵੇਟ ਕਾਰਪੋਰੇਟ ਘਰਾਣਿਆਂ ਨੂੰ ਦੇ ਰਹੀ ਹੈ, ਜਿਸ ਵਿਰੁੱਧ ਸੰਯੁਕਤ ਕਿਸਾਲ ਮੋਰਚੇ ਵੱਲੋਂ ਕਾਰਪੋਰੇਟ ਘਰਾਣਿਆ ਵਿਰੁੱਧ ਸੰਘਰਸ਼ ਲੜ ਕੇ ਕੇਂਦਰ ਸਰਕਾਰ ਪਾਸੋਂ ਤਿੰਨ ਖੇਤੀ ਵਿਰੁੱਧ ਕਾਲੇ ਕਾਨੂੰਨ ਵਾਪਸ ਕਰਵਾਏ ਗਏ ਅਤੇ ਬਾਕੀ ਮੰਗਾਂ 'ਤੇ ਸੰਘਰਸ਼ ਜਾਰੀ ਹੈ। ਕੇਂਦਰ ਵੱਲੋਂ ਕਾਲੇ ਕਾਨੂੰਨ ਵਾਪਸ ਲੈਣ ਉਪਰੰਤ 11 ਦਸੰਬਰ 2021 ਨੂੰ ਦਿੱਲੀ ਦੇ ਸਾਰੇ ਬਾਰਡਰਾਂ 'ਤੇ ਦਿੱਤੇ ਜਾ ਰਹੇ ਧਰਧਿਨਆ ਦਾ ਪ੍ਰੋਗਰਾਮ ਮੁਅੱਤਲ ਕਰਕੇ ਕਿਸਾਨਾਂ ਜਥੇਬੰਦੀਆਂ ਵੱਲੋਂ ਆਪੋ ਆਪਣੇ ਸੂਬਿਆਂ ਨੂੰ ਵਾਪਸ ਚਾਲੇ ਪਾਏ ਗਏ। ਇਸ ਸੰਘਰਸ਼ ਦੌਰਾਨ ਦੂਜੇ ਸੂਬਿਆ ਦੇ ਨਾਲ ਨਾਲ ਪੰਜਾਬ ਦੀਆਂ 32 ਕਿਸਾਨ ਜਥੇਬੰਦੀਆ ਦਾ ਮੋਹਰੀ ਰੋਲ ਰਿਹਾ। ਪ੍ਰੰਤੂ ਕੇਂਦਰ ਸਰਕਾਰ ਕਿਸਾਨ ਜਥੇਬੰਦੀਆਂ ਨਾਲ ਕੀਤੇ ਸਮਝੌਤੇ ਹੂ ਬ ਹੂ ਲਾਗੂ ਨਹੀਂ ਕਰ ਰਹੀ, ਜਿਸ ਕਾਰਨ ਆਮ ਜਨਤਾ ਨੂੰ ਅਥਾਹ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਦੇਸ਼ ਵਿੱਚ ਫਿਰਕੂ ਤਾਕਤਾਂ ਸਿਰ ਚੁੱਕ ਰਹੀਆਂ ਹਨ। ਦੇਸ਼ ਨੂੰ ਧਰਮ ਦੇ ਨਾਂਅ 'ਤੇ ਪਾੜਨ ਦੀਆਂ ਕੋਝੀਆਂ ਹਰਕਤਾਂ ਹੋ ਰਹੀਆਂ ਹਨ। ਕੇਂਦਰ ਸਰਕਾਰ ਦੀਆਂ ਮੁਲਾਜ਼ਮ, ਮਜ਼ਦੂਰ ਅਤੇ ਲੋਕਵਿਰੋਧੀ ਨੀਤੀਆਂ ਕਾਰਨ ਗਰੀਬੀ, ਮਹਿੰਗਾਈ, ਬੇਰੁਜ਼ਗਾਰੀ, ਨਾਬਰਾਬਰੀ, ਭ੍ਰਿਸ਼ਟਾਚਾਰ ਅਤੇ ਬੇਕਾਰੀ ਵਧ ਰਹੀ ਹੈ। ਪੰਜਾਬ ਸਰਕਾਰ ਤੇ ਪਾਵਰ ਮੈਨਜਮੈਂਟ ਵੀ ਇਨ੍ਹਾਂ ਨੀਤੀਆਂ 'ਤੇ ਚੱਲ ਰਹੀ ਹੈ। ਪਾਵਰਕਾਮ ਵਿੱਚ ਰੀਸਟਰਕਰਿੰਗ ਦੇ ਨਾਂਅ 'ਤੇ 40 ਹਜ਼ਾਰ ਮੁਲਾਜ਼ਮਾਂ ਦੀਆਂ ਮਨਜ਼ੂਰਸ਼ੁਦਾ ਅਸਾਮੀਆਂ ਖ਼ਤਮ ਕੀਤਆਂ ਜਾ ਰਹੀਆ ਹਨ। ਆਊਟ ਸੋਰਸਿੰਗ ਦੀ ਨੀਤੀ ਤਹਿਤ ਨਿੱਜੀਕਰਨ ਨੂੰ ਬੜ੍ਹਾਵਾ ਦਿੱਤਾ ਜਾ ਰਿਹਾ ਹੈ। ਨਵੀਂ ਭਰਤੀ ਦੀ ਥਾਂ ਕੰਟਰੈਕਟ 'ਤੇ ਕਾਮੇ ਰੱਖ ਕੇ ਉਨ੍ਹਾ ਦਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਵਰਕਰਾਂ ਦੀ ਗਿਣਤੀ ਘਟਣ ਕਾਰਨ ਉਹਨਾਂ 'ਤੇ ਕੰਮ ਦਾ ਭਾਰ ਵਧ ਰਿਹਾ ਹੈ। ਪੰਜਾਬ ਵਿੱਚ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਮੁਲਾਜ਼ਮਾਂ ਨਾਲ ਕੀਤੇ ਵਾਅਦੇ ਅਨੁਸਾਰ ਮੁਲਾਜ਼ਮ ਮੰਗਾਂ ਲਾਗੂ ਕਰਨ ਅਤੇ ਕੱਚੇ ਕਾਮੇ ਪੱਕੇ ਕਰਨ, ਡੀ ਏ ਦੀਆਂ ਕਿਸ਼ਤਾਂ ਸਮੇਤ ਬਕਾਇਆ ਦੇਣ ਤੋਂ ਟਾਲ ਮਟੌਲ ਕਰ ਰਹੀ ਹੈ। ਅਜਿਹੇ ਸਮੇਂ ਸਾਥੀ ਭਗਵਾਨ ਸਿੰਘ ਅਣਖੀ ਦੀ ਘਾਟ ਬਹੁਤ ਹੀ ਸ਼ਿੱਦਤ ਨਾਲ ਮਹਿਸੂਸ ਕੀਤੀ ਜਾ ਰਹੀ ਹੈ।

ਬਿਜਲੀ ਮੁਲਾਜ਼ਮ ਲਹਿਰ ਦੇ ਸਰਬ ਸਾਂਝੇ ਪ੍ਰਮੁੱਖ ਆਗੂ ਅਤੇ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਕਾਮਰੇਡ ਭਗਵਾਨ ਸਿੰਘ ਅਣਖੀ 15 ਅਗਸਤ 1991 ਨੂੰ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਨ, ਜਿਨ੍ਹਾਂ ਦੇ ਵਿਛੋੜੇ ਨਾਲ ਉਹਨਾਂ ਦੇ ਪਰਵਾਰ ਨੂੰ ਹੀ ਨਹੀਂ, ਸਗੋਂ ਸਮੁੱਚੀ ਮੁਲਾਜ਼ਮ, ਮਜ਼ਦੂਰ ਲਹਿਰ ਨੂੰ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਵੱਲੋਂ ਉਹਨਾਂ ਦੀ ਯਾਦ ਵਿੱਚ ਹਰੇਕ ਸਾਲ ਦੀ ਤਰ੍ਹਾਂ ਇਸ ਵਾਰ ਵੀ 31ਵੀਂ ਸਾਲਾਨਾ ਬਰਸੀ ਫੈਕਟਰੀ ਏਰੀਆ ਪਟਿਆਲਾ ਵਿਖੇ ਮਿਤੀ 19.12.2022 ਨੂੰ ਮਨਾਈ ਜਾ ਰਹੀ ਹੈ। ਸਾਥੀ ਅਣਖੀ ਜੀ ਅਤੇ ਹੋਰ ਵਿਛੜੇ ਸੂਬਾਈ ਆਗੂਆਂ ਤੇ ਵਰਕਰਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਪੰਜਾਬ ਦੇ ਕੋਨੇ-ਕੋਨੇ ਤੋਂ ਹਜ਼ਾਰਾਂ ਬਿਜਲੀ ਮੁਲਾਜ਼ਮ, ਮਿਹਨਤਕਸ਼ ਵਰਕਰਾਂ ਤੋਂ ਇਲਾਵਾ ਸਮਾਜਿਕ ਸ਼ਖਸੀਅਤਾਂ ਅਤੇ ਸੂਬਾਈ ਆਗੂ ਵੀ ਸ਼ਾਮਲ ਹੋ ਰਹੇ ਹਨ।



**ਕਰਮ ਚੰਦ ਭਾਰਦਵਾਜ**
ਸਰਪ੍ਰਸਤ
ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ (ਰਜਿ.)
ਨੰਬਰ 14/1965
ਮੋਬਾ. 94638-91001
98774-57397

ਸਾਥੀ ਭਗਵਾਨ ਸਿੰਘ ਅਣਖੀ ਮਿਹਨਤੀ, ਇਮਾਨਦਾਰ, ਨਿਧੜਕ, ਬੇਗਰਜ ਅਤੇ ਅਣਖੀਲੇ ਆਗੂ ਹੀ ਨਹੀਂ, ਬਲਕਿ ਦਲੀਲ ਨਾਲ ਕਾਇਲ ਕਰਨ ਵਾਲੇ ਆਗੂ ਸਨ। ਉਹਨਾਂ ਦਾ ਜਨਮ 29 ਜਨਵਰੀ 1941 ਨੂੰ ਪਿੰਡ ਖੇੜੀ ਚਹਿਲਾਂ ਜਿਲ੍ਹਾ ਸੰਗਰੂਰ ਵਿਖੇ ਮਾਤਾ ਹਮੀਰ ਕੌਰ ਦੀ ਕੁੱਖੋਂ ਸ੍ਰੀ ਪਾਲਾ ਸਿੰਘ ਦੇ ਘਰ ਹੋਇਆ। ਉਨ੍ਹਾ ਮੁੱਢਲੀ ਵਿੱਦਿਆ ਦਸਵੀਂ ਜਮਾਤ ਤੱਕ ਸਰਕਾਰੀ ਹਾਈ ਸਕੂਲ ਸ਼ੇਰਪੁਰ ਤੋਂ ਪ੍ਰਾਪਤ ਕੀਤੀ। ਸਾਥੀ ਜੀ ਘਰੇਲੂ ਆਰਥਿਕ ਹਾਲਾਤ ਸੁਖਾਵੇਂ ਨਾ ਹੋਣ ਕਾਰਨ ਅੱਗੇ ਪੜ੍ਹਾਈ ਨਾ ਕਰ ਸਕੇ ਅਤੇ ਘਰ ਦੇ ਗੁਜ਼ਾਰੇ ਲਈ ਬਿਜਲੀ ਬੋਰਡ ਵਿੱਚ ਨੌਕਰੀ ਜੁਆਇਨ ਕਰ ਲਈ। 1967 ਵਿੱਚ ਆਪ ਦੀ ਸ਼ਾਦੀ ਬੀਬੀ ਹਰਭਜਨ ਕੌਰ ਨਾਲ ਹੋਈ। ਅਣਖੀ ਜੀ ਆਪਣੇ ਪਿੱਛੇ ਵਿਧਵਾ ਪਤਨੀ, ਚਾਰ ਬੇਟੀਆਂ ਅਤੇ ਇੱਕ ਬੇਟਾ ਛੱਡ ਗਏ ਹਨ। ਉਹਨਾਂ ਦੀਆਂ ਬੇਟੀਆਂ ਅਤੇ ਬੇਟਾ ਸ਼ਾਦੀਸ਼ੁਦਾ ਹਨ ਅਤੇ ਪਰਵਾਰਕ ਤੌਰ 'ਤੇ ਵਧੀਆ ਜੀਵਨ ਗੁਜ਼ਾਰ ਰਹੇ ਹਨ।

ਸਾਥੀ ਅਣਖੀ ਇੱਕ ਸੁਲਝਿਆ ਹੋਇਆ ਟਰੇਡ ਯੂਨੀਅਨ ਆਗੂ ਹੀ ਨਹੀਂ, ਬਲਕਿ ਭੰਗੜੇ ਦਾ ਕਲਾਕਾਰ, ਕਵੀ ਅਤੇ ਲੇਖਕ ਵੀ ਸੀ। ਉਨ੍ਹਾਂ ਮਾਰਕਸਵਾਦ ਅਤੇ ਲੈਨਿਨ ਦੀਆਂ ਲਿਖਤਾਂ ਦਾ ਕਾਫੀ ਅਧਿਐਨ ਕੀਤਾ। ਸਾਥੀ ਅਣਖੀ ਨੂੰ ਟਰੇਡ ਯੂਨੀਅਨ ਕੰਮਾਂ ਵਿੱਚ ਸਰਗਰਮੀ ਨਾਲ ਲਿਆਉਣ ਦਾ ਸਿਹਰਾ ਸਾਥੀ ਦਰਸ਼ਨ ਸਿੰਘ ਬਾਗੀ ਨੂੰ ਜਾਂਦਾ ਹੈ। ਉਨ੍ਹਾਂ ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਵਿੱਚ ਕੰਮ ਕਰਨ ਤੇ ਉਸਾਰਨ ਤੋਂ ਇਲਾਵਾ ਹੋਰ ਅਨੇਕਾਂ ਭਰਾਤਰੀ ਜਥੇਬੰਦੀਆਂ ਨਾਲ ਸਾਂਝੇ ਸੰਘਰਸ਼ਾਂ ਵਿੱਚ ਹਿੱਸਾ ਲਿਆ ਅਤੇ ਕਈ ਵਾਰ ਜੇਲ੍ਹਾਂ ਵਿੱਚ ਵੀ ਜਾਣਾ ਪਿਆ। 1974 ਦੀ ਬਿਜਲੀ ਮੁਲਾਜ਼ਮਾਂ ਦੀ ਹੜਤਾਲ ਸਮੇਂ ਰਾਜਪੁਰੇ ਹਵਾਲਾਤ ਵਿੱਚ ਰਹੇ ਅਤੇ ਇੰਟੈਰੋਗੇਸ਼ਨ ਸੈਂਟਰ 'ਚ ਤਸੀਹੇ ਝੱਲੇ। ਸੰਘਰਸ਼ਾਂ ਕਾਰਨ ਬੋਰਡ ਮੈਨੇਜਮੈਂਟ ਵੱਲੋਂ ਵਿਕਟੇਮਾਈਜ਼ ਹੋਣ ਕਾਰਨ ਕਈ ਸਾਲ ਸੇਵਾ ਤੋਂ ਮੁਅੱਤਲ ਰਹੇ। 1976 ਵਿੱਚ ਬੋਰਡ ਵਿੱਚ ਕੰਮ ਕਰਦੀਆਂ ਵੱਖ-ਵੱਖ ਜਥੇਬੰਦੀਆਂ ਨੂੰ ਇੱਕ ਕਰਕੇ 'ਇੱਕ ਅਦਾਰਾ ਇੱਕ ਜਥੇਬੰਦੀ' ਦੇ ਸਿਧਾਂਤ ਨੂੰ ਲਾਗੂ ਕਰਨ ਵਿੱਚ ਸਾਥੀ ਅਣਖੀ ਨੇ ਅਹਿਮ ਰੋਲ ਨਿਭਾਇਆ। ਉਨ੍ਹਾ ਦੀ ਯੋਗ ਅਗਵਾਈ ਵਿੱਚ ਫੈਡਰੇਸ਼ਨ ਨੇ ਅਜ਼ਾਦਾਨਾ ਸੰਘਰਸ਼ ਅਤੇ ਦੂਜੀਆਂ ਜਥੇਬੰਦੀਆਂ ਨਾਲ ਸ਼ਾਨਾਂਮੱਤੇ ਸਾਂਝੇ ਸੰਘਰਸ਼ ਲੜੇ ਅਤੇ ਮੈਨੇਜਮੈਂਟ ਪਾਸੋਂ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ ਮਨਵਾਈਆਂ। ਜਥੇਬੰਦੀ ਵੱਲੋਂ ਪੀ ਐਸ ਈ ਬੀ ਇੰਪਲਾਇਜ਼ ਜੁਆਇੰਟ ਫੋਰਮ ਦੇ ਝੰਡੇ ਹੇਠ ਮਿਤੀ 15 ਨਵੰਬਰ 2021 ਤੋਂ 2 ਦਸੰਬਰ 2021 ਤੱਕ ਸਮੁੱਚੇ ਮੁਲਾਜ਼ਮਾਂ ਨੇ ਸੰਘਰਸ਼ ਰਾਹੀਂ ਦਸ ਸਾਲ ਪੁਰਾਣੀ ਮੰਗ 1 ਦਸੰਬਰ 2011 ਤੋਂ ਪੇ ਬੈਂਡ ਵਿੱਚ ਵਾਧਾ ਕਰਵਾਇਆ ਗਿਆ। ਬਾਕੀ ਮੰਗਾਂ ਸਮੇਤ ਛੇਵਾਂ ਤਨਖਾਹ ਕਮਿਸ਼ਨ ਲਾਗੂ ਕਰਵਾਉਣ ਅਤੇ ਹੋਰ ਮੰਗਾਂ 'ਤੇ ਸੰਘਰਸ਼ ਜਾਰੀ ਹੈ।

ਬਿਜਲੀ ਅਤੇ ਭਰਾਤਰੀ ਜਥੇਬੰਦੀਆਂ ਦੇ ਮੁਲਾਜ਼ਮਾਂ ਵਿੱਚ ਸਾਥੀ ਅਣਖੀ ਦਾ ਅਕਹਿ ਮਾਣ-ਸਤਿਕਾਰ ਹੈ। ਸਾਥੀ ਭਗਵਾਨ ਸਿੰਘ ਅਣਖੀ ਪੰਜਾਬ ਦੇ ਪ੍ਰਧਾਨ ਦੇ ਅਹੁਦੇ ਦੇ ਨਾਲ-ਨਾਲ ਐਫੀ. ਦੇ ਰਿਜਨਲ ਸਕੱਤਰ, ਏਟਕ ਪੰਜਾਬ ਦੇ ਸਕੱਤਰ ਅਤੇ ਹੋਰ ਕਈ ਸੰਸਥਾਵਾਂ ਵਿੱਚ ਵੀ ਸਿਰਕੱਢ ਆਗੂ ਵਜੋਂ ਆਪਣਾ ਫਰਜ਼ ਨਿਭਾਉਂਦੇ ਰਹੇ। ਸਾਥੀਓ ਆਓ, ਅਣਖੀ ਦੇ ਪਾਏ ਪੂਰਨਿਆਂ ਤੋਂ ਸੇਧ ਲੈ ਕੇ ਸਰਕਾਰ ਅਤੇ ਮੈਨੇਜਮੈਂਟ ਦੀਆਂ ਮੁਲਾਜ਼ਮ-ਮਜ਼ਦੂਰ ਵਿਰੋਧੀ ਨੀਤੀਆਂ ਵਿਰੁੱਧ ਜ਼ੋਰਦਾਰ ਸੰਘਰਸ਼ਾਂ ਵਿੱਚ ਕੁੱਦੀਏ, ਫਿਰਕਾਪ੍ਰਸਤੀ ਵਿਰੁੱਧ ਮਜ਼ਦੂਰ ਜਮਾਤ ਨੂੰ ਲਾਮਬੰਦ ਕਰਕੇ ਆਪਣੀ ਏਕਤਾ ਨੂੰ ਵਿਸ਼ਾਲ ਕਰੀਏ। ਇਹੋ ਸਾਥੀ ਅਣਖੀ ਅਤੇ ਦੂਜੇ ਸਾਥੀਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਕਾਮਰੇਡ ਭਗਵਾਨ ਸਿੰਘ ਅਣਖੀ, ਸਹਿਦੇਵ ਸਿੰਘ ਸੁੱਖੇਵਾਲ ਅਤੇ ਦਰਸ਼ਨ ਸਿੰਘ ਬਾਗੀ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਪ੍ਰਣ ਕਰਦੇ ਹਾਂ



ਕਾਮਰੇਡ ਸਹਿਦੇਵ ਸਿੰਘ ਸੁੱਖੇਵਾਲ | ਬਲਕਾਰ ਸਿੰਘ ਭੁੱਲਰ, ਕਨਵੀਨਰ ਪੱਛਮ ਜ਼ੋਨ ਬਠਿੰਡਾ | ਸੁਖਦੇਵ ਸਿੰਘ ਬੱਗੀਪਤਨੀ, ਸਕੱਤਰ ਪੰਜਾਬ | ਗੁਰਦਿੱਤ ਸਿੰਘ ਸਿੱਧੂ, ਮੀਤ ਪ੍ਰਧਾਨ, ਪੰਜਾਬ, ਮੈਂਬਰ ਜੁਆਇੰਟ ਫੋਰਮ | ਅਸ਼ਵਨੀ ਕੁਮਾਰ, ਪ੍ਰਧਾਨ ਸਰਕਲ ਫਿਰੋਜ਼ਪੁਰ | ਲਖਵੀਰ ਸਿੰਘ, ਮੰਡਲ ਪ੍ਰਧਾਨ ਜ਼ੀਰਾ | ਦਲਜੀਤ ਸਿੰਘ ਮੱਲਾਂਵਾਲਾ, ਪ੍ਰਧਾਨ ਡਵੀਜ਼ਨ ਜ਼ੀਰਾ | ਸੁਖਦੇਵ ਸਿੰਘ ਲਾਈਨਮੈਨ, ਸਬ ਡਵੀਜ਼ਨ ਮੱਲਾਂਵਾਲਾ | ਪ੍ਰਗਟ ਸਿੰਘ ਸਕੱਤਰ, ਮੱਲਾਂਵਾਲਾ (ਜੇ ਈ) | ਰੋਹਿਤ ਬਾਘਲਾ, ਡਵੀਜ਼ਨ ਪ੍ਰਧਾਨ ਜਲਾਲਾਬਾਦ | ਸੁਖਦੇਵ ਸਿੰਘ, ਸਰਕਲ ਜਥੇਬੰਦਕ ਸਕੱਤਰ ਫਿਰੋਜ਼ਪੁਰ | ਰਾਜੇਸ਼ ਦੱਤ, ਡਵੀਜ਼ਨ ਪ੍ਰਧਾਨ ਸ਼ਹਿਰੀ ਮੰਡਲ ਫਿਰੋਜ਼ਪੁਰ | ਹਰਵੰਤ ਸਿੰਘ, ਸਰਕਲ ਆਗੂ | ਸੁਖਚੈਨ ਸਿੰਘ, ਖਜ਼ਾਨਚੀ ਸ਼ਹਿਰੀ ਮੰਡਲ ਫਿਰੋਜ਼ਪੁਰ | ਜਗੀਰ ਸਿੰਘ, ਸਹਾਇਕ ਸੁਪਰਡੈਂਟ ਮੱਲਾਂਵਾਲਾ | ਅਸ਼ੋਕ ਕੁਮਾਰ, ਪ੍ਰਧਾਨ ਪੀ ਐਮ ਡਵੀਜ਼ਨ 220 ਕੇ ਵੀ ਸਬ ਸਟੇਸ਼ਨ



ਅਵਤਾਰ ਸਿੰਘ, ਮੀਤ ਪ੍ਰਧਾਨ ਸ਼ੇਰਖਾਂ | ਗੁਰਜੀਤ ਸਿੰਘ, ਸ/ਡ ਮਖੂ | ਨਿਰੰਜਣ ਸਿੰਘ, ਸ/ਡ ਮਖੂ | ਜਗਦੇਵ ਸਿੰਘ, ਸ/ਡ ਮਖੂ | ਬਲਦੇਵ ਰਾਜ, ਲਾਈਨਮੈਨ ਝੋਕ ਹਰੀ ਹਰ | ਮੋਹਨ ਸਿੰਘ ਕੋਠ ਗਦਰੀਵਾਲ, ਸੀਨ. ਮੀਤ ਪ੍ਰਧਾਨ ਸ/ਡ ਜ਼ੀਰਾ | ਸਵਰਨ ਸਿੰਘ, ਕੈਸ਼ੀਅਰ ਮੱਲਾਂਵਾਲਾ | ਪ੍ਰਗਟ ਸਿੰਘ, ਜੇ ਈ ਮੱਲਾਂਵਾਲਾ | ਸਾਹਿਲ ਕੁਮਾਰ, ਸਬ ਡਵੀਜ਼ਨ ਮੱਲਾਂਵਾਲਾ | ਰੋਹਿਤ ਕੁਮਾਰ, ਐਡੀਟਰ ਮੱਲਾਂਵਾਲਾ | ਰਣਜੀਤ ਸਿੰਘ ਫੋਰਮੈਨ, ਮੱਲਾਂਵਾਲਾ | ਸਵਰਨ ਚੰਦ, ਮੀਤ ਪ੍ਰਧਾਨ ਮੱਲਾਂਵਾਲਾ | ਅਰਸ਼ਦੀਪ ਸਿੰਘ ਆਰ ਏ, ਸਬ ਡਵੀਜ਼ਨ ਜ਼ੀਰਾ | ਰੋਸ਼ਨ ਲਾਲ, ਡਵੀਜ਼ਨ ਜ਼ੀਰਾ | ਹਰੀ ਦਾਸ ਲਾਈਨਮੈਨ, ਸਬ ਡਵੀਜ਼ਨ ਜ਼ੀਰਾ



ਜਗਦੀਸ਼ ਮੀਤ ਪ੍ਰਧਾਨ, ਸਿਟੀ ਡਵੀਜ਼ਨ ਫਿਰੋਜ਼ਪੁਰ | ਅਮਰੀਕ ਸਿੰਘ ਸੈਕਟਰੀ, ਸ/ਡ ਮੱਖੂ ਲੋਹਕਾ | ਜਗਦੇਵ ਸਿੰਘ, ਜੇ ਈ ਸਕੱਤਰ ਜ਼ੀਰਾ | ਬਰਿੰਦਰ ਕੁਮਾਰ, ਪ੍ਰਧਾਨ ਤਲਵੰਡੀ ਭਾਈ | ਕ੍ਰਿਪਾਲ ਸਿੰਘ ਕਮੱਗਰ, ਸਰਕਲ ਆਗੂ | ਗੁਰਜੀਤ ਸਿੰਘ, ਸਕੱਤਰ ਤਲਵੰਡੀ ਭਾਈ | ਅਵਤਾਰ ਸਿੰਘ, ਪ੍ਰਧਾਨ ਸ਼ੇਰਖਾਂ ਸ/ਡ | ਵੱਸਣ ਸਿੰਘ, ਡਵੀਜ਼ਨ ਮੀਤ ਸਕੱਤਰ ਜ਼ੀਰਾ | ਅਮਰੀਕ ਸਿੰਘ ਪੰਨੂੰ, ਸਕੱਤਰ ਮੱਖੂ ਸਬ ਡਵੀਜ਼ਨ | ਜਗਦੇਵ ਸਿੰਘ, ਕੈਸ਼ੀਅਰ, ਮਖੂ | ਸੁਖਦੇਵ ਸਿੰਘ, ਸਰਕਲ ਮੀਤ ਪ੍ਰਧਾਨ ਫਿਰੋਜ਼ਪੁਰ | ਮਨਿੰਦਰ ਸਿੰਘ ਪੁੱਤਰ ਸਹਿਦੇਵ ਸਿੰਘ, ਐਸ ਐਸ ਏ, ਜ਼ੀਰਾ | ਸਵਰਨ ਸਿੰਘ, ਜੇ ਏ ਸਬ ਡਵੀਜ਼ਨ ਜ਼ੀਰਾ | ਬਲਜਿੰਦਰ ਸਿੰਘ, ਯੂ ਡੀ ਸੀ



ਗੁਰਮੇਲ ਕੌਰ, ਰਿਟਾ. ਸੁਰਪਡੈਂਟ ਮੋਗਾ | ਬਲਦੇਵ ਸਿੰਘ, ਜੇ ਈ ਸਰਕਲ ਆਗੂ | ਅਵਤਾਰ ਸਿੰਘ, ਮੀਤ ਪ੍ਰਧਾਨ ਸ/ਡ ਸ਼ੇਰਖਾਂ | ਜਗਰੂਪ ਸਿੰਘ ਗਿੱਲ, ਸਕੱਤਰ ਫਿਰੋਜ਼ਸ਼ਾਹ ਸ/ਡ | ਬਲਜਿੰਦਰ ਸਿੰਘ, ਲਾਈਨਮੈਨ | ਰਾਜੇਸ਼ ਕੁਮਾਰ, ਖਜ਼ਾਨਚੀ ਸ/ਡ ਸ਼ੇਰਖਾਂ | ਜਗਰੂਪ ਸਿੰਘ, ਸਕੱਤਰ ਸ/ਡ ਫਿਰੋਜ਼ਸ਼ਾਹ | ਗੁਰਪਾਲ ਸਿੰਘ, ਏ ਐਸ ਐਸ ਏ | ਮੁਖਤਿਆਰ ਸਿੰਘ, ਸ਼ੇਰਖਾਂ ਸਬ ਡਵੀਜ਼ਨ | ਪਿੱਪਲ ਸਿੰਘ ਸਬ ਡਵੀਜ਼ਨ ਮੱਲਾਂਵਾਲਾ, ਮੀਤ ਸਕੱਤਰ ਡਵੀਜ਼ਨ ਜ਼ੀਰਾ | ਜਸਵੰਤ ਸਿੰਘ, ਲਾਇਨਮੈਨ, ਸੀਨੀ. ਮੀਤ ਪ੍ਰਧਾਨ ਜ਼ੀਰਾ | ਗੁਰਜੀਤ ਸਿੰਘ, ਏ ਐਸ ਐਸ ਏ ਮੀਤ ਸਕੱਤਰ | ਮੁਖਤਿਆਰ ਸਿੰਘ ਜੇ ਈ, ਸਹਾਇਕ ਸਕੱਤਰ ਸਿਟੀ ਡਵੀਜ਼ਨ ਫਿਰੋਜ਼ਪੁਰ | ਨੱਥਾ ਸਿੰਘ, ਪ੍ਰਧਾਨ ਫਿਰੋਜ਼ਸ਼ਾਹ ਸ/ਡ

## ਵੱਲੋਂ : ਸਮੂਹ ਮੈਂਬਰਾਨ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਸਰਕਲ ਫਿਰੋਜ਼ਪੁਰ

# ਵਿਧਾਇਕ ਅੜੀਅਲ ਰਵੱਈਆ ਛੱਡ ਲੋਕਾਂ ਦੀ ਮੰਗ ਪੂਰੀ ਕਰੇ : ਆਗੂ

## ਮਾਛੀਵਾੜਾ ਸਾਹਿਬ ਤੇ ਸਮਰਾਲਾ ਸੋਸ਼ਲ ਵੈੱਲਫੇਅਰ ਸੁਸਾਇਟੀਆਂ ਵੀ ਡਟੀਆਂ



ਰੋਸ ਧਰਨੇ ਵਿੱਚ ਸ਼ਾਮਲ ਵੱਖ-ਵੱਖ ਜਥੇਬੰਦੀਆਂ ਦੇ ਆਗੂ ਤੇ ਸ਼ਹਿਰ ਵਾਸੀ।

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਲਾਕੇ ਦੀਆਂ ਖਸਤਾ ਹਾਲ ਸੜਕਾਂ ਸਬੰਧੀ ਸਥਾਨਕ ਗਨੀ ਖਾਂ ਨਬੀ ਖਾਂ ਗੇਟ ਸਾਹਮਣੇ ਲਗਾਏ ਰੋਸ ਧਰਨੇ ਦੇ 11ਵੇਂ ਦਿਨ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ, ਸਮਰਾਲਾ ਸੋਸ਼ਲ ਵੈੱਲਫੇਅਰ ਸੁਸਾਇਟੀ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸ਼ਰਮਾ ਤੇ ਕਿਸਾਨ ਯੂਨੀਅਨਾਂ ਦੇ ਆਗੂ ਵੀ ਆਪਣੇ ਸਾਥੀਆਂ ਸਮੇਤ ਰੋਸ ਧਰਨੇ ਵਾਲੇ ਸਥਾਨ 'ਤੇ ਪੁੱਜੇ, ਜਿਨ੍ਹਾਂ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬੋਲਦਿਆਂ ਪ੍ਰਧਾਨ ਸ਼ਿਵਲੀ ਤੇ ਚੇਅਰਮੈਨ ਸ਼ਰਮਾ ਨੇ ਕਿਹਾ ਕਿ ਹਲਕਾ ਵਿਧਾਇਕ ਆਪਣਾ ਅੜੀਅਲ ਵਤੀਰਾ ਛੱਡ ਕੇ ਸਿੱਧੀ ਤਰ੍ਹਾਂ ਲੋਕਾਂ ਵਿਚ ਆ ਕੇ ਉਨ੍ਹਾਂ ਨਾਲ ਗੱਲਬਾਤ ਕਰੇ, ਕਿਉਂਕਿ ਪਿਛਲੇ 11 ਦਿਨਾਂ ਤੋਂ ਰੋਸ ਧਰਨਾ ਲਗਾਈ ਬੈਠੇ ਇਨ੍ਹਾਂ ਲੋਕਾਂ ਦੀ ਮੰਗ ਹੈ ਕਿ ਗੁਰੂ ਨਗਰੀ ਦੀਆਂ ਖਸਤਾ ਹਾਲ ਸੜਕਾਂ ਨੂੰ ਤੁਰੰਤ ਬਣਵਾਇਆ ਜਾਵੇ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਧਰਤੀ 'ਤੇ ਸਹੁੰ ਚੁੱਕਣ ਵਾਲੀ ਭਗਵੰਤ ਮਾਨ ਸਰਕਾਰ ਵੀ ਪਹਿਲੀਆਂ ਰਵਾਇਤੀ ਪਾਰਟੀਆਂ ਦੀ ਨਕਲ ਕਰਕੇ ਉਨ੍ਹਾਂ ਦੇ ਰਾਹਾਂ 'ਤੇ ਹੀ ਤੁਰ ਪਈ ਹੈ, ਜਿਨ੍ਹਾਂ ਨੂੰ ਲੋਕਾਂ ਦੀਆਂ ਲੋੜਾਂ ਨਾਲ ਕੋਈ ਸਰੋਕਾਰ ਨਹੀਂ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਜਥੇਬੰਦੀਆਂ ਸੜਕਾਂ ਬਣਵਾਉਣ ਸਬੰਧੀ ਕੀਤੇ ਜਾਣ ਵਾਲੇ ਸੰਘਰਸ਼ 'ਚ ਸਾਥ ਨਿਭਾਉਣ ਲਈ ਹਮੇਸ਼ਾਂ ਵਚਨਬੱਧ ਰਹੇਗੀ।

ਨਾਟਕਕਾਰ ਰਾਜਵਿੰਦਰ ਸਮਰਾਲਾ ਤੇ ਦੀਪ ਦਿਲਬਰ ਨੇ ਕਿਹਾ ਕਿ ਕਾਂਗਰਸ ਸਰਕਾਰ ਸਮੇਂ ਜਿਹੜਾ ਬੰਦਾ ਧਰਨੇ ਮੁਜ਼ਾਹਰਿਆਂ 'ਚ ਨਾਲ ਬੈਠਦਾ ਸੀ, ਉਹ ਹੁਣ ਵਿਧਾਇਕ ਬਣਨ ਉਪਰੰਤ ਲੋਕਾਂ ਦੀਆਂ ਮੁਸ਼ਕਲਾਂ ਨੂੰ ਭੁੱਲ ਚੁੱਕਿਆ ਹੈ। ਸੰਘਰਸ਼ ਦੇ ਆਗੂ ਅੰਮ੍ਰਿਤਪਾਲ ਸਮਰਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੀ ਭੁੱਖ ਹੜਤਾਲ ਵਿੱਚ ਕੁਲਵੀਰ ਸਿੰਘ ਮੁਸ਼ਕਾਬਾਦ, ਜਸਪ੍ਰੀਤ ਸਿੰਘ ਜੱਸਾ ਤੇ ਪਰਮਜੀਤ ਸਿੰਘ ਨੀਲੋਂ ਭੁੱਖ ਹੜਤਾਲ 'ਤੇ ਬੈਠੇ। ਉਨ੍ਹਾ ਸੰਘਰਸ਼ ਵਿੱਚ ਸਾਥ ਦੇਣ ਵਾਲੀਆਂ ਸਮਾਜਸੇਵੀ, ਧਾਰਮਿਕ ਤੇ ਰਾਜਨੀਤਕ ਜਥੇਬੰਦੀਆਂ ਦਾ ਧੰਨਵਾਦ ਕੀਤਾ ਤੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਸਾਥ ਦਿੰਦੇ ਰਹਿਣਗੇ। ਰੋਸ ਧਰਨੇ 'ਚ ਜਥੇਦਾਰ ਅਮਰਜੀਤ ਸਿੰਘ ਬਾਲਿਓਂ, ਕੈਪਟਨ ਹਰਜਿੰਦਰ ਸਿੰਘ, ਰਾਜਵੰਤ ਸਿੰਘ ਕੂੰਨਰ, ਕਮਲ ਬਾਂਸਲ, ਇੰਦਰੇਸ਼ ਜੈਦਕਾ, ਸ਼ੰਕਰ ਕਲਿਆਣ, ਪਰਮਜੀਤ ਕੌਰ ਸੈਣੀ, ਪਰਮਜੀਤ ਮਿੰਕੂ, ਪਰਮਦੀਪਪਾਲ ਸਿੰਘ, ਜਗਦੀਸ਼ ਕੁਮਾਰ, ਮਾ. ਕੁਲਵੰਤ ਸਿੰਘ ਤਰਕ, ਆੜ੍ਹਤੀ ਅਰਵਿੰਦਰਪਾਲ ਸਿੰਘ ਵਿੱਕੀ, ਜਸਪਾਲ ਸਿੰਘ ਜੱਜ, ਜਸਵੰਤ ਸਿੰਘ, ਅਸ਼ੋਕ ਮਨੋਚਾ, ਮਨੀ ਪਾਠਕ, ਡਾ. ਅਮਰਜੀਤ ਸਿੰਘ, ਨੰਬਰਦਾਰ ਦਰਸ਼ਨ ਸਿੰਘ, ਮੋਹਣ ਸਿੰਘ ਬਾਲਿਓਂ, ਮਨਪ੍ਰੀਤ ਸਿੰਘ, ਜੱਸਾ ਰਹੀਮਾਬਾਦ, ਅਜੀਤ ਸਿੰਘ, ਹਰਭਜਨ ਸਿੰਘ ਖਾਲਸਾ, ਸਾਧਵੀ ਰਾਣੀ, ਰੇਨੂੰ ਬੈਂਸ, ਬਲਬੀਰ ਸਿੰਘ ਢਿੱਲੋਂ, ਹਰਬੰਸ ਲਾਲ ਚਾਨਣਾ, ਸਰਬਜੀਤ ਸਿੰਘ, ਰਜਿੰਦਰ ਕੁਮਾਰ ਤੇ ਰਵਿੰਦਰਪਾਲ ਸਿੰਘ ਮੌਜੂਦ ਸਨ।

# ਆਰਥਿਕ ਤੰਗੀ ਕਾਰਨ ਉਸਾਰੀ ਮਿਸਤਰੀ ਨੇ ਕੀਤੀ ਆਤਮ ਹੱਤਿਆ



**ਬਰੇਟਾ (ਰੀਤਵਾਲ)**-ਆਰਥਿਕ ਤੰਗੀ ਕਾਰਨ ਉਸਾਰੀ ਮਿਸਤਰੀ ਵੱਲੋਂ ਰੇਲ ਗੱਡੀ ਹੇਠ ਆ ਕੇ ਖੁਦਕੁਸ਼ੀ ਕਰ ਲਏ ਜਾਣ ਦਾ ਦੁੱਖਦਾਈ ਸਮਾਚਾਰ ਹੈ। ਰੇਲਵੇ ਪੁਲਸ ਚੌਕੀ ਦੇ ਜਾਂਚ ਅਧਿਕਾਰੀ ਗੁਰਮੇਲ ਸਿੰਘ ਤੋਂ ਮਿਲੀ ਜਾਣਕਾਰੀ ਅਨੁਸਾਰ ਅਵਤਾਰ ਸਿੰਘ (43) ਵਾਸੀ ਅਕਬਰਪੁਰ ਖੁਡਾਲ ਨੇ ਬੀਤੀ ਸ਼ਨੀਵਾਰ ਦੀ ਸਵੇਰ ਜਾਖਲ ਤੋਂ ਬਠਿੰਡਾ ਵੱਲ ਜਾ ਰਹੀ ਇੱਕ ਰੇਲ ਗੱਡੀ ਹੇਠ ਆ ਕੇ ਖੁਡਾਲ ਕਲਾਂ ਦੇ ਰੇਵਲੇ ਫਾਟਕ ਨਜ਼ਦੀਕ ਖੁਦਕੁਸ਼ੀ ਕਰ ਲਈ।

ਜਾਂਚ ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਉਸਾਰੀ ਮਿਸਤਰੀ ਵਜੋਂ ਕੰਮ ਕਰਦਾ ਸੀ। ਮਿਸਤਰੀ ਨੂੰ ਉਸਾਰੀ ਲਈ ਠੇਕੇ 'ਚੋਂ ਘਾਟਾ ਪੈ ਗਿਆ, ਜਿਸ ਕਾਰਨ ਉਸ ਦੀ ਆਰਥਿਕ ਹਾਲਤ ਕਮਜ਼ੋਰ ਹੋ ਗਈ ਤੇ ਉਹ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਰਹਿਣ ਲੱਗ ਪਿਆ। ਇਸੇ ਪ੍ਰੇਸ਼ਾਨੀ ਦੇ ਚਲਦਿਆਂ ਉਸ ਨੇ ਇਹ ਕਦਮ ਚੁੱਕ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ। ਰੇਲਵੇ ਪੁਲਸ ਵੱਲੋਂ ਮ੍ਰਿਤਕ ਦੇ ਪਿਤਾ ਰਣਜੀਤ ਸਿੰਘ ਦੇ ਬਿਆਨਾਂ 'ਤੇ 174 ਦੀ ਕਾਰਵਾਈ ਕਰਦਿਆਂ ਲਾਸ਼ ਦਾ ਪੋਸਟਮਾਰਟਮ ਕਰਾਉਣ ਉਪਰੰਤ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ। ਮ੍ਰਿਤਕ ਆਪਣੇ ਪਿੱਛੇ ਮਾਤਾ-ਪਿਤਾ ਤੇ ਪਤਨੀ ਤੋਂ ਇਲਾਵਾ ਇੱਕ ਲੜਕਾ ਤੇ ਇੱਕ ਲੜਕੀ ਛੱਡ ਗਿਆ ਹੈ।

# ਸੂਬੇ 'ਚ 521 ਨਵੇਂ ਮੁਹੱਲਾ ਕਲੀਨਿਕ ਖੋਲ੍ਹੇ ਜਾਣਗੇ : ਜੌੜਾਮਾਜਰਾ

## ਸਿਹਤ ਮੰਤਰੀ ਜੌੜਾਮਾਜਰਾ ਵੱਲੋਂ ਪੀਜ਼ਾ ਕੋਟ ਦਾ ਉਦਘਾਟਨ



ਪੀਜਾ ਕੋਟ ਦਾ ਉਦਘਾਟਨ ਕਰਦੇ ਹੋਏ ਸਿਹਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ।

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**

ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਲੋਕਾਂ ਨੂੰ ਸਿਹਤ ਦੇ ਖੇਤਰ ਵਿੱਚ ਵੱਡੀਆਂ ਸਹੂਲਤਾਂ ਦੇਣ ਦੀਆਂ ਕੋਸ਼ਿਸ਼ਾਂ ਵਿੱਚ ਲੱਗੀ ਹੋਈ ਹੈ। ਇਸੇ ਲੜੀ ਤਹਿਤ ਸੂਬਾ ਸਰਕਾਰ ਆਪਣੇ ਕੀਤੇ ਗਏ ਚੋਣ ਵਾਅਦੇ ਨੂੰ ਅਮਲੀ ਰੂਪ ਵਿੱਚ ਪੂਰਾ ਕਰਦਿਆਂ ਗਣਤੰਤਰਾ ਦਿਵਸ ਵਾਲੇ ਦਿਨ 521 ਨਵੇਂ ਪਿੰਡ ਕਲੀਨਿਕ ਖੋਲ੍ਹਣ ਜਾ ਰਹੀ ਹੈ, ਜਿਨ੍ਹਾਂ ਵਿੱਚੋਂ ਤਿੰਨ ਹਲਕਾ ਸ਼ੁਤਰਾਣਾ ਵਿੱਚ ਖੁੱਲ੍ਹਣਗੇ। ਇਹ ਜਾਣਕਾਰੀ ਸਿਹਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਪਾਤੜਾਂ ਵਿਖੇ ਇੱਕ ਪੀਜਾ ਕੋਟ ਦਾ ਉਦਘਾਟਨ ਕਰਨ ਮਗਰੋਂ ਪੱਤਰਕਾਰਾਂ ਨਾਲ ਗੈਰ-ਰਸਮੀ ਗੱਲਬਾਤ ਦੌਰਾਨ ਕੀਤਾ।

ਸਿਹਤ ਮੰਤਰੀ ਨੇ ਦੱਸਿਆ ਕਿ ਭਗਵੰਤ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਸੁਤੰਤਰਤਾ ਦਿਵਸ ਮੌਕੇ ਸੌ ਪਿੰਡ ਕਲੀਨਿਕ ਪਹਿਲਾਂ ਹੀ ਖੋਲ੍ਹ ਚੁੱਕੀ ਹੈ ਤੇ ਹੁਣ ਨਵੇਂ ਪਿੰਡ ਕਲੀਨਿਕਾਂ ਦੇ ਨਾਲ ਨਾਲ ਪੀ ਐੱਚ ਸੀ ਕੇਂਦਰ ਨੂੰ ਮੁਹੱਲਾ ਕਲੀਨਿਕਾਂ ਦੀ ਤਰਜ 'ਤੇ ਪ੍ਰਮੋਟ ਕੀਤਾ ਜਾ ਰਿਹਾ ਹੈ ਤਾਂ ਕਿ ਲੋਕਾਂ ਨੂੰ ਆਪਣੇ ਘਰਾਂ ਦੇ ਨਜ਼ਦੀਕ ਬੇਹਤਰ ਸਿਹਤ ਸਹੂਲਤਾਂ ਮਿਲ ਸਕਣ ਤੇ ਸੂਬੇ ਦੇ ਵੱਡੇ ਹਸਪਤਾਲਾਂ ਵਿੱਚ ਮਰੀਜ਼ਾਂ ਨੂੰ ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ ਤੇ ਹਸਪਤਾਲਾਂ ਅੰਦਰਲੀ ਭੀੜ ਨੂੰ ਘੱਟ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੀ ਦੇਖ ਰੇਖ ਹੇਠ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਕਕਰਾਲਾ, ਕੁਲਾਰਾਂ ਤੇ ਅਰਨੌਂ ਵਿਖੇ ਤਿੰਨ ਪਿੰਡ ਕਲੀਨਿਕ ਖੋਲ੍ਹੇ ਜਾਣਗੇ, ਜਦੋਂਕਿ ਦੋ ਕੇਂਦਰ ਪਹਿਲਾਂ ਹੀ ਚੱਲ ਰਹੇ ਹਨ। ਇਸ ਤੋਂ ਇਲਾਵਾ ਸੂਬੇ ਵਿੱਚ 16 ਨਵੇਂ ਮੈਡੀਕਲ ਕਾਲਜ ਖੋਲ੍ਹੇ ਜਾ ਰਹੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਵਿਧਾਇਕ ਗੁਰਲਾਲ ਸਿੰਘ ਘਨੌਰ, ਹਲਕਾ ਵਿਧਾਇਕ ਸ਼ੁਤਰਾਣਾ ਕੁਲਵੰਤ ਸਿੰਘ ਬਾਜ਼ੀਗਰ ਦੇ ਸਪੁੱਤਰ ਗੁਰਪ੍ਰੀਤ ਸਿੰਘ, ਸਰਪੰਚ ਗੁਲਾਬ ਸਿੰਘ ਹਰਿਆਊ, ਟਰੱਕ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਵਿਰਕ ਆਦਿ ਹਾਜ਼ਰ ਸਨ।

## ਕਾਤਰਾਂ

### ਭਾਈ ਲੌਂਗੋਵਾਲ ਬਣੇ ਸੁਖਬੀਰ ਬਾਦਲ ਦੇ ਸਲਾਹਕਾਰ ਬੋਰਡ ਦੇ ਮੈਂਬਰ



**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੂੰ ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸਲਾਹਕਾਰ ਬੋਰਡ ਦਾ ਮੈਂਬਰ ਬਣਨ 'ਤੇ ਇਲਾਕੇ ਵਿੱਚ ਖ਼ੁਸ਼ੀ ਦੀ ਲਹਿਰ ਹੈ। ਇਸ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਸ੍ਰ. ਜਥੇਦਾਰ ਉਦੇ ਸਿੰਘ, ਮਹਿਮਾ ਸਿੰਘ, ਭਾਈ ਬਲਵਿੰਦਰ ਸਿੰਘ ਕੈਂਬੋਵਾਲ, ਬਲਵਿੰਦਰ ਸਿੰਘ ਠੇਕੇਦਾਰ, ਮਹਿੰਦਰ ਸਿੰਘ ਦੁੱਲਟ, ਹਰਜੀਤ ਸਿੰਘ ਗਿੱਲ ਸਾਬਕਾ ਐਮ ਸੀ, ਦਲਜੀਤ ਸਿੰਘ ਸਿੱਧੂ ਸਾਬਕਾ ਪ੍ਰਧਾਨ ਨਗਰ ਕੌਂਸਲ ਲੌਂਗੋਵਾਲ, ਹਰਮੇਸ਼ ਸਿੰਘ ਸਿੱਧੂ ਅਤੇ ਸਮੂਹ ਪੱਤਰਕਾਰਾਂ ਨੇ ਇਸ ਨਿਯੁਕਤੀ ਦਾ ਭਰਵਾਂ ਸਵਾਗਤ ਕੀਤਾ।

### ਨਸ਼ੀਲੀਆਂ ਗੋਲੀਆਂ ਸਮੇਤ ਕਾਬੂ

**ਜਲਾਲਾਬਾਦ (ਦਰੂਜਾ)**-ਥਾਣਾ ਅਮੀਰਖਾਸ ਦੀ ਪੁਲਸ ਨੇ 390 ਨਸ਼ੀਲੀਆਂ ਗੋਲੀਆਂ ਟਰਾਮਾਡੋਲ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਐੱਸ ਆਈ ਰਵੀਪਾਲ ਨੇ ਦੱਸਿਆ ਕਿ ਗਸ਼ਤ ਦੌਰਾਨ ਪੁਲਸ ਪਾਰਟੀ ਲਿੰਕ ਰੋਡ ਸ਼ਹੀਦ ਊਧਮ ਸਿੰਘ ਨਗਰ ਨੇੜੇ ਐੱਚ.ਬੀ. ਇੱਟਾਂ ਦੇ ਭੱਠੇ ਤੋਂ ਥੋੜ੍ਹਾ ਅੱਗੇ ਮੌਜੂਦ ਸੀ ਤਾਂ ਸਾਹਮਣੇ ਤੋਂ ਇੱਕ ਪੈਦਲ ਵਿਅਕਤੀ ਹੱਥ ਵਿੱਚ ਲਿਫ਼ਾਫ਼ਾ ਫੜੀ ਆਉਂਦਾ ਦਿਖਾਈ ਦਿੱਤਾ, ਜਿਸ ਨੇ ਪੁਲਸ ਪਾਰਟੀ ਨੂੰ ਵੇਖ ਕੇ ਲਿਫ਼ਾਫ਼ਾ ਸੁੱਟ ਕੇ ਭੱਜਣਾ ਸ਼ੁਰੂ ਕਰ ਦਿੱਤਾ, ਜਦੋਂ ਮੁਲਜ਼ਮ ਵਿਜੇ ਕੁਮਾਰ ਉਰਫ ਨਹਿਰੂ ਪੁੱਤਰ ਕੇਦਾਰ ਨਾਥ ਵਾਸੀ ਰਾਜਪੂਤ ਮੁਹੱਲਾ ਜਲਾਲਾਬਾਦ ਦੀ ਤਲਾਸ਼ੀ ਲਈ ਗਈ ਤਾਂ ਉਸ ਵੱਲੋਂ ਸੁੱਟੇ ਲਿਫਾਫੇ ਨੂੰ ਦੇਖਿਆ ਤਾਂ ਬਾਹਰ 390 ਨਸ਼ੀਲੀਆਂ ਗੋਲੀਆਂ ਟਰਾਮਾਟੋਲ ਖਿੱਲਰੀਆਂ ਪਈਆਂ ਸਨ। ਪੁਲਸ ਨੇ ਮੁਲਜ਼ਮ ਖ਼ਿਲਾਫ਼ ਪਰਚਾ ਦਰਜ ਕਰ ਲਿਆ ਹੈ।

### ਮੋਬਾਇਲ ਖੋਹਣ ਤੇ ਚੋਰੀਆਂ ਦੇ ਦੋਸ਼ 'ਚ ਦੋ ਖਿਲਾਫ਼ ਮਾਮਲਾ ਦਰਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਕੁਲਭੂਸ਼ਣ, ਪੂਜਾ)**-ਰਾਹੀਗਰਾਂ ਕੋਲੋਂ ਮੋਬਾਇਲ ਖੋਹਣ ਤੇ ਚੋਰੀਆਂ ਕਰਨ ਦੇ ਮਾਮਲੇ ਵਿੱਚ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਦੋ ਵਿਅਕਤੀਆਂ ਨੂੰ ਨਾਮਜ਼ਦ ਕਰਦੇ ਹੋਏ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਰਜੀਤ ਸਿੰਘ ਨੇ ਦੱਸਿਆ ਕਿ ਜਦੋਂ ਉਹ ਪੁਲਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੇ ਸਬੰਧ ਵਿੱਚ ਮੌੜ ਰੋਡ ਪੁਲ ਸੂਆ ਕੋਲ ਮੌਜੂਦ ਸੀ ਤਾਂ ਉਨ੍ਹਾਂ ਨੂੰ ਮੁਖਬਰੀ ਤੋਂ ਸੂਚਨਾ ਮਿਲੀ ਕਿ ਸੰਨੀ ਤੇ ਰਾਜਵਿੰਦਰ ਸਿੰਘ ਉਰਫ ਬਿੰਦਰੀ ਵਾਸੀਆਨ ਜਲਾਲਾਬਾਦ ਰੋਡ ਸ੍ਰੀ ਮੁਕਤਸਰ ਸਾਹਿਬ ਰਾਹੀਗਰਾਂ ਕੋਲੋਂ ਮੋਬਾਇਲ ਖੋਹ ਲੈਂਦੇ ਹਨ ਤੇ ਚੋਰੀਆਂ ਕਰਦੇ ਹਨ। ਪੁਲਸ ਨੇ ਮੁਖਬਰੀ ਦੀ ਸੂਚਨਾ ਦੇ ਆਧਾਰ 'ਤੇ ਕਾਰਵਾਈ ਕਰਦੇ ਹੋਏ ਉਕਤ ਵਿਅਕਤੀਆਂ ਤੋਂ 2 ਮੋਬਾਇਲ ਬਰਾਮਦ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ।

### 20 ਕਿੱਲੋ ਭੁੱਕੀ ਸਮੇਤ ਕਾਬੂ

**ਜਲਾਲਾਬਾਦ (ਦਰੂਜਾ)**-ਥਾਣਾ ਅਰਨੀਵਾਲਾ ਦੀ ਪੁਲਸ ਨੇ 20 ਕਿੱਲੋ ਭੁੱਕੀ ਸਮੇਤ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਇੰਸਪੈਕਟਰ ਅੰਗਰੇਜ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਮੁਖਬਰ ਨੇ ਇਤਲਾਹ ਦਿੱਤੀ ਸੀ ਕਿ ਮੰਗਲ ਸਿੰਘ ਵਾਸੀ ਢਾਬ ਕੜਿਆਲ ਭੁੱਕੀ ਵੇਚਣ ਦਾ ਆਦੀ ਹੈ, ਜੋ ਅਜੇ ਵੀ ਪਿੰਡ ਸ਼ਾਹਪੁਰ ਤੋਂ ਪਿੰਡ ਨੁਕੇਰੀਆਂ ਨੂੰ ਭੁੱਕੀ ਲੈ ਕੇ ਪੈਦਲ ਆ ਰਿਹਾ ਹੈ। ਪੁਲਸ ਨੇ ਨਾਕਾਬੰਦੀ ਕਰਕੇ ਉਸ ਨੂੰ 20 ਕਿੱਲੋ ਭੁੱਕੀ ਸਮੇਤ ਕਾਬੂ ਕਰ ਲਿਆ, ਜਿਸ 'ਤੇ ਪਰਚਾ ਦਰਜ ਕਰ ਲਿਆ ਹੈ।

### ਨਗਰ ਕੌਂਸਲ ਹਾਊਸ ਦੀ ਮੀਟਿੰਗ 30 ਨੂੰ

**ਜਗਰਾਉਂ (ਅਮਿਤ ਖੰਨਾ)**-ਨਗਰ ਕੌਂਸਲ ਜਗਰਾਓਂ 'ਤੇ ਪਿਛਲੇ ਲੰਮੇ ਸਮੇਂ ਤੋਂ ਕਾਬਜ਼ ਕਾਂਗਰਸ ਪਾਰਟੀ ਦੇ ਕੁਝ ਕੌਂਸਲਰਾਂ ਤੇ ਵਿਰੋਧੀ ਧਿਰ ਦੇ ਕੌਂਸਲਰਾਂ ਵੱਲੋਂ ਕੌਂਸਲ ਪ੍ਰਧਾਨ ਜਤਿੰਦਰਪਾਲ ਰਾਣਾ ਨੂੰ ਪ੍ਰਧਾਨਗੀ ਤੋਂ ਹਟਾਉਣ ਲਈ ਪਿਛਲੇ ਦਿਨ ਬੇਭਰੋਸਗੀ ਮਤਾ ਦੇ ਈ ਓ ਮਨੋਹਰ ਸਿੰਘ ਨੂੰ ਦਿੱਤਾ ਸੀ, ਜਿਸ ਦੇ ਤਹਿਤ ਪ੍ਰਧਾਨ ਰਾਣਾ ਨੇ ਹਾਊਸ ਦੀ ਮੀਟਿੰਗ 30 ਦਸੰਬਰ ਨੂੰ ਬੁਲਾਉਣ ਦਾ ਫੈਸਲਾ ਕੀਤਾ ਹੈ। ਕੌਂਸਲਰ ਰਾਣਾ ਵੱਲੋਂ 30 ਦਸੰਬਰ ਨੂੰ ਹਾਊਸ ਦੀ ਮੀਟਿੰਗ ਬੁਲਾਏ ਜਾਣ ਦੀ ਸੂਚਨਾ ਮਿਲਦੇ ਹੀ ਕੌਂਸਲਰ ਕਵਨਰਪਾਲ ਸਿੰਘ, ਅਨਮੋਲ ਗੁਪਤਾ, ਕੌਂਸਲਰ ਅਨੀਤਾ ਸੱਭਰਵਾਲ ਦੇ ਪਤੀ ਰਵਿੰਦਰ ਸੱਭਰਵਾਲ ਤੇ ਕੌਂਸਲਰ ਸੁਧਾ ਭਾਰਦਵਾਜ ਦੇ ਪਤੀ ਰਾਜ ਭਾਰਦਵਾਜ ਨੇ ਦੱਸਿਆ ਕਿ ਕੌਂਸਲਰ ਜਤਿੰਦਰ ਪਾਲ ਰਾਣਾ ਨੇ 12-13 ਦਿਨਾਂ ਦਾ ਸਮਾਂ ਦਿੱਤਾ ਹੈ, ਨੂੰ ਜਾਣ-ਬੁੱਝ ਕੇ ਸਦਨ ਦੀ ਮੀਟਿੰਗ ਬੁਲਾਉਣ ਵਿੱਚ ਸ਼ਾਮਲ ਕੀਤਾ ਗਿਆ ਹੈ ਤਾਂ ਜੋ ਉਹ ਆਪਣੀ ਕੁਰਸੀ ਬਚਾਉਣ ਲਈ ਹੋਰ ਉਪਰਾਲੇ ਕਰ ਸਕਣ। ਉਨ੍ਹਾਂ ਕਿਹਾ ਕਿ ਕੌਂਸਲ ਪ੍ਰਧਾਨ ਰਾਣਾ ਨੂੰ ਪ੍ਰਧਾਨਗੀ ਤੋਂ ਹਟਾਉਣ ਲਈ ਵਿਰੋਧੀ ਕੌਂਸਲਰਾਂ ਨੂੰ ਤਿੰਨ ਤਿਹਾਈ ਬਹੁਮੱਤ ਦੀ ਲੋੜ ਹੈ ਤੇ ਉਨ੍ਹਾਂ ਕੋਲ ਇੱਕ ਤਿਹਾਈ ਬਹੁਮੱਤ ਹੈ।

# ਜੀਤਸਰ ਸਕੂਲ ਦੇ ਬੱਚਿਆਂ ਨੇ ਲਗਾਇਆ ਵਿੱਦਿਅਕ ਟੂਰ



**ਬੁਢਲਾਡਾ (ਅਸ਼ੋਕ ਲਾਕੜਾ)**-ਸਰਕਾਰੀ ਪ੍ਰਾਇਮਰੀ ਸਕੂਲ ਜੀਤਸਰ ਦੇ ਵਿਦਿਆਰਥੀਆਂ ਨੇ ਸਕੂਲ ਸਟਾਫ਼ ਸਮੇਤ ਚੰਡੀਗੜ੍ਹ ਦਾ ਇਕ ਦਿਨਾ ਵਿੱਦਿਅਕ ਟੂਰ ਲਗਾਇਆ। ਸਕੂਲ ਮੁਖੀ ਸੱਤਪਾਲ ਸਿੰਘ ਨੇ ਦੱਸਿਆ ਕਿ ਵਿਦਿਆਰਥੀ ਛੱਤਬੀੜ ਵਿੱਚ ਵੱਖ ਵੱਖ ਤਰ੍ਹਾਂ ਦੇ ਪੰਛੀਆਂ ਤੇ ਜਾਨਵਰਾਂ ਨੂੰ ਦੇਖ ਕੇ ਬਹੁਤ ਖੁਸ਼ ਹੋਏ ਅਤੇ ਵਿਸ਼ੇਸ਼ ਤੌਰ 'ਤੇ ਬਣਾਏ ਗਏ ਡਾਇਨਾਸੌਰ ਪਾਰਕ ਵਿੱਚ, ਡਾਇਨਾਸੌਰ ਨੂੰ ਅੱਖੀਂ ਵੇਖ ਕੇ ਬਹੁਤ ਅਨੰਦ ਮਾਣਿਆ। ਚੰਡੀਗੜ੍ਹ ਵਿਖੇ ਰੋਜ਼ ਗਾਰਡਨ, ਸੁਖਨਾ ਝੀਲ ਤੇ ਰਾਕ ਗਾਰਡਨ ਵਿੱਚ ਬੱਚਿਆਂ ਨੇ ਅਨੰਦ ਮਾਣਿਆ ਤੇ ਜਾਣਕਾਰੀ ਪ੍ਰਾਪਤ ਕੀਤੀ। ਰੋਜ਼ ਗਾਰਡਨ ਵਿੱਚ ਗੁਲਾਬਾਂ ਦੀਆਂ ਵੱਖ-ਵੱਖ ਵੰਨਗੀਆਂ ਨੂੰ ਜਾਣਿਆ ਤੇ ਪਹਿਚਾਣਿਆ। ਸੁਖਨਾ ਝੀਲ ਦੇ ਕੁਦਰਤੀ ਦ੍ਰਿਸ਼ ਨੇ ਬੱਚਿਆਂ ਨੂੰ ਮੋਹਤ ਕੀਤਾ। ਇਸ ਮੌਕੇ ਵਿਦਿਆਰਥੀਆਂ ਨਾਲ ਰਣਜੀਤ ਸਿੰਘ ਬਰ੍ਹੇ, ਹਰਜਿੰਦਰ ਸਿੰਘ, ਮਨਪ੍ਰੀਤ ਕੌਰ, ਮਨਦੀਪ ਕੌਰ ਤੇ ਸਰਬਜੀਤ ਕੌਰ ਮਿੱਡ ਡੇ ਮੀਲ ਕੁੱਕ ਸ਼ਾਮਲ ਸਨ।

# ਮਾਨਵਤਾ ਦੀ ਭਲਾਈ ਵਾਸਤੇ ਆਪਣਾ ਯੋਗਦਾਨ ਦੇਣ ਡਾਕਟਰ : ਸੰਧਵਾਂ

## ਸਾਲਾਨਾ ਕਨਵੋਕੇਸ਼ਨ, ਐਵਾਰਡ ਸਮਾਰੋਹ ਤੇ ਸਾਬਕਾ ਵਿਦਿਆਰਥੀ ਮੁਲਾਕਾਤ ਸਮਾਗਮ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਸਥਾਨਕ ਦਸਮੇਸ਼ ਡੈਂਟਲ ਕਾਲਜ ਦੇ ਕੈਪਟਨ ਡਾਕਟਰ ਪੂਰਨ ਸਿੰਘ ਐਡੀਟੋਰੀਅਮ ਵਿਖੇ ਸਾਲਾਨਾ ਕਨਵੋਕੇਸ਼ਨ ਸਮਾਗਮ ਕਰਵਾਇਆ ਗਿਆ, ਜਿਸ ਦਾ ਉਦਘਾਟਨ ਮੁੱਖ ਮਹਿਮਾਨ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਕੀਤਾ ਗਿਆ। ਇਸ ਮੌਕੇ ਸਪੀਕਰ ਸੰਧਵਾਂ ਨੇ ਡੈਂਟਲ ਦੇ 120 ਗਰੈਜੂਏਟ, 24 ਪੋਸਟ ਗਰੈਜੂਏਟ, ਫਿਜੀਓਥੈਰੇਪੀ ਦੇ 25 ਗਰੈਜੂਏਟ, 4 ਪੋਸਟ ਗਰੈਜੂਏਟ ਤੇ ਨਰਸਿੰਗ ਦੇ 19 ਵਿਦਿਆਰਥੀਆਂ ਨੂੰ ਡਿਗਰੀਆ ਤਕਸੀਮ ਕੀਤੀਆਂ। ਇਸ ਮੌਕੇ ਸਪੀਕਰ ਸੰਧਵਾਂ ਨੇ ਡਿਗਰੀਆਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਦਸਮੇਸ਼ ਡੈਂਟਲ ਕਾਲਜ ਪੰਜਾਬ ਦੇ ਬਾਕੀ ਡੈਂਟਲ ਕਾਲਜਾਂ ਵਿੱਚੋਂ ਆਪਣੀ ਨਵੇਕਲੀ ਪਹਿਚਾਣ ਰੱਖਦਾ ਹੈ। ਉਨ੍ਹਾਂ ਨੇ ਕਿਹਾ ਕਿ ਡਿਗਰੀ ਲੈਣ ਉਪਰੰਤ ਇਸ ਨੂੰ ਕਿਤੇ ਵਜੋਂ ਸ਼ੁਰੂ ਕਰਨ ਤੋਂ ਪਹਿਲਾਂ ਸਭ ਨੂੰ ਸਖਤ ਮਿਹਨਤ ਕਰਨੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਵਿਦਿਆਰਥੀਆਂ ਦਾ ਚੰਗਾ ਭਵਿੱਖ ਹੀ ਧਿਆਪਕਾਂ ਦੀ ਦੌਲਤ ਹੁੰਦਾ ਹੈ ਤੇ ਅਧਿਆਪਕਾਂ ਨੂੰ ਵੀ ਆਪਣੇ ਵਿਦਿਆਰਥੀ ਦੇ ਰੋਲ ਮਾਡਲ ਬਣਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਦਿਨ ਪ੍ਰਤੀ ਦਿਨ ਡਾਕਟਰੀ ਕਿੱਤੇ ਵਿੱਚ ਹੋ ਰਹੀਆਂ ਖੋਜਾਂ ਨੂੰ ਸਮਝ ਕੇ ਮਾਨਵਤਾ ਦੀ ਭਲਾਈ ਵਾਸਤੇ ਸਭ ਨੂੰ ਆਪਣਾ ਬਣਦਾ ਯੋਗਦਾਨ ਦੇਣਾ ਚਾਹੀਦਾ ਹੈ। ਇਸ ਮੌਕੇ ਸ. ਸੰਧਵਾਂ ਨੇ ਗਰੀਬ ਵਿਦਿਆਰਥੀਆਂ ਨੂੰ ਇੱਕ ਲੱਖ ਰੁਪਏ ਦੀ ਸਕਾਲਰਸ਼ਿਪ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਸੰਗਤ ਸਾਹਿਬ ਭਾਈ ਫੇਰੂ ਸਿੱਖ ਐਜੂਕੇਸ਼ਨਲ ਸੁਸਾਇਟੀ ਦੇ ਪ੍ਰਧਾਨ ਰਿਟਾਇਰਡ ਆਈ.ਐੱਸ. ਗੁਰਦੇਵ ਸਿੰਘ ਬਰਾੜ, ਸੀਨੀਅਰ ਵਾਈਸ ਪ੍ਰਧਾਨ ਡਾ. ਗੁਰਸੇਵਕ ਸਿੰਘ, ਵਾਈਸ ਪ੍ਰਧਾਨ ਅਮਰਜੀਤ ਸਿੰਘ ਡੋਡ, ਸਕੱਤਰ ਜਸਬੀਰ ਸਿੰਘ ਸੰਧੂ, ਜੁਆਇੰਟ ਸਕੱਤਰ ਸੁੱਖਪਾਲ ਸਿੰਘ ਕੰਗ ਤੇ ਖਜ਼ਾਨਚੀ ਸਵਰਨਜੀਤ ਸਿੰਘ ਗਿੱਲ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼ਾਮਲ ਸਨ। ਕਾਲਜ ਦੇ ਪ੍ਰਿੰਸੀਪਲ ਡਾ. ਐੱਸ.ਪੀ.ਐੱਸ. ਸੋਢੀ ਨੇ ਕਾਲਜ ਦੀ ਸਾਲਾਨਾ ਰਿਪੋਰਟ ਪੇਸ਼ ਕਰਕੇ ਕਾਲਜ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਇਸ ਮੌਕੇ ਸੁਖਮਿੰਦਰ ਸਿੰਘ ਪੱਕਾ ਪ੍ਰਧਾਨ ਆਮ ਆਦਮੀ ਯੂਥ ਵਿੰਗ ਫਰੀਦਕੋਟ, ਮਨਪ੍ਰੀਤ ਸਿੰਘ ਧਾਲੀਵਾਲ, ਅਮਨਦੀਪ ਸਿੰਘ, ਹਰਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਦਸਮੇਸ਼ ਡੈਂਟਲ ਕਾਲਜ ਦਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਗਲੋਬਲ ਫਲਾਇਰਜ਼ ਨੇ ਲਵਾਇਆ ਕੈਨੇਡਾ ਤੇ ਆਸਟਰੇਲੀਆ ਦਾ ਵੀਜ਼ਾ



**ਬੱਧਨੀ ਕਲਾ/ਅਜੀਤਵਾਲ (ਨਛੱਤਰ ਸੰਧੂ)**-ਫਲਾਇਰਜ਼ ਆਈਲਟਸ ਤੇ ਇਮੀਗ੍ਰੇਸ਼ਨ ਸੰਸਥਾ, ਜੋ ਕਿ ਮਿੰਨੀ ਬੱਸ ਸਟੈਂਡ ਲੋਪੋ ਰੋਡ ਬੱਧਨੀ ਕਲਾਂ (ਮੋਗਾ) ਵਿਖੇ ਹੈ, ਲਗਾਤਾਰ ਵਿਦੇਸ਼ ਵਿੱਚ ਪੜ੍ਹਾਈ ਕਰਨ ਵਾਲੇ ਬੱਚਿਆਂ ਲਈ ਵਰਦਾਨ ਸਾਬਿਤ ਹੋ ਰਹੀ ਹੈ, ਉਥੇ ਹੀ ਓਪਨ ਵਰਕ ਪਰਮਿਟ ਵੀਜ਼ਾ ਤੇ ਵਿਜ਼ਿਟਰ ਵੀਜ਼ੇ 'ਚ ਮੁਹਾਰਤ ਹਾਸਲ ਕਰ ਚੁੱਕੀ। ਇਸ ਸੰਸਥਾ ਵੱਲੋਂ ਐਡਵੋਕੇਟ ਧਰਮਪਾਲ ਸਿੰਘ ਧਾਲੀਵਾਲ ਪੁੱਤਰ ਮਹੇਸ਼ ਇੰਦਰ ਸਿੰਘ ਧਾਲੀਵਾਲ ਵਾਸੀ ਨਿਹਾਲ ਸਿੰਘ ਵਾਲਾ (ਮੋਗਾ) ਦਾ ਕੈਨੇਡਾ ਤੇ ਆਸਟਰੇਲੀਆ ਦਾ ਵੀਜ਼ਾ ਲਗਵਾਇਆ ਗਿਆ ਹੈ। ਗਲੋਬਲ ਫਲਾਇਰਜ਼ ਦੇ ਚੇਅਰਮੈਨ ਰਜਤ ਪਲਤਾ ਨੇ ਦੱਸਿਆ ਕਿ ਸੰਸਥਾ ਵੱਲੋਂ ਕਾਨੂੰਨੀ ਤੇ ਪਾਰਦਰਸ਼ੀ ਤਰੀਕੇ ਨਾਲ ਫਾਇਲ ਤਿਆਰ ਕਰਕੇ ਅਪਲਾਈ ਕੀਤਾ ਜਾਂਦਾ ਹੈ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਐਡਵੋਕੇਟ ਧਰਮਪਾਲ ਸਿੰਘ ਧਾਲੀਵਾਲ ਖੁਸ਼ੀ ਜ਼ਾਹਰ ਕਰਦਿਆਂ ਐੱਮ ਡੀ ਰਜਤ ਪਲਤਾ ਨੇ ਪੂਰੇ ਸਟਾਫ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਦੇ ਆਉਣ ਵਾਲੇ ਸੁਨਹਿਰੀ ਭਵਿੱਖ ਲਈ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ।

# ਟਰੱਕ ਯੂਨੀਅਨ ਵੱਲੋਂ ਗੁੰਡਾ ਟੈਕਸ ਵਸੂਲਣ ਦੀਆਂ ਲੱਗੀਆਂ ਖਬਰਾਂ ਸਹੀ ਨਹੀਂ : ਹਰਪਾਲ ਸੰਧੂ

**ਕੋਟਕਪੂਰਾ (ਰਛਪਾਲ ਭੁੱਲਰ)**-ਹਰਪਾਲ ਸਿੰਘ ਸੰਧੂ ਜ਼ਿਲ੍ਹਾ ਪ੍ਰਧਾਨ ਰਾਈਸ ਮਿੱਲਰਜ਼ ਨੇ ਦੱਸਿਆ ਕਿ ਟਰੱਕ ਯੂਨੀਅਨ ਕੋਟਕਪੂਰਾ ਵੱਲੋਂ ਵਪਾਰੀਆਂ ਜਾਂ ਟਰੱਕ ਅਪ੍ਰੇਟਰਾਂ ਤੋਂ ਗੁੰਡਾ ਟੈਕਸ ਵਸੂਲਣ ਦੀਆਂ ਪ੍ਰੈੱਸ ਦੇ ਇਕ ਹਿੱਸੇ 'ਚ ਲੱਗੀਆਂ ਖਬਰਾਂ ਸਹੀ ਨਹੀਂ, ਬਲਕਿ ਭੁਲੇਖਾਪਾਊ ਹਨ। ਵਪਾਰੀਆਂ ਤੋਂ ਆਮ ਆਦਮੀ ਪਾਰਟੀ ਦੇ ਕਿਸੇ ਅਹੁਦੇਦਾਰ ਤੇ ਟਰੱਕ ਯੂਨੀਅਨ ਦੇ ਪ੍ਰਧਾਨ ਸਮੇਤ ਕਿਸੇ ਵੱਲੋਂ ਵੀ ਗੁੰਡਾ ਟੈਕਸ ਵਸੂਲਣ ਸਬੰਧੀ ਕੋਈ ਗੱਲ ਨਹੀਂ ਆਖੀ, ਕਿਉਂਕਿ ਅਕਸਰ ਹੀ ਟਰੱਕ ਯੂਨੀਅਨ ਦੇ ਅਹੁਦੇਦਾਰਾਂ ਤੇ ਵਪਾਰੀਆਂ ਦਰਮਿਆਨ ਤਕਰਾਰ ਪੈਦਾ ਹੋ ਜਾਂਦਾ ਹੈ, ਜਿਸ ਸਬੰਧੀ ਪੁਲਸ ਥਾਣੇ ਜਾਂ ਅਦਾਲਤਾਂ 'ਚ ਵੀ ਵੱਲ ਪਹੁੰਚ ਜਾਂਦੀ ਹੈ, ਪਰ ਕੁਝ ਸਮੇਂ ਬਾਅਦ ਦੋਨੋਂ ਧਿਰਾਂ ਦਾ ਵਿਵਾਦ ਸੁਲਝ ਜਾਂਦਾ ਹੈ ਤੇ ਹੁਣ ਵੀ ਮਾਣਯੋਗ ਸਪੀਕਰ ਸਾਹਿਬ ਜੋ ਕਿ ਹਲਕੇ ਦੇ ਵਿਧਾਇਕ ਵੀ ਹਨ, ਨੂੰ ਬੇਨਤੀ ਕੀਤੀ ਹੈ ਕਿ ਉਹ ਦਖਲ ਦੇ ਕੇ ਮਸਲਾ ਸੁਲਝਾਉਣ। ਉਨ੍ਹਾ ਮੰਨਿਆ ਕਿ ਕੋਟਕਪੂਰੇ ਦੇ ਵਪਾਰੀ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਫਰੀਦਕੋਟ ਤੇ ਰਾਜਪਾਲ ਸਿੰਘ ਸੰਧੂ ਐਸ ਐਸ ਪੀ ਫਰੀਦਕੋਟ ਨੂੰ ਵੀ ਮੌਜੂਦਾ ਵਿਵਾਦ ਸੁਲਝਾਉਣ ਲਈ ਮਿਲੇ ਸਨ। ਸ੍ਰ ਸੰਧੂ ਨੇ ਦੁਹਰਾਇਆ ਕਿ ਸੈਲਰ ਮਾਲਕਾਂ ਤੋਂ ਝੋਨੇ ਦੀ ਬੋਰੀ ਮਗਰ ਪ੍ਰਤੀ ਬੋਰੀ 50 ਪੈਸੇ ਵਸੂਲਣ ਦਾ 'ਆਪ' ਸਰਕਾਰ ਉੱਪਰ ਕਦੇ ਕਿਸੇ ਨੇ ਦੋਸ਼ ਨਹੀਂ ਲਾਇਆ। ਉਨ੍ਹਾ ਮੰਨਿਆ ਕਿ ਗੁੰਡਾ ਟੈਕਸ ਵਸੂਲਣ ਬਾਰੇ ਕਿਸੇ ਨੇ ਲਿਖਤੀ ਜਾਂ ਜ਼ੁਬਾਨੀ ਤੌਰ 'ਤੇ ਇਕ ਵੀ ਸ਼ਬਦ ਨਹੀਂ ਵਰਤਿਆ। ਸੰਪਰਕ ਕਰਨ 'ਤੇ ਟਰੱਕ ਯੂਨੀਅਨ ਦੇ ਪ੍ਰਧਾਨ ਜਗਸੀਰ ਸਿੰਘ ਗਿੱਲ ਨੇ ਆਖਿਆ ਕਿ ਜੇਕਰ ਟਰੱਕ ਯੂਨੀਅਨ ਵਲੋਂ ਕਿਸੇ ਵੀ ਤਰ੍ਹਾਂ ਦੀ ਗੁੰਡਾਗਰਦੀ ਜਾਂ ਗੁੰਡਾ ਟੈਕਸ ਦਾ ਇਕ ਵੀ ਸਬੂਤ ਪੇਸ਼ ਕੀਤਾ ਜਾਵੇ ਤਾਂ ਉਹ ਹਰ ਤਰ੍ਹਾਂ ਦੀ ਸਜ਼ਾ ਭੁਗਤਣ ਤੇ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਲਈ ਤਿਆਰ ਹਨ, ਜਦਕਿ ਉਨ੍ਹਾ ਨੇ ਤਾਂ ਵਪਾਰੀਆਂ ਨੂੰ ਆਖਿਆ ਸੀ ਕਿ ਮਾਲ ਢੋਣ ਲਈ ਬਾਹਰ ਤੋਂ ਟਰੱਕ ਮੰਗਵਾਉਣ ਦੀ ਬਜਾਇ ਉਨੇ ਹੀ ਕਿਰਾਏ 'ਤੇ ਟਰੱਕ ਯੂਨੀਅਨ ਤੋਂ ਲਏ ਜਾ ਸਕਦੇ ਹਨ ਤਾਂ ਕਿ ਇੱਥੋਂ ਦੇ ਟਰੱਕ ਮਾਲਕਾਂ ਨੂੰ ਵੀ ਰੁਜ਼ਗਾਰ ਮਿਲਦਾ ਰਹੇ। ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਉਕਤ ਮਾਮਲੇ ਦਾ ਨੋਟਿਸ ਲੈਂਦਿਆਂ ਆਖਿਆ ਕਿ ਗੁੰਡਾਗਰਦੀ ਕਰਨ, ਗੁੰਡਾ ਟੈਕਸ ਵਸੂਲਣ, ਸੈਲਰ ਮਾਲਕਾਂ ਤੋਂ ਪ੍ਰਤੀ ਬੋਰੀ ਦੇ ਹਿਸਾਬ ਨਾਲ 50 ਪੈਸੇ ਵਸੂਲਣ ਵਾਲੇ ਮਾਮਲਿਆਂ ਦੀ ਵਿਜੀਲੈਂਸ ਤੋਂ ਜਾਂਚ ਕਰਵਾਈ ਜਾਵੇਗੀ ਤੇ ਦੋਸ਼ੀ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਨਾਲ ਕੋਈ ਲਿਹਾਜ਼ ਨਹੀਂ ਹੋਵੇਗੀ।

# ਗੋਲਡੀ ਜਨਰਲ ਸਕੱਤਰ ਨਿਯੁਕਤ



**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਬ) ਨੇ ਆਪਣੇ ਜਥੇਬੰਦਕ ਢਾਂਚੇ ਅੰਦਰ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਸਰਗਰਮ ਮੈਂਬਰ ਵਰਕਰਾਂ ਨੂੰ ਅਹੁਦੇਦਾਰੀਆਂ ਦਿੱਤੀਆਂ।

ਸੰਗਰੂਰ ਵਿਧਾਨ ਸਭਾ ਹਲਕੇ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਟਿਕਟ 'ਤੇ ਚੋਣ ਲੜ ਚੁੱਕੇ ਨੌਜਵਾਨ ਆਗੂ ਸ੍ਰੀ ਵਿਨਰਜੀਤ ਸਿੰਘ ਗੋਲਡੀ ਨੂੰ ਪਾਰਟੀ ਦੇ ਜਨਰਲ ਸਕੱਤਰ ਦੇ ਅਹੁਦੇ ਨਾਲ ਨਿਵਾਜਿਆ ਗਿਆ। ਇਸ ਨਿਯੁਕਤੀ ਉਪਰੰਤ ਸ੍ਰੀ ਵਿਨਰਜੀਤ ਸਿੰਘ ਗੋਲਡੀ ਨੇ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਪਾਰਟੀ ਦੇ ਵਫਾਦਾਰ ਰਹੇ ਤੇ ਪਾਰਟੀ ਵੱਲੋਂ ਦਿੱਤੀ ਇਸ ਵੱਡੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਣਗੇ। ਉਨ੍ਹਾ ਕਿਹਾ ਕਿ ਪਾਰਟੀ ਦੇ ਹਰ ਵਰਕਰ ਨੂੰ ਨਾਲ ਲੈ ਕੇ ਚੱਲਣਗੇ ਤਾਂ ਜੋ ਪਾਰਟੀ ਵਿਚਾਰਧਾਰਾ ਨੂੰ ਹੇਠਲੇ ਪੱਧਰ ਤੱਕ ਪਹੁੰਚਾਇਆ ਜਾ ਸਕੇ।

# ਬਿਊਟੀ ਪਾਰਲਰ ਤੇ ਸਿਲਾਈ-ਕਟਾਈ ਕੋਰਸ ਦਾ ਵਿਦਾਈ ਸਮਾਰੋਹ



**ਧੂਰੀ (ਬਿੰਨੀ ਗਰਗ)**-ਸਰਵ ਭਾਰਤੀ ਸੇਵਾ ਸਮਿਤੀ ਧੂਰੀ ਦਾ ਬਿਊਟੀ ਪਾਰਲਰ (ਹੇਅਰ ਤੇ ਸਕਿਨ ਕੋਰਸ) ਤੇ ਸਿਲਾਈ ਕਟਾਈ ਦਾ ਵਿਦਾਈ ਸਮਾਰੋਹ ਮੰਤਰੀ ਰਾਕੇਸ਼ ਕੁਮਾਰ ਗਰਗ ਦੀ ਅਗਵਾਈ 'ਚ ਮਨਾਇਆ ਗਿਆ। ਸੰਸਥਾ ਦੁਆਰਾ ਅੱਜਕੱਲ੍ਹ 35 ਸਿਲਾਈ ਕਟਾਈ ਸੈਂਟਰ ਤੇ ਹੇਅਰ ਅਤੇ ਸਕਿਨ ਕੇਅਰ ਸੈਂਟਰ ਸਫਲਤਾ ਪੂਰਵਕ ਲਗਾ ਚੁੱਕੀ ਹੈ, ਜਿਸ ਵਿੱਚ 875 ਲੜਕੀਆਂ ਸਿਲਾਈ, ਕਟਾਈ ਤੇ 200 ਲੜਕੀਆਂ ਬਿਊਟੀ ਪਾਰਲਰ ਦਾ ਕੋਰਸ ਕਰਕੇ ਆਪਣੀ ਆਜੀਵੀਕਾ ਜਾਂ ਰੋਜ਼ਗਾਰ ਪ੍ਰਾਪਤ ਕਰ ਰਹੀ ਹੈ।

ਇਸ ਸਮਾਰੋਹ ਦੇ ਮੁੱਖ ਮਹਿਮਾਨ ਵਿਜੈ ਕੁਮਾਰ ਟਰੰਕਾਂ ਵਾਲੇ ਗੌਤਮ ਐਮ ਆਰ ਟਰੇਡਜ਼ ਵਾਲੇ ਸਨ। ਉਨ੍ਹਾਂ ਦੁਆਰਾ ਕੋਰਸ ਪੂਰਾ ਕਰ ਚੁੱਕੇ ਵਿਦਿਆਰਥੀਆਂ ਨੂੰ ਸਰਟੀਫਿਕੇਟ, ਨਵੀਂ ਸਿਲਾਈ ਮਸ਼ੀਨ ਤੇ ਬਿਊਟੀ ਪਾਰਲਰ ਵਾਲਿਆਂ ਨੂੰ ਬਿਊਟੀ ਕਿੱਟ ਦਿੱਤੀ ਗਈ। ਕੋਰਸ ਵਿੱਚ ਪਹਿਲੇ, ਦੂਜੇ ਤੇ ਤੀਸਰੇ ਨੰਬਰ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸੰਸਥਾ ਦੁਆਰਾ ਮੈਡਮ ਪਿੰਕੀ, ਮੈਡਮ ਸੁਨੀਤਾ, ਮੈਡਮ ਕਿਰਨ ਰਾਣੀ ਤੇ ਮੁੱਖ ਮਹਿਮਾਨ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਕਾਸ਼ ਚੰਦ ਗਰਗ, ਸੱਤਪਾਲ ਸਿੰਗਲਾ, ਗਿਆਨ ਚੰਦ ਸਕੱਤਰ, ਪੂਰਨ ਚੰਦ ਸਿੰਗਲਾ, ਟੇਕ ਚੰਦ ਬਹਾਦਰ, ਪ੍ਰਦੀਪ ਮਿਤਲ, (ਵਾਈਸ ਪ੍ਰਧਾਨ) ਸੰਜੇ ਕੁਮਾਰ ਸਿੰਗਲਾ, ਸੁਖਵਿੰਦਰ ਸ਼ਰਮਾ, ਮੈਡਮ ਕਿਰਨ ਰਾਣੀ ਆਦਿ ਹਾਜ਼ਰ ਸਨ।

# ਕਲੇਰ ਦੀ ਨਿਯੁਕਤੀ 'ਤੇ ਹਲਕੇ ਦੇ ਆਗੂਆਂ 'ਚ ਖ਼ੁਸ਼ੀ ਦੀ ਲਹਿਰ



**ਜਗਰਾਉਂ (ਅਮਿਤ ਖੰਨਾ)**-ਸਾਫ ਸੁਥਰੇ ਅਕਸ ਵਾਲੇ ਆਗੂ ਐੱਸ ਆਰ ਕਲੇਰ ਨੂੰ ਪਾਰਟੀ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕਰਨ 'ਤੇ ਪਾਰਟੀ ਦੀ ਸਥਾਨਕ ਲੀਡਰਸ਼ਿਪ ਅੰਦਰ ਖ਼ੁਸ਼ੀ ਦਾ ਜਲੌਅ ਦੇਖਣ ਨੂੰ ਮਿਲ ਰਿਹਾ ਹੈ। ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਗੁਰਚਰਨ ਸਿੰਘ ਗਰੇਵਾਲ ਤੇ ਸਾਬਕਾ ਵਿਧਾਇਕ ਭਾਗ ਸਿੰਘ ਮੱਲਾ ਦੀ ਅਗਵਾਈ ਵਿੱਚ ਪਾਰਟੀ ਲੀਡਰਸ਼ਿਪ ਨੇ ਸ੍ਰੀ ਐੱਸ. ਆਰ. ਕਲੇਰ ਨੂੰ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ ਤੇ ਉਨ੍ਹਾਂ ਦਾ ਸਨਮਾਨ ਕੀਤਾ। ਇਸ ਮੌਕੇ ਭਾਈ ਗਰੇਵਾਲ ਤੇ ਸ੍ਰ ਮੱਲਾ ਨੇ ਸ੍ਰੀ ਐੱਸ ਆਰ ਕਲੇਰ ਦੀ ਨਿਯੁਕਤੀ ਨੂੰ ਜਗਰਾਉਂ ਹਲਕੇ ਦਾ ਮਾਣ ਦੱਸਦਿਆਂ ਕਿਹਾ ਕਿ ਸ੍ਰੀ ਕਲੇਰ ਪੜ੍ਹੇ ਲਿਖੇ , ਡੂੰਘੀ ਸੋਚ ਵਾਲੇ ਨਿਮਰ ਲੋਕ ਆਗੂ ਹਨ, ਪਾਰਟੀ ਅੰਦਰ ਸੀਨੀਅਰ ਮੀਤ ਪ੍ਰਧਾਨ ਵਜੋਂ ਉਨ੍ਹਾਂ ਦੀ ਨਿਯੁਕਤੀ ਪਾਰਟੀ ਹਾਈਕਮਾਨ ਦਾ ਬੇਹੱਦ ਸ਼ਲਾਘਾਯੋਗ ਫੈਸਲਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਐੱਸ. ਆਰ. ਕਲੇਰ ਦਾ ਹਲਕੇ ਵੱਲੋਂ ਸਨਮਾਨ ਵੱਖਰੇ ਤੌਰ 'ਤੇ ਕੀਤਾ ਜਾਵੇਗਾ। ਇਸ ਮੌਕੇ ਸ੍ਰੀ ਐੱਸ ਆਰ ਕਲੇਰ ਨੇ ਆਖਿਆ ਕਿ ਪਾਰਟੀ ਹਾਈਕਮਾਨ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ। ਸ੍ਰੀ ਕਲੇਰ ਨੇ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਸਰਪ੍ਰਸਤ ਸ: ਪ੍ਰਕਾਸ਼ ਸਿੰਘ ਬਾਦਲ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ। ਇਸ ਮੌਕੇ ਕੌਂਸਲਰ ਸੁਤੀਸ਼ ਕੁਮਾਰ ਦੌਧਰੀਆ, ਯੂਥ ਪ੍ਰਧਾਨ ਵਰਿੰਦਰਪਾਲ ਸਿੰਘ ਪਾਲੀ, ਵਿਕਰਮਜੀਤ ਸਿੰਘ ਥਿੰਦ, ਪਰਮਿੰਦਰ ਸਿੰਘ ਗਰੇਵਾਲ, ਦੀਪਇੰਦਰ ਸਿੰਘ ਭੰਡਾਰੀ, ਦਰਸ਼ਨ ਸਿੰਘ ਗਿੱਲ, ਮਨਜੀਤ ਸਿੰਘ ਫੌਜੀ, ਗੁਰਦੀਪ ਸਿੰਘ ਦੁਆ, ਵਿਸ਼ਾਲ ਗਿੱਲ, ਜੋਨਸਨ, ਕਰਮਜੀਤ ਸਿੰਘ ਕੈਂਥ, ਗੁਰਿੰਦਰ ਸਿੰਘ ਰੂਮੀ ਤੇ ਹੋਰ ਹਾਜ਼ਰ ਸਨ।

# ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ ਸਾਲਾਨਾ ਐਥਲੈਟਿਕਸ ਮੀਟ ਕਰਵਾਈ



**ਲੌਂਗੋਵਾਲ (ਪ੍ਰਦੀਪ ਸੱਪਲ/ਕੁਲਦੀਪ ਅੱਤਰੀ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਵਿਖੇ 22ਵੀਂ ਸਾਲਾਨਾ ਐਥਲੈਟਿਕਸ ਮੀਟ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਦੇ ਅੰਤਰ ਹਾਊਸ ਮੁਕਾਬਲੇ ਕਰਵਾਏ ਗਏ। ਪ੍ਰੋਗਰਾਮ ਦੀ ਸ਼ੁਰੂਆਤ ਮਾਰਚ ਪਾਸਟ, ਪੀ.ਟੀ. ਸ਼ੋਅ ਤੇ ਸੱਭਿਆਚਾਰਕ ਪ੍ਰੋਗਰਾਮ ਨਾਲ ਕਰਵਾਈ ਗਈ। ਇਸ ਮੌਕੇ ਸਟੇਟ ਪੱਧਰ ਤੇ ਨੈਸ਼ਨਲ ਪੱਧਰ ਦੇ ਜੇਤੂ ਖਿਡਾਰੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਮਹਿੰਦਰ ਸਿੰਘ ਦੁੱਲਟ, ਟਰੱਸਟੀ ਕੁਲਵਿੰਦਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਕੂਲ ਮੁਖੀ ਪ੍ਰਿੰਸੀਪਲ ਨਰਪਿੰਦਰ ਸਿੰਘ ਢਿੱਲੋਂ, ਵਾਈਸ ਪ੍ਰਿੰਸੀਪਲ ਸੀਮਾ ਠਾਕੁਰ ਤੇ ਮਹਿਮਾਨਾਂ ਨੇ ਜੇਤੂ ਖਿਡਾਰੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਇਨ੍ਹਾਂ ਮੁਕਾਬਲਿਆਂ ਵਿੱਚ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਹਾਊਸ ਨੇ ਓਵਰਆਲ 103 ਅੰਕ ਪ੍ਰਾਪਤ ਕਰਕੇ ਟਰਾਫੀ 'ਤੇ ਕਬਜ਼ਾ ਕੀਤਾ। ਇਸ ਮੌਕੇ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# 39ਵਾਂ ਪੈਨਸ਼ਨ ਦਿਹਾੜਾ ਧੂਮ-ਧਾਮ ਨਾਲ ਮਨਾਇਆ



**ਸੰਗਰੂਰ (ਪ੍ਰਵੀਨ ਸਿੰਘ)**-ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਬੈਨਰ ਹੇਠਾਂ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸਰਪ੍ਰਸਤ ਜਗਦੀਸ਼ ਸ਼ਰਮਾ, ਅਰਜਨ ਸਿੰਘ, ਅਜਮੇਰ ਸਿੰਘ (ਪ੍ਰਧਾਨ ਪੁਲਸ ਪੈਨਸ਼ਨਰਜ਼), ਸੁਰਿੰਦਰ ਕੁਮਾਰ ਬਾਲੀਆ ਤੇ ਭਰਤ ਹਰੀ ਸਿੰਘ ਸ਼ਰਮਾ ਦੀ ਅਗਵਾਈ 'ਚ ਸਥਾਨਕ ਪ੍ਰਾਚੀਨ ਸ਼ਿਵ ਮੰਦਿਰ (ਬਗੀਚੀ ਵਾਲਾ) ਵਿਖੇ 16 ਦਸੰਬਰ 2022 ਨੂੰ ਸਾਲਾਨਾ ਪੈਨਸ਼ਨਰ ਦਿਹਾੜਾ ਪ੍ਰਭਾਵਸ਼ਾਲੀ ਤਰੀਕੇ ਨਾਲ ਮਨਾਇਆ ਗਿਆ। ਇਸ ਪਵਿੱਤਰ ਦਿਹਾੜੇ ਦੇ ਮੁੱਖ ਮਹਿਮਾਨ ਡਾ. ਇਕਬਾਲ ਸਿੰਘ ਸਕਰੌਦੀ (ਸਟੇਟ ਐਵਾਰਡੀ) ਸੇਵਾ ਮੁਕਤ ਪ੍ਰਿੰਸੀਪਲ, ਸ੍ਰੀਮਤੀ ਨਿਰਮਲਾ ਕੁਮਾਰੀ ਗਰਗ (ਸਿੱਖਿਆ ਸ਼ਾਸਤਰੀ (ਲੇਡੀਜ਼ ਵਿੰਗ) ਤੇ ਸਮਾਜਸੇਵੀ ਪੈਨਸ਼ਨਰ ਆਗੂ ਰਾਜਿੰਦਰ ਸਿੰਘ ਵਾਲੀਆ (ਵਿਸ਼ੇਸ਼ ਮਹਿਮਾਨ) ਦੇ ਤੌਰ 'ਤੇ ਸ਼ਾਮਲ ਹੋਏ। ਇਸ ਸਮਾਗਮ ਵਿੱਚ 75 ਸਾਲਾਂ ਦੀ ਉਮਰ ਪੂਰੀ ਕਰ ਚੁੱਕੇ 30 ਪੈਨਸ਼ਨਰਾਂ ਤੋਂ ਇਲਾਵਾ ਪੈਨਸ਼ਨਰਾਂ ਦੀ ਭਲਾਈ ਲਈ ਸੇਵਾ ਨਿਭਾਅ ਰਹੇ, ਸਿਹਤ, ਖਜ਼ਾਨਾ ਤੇ ਲੋਕਲ ਬਾਡੀਜ਼ ਵਿਭਾਗਾਂ ਨਾਲ ਸੰਬੰਧਤ ਕਰਮਚਾਰੀਆਂ ਨੂੰ ਗਰਮ ਲੋਈਆਂ ਦੇ ਕੇ ਸਨਮਾਨਤ ਕੀਤਾ ਗਿਆ। ਡਾਕਟਰ ਇਕਬਾਲ ਸਿੰਘ ਸਟੇਟ ਐਵਾਰਡੀ, ਸ੍ਰੀਮਤੀ ਨਿਰਮਲਾ ਕੁਮਾਰੀ ਗਰਗ ਤੇ ਰਾਜਿੰਦਰ ਬਾਲੀਆ ਨੂੰ ਲੋਈਆਂ ਤੇ ਮੋਮੈਂਟੋਜ਼ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਸਤਪਾਲ ਕਲਸੀ, ਸੁਖਵਿੰਦਰ ਖੇੜੀ, ਕੁਲਵੰਤ ਸਿੰਘ, ਰਵਿੰਦਰ ਗੁਪਤਾ, ਹਰਦੇਵ ਸਿੰਘ ਰਾਠੀ, ਹਰਬੰਸ ਜਿੰਦਲ, ਹਵਾ ਸਿੰਘ, ਜਗਦੇਵ ਸਿੰਘ, ਬਲਬੀਰ ਸਿੰਘ ਰਤਨ, ਰਾਮ ਲਾਲ ਸ਼ਰਮਾ, ਪਵਨ ਕੁਮਾਰ ਸ਼ਰਮਾ, ਜੈ ਸਿੰਘ, ਅਮਰਜੀਤ ਸਿੰਘ (ਹੈਲਥ), ਜਸਮੇਲ ਸਿੰਘ ਆਦਿ ਆਗੂਆਂ ਨੇ ਸੰਬੋਧਨ ਕੀਤਾ।

# ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਨੇ ਪੈਨਸ਼ਨ ਡੇਅ ਮਨਾਇਆ



ਸੀਨੀਅਰ ਸਾਥੀਆਂ ਨੂੰ ਸਨਮਾਨਤ ਕਰਦੇ ਹੋਏ ਐਸੋਸੀਏਸ਼ਨ ਦੇ ਆਗੂ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਕੁਲਭੂਸ਼ਣ, ਪੂਜਾ)**-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਵਨ ਸਵੀਟ ਹਾਊਸ ਰੇਲਵੇ ਰੋਡ ਸ੍ਰੀ ਮੁਕਤਸਰ ਸਾਹਿਬ ਵਿਖੇ ਪੈਨਸ਼ਨ ਡੇਅ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੇਵਾ ਮੁਕਤ ਕਰਮਚਾਰੀਆਂ ਨੇ ਭਾਗ ਲਿਆ। ਸਮਾਗਮ ਵਿੱਚ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਪੰਜਾਬ ਦੇ ਜਨਰਲ ਸਕੱਤਰ ਸਿਕੰਦਰ ਨਾਥ ਤੇ ਹਰਭਗਵਾਨ ਦਿ ਕਲਾਸ ਫੋਰ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਵਿੱਚ ਜਥੇਬੰਦੀ ਵੱਲੋਂ ਆਪਣੇ ਸੀਨੀਅਰ ਸਾਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਆਗੂਆਂ ਵੱਲੋਂ ਆਪਣੇ ਸਾਥੀਆਂ ਨੂੰ ਵਧਾਈ ਦਿੰਦੇ ਹੋਏ ਲੰਮੀ ਉਮਰ ਦੀ ਕਾਮਨਾ ਕੀਤੀ ਗਈ। ਬੁਲਾਰਿਆਂ ਨੇ ਸਮੇਂ ਦੀਆਂ ਸਰਕਾਰਾਂ ਦੀਆਂ ਮੁਲਾਜ਼ਮਾਂ ਵਿਰੋਧੀ ਨੀਤੀਆਂ ਦੀ ਸਖ਼ਤ ਆਲੋਚਨਾ ਕੀਤੀ ਤੇ ਕਿਹਾ ਕਿ ਮੁਲਾਜ਼ਮਾਂ ਨੂੰ ਪੈਨਸ਼ਨ ਦਾ ਹੱਕ ਬੜੀ ਜੱਦੋ ਜਹਿਦ ਤੋਂ ਬਾਅਦ ਪ੍ਰਾਪਤ ਹੋਇਆ, ਜੋ ਸਰਕਾਰਾਂ ਖੋਹਣਾ ਚਾਹੁੰਦੀਆਂ ਹਨ ਤੇ ਖੋਹ ਰਹੀਆਂ ਹਨ। ਸਰਕਾਰਾਂ ਮੁਲਾਜ਼ਮਾਂ ਦੀ ਭਰਤੀ ਆਊਟ ਸੋਰਸਿੰਗ ਤੇ ਠੇਕੇ 'ਤੇ ਭਰਤੀ ਕਰਕੇ ਮੁਲਾਜ਼ਮਾਂ ਦਾ ਪੈਨਸ਼ਨ ਦਾ ਹੱਕ ਖਤਮ ਕਰ ਰਹੀਆਂ ਹਨ। ਨਵੀਂ ਪੈਨਸ਼ਨ ਸਕੀਮ ਤਹਿਤ ਮੁਲਾਜ਼ਮਾਂ ਦੀ ਕਰੋੜਾਂ ਰੁਪਏ ਦੇਸ਼ ਦੇ ਧਨਾਢ ਹੜੱਪ ਰਹੇ ਹਨ। ਆਗੂਆਂ ਨੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਵਾਉਣ ਲਈ ਇਕੱਠੇ ਹੋ ਕੇ ਸੰਘਰਸ਼ ਲੜਨ 'ਤੇ ਜ਼ੋਰ ਦਿੱਤਾ। ਬੁਲਾਰਿਆਂ ਨੇ ਮੰਗ ਕੀਤੀ ਹੈ ਕਿ ਮੈਡੀਕਲ ਅਲਾਊਂਸ ਵਿੱਚ ਵਾਧਾ ਕੀਤਾ ਜਾਵੇ, ਡੀ ਏ ਦੀਆਂ ਬਕਾਇਆ ਤੁਰੰਤ ਦਿੱਤਾ ਜਾਵੇ, 01-12-15 ਤੋਂ ਪਹਿਲਾਂ ਸੇਵਾ ਮੁਕਤ ਕਰਮਚਾਰੀਆਂ ਨੂੰ 2:59 ਦੇ ਫਾਰਮੂਲ ਨਾਲ ਤਨਖਾਹ ਸਕੇਲ ਦਿੱਤਾ ਜਾਵੇ। ਸਮਾਗਮ ਦੌਰਾਨ ਸਿਕੰਦਰ ਨਾਥ, ਹਰਭਗਵਾਨ, ਕੁਲਵੰਤ ਸਿੰਘ ਸਰਾਂ, ਬਲਦੇਵ ਸਿੰਘ ਸੋਥਾ, ਲਹੌਰਾ ਸਿੰਘ, ਗੁਰਦੇਵ ਸਿੰਘ, ਬਲਦੇਵ ਸਿੰਘ, ਬਸੰਤ ਸਿੰਘ, ਨਛੱਤਰ ਸਿੰਘ ਆਦਿ ਹਾਜ਼ਰ ਸਨ।

# ਸੈਨਾ ਫਤਿਹ ਦਿਵਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਦੀ ਟੀਮ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਇੱਥੋਂ ਨੇੜਲੇ ਪਿੰਡ ਬੇਗੋਵਾਲ ਵਿਖੇ ਸੈਨਾ ਫਤਿਹ ਦਿਵਸ ਮਨਾਇਆ ਗਿਆ, ਜਿਸ ਵਿੱਚ ਸਿਹਤ ਮੰਤਰੀ ਪੰਜਾਬ, ਚੇਤਨ ਸਿੰਘ ਜੌੜੇਮਾਜਰਾ ਤੇ ਐੱਮ. ਐੱਲ. ਏ. ਪਾਇਲ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ। ਇਸ ਪ੍ਰੋਗਰਾਮ ਦੌਰਾਨ ਸਿਹਤ ਮੰਤਰੀ ਪੰਜਾਬ ਨੇ ਕਿਸਾਨ ਤੇ ਕਿਰਸਾਨੀ ਸਬੰਧੀ ਗੱਲ ਕਰਦਿਆਂ ਕਿਹਾ ਕਿ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਤੇ ਕ੍ਰਿਸ਼ੀ ਵਿਗਿਆਨ ਕੇਂਦਰ ਪੰਜਾਬ ਵਿੱਚ ਖੇਤੀ ਦੇ ਚੰਗੇ ਭਵਿੱਖ ਲਈ ਵਿਲੱਖਣ ਯੋਗਦਾਨ ਪਾ ਰਹੇ ਹਨ ਤੇ ਕੇ ਵੀ ਕੇ ਲੁਧਿਆਣਾ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਦੀ ਸ਼ਲਾਘਾ ਕਰਦੇ ਉਚੇਚੇ ਤੌਰ 'ਤੇ ਕੇ. ਵੀ. ਕੇ. ਦੀ ਟੀਮ, ਡਾ. ਗੁਰਪ੍ਰੀਤ ਸਿੰਘ ਮੱਕੜ ਡਿਪਟੀ ਡਾਇਰੈਕਟਰ, ਡਾ. ਪ੍ਰੇਰਨਾ ਕਪਿਲਾ ਅਸਿਸਟੈਂਟ ਪ੍ਰੋਫੈਸਰ (ਗ੍ਰਹਿ ਵਿਗਿਆਨ), ਡਾ. ਹਰਸਨੀਤ ਸਿੰਘ ਸਰਾਂ, ਅਸਿਸਟੈਂਟ ਪ੍ਰੋਫੈਸਰ (ਭੂਮੀ ਵਿਗਿਆਨ) ਤੇ ਡਾਕਟਰ ਜਗਦੀਪ ਕੌਰ ਅਸਿਸਟੈਂਟ ਪ੍ਰੋਫੈਸਰ (ਪੌਦ ਸੁਰੱਖਿਆ) ਨੂੰ ਸਨਮਾਨਤ ਕੀਤਾ। ਡਾ. ਗੁਰਪ੍ਰੀਤ ਸਿੰਘ ਮੱਕੜ ਡਿਪਟੀ ਡਾਇਰੈਕਟਰ ਕੇ ਵੀ ਕੇ ਲੁਧਿਆਣਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਪ੍ਰਦਰਸ਼ਨੀ, ਕੇ ਵੀ ਕੇ ਤੋਂ ਸਿਖਲਾਈ ਲੈਣ ਵਾਲੇ ਸੈਲਫ ਹੈਲਪ ਗਰੁੱਪਾਂ ਦੀ ਪ੍ਰਦਰਸ਼ਨੀ ਤੇ 'ਰਾਵੇ' ਦੇ ਅਧੀਨ 47 ਵਿਦਿਆਰਥੀਆਂ ਨੇ ਕੇ ਵੀ ਕੇ ਦੀ ਟੀਮ ਨਾਲ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।

ਉਨ੍ਹਾ ਦੱਸਿਆ ਕਿ ਪਿੰਡ ਬੇਗੋਵਾਲ ਦੇ ਉੱਘੇ ਕਿਸਾਨ, ਜਿਨ੍ਹਾਂ ਨੇ ਅੱਗ ਨਾ ਲਗਾ ਕੇ ਪਰਾਲੀ ਪ੍ਰਬੰਧਨ ਖੇਤ ਵਿੱਚ ਹੀ ਕੀਤਾ, ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਇਲਾਕੇ ਦੇ ਉੱਘੇ ਮੱਖੀ ਪਾਲਕ ਮਨਵਿੰਦਰਪਾਲ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਝੰਡਾ ਲਹਿਰਾਉਣ ਦੀ ਰਸਮ, ਖੂਨਦਾਨ ਕੈਂਪ, ਵੱਖ-ਵੱਖ ਵਿਭਾਗਾਂ ਦੀਆਂ ਪ੍ਰਦਰਸ਼ਨੀਆਂ, ਜੰਗਲਾਤ ਮਹਿਕਮੇ ਵੱਲੋਂ ਬੂਟਿਆਂ ਦਾ ਲੰਗਰ ਆਦਿ ਮੁੱਖ ਅਕਰਸ਼ਨ ਰਹੇ।

# ਮਲਟੀਪਰਪਜ਼ ਹੈੱਲਥ ਇੰਪਲਾਈਜ਼ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਮੀਟਿੰਗ



ਮੀਟਿੰਗ ਮੌਕੇ ਹਾਜ਼ਰ ਸੂਬਾ ਭਰ ਦੇ ਅਹੁਦੇਦਾਰ।

**ਮੋਗਾ (ਅਮਰਜੀਤ ਬੱਬਰੀ)**-ਮਲਟੀਪਰਪਜ਼ ਹੈਲਥ ਇੰਪਲਾਈਜ਼ ਯੂਨੀਅਨ ਪੰਜਾਬ ਦੀ ਅਹਿਮ ਮੀਟਿੰਗ ਕੁਲਬੀਰ ਸਿੰਘ ਮੋਗਾ ਸੂਬਾ ਪ੍ਰਧਾਨ ਤੇ ਜਸਵਿੰਦਰ ਸਿੰਘ ਸੂਬਾ ਜਨਰਲ ਸਕੱਤਰ ਦੀ ਪ੍ਰਧਾਨਗੀ ਹੇਠ ਕਾਮਰੇਡ ਨਛੱਤਰ ਸਿੰਘ ਯਾਦਗਾਰੀ ਹਾਲ ਮੋਗਾ ਵਿਖੇ ਹੋਏ, ਜਿਸ ਵਿੱਚ ਸਮੂਹ ਪੰਜਾਬ ਦੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਨੇ ਚੋਣ ਤੋਂ ਬਾਅਦ ਪਹਿਲੀ ਮੀਟਿੰਗ 'ਤੇ ਸਾਰੇ ਸਾਥੀਆਂ ਦਾ ਸਵਾਗਤ ਕੀਤਾ ਤੇ ਮਲਟੀਪਰਪਜ਼ ਕਾਡਰ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਪਿਛਲੇ ਸਮੇਂ ਸਦੀਵੀ ਵਿਛੋੜਾ ਦੇ ਗਏ ਕਾਮਰੇਡ ਲਾਲ ਸਿੰਘ ਧਨੌਲਾ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਦਿੱਤੀ ਗਈ। ਮੀਟਿੰਗ ਵਿੱਚ ਵੱਖ ਵੱਖ ਬੁਲਾਰਿਆਂ ਵੱਲੋਂ ਮਲਟੀਪਰਪਜ਼ ਕਾਮਿਆਂ ਦੀਆਂ ਮੰਗਾਂ 'ਤੇ ਵਿਚਾਰ ਕੀਤਾ ਗਿਆ ਤੇ ਫੈਸਲਾ ਕੀਤਾ ਕਿ ਮੰਗਾਂ ਸਬੰਧੀ ਮੰਗ ਪੱਤਰ ਤਿਆਰ ਕਰਕੇ ਡਾਇਰੈਕਟਰ ਸਿਹਤ ਨੂੰ ਦੇ ਕੇ ਸਮਾਂ ਲਿਆ ਜਾਵੇਗਾ। ਮੀਟਿੰਗ ਵਿੱਚ ਕੰਵਲਜੀਤ ਸਿੰਘ ਤੇ ਪ੍ਰਦੀਪ ਸਿੰਘ ਅੰਮ੍ਰਿਤਸਰ, ਅਮਰਜੀਤ ਸਿੰਘ ਸੋਹਲ, ਗੁਰਜੀਤ ਸਿੰਘ ਤੇ ਗਗਨਦੀਪ ਸਿੰਘ ਗੁਰਦਾਸਪੁਰ, ਕੁਲਵਿੰਦਰ ਸਿੰਘ ਘੁੰਮਣ ਜਲੰਧਰ, ਜਰਨੈਲ ਸਿੰਘ ਤੇ ਗੁਰਪ੍ਰੀਤ ਸਿੰਘ ਬਰਨਾਲਾ, ਦਲਜੀਤ ਸਿੰਘ ਤੇ ਗੁਲਸ਼ਨ ਨਵਾਂ ਸ਼ਹਿਰ, ਮਨਵਿੰਦਰ ਕਟਾਰੀਆ, ਮਹਿੰਦਰਪਾਲ ਲੂੰਬਾ ਮੋਗਾ, ਅਮਨਦੀਪ ਸਿੰਘ ਫਰੀਦਕੋਟ, ਜਗਤਾਰ ਸਿੰਘ ਮਲੇਰਕੋਟਲਾ, ਬਲਜਿੰਦਰ ਸਿੰਘ ਫਤਿਹਗੜ੍ਹ ਸਾਹਿਬ, ਹਰਭਜਨ ਸਿੰਘ ਸੰਗਰੂਰ, ਰਾਜਿੰਦਰ ਕੁਮਾਰ ਮੁਕਤਸਰ, ਕੁਲਪਰੀਤ ਸਿੰਘ ਤੇ ਕੁਲਬੀਰ ਸਿੰਘ ਲੁਧਿਆਣਾ, ਰੀਟਾ ਰਾਣੀ ਤੇ ਪ੍ਰਵੀਨ ਰਾਣੀ ਫਾਜ਼ਿਲਕਾ, ਗੁਰਪ੍ਰੀਤ ਸਿੰਘ ਮਾਨਸਾ, ਰਮਨ ਅੱਤਰੀ, ਪੁਨੀਤ ਮਹਿਤਾ, ਜਸਬੀਰ ਸਿੰਘ ਫਿਰੋਜ਼ਪੁਰ, ਟਹਿਲ ਸਿੰਘ ਫਾਜ਼ਿਲਕਾ, ਨੀਰਜ ਕੁਮਾਰ ਆਦਿ ਆਗੂਆਂ ਨੇ ਸੰਬੋਧਨ ਕੀਤਾ।

ਸੋਮਵਾਰ, 19 ਦਸੰਬਰ, 2022
4 ਪੋਹ { ਨਾਨਕਸ਼ਾਹੀ 554 / ਬਿਕਰਮੀ 2079 }
ਜਿਲਦ/VOL. : 71
ਅੰਕ/NO. : 199

# ਨਵਾਂ ਜ਼ਮਾਨਾ

DAILY NAWAN ZAMANA • MONDAY, 19 DECEMBER, 2022
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

# ਜ਼ੀਰਾ ਸ਼ਰਾਬ ਫੈਕਟਰੀ ਦਾ ਵਿਰੋਧ ਕਰਨ ਵਾਲਿਆਂ 'ਤੇ ਲਾਠੀਚਾਰਜ



**ਫਿਰੋਜ਼ਪੁਰ** : ਜ਼ੀਰਾ ਸ਼ਰਾਬ ਫੈਕਟਰੀ ਮੂਹਰਿਓਂ ਧਰਨਾ ਚੁਕਵਾਉਣ ਲਈ ਪੁਲਸ ਨੇ ਐਤਵਾਰ ਫੈਕਟਰੀ ਤੋਂ ਇਕ ਕਿਲੋਮੀਟਰ ਦੂਰ ਪਿੰਡ ਰਟੌਲ ਰੋਹੀ ਦੇ ਟੀ-ਪੁਆਇੰਟ 'ਤੇ ਖੜ੍ਹੇ ਪ੍ਰਦਰਸ਼ਨਕਾਰੀਆਂ ਉਪਰ ਲਾਠੀਚਾਰਜ ਕੀਤਾ ਅਤੇ ਕਈ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿਚ ਲੈ ਲਿਆ। ਇਸ ਪੁਆਇੰਟ 'ਤੇ ਪੁਲਸ ਨੇ ਕਬਜ਼ਾ ਕਰ ਲਿਆ ਹੈ। ਦੂਜੇ ਪਾਸੇ ਫੈਕਟਰੀ ਦੇ ਬਾਹਰ ਧਰਨਾ ਜਾਰੀ ਸੀ, ਪਰ ਉਥੇ ਪ੍ਰਦਰਸ਼ਨਕਾਰੀਆਂ ਦੀ ਗਿਣਤੀ ਕਾਫੀ ਘਟ ਗਈ ਸੀ। ਜਿਹੜੇ ਪ੍ਰਦਰਸ਼ਨਕਾਰੀ ਰਟੌਲ ਰੋਹੀ ਤੋਂ ਖਦੇੜੇ ਗਏ ਸਨ, ਉਨ੍ਹਾਂ ਵਿਚੋਂ ਕੁਝ ਖੇਤਾਂ ਵਿਚੋਂ ਹੋ ਕੇ ਫੈਕਟਰੀ ਦੇ ਬਾਹਰ ਲੱਗੇ ਧਰਨੇ 'ਚ ਪਹੁੰਚਣ ਦੀ ਕੋਸ਼ਿਸ਼ ਕਰ ਰਹੇ ਸਨ। ਇਥੇ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਵੀ ਕੀਤਾ ਹੋਇਆ ਹੈ। ਪ੍ਰਸ਼ਾਸਨ ਵੱਲੋਂ ਗੁਰੂ ਗ੍ਰੰਥ ਸਾਹਿਬ ਦੇ ਪਾਠ ਦਾ ਭੋਗ ਪੁਆ ਕੇ ਉਥੋਂ ਪੂਰੀ ਮਰਿਆਦਾ ਨਾਲ ਗੁਰੂ ਸਾਹਿਬ ਦਾ ਸਰੂਪ ਗੁਰਦੁਆਰੇ ਭੇਜਣ ਦੀਆਂ ਤਿਆਰੀਆਂ ਵੀ ਵਿੱਢੀਆਂ ਗਈਆਂ ਸਨ। ਇਸ ਲਈ ਐੱਸ ਡੀ ਐੱਮ ਜ਼ੀਰਾ ਨੇ ਪੰਚਾਇਤ ਤੇ ਗੁਰਦੁਆਰੇ ਦੇ ਗ੍ਰੰਥੀ ਨੂੰ ਬੇਅਦਬੀ ਹੋਣ ਦਾ ਡਰ ਦੱਸ ਕੇ ਚਿੱਠੀ ਲਿਖੀ ਹੈ।

ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨੇ ਵੀ ਕਿਸਾਨ ਜਥੇਬੰਦੀਆਂ ਤੇ ਆਸ-ਪਾਸ ਦੇ ਪਿੰਡਾਂ ਦੇ ਲੋਕਾਂ ਨੂੰ ਲਾਮਬੰਦ ਹੋਣ ਦੇ ਸੁਨੇਹੇ ਭੇਜਣੇ ਸ਼ੁਰੂ ਕਰ ਦਿੱਤੇ ਸਨ। ਆਗੂਆਂ ਨੇ ਸ਼ਨੀਵਾਰ ਚਿਤਾਵਨੀ ਦਿੱਤੀ ਸੀ ਕਿ ਜੇ ਪ੍ਰਸ਼ਾਸਨ ਨੇ ਜ਼ਬਰਦਸਤੀ ਉਠਾਉਣ ਦੀ ਕੋਸ਼ਿਸ਼ ਕੀਤੀ ਤਾਂ ਗੰਭੀਰ ਸਿੱਟੇ ਸਰਕਾਰ ਨੂੰ ਭੁਗਤਣੇ ਪੈਣਗੇ।

ਫਿਰੋਜ਼ਪੁਰ ਦੀ ਐੱਸ ਐੱਸ ਪੀ ਕੰਵਰਦੀਪ ਕੌਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਹਾਈ ਕੋਰਟ ਦੇ ਹੁਕਮਾਂ ਤਹਿਤ ਕਾਰਵਾਈ ਕੀਤੀ ਗਈ ਹੈ ਅਤੇ ਪ੍ਰਦਰਸ਼ਨਕਾਰੀਆਂ 'ਤੇ ਮਾਮਲਾ ਦਰਜ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਹਾਈਵੇ ਰੋਕਣ ਦੀ ਕੋਸ਼ਿਸ਼ ਕਰ ਰਹੇ ਲੋਕਾਂ ਨੂੰ ਹੀ ਹਟਾਇਆ ਗਿਆ ਹੈ ਤੇ ਕੁਝ ਲੋਕਾਂ ਨੂੰ ਹਿਰਾਸਤ ਵਿਚ ਲਿਆ ਗਿਆ ਹੈ। ਹਾਈ ਕੋਰਟ ਦਾ ਆਦੇਸ਼ ਹੈ ਕਿ ਜ਼ੀਰਾ ਸ਼ਰਾਬ ਫੈਕਟਰੀ ਤੋਂ ਕਰੀਬ 300 ਮੀਟਰ ਦੂਰ ਧਰਨਾ ਲੱਗੇ ਅਤੇ ਫੈਕਟਰੀ ਨੂੰ ਜਾਂਦਾ ਰਸਤਾ ਖੁੱਲ੍ਹਵਾਇਆ ਜਾਵੇ। ਐੱਸ ਐੱਸ ਪੀ ਨੇ ਕਿਹਾ ਕਿ ਸਿਰਫ ਫੈਕਟਰੀ ਨੂੰ ਜਾਂਦਾ ਰਸਤਾ ਹੀ ਖੁੱਲ੍ਹਵਾਇਆ ਗਿਆ ਹੈ, ਜਦੋਂਕਿ 300 ਮੀਟਰ ਦੂਰ ਧਰਨੇ 'ਤੇ ਕੋਈ ਇਤਰਾਜ਼ ਨਹੀਂ। ਉਨ੍ਹਾ ਇਹ ਵੀ ਕਿਹਾ ਕਿ ਵੀਡੀਓਗ੍ਰਾਫ਼ੀ ਕੀਤੀ ਜਾ ਰਹੀ ਹੈ ਅਤੇ ਸਥਿਤੀ ਪੂਰੀ ਤਰ੍ਹਾਂ ਕਾਬੂ 'ਚ ਹੈ। 2000 ਪੁਲਸਕਰਮੀ ਤਾਇਨਾਤ ਕੀਤੇ ਗਏ ਹਨ। ਫਿਰੋਜ਼ਪੁਰ ਦੇ ਡਿਪਟੀ ਕਮਿਸ਼ਨਰ ਅੰਮ੍ਰਿਤ ਸਿੰਘ ਅਤੇ ਐੱਸ ਐੱਸ ਪੀ ਕੰਵਰਦੀਪ ਕੌਰ ਨੂੰ ਪ੍ਰਦਰਸ਼ਨਕਾਰੀਆਂ ਦੇ ਨਾ ਮੰਨਣ 'ਤੇ ਮਜਬੂਰਨ ਹਲਕਾ ਲਾਠੀਚਾਰਜ ਕਰਨਾ ਪਿਆ। ਲਾਠੀਚਾਰਜ ਦੇ ਵਿਰੋਧ ਵਿਚ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂਆਂ ਨੇ ਕੁਝ ਚਿਰ ਮਗਰੋਂ ਗਿੱਦੜਪਿੰਡੀ ਟੋਲ ਪਲਾਜ਼ਾ 'ਤੇ ਪ੍ਰਦਰਸ਼ਨ ਕਰਕੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ। ਆਗੂਆਂ ਕਿਹਾ ਕਿ ਇਸ ਫੈਕਟਰੀ ਦੀ ਵਜ੍ਹਾ ਕਰਕੇ ਆਸਪਾਸ ਦੇ ਇਲਾਕੇ ਵਿਚ ਪ੍ਰਦੂਸ਼ਣ ਵਧ ਰਿਹਾ ਹੈ, ਜਿਸ ਨਾਲ ਹਵਾ ਤੇ ਪਾਣੀ ਬੁਰੀ ਤਰ੍ਹਾਂ ਨਾਲ ਪ੍ਰਦੂਸ਼ਤ ਹੋ ਚੁੱਕੇ ਹਨ।

ਲਾਠੀਚਾਰਜ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਸਖਤ ਨਿੰਦਾ ਕੀਤੀ ਹੈ। ਜਥੇਬੰਦੀ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ 14 ਨਾਮਜ਼ਦ ਆਗੂਆਂ ਸਮੇਤ 100 ਤੋਂ 125 ਅਣਪਛਾਤੇ ਵਿਅਕਤੀਆਂ ਉੱਤੇ ਕੇਸ ਦਰਜ ਕਰਕੇ 60 ਤੋਂ ਵੱਧ ਗ੍ਰਿਫਤਾਰੀਆਂ ਵੀ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ 'ਚ ਔਰਤ ਆਗੂ ਵੀ ਸ਼ਾਮਲ ਹੈ, ਜਦੋਂ ਕਿ ਘਰਾਂ 'ਚ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਦੇ ਬਾਵਜੂਦ ਪੀੜਤ ਲੋਕ ਧਰਨੇ 'ਚ ਡਟੇ ਹੋਏ ਹਨ, ਜਿਨ੍ਹਾਂ 'ਚ ਜਥੇਬੰਦੀ ਦੇ ਸਥਾਨਕ ਆਗੂ ਵੀ ਸ਼ਾਮਲ ਹਨ। ਕਿਸਾਨ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਉਹ ਵਿਆਪਕ ਤਿੱਖੇ ਜਨਤਕ ਰੋਸ ਦੇ ਨਤੀਜੇ ਭੁਗਤਣ ਲਈ ਤਿਆਰ ਰਹੇ।

# ਏਟਕ ਦੀ ਨੈਸ਼ਨਲ ਕਾਨਫਰੰਸ ਸਿਖਰ 'ਤੇ ਪਹੁੰਚੀ

**ਅੱਲਾ ਪੂਜਾ (ਕੇਰਲ) (ਗਿਆਨ ਸੈਦਪੁਰੀ)**

ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੀ 42ਵੀਂ ਨੈਸ਼ਨਲ ਕਾਨਫਰੰਸ ਐਤਵਾਰ ਇੱਥੇ ਗੁਰੂਦਾਸ ਦਾਸਗੁਪਤਾ ਨਗਰ ਵਿੱਚ ਸਿਖਰਲੇ ਪੜਾਅ 'ਤੇ ਪਹੁੰਚ ਗਈ, ਜੋ 16 ਦਸੰਬਰ ਦੀ ਸ਼ਾਮ ਝੰਡਾ ਅਤੇ ਮਸ਼ਾਲ ਮਾਰਚ ਜਥਾ ਇੱਥੇ ਪਹੁੰਚਣ 'ਤੇ ਸ਼ੁਰੂ ਹੋਈ ਸੀ। ਸਨਿੱਚਰਵਾਰ ਇੱਥੇ ਬਣੇ ਜੇ ਵੀ ਚਿਤਰਾਜਨ ਹਾਲ ਵਿੱਚ ਉਦਘਾਟਨੀ ਰਸਮਾਂ ਪੂਰੀਆਂ ਕੀਤੀਆਂ ਗਈਆਂ ਸਨ। ਇਸ ਮੌਕੇ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੀ ਜਨਰਲ ਸਕੱਤਰ ਅਮਰਜੀਤ ਕੌਰ ਨੇ ਕੌਮੀ ਝੰਡਾ ਅਤੇ ਏਟਕ ਦੇ ਪ੍ਰਧਾਨ ਐੱਚ ਮਹਾਂਦੇਵਨ ਨੇ ਏਟਕ ਦਾ ਝੰਡਾ ਲਹਿਰਾਇਆ। ਰਸਮੀ ਉਦਘਾਟਨ ਰਮਿੰਦਰ ਕੁਮਾਰ ਦੇ ਪ੍ਰਧਾਨਗੀ ਭਾਸ਼ਣ ਨਾਲ ਹੋਇਆ। ਇਸ ਮੌਕੇ ਵਿਦੇਸ਼ੀ ਡੈਲੀਗੇਟਾਂ ਨਾਲ ਜਾਣ-ਪਛਾਣ ਵੀ ਕਰਵਾਈ ਗਈ। ਡਬਲਯੂ ਐੱਫ ਟੀ ਯੂ ਦੇ ਜਨਰਲ ਸਕੱਤਰ ਪੰਬਿਸ ਨੇ ਵੀ ਸੰਬੋਧਨ ਕੀਤਾ।

ਉਦਘਾਟਨੀ ਰਸਮਾਂ ਮੌਕੇ ਇੰਟਕ, ਸੀਟੂ ਅਤੇ ਹੋਰ ਨੈਸ਼ਨਲ ਭਰਾਤਰੀ ਜਥੇਬੰਦੀਆਂ ਨੇ ਵਧਾਈ ਸੰਦੇਸ ਦਿੱਤੇ। ਕਾਨਫਰੰਸ ਨੂੰ ਚਲਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ। ਇਸ ਦੌਰਾਨ ਵਿੱਛੜ ਚੁੱਕੇ ਸਾਥੀਆਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਅਮਰਜੀਤ ਕੌਰ ਨੇ ਵਿਸਥਾਰਤ ਰਿਪੋਰਟ ਪੇਸ਼ ਕੀਤੀ। ਰਿਪੋਰਟ 'ਤੇ ਵਿਚਾਰ-ਵਟਾਂਦਰਾ ਐਤਵਾਰ ਨੂੰ ਵੀ ਜਾਰੀ ਰਿਹਾ। ਇਸ ਸਿਲਸਿਲੇ ਵਿੱਚ ਗੋਆ, ਉੱਤਰਖੰਡ, ਹਿਮਾਚਲ ਪ੍ਰਦੇਸ਼, ਹਰਿਆਣਾ, ਯੂ ਪੀ ਆਦਿ ਰਾਜਾਂ ਦੇ ਡੈਲੀਗੇਟਾਂ ਨੇ ਰਿਪੋਰਟ ਨਾਲ ਸਹਿਮਤੀ ਪ੍ਰਗਟ ਕਰਦਿਆਂ ਕੁਝ ਵਾਧੇ ਦਰਜ ਕਰਵਾਏ।

ਪੰਜਾਬ ਏਟਕ ਦੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਪੇਸ਼ ਕੀਤੀ ਗਈ ਰਿਪੋਰਟ ਨਾਲ ਸਹਿਮਤੀ ਦੀ ਮੋਹਰ ਲਾਉਂਦਿਆਂ ਕਿਹਾ ਕਿ ਰਿਪੋਰਟ ਵਿੱਚ ਦੇਸ਼ ਦੇ ਆਮ ਲੋਕਾਂ ਦੀਆਂ ਸਮੱਸਿਆਵਾਂ ਬਾਰੇ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ ਹੈ। ਮੋਦੀ ਸਰਕਾਰ ਦੀਆਂ ਨੀਤੀਆਂ ਦੀ ਗੱਲ ਕਰਦਿਆਂ ਸ੍ਰੀ ਧਾਲੀਵਾਲ ਨੇ ਕਿਹਾ ਕਿ ਇਹ ਸਰਕਾਰ ਕਾਰਪੋਰੇਟ ਘਰਾਣਿਆਂ ਦੇ ਮੁਨਾਫਿਆਂ ਦੇ ਅੰਬਾਰ ਨੂੰ ਹੋਰ ਉੱਚਾ ਕਰਨ ਵਿੱਚ ਲੱਗੀ ਹੋਈ ਹੈ। ਲੁੱਟੇ ਜਾ ਰਹੇ ਲੋਕਾਂ ਨੂੰ ਜਾਤੀਵਾਦ ਅਤੇ ਧਾਰਮਕ ਮਸਲਿਆਂ ਵਿੱਚ ਉਲਝਾਅ ਕੇ ਵੋਟਾਂ ਦਾ ਧਰੁਵੀਕਰਨ ਕੀਤਾ ਜਾ ਰਿਹਾ ਹੈ।

ਉਨ੍ਹਾ ਕਿਹਾ ਕਿ ਅਜਿਹੀਆਂ ਪ੍ਰਸਥਿਤੀਆ ਵਿੱਚ ਏਟਕ ਵੱਲੋਂ ਮਜ਼ਦੂਰ ਜਮਾਤ ਨੂੰ ਸੁਚੇਤ ਕਰਦੇ ਹੋਏ ਸੰਘਰਸ਼ਾਂ ਦੇ ਪਾਂਧੀ ਬਣਾਉਣਾ ਸਮੇਂ ਦੀ ਲੋੜ ਹੈ। ਰਿਪੋਰਟ ਵਿੱਚ ਵਾਧਾ ਕਰਵਾਉਂਦਿਆਂ ਉਹਨਾ ਏਟਕ ਵੱਲੋਂ ਕਿਸਾਨ ਅੰਦੋਲਨ ਵਿੱਚ ਪਾਏ ਯੋਗਦਾਨ, ਕੇਰਲਾ ਦੇ ਹੜ੍ਹ ਪੀੜਤਾਂ ਲਈ 8 ਲੱਖ ਰੁਪਏ ਰਾਸ਼ੀ ਦੀ ਕੀਤੀ ਸਹਾਇਤਾ ਦਾ ਵੀ ਜ਼ਿਕਰ ਕੀਤਾ।

ਬਾਅਦ ਵਿੱਚ ਪੰਜਾਬ ਏਟਕ ਦੇ ਆਗੂਆਂ ਨਿਰਮਲ ਸਿੰਘ ਧਾਲੀਵਾਲ, ਬੰਤ ਸਿੰਘ ਬਰਾੜ, ਸੁਖਦੇਵ ਸ਼ਰਮਾ ਅਤੇ ਅਮਰਜੀਤ ਸਿੰਘ ਆਸਲ ਨੇ ਇਕੱਤਰ ਡੇਢ ਲੱਖ ਰੁਪਏ ਦਾ ਚੈੱਕ ਕੁਲ ਹਿੰਦ ਏਟਕ ਦੇ ਆਗੂਆਂ ਨੂੰ ਭੇਟ ਕੀਤਾ।

ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਵਧਾਈ ਸੰਦੇਸ਼ ਦਿੰਦਿਆਂ ਕਿਹਾ ਕਿ ਮੌਜੂਦਾ ਦੌਰ ਵਿੱਚ ਕਿਸਾਨੀ, ਉਦਯੋਗਿਕ ਖੇਤਰ ਦੇ ਮਜ਼ਦੂਰਾਂ ਅਤੇ ਭੂਮੀਹੀਣ ਖੇਤ ਮਜ਼ਦੂਰਾਂ ਦੀ ਆਪਸੀ ਸਮਝ ਅਤੇ ਸਾਂਝ ਬੇਹੱਦ ਜ਼ਰੂਰੀ ਹੈ।

ਉਨ੍ਹਾ ਕਿਹਾ ਕਿ ਏਟਕ ਭਾਰਤੀ ਮਜ਼ਦੂਰਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਸੁਹਿਰਦਤਾ ਨਾਲ ਨਿਭਾਅ ਰਹੀ ਹੈ। ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਦੇ ਜਨਰਲ ਸਕੱਤਰ ਕਾਮਰੇਡ ਮਹੇਸਰੀ ਨੇ ਇਨਕਲਾਬੀ ਵਧਾਈ ਦਿੱਤੀ ਅਤੇ ਕਾਨਫਰੰਸ ਦੀ ਸਫਲਤਾ ਦੀ ਕਾਮਨਾ ਕਰਦਿਆਂ ਕਿਹਾ ਕਿ ਏਟਕ ਮੁਲਕ ਦੀ ਸਭ ਤੋਂ ਵੱਡੀ ਜਥੇਬੰਦੀ ਹੈ। ਆਲ ਇੰਡੀਆ ਯੂਥ ਫੈਡਰੇਸ਼ਨ ਦੇ ਕੌਮੀ ਆਗੂ ਤ੍ਰਿਮਲਈ ਨੇ ਕਿਹਾ ਕਿ ਫੈਡਰੇਸ਼ਨ ਅਤੇ ਏਟਕ ਦਾ ਰਿਸ਼ਤਾ ਮਾਪਿਆਂ ਅਤੇ ਔਲਾਦ ਵਾਲਾ ਹੈ। ਇਸ ਦੌਰਾਨ ਸੀਰੀਆ, ਸਾਈਪਰਸ, ਪੁਰਤਗਾਲ, ਸ੍ਰੀਲੰਕਾ, ਕਜ਼ਾਕਿਸਤਾਨ ਆਦਿ ਦੇਸ਼ਾਂ ਦੇ ਡੈਲੀਗੇਟਾਂ ਨੇ ਏਟਕ ਨਾਲ ਇਕਜੁਟਤਾ ਦਾ ਪ੍ਰਗਟਾਵਾ ਕਰਦਿਆਂ ਮੁਬਾਰਕਾਂ ਪੇਸ਼ ਕੀਤੀਆਂ। ਵੀਅਤਨਾਮ, ਯੂ ਐੱਸ ਏ, ਜਪਾਨ, ਬੰਗਲਾਦੇਸ਼, ਘਾਨਾ ਅਤੇ ਇੰਡੋਨੇਸ਼ੀਆ ਦੀਆਂ ਟਰੇਡ ਯੂਨੀਅਨਾਂ ਵੱਲੋਂ ਆਏ ਵਧਾਈ ਸੰਦੇਸ਼ ਪੜ੍ਹ ਕੇ ਸੁਣਾਏ ਗਏ।

ਅਮਰਜੀਤ ਕੌਰ ਨੇ ਮੰਚ ਤੋਂ ਦੱਸਿਆ ਕਿ ਇਰਾਕ, ਬੰਗਲਾਦੇਸ਼, ਚੀਨ ਅਤੇ ਬਹਿਰੀਨ ਦੇ ਡੈਲੀਗੇਟਾਂ ਨੂੰ ਵੀਜ਼ਾ ਜਾਰੀ ਨਹੀਂ ਕੀਤਾ ਗਿਆ। ਈਰਾਨੀ ਡੈਲੀਗੇਟ 14 ਦਸੰਬਰ ਨੂੰ ਹੀ ਭਾਰਤ ਪਹੁੰਚ ਗਏ ਸਨ, ਪਰ ਉਨ੍ਹਾਂ ਨੂੰ ਕਾਨਫਰੰਸ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਗਈ। ਕਾਨਫਰੰਸ ਹਾਲ ਵਿੱਚ ਇਸ ਕਾਰਵਾਈ ਵਿਰੁੱਧ ਮਤਾ ਵੀ ਪਾਸ ਕੀਤਾ ਗਿਆ।

ਕਾਨਫਰੰਸ ਦੌਰਾਨ ਖ਼ੂਬਸੂਰਤ ਮਹਿਮਾਨ-ਨਿਵਾਜੀ ਲਈ ਵਿਦੇਸ਼ੀ ਡੈਲੀਗੇਟਾਂ ਨੇ ਪ੍ਰਬੰਧਕਾਂ ਨੂੰ ਯਾਦ ਨਿਸ਼ਾਨੀਆਂ ਭੇਟ ਕਰਕੇ ਸਨਮਾਨਤ ਕੀਤਾ। ਇਹ ਸਨਮਾਨ ਅਮਰਜੀਤ ਕੌਰ ਅਤੇ ਕਾਮਰੇਡ ਮਹਾਂਦੇਵਨ ਨੇ ਪ੍ਰਾਪਤ ਕੀਤਾ।



ਕਜ਼ਾਕਿਸਤਾਨ ਦੇ ਡੈਲੀਗੇਟ ਸੁਮੀਮ ਸੰਬੋਧਨ ਕਰਦੇ ਹੋਏ। ਪ੍ਰਧਾਨਗੀ ਮੰਡਲ 'ਚ ਅਮਰਜੀਤ ਕੌਰ, ਬੰਤ ਬਰਾੜ, ਨਿਰਮਲ ਸਿੰਘ ਧਾਲੀਵਾਲ, ਗੁਲਜ਼ਾਰ ਸਿੰਘ ਗੋਰੀਆ ਤੇ ਹੋਰ।


ਕਾਨਫਰੰਸ 'ਚ ਸ਼ਾਮਲ ਪੰਜਾਬ ਦੇ ਡੈਲੀਗੇਟ।


ਨੇਪਾਲ ਦੇ ਡੈਲੀਗੇਟ ਪ੍ਰਬੰਧਕਾਂ ਨੂੰ ਸਨਮਾਨਤ ਕਰਦੇ ਹੋਏ।

## ਰਾਜਵਿੰਦਰ ਸਿੰਘ ਭੱਟੀ ਬਿਹਾਰ ਦੇ ਨਵੇਂ ਡੀ ਜੀ ਪੀ



**ਪਟਨਾ** : ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਨੇ ਬੀ ਐੱਸ ਐੱਫ ਦੇ ਐਡੀਸ਼ਨਲ ਡਾਇਰੈਕਟਰ ਜਨਰਲ (ਈਸਟ) ਰਾਜਵਿੰਦਰ ਸਿੰਘ ਭੱਟੀ ਨੂੰ ਨਵਾਂ ਡੀ ਜੀ ਪੀ ਨਿਯੁਕਤ ਕੀਤਾ ਹੈ। 1990 ਬੈਚ ਦੇ ਬਿਹਾਰ ਕੇਡਰ ਦੇ ਆਈ ਪੀ ਐੱਸ ਅਧਿਕਾਰੀ ਭੱਟੀ ਨੇ ਬਿਹਾਰ ਦੇ ਐੱਸ ਐੱਸ ਪੀ ਹੁੰਦਿਆਂ ਸੀਵਾਨ ਦੇ ਮਰਹੂਮ ਸ਼ਹਾਬੁਦੀਨ, ਪ੍ਰਭੂਨਾਥ ਸਿੰਘ ਤੇ ਦਲੀਪ ਕੁਮਾਰ ਸਿੰਘ ਵਰਗੇ ਬਾਹੂਬਲੀਆਂ ਨੂੰ ਨੱਥ ਪਾਈ ਸੀ।

## ਈਰਾਨੀ ਅਭਿਨੇਤਰੀ ਗ੍ਰਿਫ਼ਤਾਰ



**ਕਾਹਿਰਾ** : ਈਰਾਨ ਦੇ ਅਧਿਕਾਰੀਆਂ ਨੇ ਦੇਸ਼ਵਿਆਪੀ ਵਿਰੋਧ ਪ੍ਰਦਰਸ਼ਨਾਂ ਬਾਰੇ ਝੂਠ ਫੈਲਾਉਣ ਦੇ ਦੋਸ਼ 'ਚ ਦੇਸ਼ ਦੀ ਮਸ਼ਹੂਰ ਅਭਿਨੇਤਰੀ ਤੇ ਆਸਕਰ ਜੇਤੂ ਫਿਲਮ 'ਦਿ ਸੇਲਜ਼ਮੈਨ' ਦੀ ਅਦਾਕਾਰਾ ਤਾਰਾਨੇਹ ਅਲੀਦੂਸਤੀ ਨੂੰ ਸਨਿੱਚਰਵਾਰ ਹਿਰਾਸਤ 'ਚ ਲੈ ਲਿਆ। ਹਫਤਾ ਪਹਿਲਾਂ ਉਸ ਨੇ ਇੰਸਟਾਗ੍ਰਾਮ 'ਤੇ ਹਾਲ ਹੀ 'ਚ ਫਾਂਸੀ ਦਿੱਤੇ ਗਏ ਪਹਿਲੇ ਵਿਅਕਤੀ ਨਾਲ ਇਕਜੁੱਟਤਾ ਪ੍ਰਗਟ ਕੀਤੀ ਸੀ।

## ਹੁਣ ਟੋਮੈਟੋ ਫਲੂ ਦਾ ਹਮਲਾ

**ਨਵੀਂ ਦਿੱਲੀ** : ਕੋਰੋਨਾ ਤੋਂ ਬਾਅਦ ਹੁਣ ਹੱਥ-ਪੈਰ ਅਤੇ ਮੂੰਹ ਦੀ ਬਿਮਾਰੀ ਨੇ ਹਮਲਾ ਕਰ ਦਿੱਤਾ ਹੈ। ਇਸ ਨੂੰ ਟੋਮੈਟੋ ਫਲੂ ਵੀ ਕਿਹਾ ਜਾਂਦਾ ਹੈ ਤੇ ਇਸ ਨੇ ਬਹੁਤ ਸਾਰੇ ਰਾਜਾਂ 'ਚ ਕਾਫੀ ਖੌਫ ਪੈਦਾ ਕਰ ਦਿੱਤਾ ਹੈ। ਇਹ ਫਲੂ ਦੁਰਲੱਭ ਵਾਇਰਲ ਲਾਗ ਹੈ, ਜੋ ਹੱਥ-ਪੈਰ ਅਤੇ ਮੂੰਹ ਦੀ ਬਿਮਾਰੀ ਦਾ ਨਵਾਂ ਰੂਪ ਹੋ ਸਕਦਾ ਹੈ। ਇਹ ਛੂਤ ਵਾਲੀ ਬਿਮਾਰੀ ਜ਼ਿਆਦਾਤਰ ਇੱਕ ਤੋਂ ਪੰਜ ਸਾਲ ਦੀ ਉਮਰ ਦੇ ਬੱਚਿਆਂ ਨੂੰ ਨਿਸ਼ਾਨਾ ਬਣਾਉਂਦੀ ਹੈ। ਸ਼ੁਰੂਆਤ 'ਚ ਕੇਰਲਾ, ਤਾਮਿਲਨਾਡੂ ਅਤੇ ਓਡੀਸ਼ਾ 'ਚ ਟਮਾਟਰ ਫਲੂ ਦੇ ਮਾਮਲੇ ਸਾਹਮਣੇ ਆਏ ਹਨ। ਫਲੂ ਦੀ ਪਛਾਣ ਪਹਿਲੀ ਵਾਰ ਕੇਰਲਾ ਦੇ ਕੋਲਮ ਜ਼ਿਲ੍ਹੇ 'ਚ 6 ਮਈ ਨੂੰ ਹੋਈ ਸੀ। ਹਾਲਾਂਕਿ ਫਲੂ ਨੂੰ ਜਾਨਲੇਵਾ ਵਜੋਂ ਨਹੀਂ ਦੇਖਿਆ ਜਾਂਦਾ, ਪਰ ਸਿਹਤ ਮਾਹਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਕੋਵਿਡ ਮਹਾਂਮਾਰੀ ਤੋਂ ਬਾਅਦ ਇਸ ਬਿਮਾਰੀ ਦੇ ਫੈਲਣ ਕਾਰਨ ਸਕੂਲ ਇਕ ਵਾਰ ਫੇਰ ਬੰਦ ਹੋ ਸਕਦੇ ਹਨ।

## ਕੇਜਰੀਵਾਲ ਵੱਲੋਂ ਚੀਨੀ ਮਾਲ ਦੇ ਬਾਈਕਾਟ ਦਾ ਸੱਦਾ



**ਨਵੀਂ ਦਿੱਲੀ** : ਦੇਸ਼ ਦੇ ਵੱਖ-ਵੱਖ ਸੂਬਿਆਂ 'ਚ ਆਮ ਆਦਮੀ ਪਾਰਟੀ ਦੇ ਸਾਰੇ ਚੁਣੇ ਹੋਏ ਨੁਮਾਇੰਦੇ ਤੇ ਅਹੁਦੇਦਾਰ ਐਤਵਾਰ ਪਾਰਟੀ ਦੀ ਕੌਮੀ ਕੌਂਸਲ ਦੀ ਮੀਟਿੰਗ 'ਚ ਪੁੱਜੇ। ਇਸ ਦੌਰਾਨ ਕੌਮੀ ਕਨਵੀਨਰ ਕੇਜਰੀਵਾਲ ਨੇ ਕਿਹਾ ਕਿ ਜਦੋਂ ਚੀਨ ਭਾਰਤ 'ਤੇ ਹਮਲਾ ਕਰ ਰਿਹਾ ਹੈ ਤਾਂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਚੀਨ ਤੋਂ ਦਰਾਮਦ ਜਾਰੀ ਰੱਖਣ ਦੀ ਇਜਾਜ਼ਤ ਕਿਉਂ ਦੇ ਰਹੀ ਹੈ? ਉਨ੍ਹਾ ਕਿਹਾ—ਮੈਂ ਲੋਕਾਂ ਨੂੰ ਚੀਨੀ ਸਾਮਾਨ ਦਾ ਬਾਈਕਾਟ ਕਰਨ ਦੀ ਅਪੀਲ ਕਰਦਾ ਹਾਂ, ਅਸੀਂ ਭਾਰਤੀ ਉਤਪਾਦ ਖਰੀਦਾਂਗੇ, ਭਾਵੇਂ ਉਨ੍ਹਾਂ ਦੀ ਕੀਮਤ ਦੁੱਗਣੀ ਕਿਉਂ ਨਾ ਹੋਵੇ। ਮੀਟਿੰਗ 'ਚ 2024 ਦੀਆਂ ਲੋਕ ਸਭਾ ਚੋਣਾਂ ਅਤੇ ਅਗਲੇ ਸਾਲ ਵੱਖ-ਵੱਖ ਸੂਬਿਆਂ 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪਾਰਟੀ ਰਣਨੀਤੀ ਬਣਾਈ ਜਾਵੇਗੀ। ਮੀਟਿੰਗ 'ਚ ਪਾਰਟੀ ਦੇ ਸਾਰੇ 10 ਰਾਜ ਸਭਾ ਮੈਂਬਰ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਸ਼ਾਮਲ ਹੋਏ।

## ਤਲਾਕ ਖਾਤਰ ਪਤਨੀ ਨੂੰ ਏਡਜ਼ ਦਾ ਟੀਕਾ ਲੁਆ'ਤਾ

**ਅਮਰਾਵਤੀ** : ਆਂਧਰਾ ਪ੍ਰਦੇਸ਼ 'ਚ ਵਿਅਕਤੀ ਨੇ ਕਥਿਤ ਤੌਰ ਉੱਤੇ ਤਲਾਕ ਲੈਣ ਦਾ ਬਹਾਨਾ ਲੱਭਣ ਲਈ ਆਪਣੀ ਗਰਭਵਤੀ ਪਤਨੀ ਨੂੰ ਐੱਚ ਆਈ ਵੀ ਦਾ ਟੀਕਾ ਲਗਵਾ ਦਿੱਤਾ। ਤਡੇਪੱਲੀ ਪੁਲਸ ਨੇ ਐੱਮ ਚਰਨ ਨੂੰ ਉਸ ਦੀ ਪਤਨੀ ਦੀ ਸ਼ਿਕਾਇਤ ਤੋਂ ਬਾਅਦ ਗ੍ਰਿਫਤਾਰ ਕਰ ਲਿਆ ਹੈ। ਪੀੜਤਾ ਨੇ ਦੱਸਿਆ ਕਿ ਚਰਨ ਤਲਾਕ ਦਾ ਕੋਈ ਵਾਜਬ ਬਹਾਨਾ ਲੱਭ ਰਿਹਾ ਸੀ ਅਤੇ ਯੋਜਨਾ ਮੁਤਾਬਕ ਉਹ ਉਸ ਨੂੰ ਝਾਂਸਾ ਦੇ ਕੇ ਲੈ ਗਿਆ। ਉਸ ਨੂੰ ਦੱਸਿਆ ਗਿਆ ਕਿ ਟੀਕਾ ਗਰਭ ਅਵਸਥਾ ਦੌਰਾਨ ਚੰਗੀ ਸਿਹਤ ਯਕੀਨੀ ਬਣਾਉਣ ਲਈ ਹੈ। ਹਸਪਤਾਲ 'ਚ ਜਾਂਚ ਦੌਰਾਨ ਉਸ ਨੂੰ ਇਹ ਜਾਣ ਕੇ ਹੈਰਾਨੀ ਹੋਈ ਕਿ ਉਹ ਐੱਚ ਆਈ ਵੀ ਪੀੜਤ ਹੈ। ਪੀੜਤਾ ਨੇ ਦੋਸ਼ ਲਾਇਆ ਕਿ ਉਸ ਦਾ ਪਤੀ ਉਸ ਨੂੰ ਦਾਜ ਲਈ ਤੰਗ-ਪ੍ਰੇਸ਼ਾਨ ਕਰ ਰਿਹਾ ਸੀ ਅਤੇ ਮੁੰਡਾ ਪੈਦਾ ਕਰਨ ਲਈ ਵੀ ਜ਼ੋਰ ਪਾ ਰਿਹਾ ਸੀ। ਜੋੜੇ ਦੀ ਇੱਕ ਬੇਟੀ ਹੈ।

## ਮਹਿਲਾ ਦੀ ਲਾਸ਼ 12 ਟੁਕੜਿਆਂ 'ਚ ਮਿਲੀ

**ਸਾਹਿਬਗੰਜ** : ਝਾਰਖੰਡ ਦੇ ਸਾਹਿਬਗੰਜ 'ਚ ਐਤਵਾਰ 22 ਸਾਲਾ ਕਬਾਇਲੀ ਔਰਤ ਦੀ ਲਾਸ਼ 12 ਟੁਕੜਿਆਂ 'ਚ ਮਿਲੀ। ਪੁਲਸ ਨੇ ਸ਼ੱਕ 'ਚ ਪੀੜਤਾ ਦੇ ਪਤੀ ਦਿਲਦਾਰ ਅੰਸਾਰੀ ਨੂੰ ਹਿਰਾਸਤ 'ਚ ਲਿਆ ਹੈ। ਪੁਲਸ ਮੁਤਾਬਕ ਲਾਸ਼ ਦੇ ਕੁਝ ਹਿੱਸੇ ਹਾਲੇ ਮਿਲੇ ਨਹੀਂ। ਔਰਤ ਮੁਲਜ਼ਮ ਦੀ ਦੂਜੀ ਪਤਨੀ ਸੀ।

## ਤਾਈ ਦੇ 10 ਟੁਕੜੇ ਕਰ'ਤੇ

**ਜੈਪੁਰ** : ਇੱਥੋਂ ਦੇ ਅਨੁਜ ਸ਼ਰਮਾ ਨੇ ਸ਼ਰਧਾ ਕਤਲ ਕਾਂਡ ਵਾਂਗ ਆਪਣੀ ਬਜ਼ੁਰਗ ਚਾਚੀ ਦੇ 10 ਟੁਕੜੇ ਕਰ ਦਿੱਤੇ। ਸੂਤਰਾਂ ਅਨੁਸਾਰ ਹੁਣ ਤੱਕ ਸਰੋਜ ਸ਼ਰਮਾ (65) ਦੀ ਲਾਸ਼ ਦੇ 8 ਟੁਕੜੇ ਬਰਾਮਦ ਕਰ ਲਏ ਗਏ ਹਨ ਅਤੇ ਮੁਲਜ਼ਮ ਨੂੰ 20 ਦਸੰਬਰ ਤੱਕ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਗਿਆ ਹੈ।

ਅਨੁਜ ਸ਼ਰਮਾ ਨੇ 11 ਦਸੰਬਰ ਨੂੰ ਵਿਦਿਆਧਰ ਨਗਰ ਥਾਣੇ 'ਚ ਆਪਣੀ ਚਾਚੀ ਦੀ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾਈ ਸੀ।

ਪੁੱਛ-ਪੜਤਾਲ ਦੌਰਾਨ ਘਰ 'ਚ ਖ਼ੂਨ ਦੇ ਕੁਝ ਧੱਬੇ ਮਿਲੇ ਤਾਂ ਮੁਲਜ਼ਮ ਨੇ ਦੱਸਿਆ ਕਿ ਇਹ ਠੰਢ ਕਾਰਨ ਉਸ ਦੇ ਨੱਕ ਵਿੱਚੋਂ ਵਗਿਆ ਹੈ। ਬੀ.ਟੈਕ ਕਰਨ ਤੋਂ ਬਾਅਦ ਅਨੁਜ ਨੇ ਇੱਥੇ ਕੁਝ ਸਮਾਂ ਨੌਕਰੀ ਕੀਤੀ ਸੀ ਤੇ ਪਿਛਲੇ ਇੱਕ ਸਾਲ ਤੋਂ ਹਰੇ ਕ੍ਰਿਸ਼ਨਾ ਮੂਵਮੈਂਟ ਨਾਲ ਜੁੜਿਆ ਹੋਇਆ ਸੀ।

## ਕਰਨਾਟਕ-ਮਹਾਰਾਸ਼ਟਰ ਵਿਵਾਦ ਮੋਦੀ ਨੂੰ ਨਹੀਂ ਦਿਸਦਾ : ਰਾਊਤ

**ਮੁੰਬਈ** : ਸ਼ਿਵ ਸੈਨਾ (ਊਧਵ ਬਾਲਾਸਾਹਿਬ ਠਾਕਰੇ) ਦੇ ਆਗੂ ਸੰਜੇ ਰਾਊਤ ਨੇ ਐਤਵਾਰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਇਕ ਪਾਸੇ ਰੂਸ-ਯੂਕਰੇਨ ਜੰਗ ਵਿਚ ਵਿਚੋਲਗੀ ਕਰਦੇ ਹਨ, ਪਰ ਦੂਜੇ ਪਾਸੇ ਮਹਾਰਾਸ਼ਟਰ-ਕਰਨਾਟਕ ਸਰਹੱਦੀ ਵਿਵਾਦ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੇ ਹਨ, ਜੋ 'ਚੰਗੇ ਲੀਡਰ ਦੀ ਨਿਸ਼ਾਨੀ ਨਹੀਂ' ਹੈ। ਪਾਰਟੀ ਦੇ ਮੁੱਖ ਪੱਤਰ 'ਸਾਮਨਾ' ਵਿਚ ਪ੍ਰਕਾਸ਼ਤ ਆਪਣੇ ਹਫਤਾਵਾਰੀ ਕਾਲਮ 'ਰੋਕਟੋਕ' ਵਿਚ ਉਨ੍ਹਾ ਲਿਖਿਆ ਕਿ ਮਹਾਰਾਸ਼ਟਰ ਅਤੇ ਕਰਨਾਟਕ ਵਿਚਾਲੇ ਸਰਹੱਦੀ ਵਿਵਾਦ ਦੋਹਾਂ ਸੂਬਿਆਂ ਦੇ ਲੋਕਾਂ ਅਤੇ ਸਰਕਾਰਾਂ ਵਿਚਾਲੇ ਲੜਾਈ ਨਹੀਂ, ਸਗੋਂ ਮਨੁੱਖਤਾ ਦੀ ਲੜਾਈ ਹੈ।

## ਗੈਂਗਸਟਰਾਂ ਦਾ ਕਰੀਬੀ ਫੜਿਆ

**ਪਟਿਆਲਾ** : ਸੀ ਆਈ ਏ ਪਟਿਆਲਾ ਦੇ ਇੰਚਾਰਜ ਸ਼ਮਿੰਦਰ ਸਿੰਘ ਨੇ ਗੈਂਗਸਟਰਾਂ ਦੇ ਕਰੀਬੀ ਯੂ ਪੀ ਦੇ ਬਦਾਯੂੰ ਜ਼ਿਲ੍ਹੇ ਦੇ ਵਸਨੀਕ ਰਾਹੁਲ ਸਿੰਘ ਨੂੰ ਗ੍ਰਿਫਤਾਰ ਕਰਕੇ ਉਸ ਕੋਲੋਂ ਇਕ ਰਿਵਾਲਵਰ ਤੇ 32 ਬੋਰ ਦੇ ਚਾਰ ਪਿਸਤੌਲ ਬਰਾਮਦ ਕੀਤੇ ਹਨ। ਇਹ ਜਾਣਕਾਰੀ ਐੱਸ ਐੱਸ ਪੀ ਵਰੁਣ ਸ਼ਰਮਾ ਨੇ ਦਿੱਤੀ।

## ਸਤਲੁਜ ਦਰਿਆ ਦੇ ਕੰਢਿਆਂ ਤੋਂ 3 ਲੱਖ 30 ਹਜ਼ਾਰ ਲੀਟਰ ਲਾਹਣ ਬਰਾਮਦ

**ਲੁਧਿਆਣਾ** : ਆਬਕਾਰੀ ਵਿਭਾਗ ਨੇ ਇਤਿਹਾਸ 'ਚ ਪਹਿਲੀ ਵਾਰ ਪੰਜਾਬ ਕੈਨਾਇਨ ਟਰੇਨਿੰਗ ਇੰਸਟੀਚਿਊਟ ਵੱਲੋਂ ਸਿਖਲਾਈ ਪ੍ਰਾਪਤ ਕੁੱਤਿਆਂ ਦੇ ਸਹਿਯੋਗ ਨਾਲ ਤਲਾਸ਼ੀ ਦੌਰਾਨ ਸਤਲੁਜ ਦਰਿਆ ਦੇ ਆਲੇ-ਦੁਆਲੇ ਦੇ ਵੱਖ-ਵੱਖ ਟਾਪੂਆਂ ਅਤੇ ਕਿਨਾਰਿਆਂ ਤੋਂ ਲਗਭਗ 3 ਲੱਖ 30 ਹਜ਼ਾਰ ਲੀਟਰ ਲਾਹਣ ਬਰਾਮਦ ਕੀਤੀ ਹੈ। ਟਿਊਬਾਂ 'ਚ 150 ਬੋਤਲਾਂ ਨਾਜਾਇਜ਼ ਸ਼ਰਾਬ ਵੀ ਬਰਾਮਦ ਹੋਈ ਜਿਸ ਨੂੰ ਸਤਲੁਜ ਦਰਿਆ ਤੋਂ ਬਾਹਰ ਮੌਕੇ 'ਤੇ ਹੀ ਨਸ਼ਟ ਕਰ ਦਿੱਤਾ ਗਿਆ। ਪੰਜਾਬ ਸਰਕਾਰ ਦੇ ਵਿਸ਼ੇਸ਼ ਪਾਇਲਟ ਪ੍ਰੋਜੈਕਟ ਤਹਿਤ ਵਿੱਤ ਕਮਿਸ਼ਨਰ ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੁੰਘ ਕੇ ਪਤਾ ਲਗਾਉਣ 'ਚ ਮਾਹਰ ਕੁੱਤਿਆਂ ਦੀਆਂ ਸੇਵਾਵਾਂ ਰਾਹੀਂ ਜਾਇੰਟ ਕਮਿਸ਼ਨਰ ਆਬਕਾਰੀ, ਪੰਜਾਬ ਨਰੇਸ਼ ਦੂਬੇ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਜ਼ੋਨ, ਪਟਿਆਲਾ ਪਰਮਜੀਤ ਸਿੰਘ ਦੀ ਅਗਵਾਈ 'ਚ ਟੀਮ ਗਠਿਤ ਕੀਤੀ ਗਈ ਸੀ। ਇਸ ਟੀਮ 'ਚ ਨਰੇਸ਼ ਦੂਬੇ ਖੁਦ, ਏ ਸੀ (ਐਕਸ) ਲੁਧਿਆਣਾ ਪੱਛਮੀ ਰੇਂਜ ਡਾ. ਹਰਸਿਮਰਤ ਕੌਰ ਗਰੇਵਾਲ, ਈ ਓ ਅਮਿਤ ਗੋਇਲ ਅਤੇ ਦੀਵਾਨ ਚੰਦ ਸ਼ਾਮਲ ਸਨ, ਜਿਨ੍ਹਾਂ ਈ ਆਈ ਕਰਮਜੀਤ ਸਿੰਘ ਚੀਮਾ, ਹਰਦੀਪ ਸਿੰਘ ਬੈਂਸ, ਰਾਜਨ ਸਹਿਗਲ, ਮਨਦੀਪ ਸਿੰਘ, ਹਰਜਿੰਦਰ ਸਿੰਘ-2, ਆਬਕਾਰੀ ਪੁਲਸ ਅਤੇ ਸਹਿਯੋਗੀ ਸਟਾਫ਼ ਦੇ ਨਾਲ ਸੁੰਘਣ ਵਾਲੇ ਕੁੱਤਿਆਂ ਦੀ ਮੱਦਦ ਨਾਲ ਸ਼ਨੀਵਾਰ ਸਤਲੁਜ ਦਰਿਆ ਦੇ ਕਿਨਾਰਿਆਂ ਅਤੇ ਆਲੇ-ਦੁਆਲੇ ਦੇ ਕਰੀਬ 25-30 ਕਿਲੋਮੀਟਰ ਦੇ ਏਰੀਏ 'ਚ ਨਾਜਾਇਜ਼ ਸ਼ਰਾਬ ਨੂੰ ਕੱਢਣ ਤੋਂ ਰੋਕਣ ਲਈ ਪਿੰਡ ਗੋਰਸੀਆਂ, ਕੋਟ ਉਮਰਾ, ਕੁਲ ਗਹਿਣਾ ਅਤੇ ਹੋਰ ਨੇੜਲੇ ਪਿੰਡਾਂ ਹੰਬੜਾਂ ਅਤੇ ਸਿਧਵਾਂ ਬੇਟ, ਲੁਧਿਆਣਾ ਨੇੜੇ ਘੋਖ ਪੜਤਾਲ ਕੀਤੀ।



## ਧੁੰਦ ਪੈਣੀ ਸ਼ੁਰੂ



**ਚੰਡੀਗੜ੍ਹ** : ਪੋਹ ਦਾ ਮਹੀਨਾ ਚੜ੍ਹਨ ਦੇ ਨਾਲ ਹੀ ਠੰਢ ਤੇ ਧੁੰਦ ਨੇ ਜ਼ੋਰ ਫੜ ਲਿਆ ਹੈ। ਐਤਵਾਰ ਸੂਬੇ ਦੇ ਕਈ ਇਲਾਕਿਆਂ 'ਚ ਧੁੰਦ ਕਾਰਨ ਜਨਜੀਵਨ 'ਤੇ ਅਸਰ ਪਿਆ। ਲੋਕਾਂ ਨੂੰ ਵਾਹਨ ਚਲਾਉਣ ਸਮੇਂ ਦਿੱਕਤ ਆਈ। ਮੌਸਮ ਵਿਭਾਗ ਅਨੁਸਾਰ ਤਾਪਮਾਨ ਡਿੱਗਦਾ ਜਾ ਰਿਹਾ ਹੈ। ਸ਼ਨੀਵਾਰ ਰਾਤ ਸਭ ਤੋਂ ਠੰਢਾ ਬਠਿੰਡਾ ਰਿਹਾ, ਜਿਥੇ ਘੱਟੋ-ਘੱਟ ਤਾਪਮਾਨ 3.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਚੰਡੀਗੜ੍ਹ ਵਿਚ ਤਾਪਮਾਨ 6.6, ਅੰਮ੍ਰਿਤਸਰ 5, ਲੁਧਿਆਣਾ 5.2, ਫਰੀਦਕੋਟ 4.2, ਪਠਾਨਕੋਟ 6.4, ਗੁਰਦਾਸਪੁਰ 4.8 ਅਤੇ ਪਟਿਆਲਾ ਵਿਚ 4.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

## ਅੱਜ-ਨਾਮਾ

ਏਧਰ ਅਗਵਾ ਤਾਂ ਓਧਰ ਹੈ ਕਤਲ ਹੁੰਦਾ,
ਆਵੇ ਕਿਤੋਂ ਵੀ ਖਬਰ ਨਹੀਂ ਠੀਕ ਮੀਆਂ।
ਨਾਕੇ ਸੜਕਾਂ 'ਤੇ ਲੱਗੇ ਆ ਬਹੁਤ ਕਹਿੰਦੇ,
ਲੱਗ ਰਹੇ ਪ੍ਰਬੰਧ ਆ ਨਾਮ-ਧਰੀਕ ਮੀਆਂ।
ਚੁੱਕਣ ਬੰਦਾ, ਫਿਰ ਮਾਰਨ ਤੇ ਜਾ ਸੁੱਟਣ,
ਸੁਣਦੀ ਕਦੇ ਨਹੀਂ ਕਿਸੇ ਦੀ ਚੀਕ ਮੀਆਂ।
ਜਦ ਤੱਕ ਲਾਸ਼ ਨਾ ਮਿਲੀ, ਨਾ ਪਤਾ ਲੱਗਾ,
ਘਰ ਦੇ ਹੋ ਗਿਆ ਕਤਲ ਨਜ਼ਦੀਕ ਮੀਆਂ।
ਏਥੇ ਤੰਦ ਨਹੀਂ, ਤਾਣੀ ਆ ਪਈ ਵਿਗੜੀ,
ਔਖੀ ਬਹੁਤ ਇਹ ਕਰਨੀ ਦਰੁਸਤ ਮੀਆਂ।
ਰਾਜ-ਪ੍ਰਬੰਧ ਤਾਂ ਜਾਪ ਰਿਹਾ ਸੁਸਤ ਏਥੇ,
ਅਪਰਾਧੀ ਜਾਪਦੇ ਓਸ ਤੋਂ ਚੁਸਤ ਮੀਆਂ।

-ਤੀਸ ਮਾਰ ਖਾਂ

## ਜ਼ਹਿਰੀਲੀ ਸ਼ਰਾਬ ਨਾਲ ਸਭ ਤੋਂ ਵੱਧ ਮੌਤਾਂ ਵਾਲੇ ਰਾਜਾਂ 'ਚ ਪੰਜਾਬ ਵੀ ਸ਼ਾਮਲ



**ਨਵੀਂ ਦਿੱਲੀ** : ਭਾਰਤ 'ਚ ਪਿਛਲੇ 6 ਸਾਲਾਂ 'ਚ ਜ਼ਹਿਰੀਲੀ ਸ਼ਰਾਬ ਕਾਰਨ ਤਕਰੀਬਨ 7,000 ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਸਭ ਤੋਂ ਵੱਧ ਮੌਤਾਂ ਮੱਧ ਪ੍ਰਦੇਸ਼, ਕਰਨਾਟਕ ਅਤੇ ਪੰਜਾਬ 'ਚ ਦਰਜ ਕੀਤੀਆਂ ਗਈਆਂ ਹਨ। ਇਹ ਜਾਣਕਾਰੀ ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਤੋਂ ਮਿਲੀ ਹੈ।

ਸਾਲ 2021 'ਚ ਦੇਸ ਭਰ 'ਚ 708 ਘਟਨਾਵਾਂ 'ਚ 782 ਵਿਅਕਤੀਆਂ ਦੀ ਮੌਤ ਹੋਈ। ਇਸ ਸਮੇਂ ਦੌਰਾਨ ਉੱਤਰ ਪ੍ਰਦੇਸ਼ 'ਚ ਸਭ ਤੋਂ ਵੱਧ 137, ਪੰਜਾਬ 'ਚ 127 ਅਤੇ ਮੱਧ ਪ੍ਰਦੇਸ਼ 'ਚ 108 ਮੌਤਾਂ ਹੋਈਆਂ। ਅੰਕੜਿਆਂ ਅਨੁਸਾਰ 2016 ਤੋਂ 2021 ਦਰਮਿਆਨ ਸਭ ਤੋਂ ਵੱਧ 1,322 ਮੌਤਾਂ ਮੱਧ ਪ੍ਰਦੇਸ਼ 'ਚ ਹੋਈਆਂ, ਇਸ ਤੋਂ ਬਾਅਦ ਕਰਨਾਟਕ 'ਚ 1,013 ਅਤੇ ਪੰਜਾਬ 'ਚ 852 ਮੌਤਾਂ ਦੌਰਾਨ ਹੋਈਆਂ।

## ਵਿਦਿਆਰਥੀਆਂ 'ਚ ਖ਼ੁਦਕੁਸ਼ੀਆਂ ਦਾ ਵਧ ਰਿਹਾ ਵਰਤਾਰਾ

**ਜੈਪੁਰ** : ਕੋਚਿੰਗ ਹੱਬ ਕੋਟਾ (ਰਾਜਸਥਾਨ) 'ਚ ਮੈਡੀਕਲ ਜਾਂ ਇੰਜੀਨੀਅਰਿੰਗ 'ਚ ਕੈਰੀਅਰ ਬਣਾਉਣ ਦੇ ਚਾਹਵਾਨ ਵਿਦਿਆਰਥੀਆਂ ਵੱਲੋਂ ਖ਼ੁਦਕੁਸ਼ੀ ਦੇ ਤਾਜ਼ਾ ਮਾਮਲਿਆਂ ਨੇ ਸਖਤ ਮੁਕਾਬਲੇ ਅਤੇ ਨਾ ਖਤਮ ਹੋਣ ਵਾਲੇ ਦਬਾਅ ਬਾਰੇ ਬਹਿਸ ਛੇੜ ਦਿੱਤੀ ਹੈ। ਦੇਸ਼ ਭਰ 'ਚ ਅਜਿਹੀਆਂ ਬਹੁਤ ਸਾਰੀਆਂ ਉਦਾਹਰਣਾਂ ਹਨ, ਜਿੱਥੇ ਨੌਜਵਾਨ ਵਿਦਿਆਰਥੀ ਆਪਣੇ ਅਕਾਦਮਿਕ ਕੈਰੀਅਰ 'ਚ ਕੁਝ ਕਰਨ ਦੀ ਇੱਛਾ ਰੱਖਦੇ ਹੋਏ ਵੱਖ-ਵੱਖ ਕਾਰਨਾਂ ਕਰਕੇ ਆਤਮ-ਹੱਤਿਆ ਕਰ ਲੈਂਦੇ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ (ਐੱਨ ਸੀ ਆਰ ਬੀ) ਵੱਲੋਂ ਜਾਰੀ ਕੀਤੇ ਖ਼ੁਦਕੁਸ਼ੀ ਅੰਕੜਿਆਂ ਤੋਂ ਪਤਾ ਲੱਗਦਾ ਹੈ ਕਿ ਹਾਲ ਹੀ ਦੇ ਸਾਲਾਂ 'ਚ ਖ਼ੁਦਕੁਸ਼ੀ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਵਧੀ ਹੈ। ਵਿਦਿਆਰਥੀਆਂ ਵੱਲੋਂ ਖ਼ੁਦਕੁਸ਼ੀ ਦੇ 13,089 ਮਾਮਲਿਆਂ ਤੋਂ ਪਤਾ ਲੱਗਦਾ ਹੈ ਕਿ ਸਾਲ 2020 ਦੇ ਮੁਕਾਬਲੇ 2021 'ਚ ਇਹ ਗਿਣਤੀ 4.5 ਫੀਸਦ ਵਧੀ ਹੈ। ਇਨ੍ਹਾਂ ਵਿੱਚੋਂ ਅੱਧੇ ਪੰਜ ਰਾਜਾਂ ਮਹਾਰਾਸ਼ਟਰ, ਮੱਧ ਪ੍ਰਦੇਸ਼, ਤਾਮਿਲਨਾਡੂ, ਕਰਨਾਟਕ ਅਤੇ ਓਡੀਸ਼ਾ 'ਚ ਦਰਜ ਕੀਤੇ ਗਏ ਹਨ। ਅੰਕੜਿਆਂ ਅਨੁਸਾਰ ਵਿਦਿਆਰਥੀਆਂ ਵੱਲੋਂ ਕੀਤੀਆਂ ਕੁਲ ਖ਼ੁਦਕੁਸ਼ੀਆਂ ਵਿੱਚੋਂ 14.0 ਫੀਸਦੀ ਮਹਾਰਾਸ਼ਟਰ (1,834), ਇਸ ਤੋਂ ਬਾਅਦ ਮੱਧ ਪ੍ਰਦੇਸ਼ 10.0 ਫੀਸਦੀ (1,308), ਤਾਮਿਲਨਾਡੂ 9.5 ਫੀਸਦੀ (1,246) ਅਤੇ ਕਰਨਾਟਕ 6.5 ਫੀਸਦੀ (855) ਵਿਚ ਹੋਈਆਂ। ਹਾਲਾਂਕਿ ਰਿਪੋਰਟ 'ਚ ਖ਼ੁਦਕੁਸ਼ੀਆਂ ਦੇ ਪਿੱਛੇ ਖਾਸ ਕਾਰਨਾਂ ਦਾ ਜ਼ਿਕਰ ਨਹੀਂ ਕੀਤਾ ਗਿਆ, ਪਰ ਕਿਹਾ ਗਿਆ ਹੈ ਕਿ ਪ੍ਰੀਖਿਆ 'ਚ ਫੇਲ੍ਹ ਹੋਣਾ ਇੱਕ ਕਾਰਨ ਸੀ।

## ਅਮਰੀਕਾ 'ਚ ਭਾਰਤੀ ਮੂਲ ਦੀ ਉਦਮੀ ਬੀਬੀ ਦੀ ਅੱਗ ਨਾਲ ਮੌਤ

**ਹਿਊਸਟਨ** : ਨਿਊ ਯਾਰਕ ਦੇ ਲਾਂਗ ਆਈਲੈਂਡ ਸਥਿਤ ਡਿਕਸ ਹਿਲਜ਼ ਕਾਟੇਜ ਵਿਚ ਬੀਤੀ 14 ਦਸੰਬਰ ਨੂੰ 32 ਸਾਲਾ ਭਾਰਤੀ-ਅਮਰੀਕੀ ਉਦਯੋਗਪਤੀ ਤਾਨੀਆ ਭਟੀਜਾ ਅਤੇ ਉਸ ਦੇ ਕੁੱਤੇ ਦੀ ਭਿਆਨਕ ਅੱਗ ਵਿਚ ਸੜ ਕੇ ਮੌਤ ਹੋ ਗਈ। ਪੁਲਸ ਮੁਤਾਬਕ ਭਟੀਜਾ ਦੇ ਫੇਫੜੇ ਧੂੰਏਂ ਨਾਲ ਭਰ ਜਾਣ ਕਾਰਨ ਪੁਲਸ ਮੁਲਾਜ਼ਮਾਂ ਨੇ ਉਸ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ।

ਅੱਗ ਲੱਗਣ ਪਿੱਛੇ ਕੋਈ ਅਪਰਾਧਕ ਕਾਰਨ ਨਹੀਂ ਸੀ। ਉਹ ਆਪਣੇ ਮਾਪਿਆਂ ਦੇ ਘਰ ਦੇ ਪਿੱਛੇ ਕਾਟੇਜ 'ਚ ਰਹਿੰਦੀ ਸੀ। ਜਦੋਂ ਤਾਨੀਆ ਦੇ ਪਿਤਾ 14 ਦਸੰਬਰ ਨੂੰ ਕੰਮ 'ਤੇ ਜਾਣ ਤੋਂ ਪਹਿਲਾਂ ਕਸਰਤ ਕਰਨ ਲਈ ਉਠੇ ਤਾਂ ਉਨ੍ਹਾ ਕਾਟੇਜ ਨੂੰ ਅੱਗ ਲੱਗੀ ਦੇਖੀ। ਉਹ ਆਪਣੀ ਪਤਨੀ ਨਾਲ ਕਾਟੇਜ ਵੱਲ ਭੱਜੇ ਤੇ ਤਾਨੀਆ ਨੂੰ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ, ਪਰ ਅੱਗ ਬੁਰੀ ਤਰ੍ਹਾਂ ਫੈਲ ਚੁੱਕੀ ਸੀ। ਤਾਨੀਆ ਸਫਲ ਉੱਦਮੀਆਂ ਵਿੱਚੋਂ ਇਕ ਸੀ।

# ਚੀਫ਼ ਖ਼ਾਲਸਾ ਦੀਵਾਨ ਸਕੂਲਾਂ 'ਚ 'ਲਰਨਿੰਗ ਟੀਚਿੰਗ' ਦਾ ਮਿਆਰ ਉੱਪਰ ਚੁੱਕਣ ਹਿੱਤ ਵਿਸ਼ੇਸ਼ ਉਪਰਾਲੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਡਾ. ਇੰਦਰਬੀਰ ਸਿੰਘ ਨਿੱਜਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਵਿੱਦਿਅਕ ਮਿਆਰ ਨੂੰ ਉਪਰ ਚੁੱਕਣ ਅਤੇ ਟੀਚਿੰਗ ਲਰਨਿੰਗ ਤਰੀਕਿਆਂ ਵਿਚ ਇਕਸਾਰਤਾ ਅਤੇ ਸੁਧਾਰ ਲਿਆਉਣ ਹਿੱਤ ਵਿਚਾਰ ਵਟਾਂਦਰਾ ਕੀਤਾ ਗਿਆ। ਡਾ. ਨਿੱਜਰ ਨੇ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਵਿੱਦਿਅਕ ਮਿਆਰ ਉਪਰ ਚੁੱਕਣ ਦਾ ਅਰਥ ਸਿਰਫ ਤਕਨੀਕੀ ਖੇਤਰ ਵਿਚ ਆਧੁਨਿਕੀਕਰਨ ਹੀ ਨਹੀਂ ਹੈ ਸਗੋਂ ਨੈਤਿਕਤਾ ਅਤੇ ਵਿਦਿਆਰਥੀਆਂ ਦੀ ਵਿਅਕਤੀਗਤ ਪ੍ਰਤਿਭਾ ਅਤੇ ਗੁਣਾਂ ਨੂੰ ਪਹਿਚਾਨਣ, ਨਿਖਾਰਣ ਅਤੇ ਚਰਿੱਤਰ ਨਿਰਮਾਣ ਦੇ ਅਧਾਰ ਤੇ ਵੀ ਹੈ ਜਿਸ ਵਿਚ ਸੁਧਾਰ ਲਿਆਉਣਾ ਅਜੋਕੇ ਸਮੇਂ ਦੀ ਮੁੱਖ ਲੋੜ ਹੈ। ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਪ੍ਰਿੰਸੀਪਲਜ਼ ਅਤੇ ਟੀਚਿੰਗ ਸਟਾਫ ਲਈ ਪਰਸਨੈਲਿਟੀ ਡਿਵੈਲਪਮੈਂਟ ਪ੍ਰੋਗਰਾਮ, ਉਰੀਅਨਟੇਸ਼ਨ ਪ੍ਰੋਗਰਾਮ, ਰਿਫਰੇਸ਼ਰ ਕੋਰਸ ਅਤੇ ਹੋਰਨਾਂ ਐਜੂਕੇਸ਼ਨਲ ਕੁਆਲਿਟੀ ਵਧਾਉਣ ਹਿੱਤ ਟਰੇਨਿੰਗ ਕੋਰਸਿਜ਼ ਸ਼ੁਰੂ ਕਰਨ ਦੀ ਸਹਿਮਤੀ ਬਣਾਈ ਗਈ ਤਾਂ ਜੋ ਸੀ. ਕੇ. ਡੀ. ਸਕੂਲਾਂ ਵਿਚ ਟੀਚਿੰਗ ਲਰਨਿੰਗ ਤਰੀਕਿਆਂ ਵਿਚ ਇਕਸਾਰਤਾ ਲਿਆਉਂਦਿਆਂ ਸੁਧਾਰ ਕੀਤਾ ਜਾ ਸਕੇ ਅਤੇ ਅਧਿਆਪਕਾਂ ਦੇ ਸੋਚਣ, ਖੋਜਣ, ਸੰਚਾਰਨ ਅਤੇ ਸਵੈਪ੍ਰਬੰਧਨ ਦੇ ਹੁਨਰਾਂ ਨੂੰ ਨਿਖਾਰਿਆਂ ਜਾ ਸਕੇ। ਸੀ. ਕੇ. ਡੀ. ਸਕੂਲਾਂ ਦਾ ਵਿਦਿਅਕ ਮਿਆਰ ਗਲੋਬਲ ਪੱਧਰ ਤੱਕ ਪਹੁੰਚਾਉਣ ਲਈ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਦੇ ਨਾਲਨਾਲ ਸਹਿਜਤਾ ਨਾਲ ਅੰਗਰੇਜ਼ੀ ਪੜਾਉਣ ਅਤੇ ਬੋਲਣ ਦੀ ਮੁਹਾਰਤ ਦੇਣ ਅਤੇ ਇਸ ਮੰਤਵ ਲਈ ਇੰਗਲਿਸ਼ ਲੈਬਜ਼ ਸਥਾਪਿਤ ਕਰਨ ਦਾ ਨਿਰਣਾ ਲਿਆ ਗਿਆ। ਡਾ. ਨਿੱਜਰ ਨੇ ਡਾਇਰੈਕਟਰਜ਼ ਨੂੰ ਸਮੂਹ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਇਨ੍ਹਾਂ ਯੋਜਨਾਵਾਂ ਨੂੰ ਅਮਲੀ ਰੂਪ ਦੇਣ ਹਿੱਤ ਛੋਟੀ ਤੋਂ ਛੋਟੀ ਵਿਸ਼ੇਸ਼ ਉਪਰਾਲੇ ਕਰਨ ਦੀਆਂ ਹਦਾਇਤਾਂ ਦਿੱਤੀਆਂ ਅਤੇ ਪੇਂਡੂ ਸਕੂਲਾਂ ਵਿਚ ਆਈ. ਟੀ. ਆਧੁਨਿਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਮੀਟਿੰਗ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਅਜੀਤ ਸਿੰਘ ਬਸਰਾ, ਮੀਤ ਪ੍ਰਧਾਨ ਜਗਜੀਤ ਸਿੰਘ, ਐਡੀਸਨਲ ਸਕੱਤਰ ਜਸਪਾਲ ਸਿੰਘ ਢਿੱਲੋਂ, ਮੁੱਖ ਦਫ਼ਤਰ ਮੈਂਬਰ ਇੰਚਾਰਜ ਸੁਖਜਿੰਦਰ ਸਿੰਘ ਪ੍ਰਿੰਸ, ਡਾ. ਸੰਤੋਖ ਸਿੰਘ, ਭੁਪਿੰਦਰ ਸਿੰਘ ਸੇਠੀ, ਡਾਇਰੈਕਟਰ ਐਜੂਕੇਸ਼ਨਲ ਡਾ. ਧਰਮਵੀਰ ਸਿੰਘ, ਡਾਇਰੈਕਟਰ ਉਪਰੇਸ਼ਨ ਡਾ. ਏ. ਪੀ. ਐੱਸ ਚਾਵਲਾ, ਐਸੀਸਟੇਟ ਡਾਇਰੈਕਟਰਜ਼ ਵਿਚ ਸ਼ਾਮਲ ਪ੍ਰਿੰ: ਨਿਰਮਲ ਕੌਰ, ਪ੍ਰਿੰ: ਦਪਿੰਦਰ ਕੌਰ, ਪ੍ਰਿੰ: ਉਰਮਿੰਦਰ ਕੌਰ, ਪ੍ਰਿੰ: ਰਣਜੀਤ ਕੌਰ ਭਾਟੀਆ ਅਤੇ ਪ੍ਰਿੰ: ਰਿਪੁਦਮਨ ਕੌਰ ਹਾਜ਼ਰ ਸਨ।



# ਚਾਨਣ-ਮੁਨਾਰਾ ਕਾਮਰੇਡ ਭਗਵਾਨ ਸਿੰਘ ਅਣਖੀ



ਸਿਕੰਦਰ ਨਾਥ, ਜਨਰਲ ਸਕੱਤਰ ਪੰਜਾਬ

15 ਅਗਸਤ 1991 ਦਾ ਉਹ ਹਨੇਰਾ ਦਿਨ, ਜਦੋਂ ਸਾਰਾ ਦੇਸ਼ ਆਜ਼ਾਦੀ ਦਾ ਦਿਹਾੜਾ ਮਨਾ ਰਿਹਾ ਸੀ, ਤਾਂ ਉਸ ਸਮੇਂ ਦੇ ਬਿਜਲੀ ਮੁਲਾਜ਼ਮਾਂ ਦੇ ਸੰਘਰਸ਼ਾਂ ਦੀ ਅਗਵਾਈ ਕਰਦੀ ਸਿਰਮੌਰ ਜਥੇਬੰਦੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਭਗਵਾਨ ਸਿੰਘ ਅਣਖੀ ਦਾ ਨਾਮੁਰਾਦ ਕੈਂਸਰ ਦੀ ਬਿਮਾਰੀ ਨਾਲ ਜੂਝਦੇ ਹੋਏ ਇਸ ਸੰਸਾਰ ਤੋਂ ਚਲੇ ਜਾਣਾ। ਬਿਜਲੀ ਮੁਲਾਜ਼ਮਾਂ ਦੇ ਸੰਘਰਸ਼ਾਂ ਵਾਸਤੇ ਵੱਡਾ ਘਾਟਾ ਸੀ। ਇਹ ਉਹ ਦੌਰ ਸੀ, ਜਦੋਂ ਦੇਸ਼ ਅੰਦਰ ਡੰਕਲ ਤਜਵੀਜ਼ਾਂ ਤੇ ਬਣੇ ਗੈਟ ਸਮਝੌਤੇ ਦੇ ਖ਼ਿਲਾਫ਼ ਸਾਰੇ ਦੇਸ਼ ਦੀ ਮਿਹਨਤਕਸ਼ ਜਮਾਤ ਵੱਡੇ ਸੰਘਰਸ਼ ਦੀ ਲਾਮਬੰਦੀ ਕਰ ਰਹੀ ਸੀ। ਅਕਸਰ ਹੀ ਮੀਟਿੰਗ ਵਿੱਚ ਚਿੰਤਨ ਕਰਦਿਆਂ ਅਣਖੀ ਜੀ ਕਿਹਾ ਕਰਦੇ ਸਨ ਕੀ ਇਹ ਡੰਕਲ ਤਜਵੀਜ਼ਾ ਜੋ ਗੈਟ ਸਮਝੌਤੇ ਦੀ ਸ਼ਕਲ ਵਿੱਚ ਨਵੀਆਂ ਆਰਥਕ ਨੀਤੀਆਂ ਦੇ ਨਾਂਅ 'ਤੇ ਦੇਸ਼ ਵਿੱਚ ਲਾਗੂ ਕੀਤੀਆਂ ਜਾ ਰਹੀਆਂ ਹਨ। ਇਹ ਸਾਡੀ ਮਿਹਨਤਕਸ਼ ਜਮਾਤ ਲਈ ਮਾੜੀਆਂ ਸਾਬਤ ਹੋਣਗੀਆਂ। ਇਹ ਨਵੀਆਂ ਆਰਥਕ ਨੀਤੀਆਂ ਸਰਮਾਏਦਾਰ ਵਿਕਸਤ ਦੇਸ਼ਾਂ ਲਈ ਵਿਕਾਸਸ਼ੀਲ ਦੇਸ਼ਾਂ ਦੀ ਮਜ਼ਦੂਰ ਜਮਾਤ ਦੀ ਕਿਰਤ ਦੀ ਲੁੱਟ ਦਾ ਦਰਵਾਜ਼ਾ ਖੋਲ੍ਹਣਗੀਆਂ। ਉਸ ਸਮੇਂ ਇਨ੍ਹਾਂ ਸਰਕਾਰਾਂ ਵੱਲੋਂ ਨਵਾਂ ਰੋਜ਼ਗਾਰ ਪੈਦਾ ਕਰਨ, ਚੰਗੀ ਸਿੱਖਿਆ, ਚੰਗੀ ਸਿਹਤ ਦੇਣ, ਗਰੀਬੀ, ਬੇਰੁਜ਼ਗਾਰੀ ਖ਼ਤਮ ਕਰਨ ਮਿਹਨਤਕਸ਼ ਲੋਕਾਂ ਦਾ ਸੁਨਹਿਰੀ ਭਵਿੱਖ ਸਿਰਜਣ ਦੇ ਨਾਂਅ 'ਤੇ ਲਾਗੂ ਕੀਤੀਆਂ ਨੀਤੀਆਂ ਦਾ ਕੌੜਾ ਸੱਚ ਅੱਜ ਸਾਡੇ ਸਾਹਮਣੇ ਹੈ। ਅਣਖੀ ਜੀ ਦੇ ਉਸ ਦੌਰ ਜਿੱਥੇ ਨਵੇਂ ਪਬਲਿਕ ਸੈਕਟਰ ਉਸਾਰੇ ਜਾ ਰਹੇ ਸਨ, ਲੱਖਾਂ ਲੋਕਾਂ ਨੂੰ ਰੋਜ਼ਗਾਰ ਦਿੱਤਾ ਜਾ ਰਿਹਾ ਸੀ, ਦੇਸ਼ ਤੇਜ਼ੀ ਨਾਲ ਤਰੱਕੀ ਦੇ ਰਾਹ 'ਤੇ ਜਾ ਰਿਹਾ ਸੀ। ਇਹ ਸਮਾਂ ਮਜ਼ਦੂਰ ਜਮਾਤ/ਮੁਲਾਜ਼ਮਾਂ ਲਈ ਚੰਗਾ ਸੀ ਜਾਂ ਅੱਜ ਦਾ ਸਮਾਂ ਚੰਗਾ ਹੈ, ਜਿਥੇ ਪਬਲਿਕ ਸੈਕਟਰ ਖ਼ਤਮ ਕਰਕੇ ਧਨਾਢ ਸਰਮਾਏਦਾਰਾਂ ਦੇ ਹਵਾਲੇ ਕੀਤੇ ਜਾ ਰਹੇ ਹਨ। ਲੋਕਾਂ ਦੇ ਅਰਬਾਂ ਦੇ ਸਰਮਾਏ ਨਾਲ ਉਸਾਰੇ ਇਹ ਪਬਲਿਕ ਸੈਕਟਰ ਪਬਲਿਕ-ਪ੍ਰਾਈਵੇਟ ਪਾਰਟਨਰਸ਼ਿਪ ਦੇ ਨਾਂਅ 'ਤੇ ਕੌਡੀਆ ਦੇ ਭਾਅ ਆਪਣੇ ਚਹੇਤੇ ਸਰਮਾਏਦਾਰਾਂ ਦੇ ਹਵਾਲੇ ਕੀਤੇ ਜਾ ਰਹੇ ਹਨ। ਨਵੇਂ ਰੁਜ਼ਗਾਰ ਕੀ ਪੈਦਾ ਕਰਨੇ ਹਨ, ਉਲਟਾ ਰੁਜ਼ਗਾਰ ਪ੍ਰਾਪਤ ਲੋਕਾਂ ਨੂੰ ਛਾਂਟੀ ਕਰਕੇ ਬੇਰੁਜ਼ਗਾਰੀ ਦੇ ਨਾਲ-ਨਾਲ ਕੱਚਾ ਤੇ ਬਹੁਤ ਘੱਟ ਉਜਰਤ ਵਾਲਾ ਰੁਜ਼ਗਾਰ ਦਿੱਤਾ ਜਾ ਰਿਹਾ ਹੈ। ਅੰਤਾਂ ਦੀ ਇਸ ਮਹਿੰਗਾਈ ਦੇ ਦੌਰ 'ਚ ਮਿਹਨਤਕਸ਼ ਜਮਾਤ ਨੂੰ ਆਪਣਾ ਪੇਟ ਪਾਲਣਾ ਮੁਸ਼ਕਲ ਹੋ ਰਿਹਾ ਹੈ। ਆਪਣੀਆਂ ਬੁਨਿਆਦੀ ਲੋੜਾਂ: ਕੱਪੜਾ, ਮਕਾਨ, ਸਿੱਖਿਆ, ਚੰਗੀ ਸਿਹਤ ਦੂਰ ਹੁੰਦੀ ਜਾ ਰਹੀ ਹੈ। ਵਰਕਿੰਗ ਕਲਾਸ ਦੀ ਨਵੀਂ ਪੀੜ੍ਹੀ ਭੜੀ ਪੇਟ ਰੋਟੀ ਨਾ ਮਿਲਣ ਕਾਰਣ ਕੁਪੋਸ਼ਣ ਦਾ ਸ਼ਿਕਾਰ ਹੋ ਰਹੀ ਹੈ। ਆਪਣਾ ਨਸੀਬ ਆਪ ਲਿਖਣ ਵਾਲੀ ਮਿਹਨਤਕਸ਼ ਜਮਾਤ ਹੁਣ ਪ੍ਰਮਾਤਮਾ ਵੱਲੋਂ ਲਿਖੇ ਨਸੀਬਾਂ ਦਾ ਆਸਰਾ ਤੱਕਣ ਲਈ ਮਜਬੂਰ ਹੈ। ਇਸ ਮੌਕੇ ਮੈਨੂੰ ਯਾਦ ਆਉਂਦਾ ਹੈ ਅਣਖੀ ਜੀ ਦਾ ਉਹ ਚਿੰਤਨ, ਜੋ ਮੀਟਿੰਗ ਸਮੇਂ ਹੋਇਆ ਕਰਦਾ ਸੀ। ਉਨ੍ਹਾ ਦੇ ਸ਼ਬਦ ਸਨ: ਕਾਮਰੇਡ, ਸਾਡੀ ਮਿਹਨਤਕਸ਼ ਜਮਾਤ ਜੋ ਹੱਥਾਂ ਨਾਲ ਕਮਾ ਕੇ ਆਪਣਾ ਅਤੇ ਆਪਣੇ ਪਰਵਾਰ ਦਾ ਪੇਟ ਪਾਲਦੀ ਹੈ, ਉਨ੍ਹਾਂ ਕੋਲ ਸੰਘਰਸ਼ਾਂ ਤੋਂ ਇਲਾਵਾ ਕੋਈ ਹੋਰ ਰਸਤਾ ਨਹੀਂ ਹੈ।

ਅਣਖੀ ਜੀ ਜਿਸ ਅਦਾਰੇ ਅੰਦਰ ਕੰਮ ਕਰਦੇ ਸੀ, ਉਸ ਬਿਜਲੀ ਅਦਾਰੇ ਵਿੱਚ ਕੈਟੇਗਰੀਵਾਈਜ਼ ਯੂਨੀਅਨਾਂ ਦੀ ਫੇਲ੍ਹ ਹੋਈ 1974 ਦੀ ਹੜਤਾਲ ਹੋਈ ਤੋਂ ਸਬਕ ਲੈਂਦਿਆ ਪੰਜਾਬ ਦੇ ਬਿਜਲੀ ਮੁਲਾਜ਼ਮਾਂ ਦੇ ਬਿਹਤਰ ਭਵਿੱਖ "ਇੱਕ ਅਦਾਰਾ ਇੱਕ ਯੂਨੀਅਨ" ਦੀ ਸੋਚ ਲੈ ਕੇ ਤੁਰੇ, ਕਿਉਂਕਿ ਉਹ ਸਮਝਦੇ ਸਨ ਕਿ ਬਿਜਲੀ ਅਦਾਰੇ ਵਿੱਚ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਸਮੇਂ ਦੇ ਹਾਣ ਦਾ ਸੰਘਰਸ਼ ਕਰਨਾ ਜ਼ਰੂਰੀ ਹੈ। ਬਿਜਲੀ ਮੁਲਾਜ਼ਮਾਂ ਦੇ ਚੰਗੇ ਭਵਿੱਖ ਲਈ ਏਕਤਾ ਦਾ ਮੁੱਢ ਬੰਨ੍ਹਣ ਵਾਲਾ ਅਣਖੀ ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੀ ਯੋਗ ਅਗਵਾਈ ਕਰਦਿਆਂ 24.4.1989 ਨੂੰ ਮੈਨੇਜਮੈਂਟ ਨਾਲ ਕੀਤੇ ਇਤਿਹਾਸਕ ਸਮਝੌਤੇ ਰਾਹੀਂ ਮੁਲਾਜ਼ਮਾਂ ਵੱਲੋਂ ਵੱਡੀ ਪ੍ਰਾਪਤੀ ਕਰ ਗਿਆ। ਇੱਥੇ ਹੀ ਬੱਸ ਨਹੀਂ ਜੇ ਏ ਸੀ-ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ ਦੀ ਸਟਰਗਲ ਕਮੇਟੀ ਬਣਾ ਕੇ ਮੁਲਾਜ਼ਮ ਘੋਲਾਂ ਲਈ ਰਸਤੇ ਬਣਾ ਗਿਆ। ਇਸ ਏਕਤਾ ਦੇ ਰਸਤੇ 'ਤੇ ਚਲਦਿਆਂ ਅਗਲੀ ਪੀੜ੍ਹੀ ਦੀ ਲੀਡਰਸ਼ਿਪ ਨੇ ਕਰਦਿਆਂ ਜਾਇੰਟ ਫੋਰਮ ਬਣਾ ਕੇ ਮੁਲਜ਼ਮ ਹਿੱਤ ਨੂੰ ਮੁੱਖ ਰੱਖਦਿਆਂ ਸਟਰਗਲ ਕਮੇਟੀ ਦਾ ਘੇਰਾ ਵੱਡਾ ਕਰਦਿਆਂ ਜਾਇੰਟ ਫੋਰਮ ਬਣਾ ਕੇ ਅਣਖੀ ਦੀ ਵਿਸ਼ਾਲ ਏਕਤਾ ਦੀ ਸੋਚ ਨੂੰ ਹੋਰ ਮਜ਼ਬੂਤ ਕੀਤਾ ਹੈ। ਪਿਛਲੇ ਕਰੀਬ 22 ਸਾਲਾਂ ਤੋਂ ਮਜ਼ਬੂਤ ਏਕਤਾ ਨਾਲ ਕੀਤੇ ਸੰਘਰਸ਼ਾਂ ਦੀਆਂ ਸ਼ਾਨਾਮੱਤੀ ਪ੍ਰਾਪਤੀਆਂ ਹਨ ਜਿਸ ਨੂੰ ਬਿਜਲੀ ਮੁਲਾਜ਼ਮਾਂ ਕਦੇ ਵੀ ਭੁੱਲ ਨਹੀਂ ਸਕਣਗੇ। ਸੋ ਆਓ ਸਾਥੋਂ ਖੁਸ ਚੁੱਕੇ ਇਸ ਚਾਨਣ-ਮੁਨਾਰੇ ਸਾਥੀ ਦੀ 31ਵੀਂ ਬਰਸੀ ਮੌਕੇ ਉਨ੍ਹਾ ਨੂੰ ਯਾਦ ਕਰਦਿਆ ਉਨ੍ਹਾ ਵੱਲੋਂ ਮੁਲਾਜਮ ਜਮਾਤ ਲਈ ਕੀਤੇ ਸੰਘਰਸ਼ਾਂ ਤੋਂ ਪ੍ਰੇਰਨਾ ਲੈਂਦੇ ਹੋਏ ਮੁਲਾਜ਼ਮ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਦਾ ਰਾਹ ਮੱਲੀਏ, ਇਹ ਹੀ ਸਾਥੀ ਅਣਖੀ ਤੇ ਹੋਰ ਵਿਛੜੇ ਆਗੂਆਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਸਕੂਲ ਦੇ ਬੱਚਿਆਂ ਨੂੰ ਵਰਦੀਆਂ ਤੇ ਕੋਟੀਆਂ ਵੰਡੀਆਂ

**ਫਿਲੌਰ (ਨਿਰਮਲ)**- ਸਰਕਾਰੀ ਪ੍ਰਾਇਮਰੀ ਸਕੂਲ ਮਨਸੂਰਪੁਰ ਵਿਖੇ ਰਿਟਾਇਰਡ ਟੀਚਰ ਮੈਡਮ ਕ੍ਰਿਸ਼ਨਾ ਦੇਵੀ ਅਤੇ ਰੋਟਰੀ ਕਲੱਬ ਗੁਰਾਇਆ ਦੇ ਮੈਂਬਰ ਪ੍ਰਿਤਪਾਲ ਸਿੰਘ, ਲੁਪਿੰਦਰ ਕੁਮਾਰ, ਹਰਜਿੰਦਰ ਸਿੰਘ, ਜਸਵਿੰਦਰ ਸੈਹਿਬੀ, ਸਚਿਨ ਵਰਮਾ, ਕਮਲ ਕੁਮਾਰ ਵੱਲੋਂ ਸਕੂਲ ਦੇ 20 ਦੇ ਕਰੀਬ ਬੱਚਿਆਂ ਨੂੰ ਵਰਦੀਆਂ ਅਤੇ 60 ਦੇ ਕਰੀਬ ਕੋਟੀਆਂ ਵੰਡੀਆਂ ਗਈਆਂ। ਸਕੂਲ ਦੇ ਹੈੱਡਮਾਸਟਰ ਹਰੀਪਾਲ ਨੇ ਦੱਸਿਆ ਕਿ ਪਿੰਡ ਦੇ ਐਨ ਆਰ ਆਈਜ਼ ਨੇ ਸਕੂਲ ਨੂੰ 26 ਹਜ਼ਾਰ ਰੁਪਏ ਦੀ ਸਹਾਇਤਾ ਕੀਤੀ। ਪਿੰਡ ਦੀ ਪੰਚਾਇਤ ਅਤੇ ਸਕੂਲ ਸਟਾਫ ਵੱਲੋਂ ਰੋਟਰੀ ਕਲੱਬ ਗੁਰਾਇਆ ਦੇ ਮੈਂਬਰ ਸਾਹਿਬਾਨ ਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਮੋਟਰਸਾਈਕਲ ਸਵਾਰ ਲੁਟੇਰਿਆਂ ਨੇ ਦੋ ਵੱਖ-ਵੱਖ ਥਾਵਾਂ 'ਤੇ ਕੀਤੀ ਵਾਰਦਾਤ

**ਫਿਲੌਰ (ਨਿਰਮਲ)** ਫਿਲੌਰ ਵਿਖੇ ਡਾ. ਅੰਬੇਡਕਰ ਚੌਕ ਨੇੜੇ ਮੋਟਰਸਾਈਕਲ ਸਵਾਰ ਲੁਟੇਰੇ ਨੇ ਇਕ ਪੈਦਲ ਜਾ ਰਹੀ ਔਰਤ ਤੋਂ ਉਸ ਦਾ ਪਰਸ ਝਪਟਿਆ ਅਤੇ ਫਰਾਰ ਹੋ ਗਿਆ। ਔਰਤ ਨੇ ਦੱਸਿਆ ਕਿ ਪਰਸ ਵਿੱਚ 2000 ਰੁਪਏ ਨਗਦ ਅਤੇ ਹੋਰ ਸਮਾਨ ਸੀ। ਥਾਣਾ ਫਿਲੌਰ ਨੂੰ ਸੂਚਿਤ ਕੀਤਾ ਗਿਆ ਹੈ। ਦੂਜੀ ਘਟਨਾ ਨੂਰਮਹਿਲ ਰੋਡ ਫਿਲੌਰ ਵਿਖੇ ਵਾਪਰੀ ਜਦੋਂ ਮੂੰਗਫਲੀ ਵੇਚਣ ਵਾਲੇ ਪ੍ਰਵਾਸੀ ਮਜ਼ਦੂਰ ਰਮਨ ਕੋਲੋਂ ਉਸ ਦਾ ਮੋਬਾਇਲ ਖੋਹ ਕੇ ਮੋਟਰਸਾਈਕਲ ਸਵਾਰ ਫਰਾਰ ਹੋ ਗਿਆ। ਰਮਨ ਨੇ ਦੱਸਿਆ ਕਿ ਉਸ ਦਾ ਪਿੱਛਾ ਵੀ ਕੀਤਾ ਪਰ ਉਹ ਹੱਥ ਨਹੀਂ ਲੱਗਾ। ਮੋਬਾਇਲ ਫੋਨ ਦੀ ਕੀਮਤ 11 ਹਜ਼ਾਰ ਰੁਪਏ ਦੱਸੀ ਜਾ ਰਹੀ ਹੈ। ਫਿਲੌਰ ਪੁਲਸ ਸੀ ਸੀਟੀ ਵੀ ਕੈਮਰੇ ਚੈੱਕ ਕਰ ਰਹੀ ਹੈ।

## ਜਥੇਦਾਰ ਬ੍ਰਹਮਪੁਰਾ ਦੇ ਅਕਾਲ ਚਲਾਣੇ 'ਤੇ ਯੂਥ ਆਗੂ ਹੇੜੀਆ ਵੱਲੋਂ ਦੁੱਖ ਪ੍ਰਗਟ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** : ਪਿੰਡ ਹੇੜੀਆ ਵਿਖੇ ਜਸਵੀਰ ਸਿੰਘ ਹੇੜੀਆ ਦੀ ਅਗਵਾਈ ਹੇਠ ਇੱਕ ਸੋਗ ਸਭਾ ਸੱਦੀ ਗਈ। ਇਸ ਮੌਕੇ ਯੂਥ ਅਕਾਲੀ ਆਗੂ ਜਸਵੀਰ ਸਿੰਘ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਦੇ ਅਚਾਨਕ ਦੇਹਾਂਤ 'ਤੇ ਸ਼੍ਰੋਮਣੀ ਅਕਾਲੀ ਦਲ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਨ੍ਹਾ ਕਿਹਾ ਕਿ ਹਲਕਾ ਚੱਬੇਵਾਲ ਦੇ ਸਮੂਹ ਅਕਾਲੀ ਵਰਕਰਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਜਸਵੀਰ ਸਿੰਘ ਨੇ ਕਿਹਾ ਕਿ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਦਾ ਅਕਾਲ ਚਲਾਣਾ ਸਮੁੱਚੇ ਸ਼੍ਰੋਮਣੀ ਅਕਾਲੀ ਦਲ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਜਥੇਦਾਰ ਸਾਬ੍ਹ ਨਿਰੰਤਰ ਤਾਕਤ ਅਤੇ ਪ੍ਰੇਰਨਾ ਦੇ ਸਰੋਤ ਸਨ। ਉਨ੍ਹਾ ਦੀ ਘਾਟ ਦਾ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ। ਮੈਂ ਇਸ ਦੁਖਦਾਈ ਮੌਕੇ ਉਨ੍ਹਾ ਦੇ ਪੂਰੇ ਪਰਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕਰਦਾ ਹਾਂ।

## ਪੁਲਸ ਲਾਈਨ ਚੌਕ 'ਤੇ ਹੋਇਆ ਹਾਦਸਾ

**ਕਪੂਰਥਲਾ ( ਰਵਿੰਦਰ ਸਿੰਘ)** : ਕਪੂਰਥਲਾ ਵਿਖੇ ਪੁਲਸ ਲਾਈਨ ਚੌਕ ਉੱਤੇ ਹੋਈ ਬੱਸ ਤੇ ਕਾਰ ਦੀ ਟੱਕਰ ਹੋ ਗਈ। ਸੜਕ 'ਤੇ ਕਰਾਸਿੰਗ ਕਰਦਿਆਂ ਬੱਸ ਕਾਰ ਦੇ ਪਿਛਲੇ ਹਿੱਸੇ ਵਿੱਚ ਵੱਜੀ । ਬੱਸ ਸਵਾਰੀਆਂ ਨਾਲ ਭਰੀ ਹੋਈ ਸੀ ਅਤੇ ਜਲੰਧਰ ਤੋਂ ਫੈਕਟਰੀ ਲੇਬਰ ਲੈ ਕੇ ਜਾ ਰਹੀ ਸੀ। ਕਾਰ ਇੱਕ ਫੌਜੀ ਚਲਾ ਰਿਹਾ ਸੀ। ਕਾਰ ਦਾ ਪਿਛਲਾ ਹਿੱਸਾ ਸਾਰਾ ਟੁੱਟ ਗਿਆ, ਪਰ ਕਿਸੇ ਨੂੰ ਵੀ ਕੋਈ ਸਰੀਰਕ ਸੱਟ ਨਹੀਂ ਲੱਗੀ। ਮੌਕੇ 'ਤੇ ਪੁਲਸ ਮੌਜੂਦ ਰਹੀ ਅਤੇ ਕਾਰਵਾਈ ਜਾਰੀ ਸੀ।

## ਗੁਰੂ ਹਰਗੋਬਿੰਦ ਨਗਰ 'ਚ ਮਾਸਕ ਰਾਸ਼ਨ ਵੰਡ ਸਮਾਗਮ

**ਫਗਵਾੜਾ (ਡਾ. ਰਮਨ)** ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ 168ਵਾਂ ਮਹੀਨਾਵਾਰ ਰਾਸ਼ਨ ਵੰਡ ਸਮਾਗਮ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਸੰਬੰਧੀ ਸਮਾਗਮ 'ਚ ਬਤੌਰ ਮੁੱਖ ਮੁਹਿਮਾਨ ਸ਼ਾਮਲ ਹੋਏ ਐਨ ਆਰ ਆਈ ਰਮੇਸ਼ ਸ਼ਰਮਾ ਨੇ 56 ਲੋੜਵੰਦ ਪਰਵਾਰਾਂ ਨੂੰ ਇੱਕ ਮਹੀਨੇ ਦਾ ਰਾਸ਼ਨ ਤਕਸੀਮ ਕਰਨ ਉਪਰੰਤ ਬਲੱਡ ਬੈਂਕ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਆਪਣੇ ਤੌਰ 'ਤੇ ਸਮਾਜ ਸੇਵਾ ਕਾਰਜਾਂ 'ਚ ਹਰ ਸੰਭਵ ਸਹਿਯੋਗ ਦੇਣ ਦਾ ਵਾਅਦਾ ਕੀਤਾ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਮਾਸਕ ਰਾਸ਼ਨ ਵੰਡਣ ਦਾ ਇਹ ਸਿਲਸਿਲਾ ਕਰੀਬ ਪੰਦਰਾਂ ਸਾਲਾਂ ਤੋਂ ਲਗਾਤਾਰ ਜਾਰੀ ਹੈ, ਜਿਸ 'ਚ ਸਮਾਜ ਸੇਵਕ ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਜਿੰਦਰ ਸਿੰਘ ਕੋਛੜ (ਖੰਡ ਵਾਲੇ), ਵਿਸ਼ਵਾਮਿੱਤਰ ਸ਼ਰਮਾ, ਰਾਜੀਵ ਕੁਮਰਾ, ਐਨ ਆਰ ਆਈ ਸਤਪਾਲ ਵਰਮਾ, ਹਰਸ਼ ਵੀਰ ਜੀ ਛਾਬੜਾ ਦਾ ਵਡਮੁੱਲਾ ਸਹਿਯੋਗ ਪ੍ਰਾਪਤ ਹੁੰਦਾ ਹੈ। ਇਸ ਮੌਕੇ ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ, ਅਮਰਜੀਤ, ਗੁਲਾਬ ਸਿੰਘ ਠਾਕੁਰ, ਸੁਧਾ ਬੇਦੀ ਆਦਿ ਹਾਜ਼ਰ ਸਨ।

## ਜਥੇਦਾਰ ਕਾਮਰੇਡ ਸਵਰਨ ਸਿੰਘ ਦੀ ਬਰਸੀ 'ਤੇ ਸਮਾਗਮ 20 ਨੂੰ

**ਫਗਵਾੜਾ ( ਜਸਵਿੰਦਰ ਢੱਡਾ )** ਹੁਸ਼ਿਆਰਪੁਰ ਰੋਡ 'ਤੇ ਸਥਿਤ ਪਿੰਡ ਭਬਿਆਣਾ ਵਿਖੇ ਜਥੇਦਾਰ ਕਾਮਰੇਡ ਸਵਰਨ ਸਿੰਘ ਸਾਬਕਾ ਸਰਪੰਚ ਤੇ ਸਾਬਕਾ ਡਾਇਰੈਕਟਰ ਦੀ ਸਾਲਾਨਾ 37ਵੀਂ ਬਰਸੀ ਸੰਬੰਧੀ ਸਮਾਗਮ 20 ਦਸੰਬਰ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਪਾਠ ਦੇ ਭੋਗ ਪਾਏ ਜਾਣਗੇ। ਉਪਰੰਤ ਇਨਕਲਾਬੀ ਨਾਟਕ ਸਵਰਗੀ ਭਾਈ ਮੰਨਾ ਸਿੰਘ ਦੀ ਟੀਮ ਵੱਲੋਂ ਖੇਡਿਆ ਜਾਵੇਗਾ। ਪ੍ਰੈਸ ਨੂੰ ਉਕਤ ਜਾਣਕਾਰੀ ਕਾਮਰੇਡ ਜੋਗਿੰਦਰ ਸਿੰਘ ਸੰਘਾ ਨੇ ਦਿੰਦੇ ਹੋਏ ਸਾਰੀਆਂ ਰਾਜ ਦੀਆਂ ਤੇ ਜ਼ਿਲੇ ਦੀਆਂ ਕਮਿਊਨਿਸਟ ਪਾਰਟੀਆਂ ਨੂੰ ਉਕਤ ਸ਼ਰਧਾਂਜਲੀ ਸਮਾਗਮ 'ਚ ਪਹੁੰਚ ਕੇ ਸ਼ਰਧਾਂਜਲੀਆਂ ਭੇਟ ਕਰਨ ਦਾ ਹਾਰਦਿਕ ਸੱਦਾ ਦਿੱਤਾ ਹੈ।

# ਸ਼ਹੀਦੀ ਪੰਦਰਵਾੜੇ ਤਹਿਤ ਧਾਰਮਿਕ ਸੈਮੀਨਾਰ ਕਰਵਾਇਆ

**ਤਰਨਤਾਰਨ (ਪ੍ਰਿਤਪਾਲ ਸਿੰਘ)**-ਮਾਤਾ ਗੁਜਰ ਕੌਰ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਪੰਦਰਵਾੜਾ ਜਿੱਥੇ ਦੇਸ਼-ਵਿਦੇਸ਼ ਵਿੱਚ ਸਿੱਖ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਉੱਥੇ ਚੀਫ ਖਾਲਸਾ ਦੀਵਾਨ ਦੀ ਲੜੀ ਤਹਿਤ ਰੱਖੇ ਪ੍ਰੋਗਰਾਮ ਵਿਚ ਅੱਜ ਚੀਫ ਖਾਲਸਾ ਦੀਵਾਨ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੀ ਜ਼ਿਲ੍ਹੇ ਦੀ ਨਾਮਵਰ ਸੰਸਥਾ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਤਰਨ ਤਾਰਨ ਵਿਖੇ ਧਾਰਮਿਕ ਸੈਮੀਨਾਰ ਕਰਵਾਇਆ ਗਿਆ।

ਇਸ ਮੌਕੇ ਕੌਮ ਦੀ ਮਹਾਨ ਸ਼ਖ਼ਸੀਅਤ ਅਜੀਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਚੀਫ ਖਾਲਸਾ ਦੀਵਾਨ ਦੇ ਮੈਂਬਰ ਨੇ ਵਿਦਿਆਰਥੀਆਂ ਨੂੰ ਮਾਤਾ ਗੁਜਰ ਕੌਰ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਉਨ੍ਹਾਂ ਦੁਆਰਾ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਨ੍ਹਾਂ ਤੋਂ ਬਾਅਦ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਝਬਾਲ ਦੇ ਧਾਰਮਿਕ ਅਧਿਆਪਕ ਹਰਪਾਲ ਸਿੰਘ ਨੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ। ਸਥਾਨਕ ਸਕੂਲ ਦੇ ਧਾਰਮਿਕ ਅਧਿਆਪਕ ਜਗਦੀਪ ਸਿੰਘ ਨੇ ਵੀ ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਬਾਰੇ ਧਾਰਮਿਕ ਲੈਕਚਰ ਦੇ ਕੇ ਸਹੀ ਰਸਤੇ ਤੇ ਚੱਲਣ ਲਈ ਪ੍ਰੇਰਿਤ ਕੀਤਾ। ਚੀਫ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ ਚੀਫ ਖਾਲਸਾ ਦੀਵਾਨ ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਵਿੰਦਰ ਸਿੰਘ ਨੇ ਇਸ ਸੈਮੀਨਾਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਾਨੂੰ ਇਹੋ ਜਿਹੇ ਉਪਰਾਲੇ ਸਮੇਂ-ਸਮੇਂ ਸਿਰ ਕਰਵਾਉਣੇ ਚਾਹੀਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਧਰਮ ਦੀ ਰਾਹ 'ਤੇ ਚੱਲਦਿਆਂ ਆਪਣੀ ਜ਼ਿੰਦਗੀ ਵਿੱਚ ਸ਼ਾਂਤੀ, ਨਿਮਰਤਾ ਅਤੇ ਸੇਵਾ ਭਾਵਨਾ ਬਣਾਈ ਰੱਖਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਪ੍ਰਿੰਸੀਪਲ ਰਣਜੀਤ ਸਿੰਘ ਨੇ ਕਿਹਾ ਕਿ ਸਾਨੂੰ ਗੁਰੂ ਤੇਗ ਬਹਾਦਰ ਜੀ ਦੇ ਸਮੁੱਚੇ ਪਰਿਵਾਰ ਦੀ ਲਾਸਾਨੀ ਸ਼ਹਾਦਤ ਅਤੇ ਸਿਦਕ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਕੇਸਾਂ ਅਤੇ ਦਸਤਾਰ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਭਵਿੱਖ ਵਿੱਚ ਸਾਬਤ ਸੂਰਤ ਰਹਿਣ ਲਈ ਪ੍ਰੇਰਿਤ ਕੀਤਾ। ਸਮਾਗਮ ਦੇ ਅੰਤ ਵਿੱਚ ਆਈਆਂ ਹੋਈਆਂ ਦੋਵਾਂ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।

# 27ਵਾਂ ਹੈੱਡਮਾਸਟਰ ਤੇਜਾ ਸਿੰਘ ਬੋਪਾਰਾਏ ਯਾਦਗਾਰੀ ਤਿੰਨ ਰੋਜ਼ਾ ਹਾਕੀ ਟੂਰਨਾਮੈਂਟ

## ਅਬਦਾਲ ਕਲੱਬ ਪਹਿਲੇ ਤੇ ਬੁਰਜ ਸਾਹਿਬ ਸਕੂਲ ਦੀ ਟੀਮ ਦੂਜੇ ਸਥਾਨ 'ਤੇ ਰਹੀ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ੍ਰੀ ਗੁਰੂ ਅਰਜਨ ਦੇਵ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਬੁਰਜ ਸਾਹਿਬ) ਧਾਰੀਵਾਲ ਵਿਖੇ 27ਵਾਂ ਹੈੱਡਮਾਸਟਰ ਤੇਜਾ ਸਿੰਘ ਬੋਪਾਰਾਏ ਯਾਦਗਾਰੀ ਤਿੰਨ ਰੋਜ਼ਾ ਹਾਕੀ ਟੂਰਨਾਮੈਂਟ ਕਰਵਾਇਆ ਗਿਆ। ਟੂਰਨਾਮੈਂਟ ਦਾ ਪਹਿਲੇ ਦਿਨ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਹਾਕੀ ਓਲੰਪੀਅਨ ਗੁਰਵਿੰਦਰ ਸਿੰਘ ਚਾਂਦੀ (ਡੀ.ਐੱਸ.ਪੀ. ਕਲਾਨੌਰ) ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਗੁਰਦਾਸਪੁਰ ਹਰਪਾਲ ਸਿੰਘ ਸੰਧਾਵਾਲੀਆਂ ਦੁਆਰਾ ਕੀਤਾ ਗਿਆ। ਟੂਰਨਾਮੈਂਟ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਤੋਂ ਪਹੁੰਚੀਆਂ ਹਾਕੀ ਦੀਆਂ ਕੁੱਲ 12 ਟੀਮਾਂ ਨੇ ਭਾਗ ਲਿਆ। ਪਹਿਲੇ ਦਿਨ ਬੁਰਜ ਸਾਹਿਬ ਸਕੂਲ ਦੀ ਹਾਕੀ ਟੀਮ ਨੇ ਪਠਾਨਕੋਟ ਦੀ ਹਾਕੀ ਟੀਮ ਨੂੰ 4-1 ਦੇ ਫਰਕ ਨਾਲ ਹਰਾ ਕੇ ਜਿੱਤ ਹਾਸਲ ਕੀਤੀ। ਟੂਰਨਾਮੈਂਟ ਦੇ ਦੂਜੇ ਦਿਨ ਮੁੱਖ ਮਹਿਮਾਨ ਵਜੋਂ ਉਘੇ ਸਮਾਜਸੇਵੀ ਤੇ ਵਾਤਾਵਰਨ ਪ੍ਰੇਮੀ ਡਾਕਟਰ ਕਮਲਜੀਤ ਸਿੰਘ ਕੇ. ਜੇ. ਸ਼ਾਮਲ ਹੋਏ। ਟੂਰਨਾਮੈਂਟ ਦੇ ਤੀਜੇ ਤੇ ਆਖਰੀ ਦਿਨ ਸ੍ਰੀ ਗੁਰੂ ਅਰਜਨ ਦੇਵ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਬੁਰਜ ਸਾਹਿਬ) ਧਾਰੀਵਾਲ ਦੇ ਪ੍ਰਿੰਸੀਪਲ ਅਨੂਪ ਸਿੰਘ ਦੇ ਪਿਤਾ ਮੱਖਣ ਸਿੰਘ ਦੀ ਅਚਾਨਕ ਮੌਤ ਹੋ ਜਾਣ ਦੀ ਖਬਰ ਮਿਲਣ ਕਾਰਨ ਇਹ ਤਿੰਨ ਰੋਜ਼ਾ ਹਾਕੀ ਟੂਰਨਾਮੈਂਟ ਦਾ ਸਮਾਪਤੀ ਸਮਾਗਮ ਸਾਦੇ ਢੰਗ ਨਾਲ ਹੋਇਆ। ਸਮਾਗਮ ਦੌਰਾਨ ਹਾਜਰ ਸ਼ਖ਼ਸੀਅਤਾਂ ਵੱਲੋਂ ਪ੍ਰਿੰਸੀਪਲ ਅਨੂਪ ਸਿੰਘ ਦੇ ਪਿਤਾ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਸਮੂਹ ਹਾਜ਼ਰੀਨ ਵੱਲੋਂ ਦੋ ਮਿੰਟ ਦਾ ਮੋਨ ਧਾਰ ਕੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਮੁੱਖ ਮਹਿਮਾਨ ਸ਼ਾਮਲ ਹੋਏ। ਫਾਈਨਲ ਮੁਕਾਬਲੇ ਵਿੱਚ ਅਬਦਾਲ ਕਲੱਬ ਦੀ ਹਾਕੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਬੁਰਜ ਸਾਹਿਬ ਸਕੂਲ ਦੀ ਟੀਮ ਦੂਜੇ ਸਥਾਨ 'ਤੇ ਰਹੀ। ਜੇਤੂ ਟੀਮਾਂ ਨੂੰ ਮੁੱਖ ਮਹਿਮਾਨ ਐਡਵੋਕੇਟ ਸੇਖਵਾਂ ਅਤੇ ਪ੍ਰਬੰਧਕਾਂ ਟਰਾਫੀ ਅਤੇ ਟਰੈਕ ਸੂਟ ਦਿੱਤੇ ਗਏ। ਸਮਾਗਮ 'ਚ ਸਕੂਲ ਮੈਨੇਜਮੈਂਟ ਕਮੇਟੀ ਦੇ ਕਰਨਲ ਮੁਖਵਿੰਦਰਜੀਤ ਸਿੰਘ ਗਿੱਲ, ਵਾਈਸ ਪ੍ਰਧਾਨ ਮੇਜਰ ਜਨਰਲ ਹਰਿੰਦਰ ਸਿੰਘ ਬੋਪਾਰਾਏ, ਵਾਈਸ ਪ੍ਰਿੰਸੀਪਲ ਦਲਜੀਤ ਸਿੰਘ ਖੁੰਡਾ, ਨਵਜੋਤ ਕੌਰ ਢਿੱਲੋਂ, ਜਸਬੀਰ ਕੌਰ, ਸੁਖਰਾਜ ਕੌਰ, ਮਨਜਿੰਦਰ ਸਿੰਘ ਬੋਪਾਰਾਏ, ਹਾਕੀ ਕੋਚ ਤਰਸੇਮ ਸਿੰਘ ਚਾਹਲ, ਹਰਨੇਕ ਸਿੰਘ ਚਾਹਲ, ਗੁਰਅੰਮ੍ਰਿਤਪਾਲ ਸਿੰਘ ਖੁੰਡਾ, ਮਨੋਜ ਕੁਮਾਰ, ਜ਼ਿਲ੍ਹੇਦਾਰ ਗੁਰਬਚਨ ਸਿੰਘ, ਦਲਜੀਤ ਸਿੰਘ ਪੀਏ, ਬਲਦੇਵ ਸਿੰਘ ਨਿਮਾਣਾ ਆਦਿ ਵੀ ਹਾਜ਼ਰ ਸਨ।

## ਜਮਹੂਰੀ ਕਿਸਾਨ ਸਭਾ ਦੀ ਤਹਿਸੀਲ ਪੱਧਰੀ ਜਥੇਬੰਦਕ ਕਾਨਫਰੰਸ 18 ਜਨਵਰੀ ਨੂੰ : ਕਾਮਰੇਡ ਕੁਲਦੀਪ

**ਫਿਲੌਰ (ਨਿਰਮਲ)** ਜਮਹੂਰੀ ਕਿਸਾਨ ਸਭਾ ਦੀ ਤਹਿਸੀਲ ਪੱਧਰੀ ਜਥੇਬੰਦਕ ਕਾਨਫਰੰਸ 18 ਜਨਵਰੀ ਨੂੰ ਪਿੰਡ ਰੁੜਕੀ 'ਚ ਕਰਵਾਈ ਜਾਵੇਗੀ। ਇਹ ਫੈਸਲਾ ਅੱਜ ਤਹਿਸੀਲ ਪ੍ਰਧਾਨ ਕੁਲਦੀਪ ਫਿਲੌਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ 'ਚ ਕੀਤਾ ਗਿਆ। ਸਭਾ ਦੇ ਤਹਿਸੀਲ ਸਕੱਤਰ ਸਰਬਜੀਤ ਸੰਗੋਵਾਲ ਨੇ ਦੱਸਿਆ ਕਿ ਦਿੱਲੀ ਅੰਦੋਲਨ ਦੇ ਸਾਲ ਬੀਤਣ ਉਪਰੰਤ ਵੀ ਮੋਦੀ ਸਰਕਾਰ ਕੀਤੇ ਵਾਅਦੇ ਤੋਂ ਮੁੱਕਰ ਗਈ ਹੈ। ਇਸ ਘੋਲ ਦੇ ਅਗਲੇ ਪੜਾਅ ਦੀ ਰੂਪ ਰੇਖਾ ਤੈਅ ਕਰਨ ਲਈ ਇਸ ਜਥੇਬੰਦਕ ਕਾਨਫਰੰਸ 'ਚ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਇਸ ਨੂੰ ਸਭਾ ਦੇ ਸੂਬਾ ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ ਸੰਬੋਧਨ ਕਰਨਗੇ। ਸੰਗੋਵਾਲ ਨੇ ਦੱਸਿਆ ਕਿ ਇਸ ਦੌਰਾਨ ਤਹਿਸੀਲ ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਜਾਵੇਗੀ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਖਜ਼ਾਨਚੀ ਜਸਵਿੰਦਰ ਸਿੰਘ ਢੇਸੀ ਨੇ ਦੱਸਿਆ ਕਿ ਜਮਹੂਰੀ ਕਿਸਾਨ ਸਭਾ ਦੀ ਸੂਬਾ ਕਾਨਫਰੰਸ ਫਰਵਰੀ ਮਹੀਨੇ 'ਚ ਲੁਧਿਆਣਾ 'ਚ ਹੋਵੇਗੀ। ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ ਨੇ ਕਿਹਾ ਕਿ ਪਿੰਡਾਂ 'ਚ ਮੀਟਿੰਗਾਂ ਕਰਕੇ ਇਕਾਈਆਂ ਸਥਾਪਤ ਕੀਤੀਆਂ ਜਾਣਗੀਆਂ। ਇਸ ਮੀਟਿੰਗ 'ਚ ਹਰਦੇਵ ਸਿੰਘ ਸੰਧੂ, ਗੁਰਜੀਤ ਜੀਤਾ, ਪਰਮਜੀਤ ਬੋਪਾਰਾਏ, ਤਰਜਿੰਦਰ ਸਿੰਘ ਧਾਰੀਵਾਲ, ਕੁਲਵੰਤ ਸਿੰਘ ਖਹਿਰਾ, ਬਲਕੌਰ ਸਿੰਘ, ਨਿਰਮਲ ਸਿੰਘ ਸੰਗੋਵਾਲ ਆਦਿ ਉਚੇਚੇ ਤੌਰ 'ਤੇ ਹਾਜ਼ਰ ਸਨ।

# ਪਿਪਸ ਦੇ ਵਿਦਿਆਰਥੀ ਗੁਰਵੀਰ ਸਿੰਘ ਨੇ ਖੇਡਾਂ 'ਚ ਜਿੱਤਿਆ ਚਾਂਦੀ ਦਾ ਤਮਗਾ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਪੰਜਾਬ ਇੰਟਰਨੈਸ਼ਨਲ ਪਬਲਿਕ ਸਕੂਲ ਪਿੱਪਲ ਮਾਜਰਾ ਸ੍ਰੀ ਚਮਕੌਰ ਸਾਹਿਬ ਦੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਗੁਰਵੀਰ ਸਿੰਘ ਨੇ ਰਾਜ ਪੱਧਰੀ ਖੇਡਾਂ ਵਿੱਚ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਅਨੁਰਾਧਾ ਧੀਮਾਨ ਨੇ ਦੱਸਿਆ ਕਿ ਸਕੂਲ ਰਾਜ ਪੱਧਰੀ ਅਥਲੈਟਿਕਸ ਖੇਡਾਂ ਜੋ ਕਿ ਸੰਗਰੂਰ ਵਿਖੇ ਹੋਈਆਂ, 'ਚ ਪਿਪਸ ਦੇ ਵਿਦਿਆਰਥੀ ਗੁਰਵੀਰ ਸਿੰਘ ਨੇ ਹੈਮਰ ਥਰੋ 'ਚ ਸਿਲਵਰ ਮੈਡਲ ਹਾਸਲ ਕੀਤਾ। ਸਕੂਲ ਦੇ ਪ੍ਰਧਾਨ ਗੁਰਦੇਵ ਸਿੰਘ ਅਟਵਾਲ ਅਤੇ ਡਾਇਰੈਕਟਰ ਮੈਡਮ ਸਿੰਦਰਪਾਲ ਕੌਰ ਅਟਵਾਲ ਨੇ ਵਿਦਿਆਰਥੀ ਗੁਰਵੀਰ ਸਿੰਘ ਨੂੰ ਉਸ ਦੀ ਸਫਲਤਾ 'ਤੇ ਵਧਾਈ ਦਿੱਤੀ। ਇਸ ਮੌਕੇ ਸਕੂਲ ਦੇ ਮੈਨੇਜਰ ਮੈਡਮ ਪ੍ਰੀਤਪਾਲ ਕੌਰ ਅਟਵਾਲ, ਪ੍ਰਬੰਧਕ ਸੁਰਜੀਤ ਸਿੰਘ, ਸਰਬਜੀਤ ਸਿੰਘ, ਹਰਪ੍ਰੀਤ ਸਿੰਘ ਡੀ ਪੀ ਈ, ਨਿਰਮਲਜੀਤ ਸਿੰਘ ਡੀ ਪੀ ਈ, ਮੈਡਮ ਸੁਨੀਤਾ ਸ਼ਰਮਾ ਡੀ ਪੀ ਈ ਅਤੇ ਸਮੂਹ ਸਟਾਫ ਹਾਜ਼ਰ ਸੀ।

# ਕਿਸਾਨਾਂ ਨੂੰ ਵਧੀਆ ਕੁਆਲਿਟੀ ਦੀ ਖੇਤੀ ਸਮੱਗਰੀ ਲਈ ਡੀਲਰਾਂ ਦੀ ਚੈਕਿੰਗ ਅਤੇ ਸੈਂਪਲਿੰਗ : ਜਸਵੰਤ ਸਿੰਘ



**ਕੁਰਾਲੀ (ਮੋਹਨ ਅੱਗਰਵਾਲ ਜੋਗਾ)** : ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਦੇ ਹੁਕਮਾਂ ਤਹਿਤ ਜਸਵੰਤ ਸਿੰਘ ਸੰਯੁਕਤ ਡਾਇਰੈਕਟਰ ਦੀ ਅਗਵਾਈ ਹੇਠ ਐਸ ਏ ਐਸ ਨਗਰ ਜ਼ਿਲ੍ਹੇ 'ਚ ਖਾਦ,ਬੀਜ ਅਤੇ ਕੀਟਨਾਸ਼ਕ ਦਵਾਈਆਂ ਦੇ ਡੀਲਰਾਂ ਦੀ ਚੈਕਿੰਗ ਅਤੇ ਸੈਂਪਲਿੰਗ ਕੀਤੀ ਗਈ। ਚੈਕਿੰਗ ਕਰਦਿਆਂ ਜਸਵੰਤ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਵਧੀਆ ਕੁਆਲਿਟੀ ਦੇ ਖਾਦ, ਬੀਜ ਅਤੇ ਕੀਟਨਾਸ਼ਕ ਦਵਾਈਆ ਉਪਲਬਧ ਕਰਵਾਉਣ ਲਈ ਐਸ ਏ ਐਸ ਨਗਰ ਜ਼ਿਲੇ ਦੇ ਬਲਾਕ ਮਾਜਰੀ,ਖਰੜ ਅਤੇ ਡੇਰਾਬੱਸੀ 'ਚ ਅਧਿਕਾਰੀਆਂ ਦੀਆਂ ਟੀਮਾਂ ਬਣਾ ਕੇ ਡੀਲਰਾਂ ਦੀ ਚੈਕਿੰਗ ਅਤੇ ਸੈਂਪਲਿੰਗ ਕੀਤੀ ਜਾ ਰਹੀ ਹੈ। ਇਸ ਚੈਕਿੰਗ ਦੌਰਾਨ ਡੀਲਰਾਂ ਦੇ ਲਾਇਸੈਂਸ, ਅਡੀਸ਼ਨਾਂ,ਸਟਾਕ ਰਜਿਸਟਰ, ਬਿੱਲ ਅਤੇ ਖਾਦਾਂ ਦਾ ਸਟਾਕ ਪੀ ਓ ਐਸ ਮਸ਼ੀਨ ਅਨੁਸਾਰ ਚੈਕ ਕੀਤਾ ਜਾ ਰਿਹਾ ਹੈ ਅਤੇ ਸੈਂਪਲ ਭਰੇ ਜਾ ਰਹੇ ਹਨ। ਇਸ ਮੌਕੇ ਉਨ੍ਹਾ ਡੀਲਰਾਂ ਨੂੰ ਹਦਾਇਤ ਕੀਤੀ ਕਿ ਕੋਈ ਵੀ ਖੇਤੀ ਸਮੱਗਰੀ ਬਿਨਾਂ ਅਡੀਸ਼ਨ ਅਤੇ ਬਿੱਲ ਤੋਂ ਵਗੈਰ ਨਾ ਰੱਖੀ/ਵੇਚੀ ਜਾਵੇ ਅਤੇ ਸਾਰੇ ਕਾਗਜ਼ਾਤ ਮੁਕੰਮਲ ਰੱਖੇ ਜਾਣ। ਇਸ ਮੌਕੇ ਉਨ੍ਹਾ ਹਾਜ਼ਰ ਕਿਸਾਨਾਂ ਨੂੰ ਕਿਹਾ ਕਿ ਵਿਭਾਗ ਨਾਲ ਤਾਲਮੇਲ ਰੱਖਿਆ ਜਾਵੇ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਬਚਨ ਸਿੰਘ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਦੌਰਾਨ ਖਾਦਾਂ ਦੇ 5 ਅਤੇ ਕੀਟਨਾਸ਼ਕ ਦਵਾਈਆਂ ਦੇ 8 ਸੈਂਪਲ ਭਰੇ ਗਏ ਹਨ। ਇਸ ਮੌਕੇ ਡਾ. ਸੰਦੀਪ ਕੁਮਾਰ ਏ ਓ ਖਰੜ,ਡਾ. ਗੁਰਪ੍ਰੀਤ ਸਿੰਘ ਏ ਡੀ ਓ ਮਾਜਰੀ,ਡਾ. ਬੂਟਾ ਸਿੰਘ ਏ ਡੀ ਓ, ਡਾ ਮਨਦੀਪ ਕੌਰ ਏ ਡੀ ਓ ਖਰੜ, ਡਾ. ਨਵਦੀਪ ਸਿੰਘ ਏ ਡੀ ਓ ਡੇਰਾਬੱਸੀ,ਡਾ. ਸੋਨੀਆ ਪਰਾਸ਼ਰ ਏ ਈ ਓ ਆਦਿ ਹਾਜ਼ਰ ਸਨ।

# ਨੇਤਰਹੀਣ ਖਿਡਾਰੀਆਂ ਦਾ ਕ੍ਰਿਕਟ ਮੈਚ ਸ਼ਾਨੋ-ਸ਼ੌਕਤ ਨਾਲ ਸਮਾਪਤ



**ਹੁਸ਼ਿਆਰਪੁਰ/ਮੇਹਟੀਆਣਾ (ਬਲਵੀਰ ਸਿੰਘ ਸੈਣੀ, ਜਗਤਾਰ ਸਿੰਘ ਭੁੰਗਰਨੀ)** : ਨੇਤਰਹੀਣ ਖਿਡਾਰੀਆਂ ਦਾ ਹੁਸ਼ਿਆਰਪੁਰ 'ਚ ਪਹਿਲਾ ਟੀ-20 ਕ੍ਰਿਕਟ ਮੈਚ ਰਿਆਤ ਬਾਹਰਾ ਇੰਸਟੀਚਿਊਟ ਹੁਸ਼ਿਆਰਪੁਰ ਵਿਖੇ ਨਵੀਆਂ ਪੈੜਾਂ ਉਲੀਕਦਾ ਹੋਇਆ ਸਮਾਪਤ ਹੋਇਆ, ਜਿਸ 'ਚ ਵਾਈਟ ਪੰਜਾਬ ਟੀਮ ਜੇਤੂ ਰਹੀ। ਡਿਸਏਬਿਲਡ ਪਰਸਨਜ਼ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਅਤੇ ਬਲਾਈਂਡ ਹੈਂਡੀਕੈਪਡ ਡਿਵੈਲਪਮੈਂਟ ਸੁਸਾਇਟੀ ਮਾਹਿਲਪੁਰ ਵੱਲੋਂ ਰਿਆਤ ਬਾਹਰਾ ਇੰਸਟੀਚਿਊਟ ਵਿਖੇ ਕਰਵਾਏ ਗਏ ਨੇਤਰਹੀਣ ਖਿਡਾਰੀਆਂ ਦੇ ਟੀ-20 ਕ੍ਰਿਕਟ ਮੈਚ ਦਾ ਉਦਘਾਟਨ ਜ਼ਿਲ੍ਹਾ ਸਿਹਤ ਅਫਸਰ ਡਾ. ਲਖਵੀਰ ਸਿੰਘ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਿਸਏਬਿਲਡ ਪਰਸਨਜ਼ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਦੇ ਪ੍ਰਧਾਨ ਸੰਦੀਪ ਸਰਮਾ ਅਤੇ ਜਨਰਲ ਸਕੱਤਰ ਜਸਵਿੰਦਰ ਸਿੰਘ ਸਹੋਤਾ ਨੇ ਦੱਸਿਆ ਕਿ ਇਸ ਕ੍ਰਿਕਟ ਮੈਚ 'ਚ ਵਾਈਟ ਪੰਜਾਬ ਅਤੇ ਗਰੀਨ ਪੰਜਾਬ ਟੀਮਾਂ ਨੇ ਹਿੱਸਾ ਲਿਆ। ਮੈਚ ਚ ਵਾਈਟ ਪੰਜਾਬ ਜੇਤੂ ਰਹੀ। ਮੈਨ ਆਫ ਦਾ ਮੈਚ ਨਿਤਨ ਨੂੰ ਦਿੱਤਾ ਗਿਆ। ਇਸ ਮੌਕੇ ਡਾ. ਚੰਦਰ ਮੋਹਨ ਡਾਇਰੈਕਟਰ ਰਿਆਤ ਬਾਹਰਾ ਇੰਸਟੀਚਿਊਟ ਹੁਸ਼ਿਆਰਪੁਰ ਨੇ ਖਿਡਾਰੀਆਂ ਨੂੰ ਇਨਾਮ ਤਕਸੀਮ ਕੀਤੇ। ਇਨਾਮ ਵੰਡ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਡਾ. ਚੰਦਰ ਮੋਹਨ ਡਾਇਰੈਕਟਰ ਨੇ ਕਿਹਾ ਕਿ ਸਰੀਰਕ ਤੌਰ 'ਤੇ ਚਣੌਤੀਗ੍ਰਸਤ ਬੱਚਿਆਂ ਨੂੰ ਸਮਾਜ 'ਚ ਸਥਾਪਤ ਕਰਨ ਲਈ ਵੱਧ ਤੋਂ ਵੱਧ ਯਤਨ ਕਰਨੇ ਚਾਹੀਦੇ ਹਨ। ਨੇਤਰਹੀਣ ਬੱਚਿਆਂ ਦਾ ਟੀ-20 ਕ੍ਰਿਕਟ ਮੈਚ ਕਰਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਇਸ ਮੌਕੇ ਸੰਜੀਵ ਗੌਤਮ ਜ਼ਿਲ੍ਹਾ ਸਿੱਖਿਆ ਅਫਸਰ (ਪ੍ਰਾ) ਨੇ ਆਏ ਪਤਵੰਤੇ ਸੱਜਣਾਂ ਨੂੰ ਸਨਮਾਨਤ ਕੀਤਾ। ਸਰਕਾਰੀ ਸਕੂਲ ਪੰਡੋਰੀ ਬੀਬੀ, ਪਿੱਪਲਾਂਵਾਲਾ, ਸ਼ੇਰਗੜ੍ਹ, ਆਸ਼ਾ ਕਿਰਨ ਸਕੂਲ ਜਹਾਨ ਖੇਲਾਂ, ਆਤਮ ਸੁੱਖ ਸਕੂਲ ਕਣਕ ਮੰਡੀ ਦੇ ਚਣੌਤੀਗ੍ਰਸਤ ਬੱਚਿਆਂ ਨੇ ਵੱਖਾਂ-ਵੱਖ ਆਈਟਮਾਂ ਪੇਸ ਕੀਤੀਆਂ। ਟ੍ਰਿਪਲ ਐਮ ਸਕੂਲ ਹੁਸ਼ਿਆਰਪੁਰ ਵੱਲੋਂ ਖਿਡਾਰੀਆਂ ਨੂੰ ਟ੍ਰੈਕ ਸੂਟ ਦਿੱਤੇ ਗਏ। ਇਸ ਮੌਕੇ ਲੋੜਵੰਦ ਦਿਵਿਆਂਗਾਂ ਨੂੰ ਵ੍ਹੀਲ ਚੇਅਰਜ਼ ਦਿੱਤੀਆਂ ਗਈਆਂ। ਯੂ ਡੀ ਆਈ ਡੀ ਕਾਰਡ ਬਣਾਉਣ ਵਾਲੇ 4 ਕਰਮਚਾਰੀਆਂ ਨੂੰ ਸਨਮਾਨਤ ਕੀਤਾ ਗਿਆ। ਜ਼ਿਲ੍ਹੇ 'ਚ ਦਿਵਿਆਂਗ ਬੱਚਿਆਂ ਨੂੰ ਪੜ੍ਹਾ ਰਹੇ ਸਪੈਸ਼ਲ ਟੀਚਰਜ਼ ਨੂੰ ਸੰਸਥਾ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਰਿਟਾਇਰਡ ਦੀ ਐਸ ਐਸ ਓ ਮੁਕੇਸ਼ ਗੌਤਮ ਵਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਬਲਾਈਂਡ ਹੈਂਡੀਕੈਪਡ ਡਿਵੈਲਪਮੈਂਟ ਸੁਸਾਇਟੀ ਮਾਹਿਲਪੁਰ ਦੇ ਪ੍ਰਧਾਨ ਅਤਰ ਸਿੰਘ, ਪ੍ਰੋ. ਪੂਜਾ ਵਸ਼ਿਸ਼ਟ, ਡਿਪਟੀ ਡੀ ਈ ਓ ਸੁਖਵਿੰਦਰ ਸਿੰਘ, ਡਾ. ਸੰਦੀਪ, ਸੁਪਰਡੈਂਟ ਈ ਐਸ ਆਈ ਸੰਜੇ, ਸੀ ਡੀ ਪੀ ਓ ਮੰਜੂ ਬਾਲਾ, ਸੁਪਰਵਾਈਜ਼ਰ ਰਵਿੰਦਰ ਕੌਰ, ਪ੍ਰੋ. ਅਮਨ, ਪ੍ਰੋ. ਸੁਖਵਿੰਦਰ ਸਿੰਘ, ਰਾਜ ਕੁਮਾਰ, ਸੁਖਜਿੰਦਰ ਸਿੰਘ, ਰਜੀਵ ਕੁਮਾਰ, ਸਤਨਾਮ ਸਿੰਘ, ਸੰਦੀਪ ਸਹਿਗਲ ਆਦਿ ਸਮੇਤ ਵੱਡੀ ਗਿਣਤੀ ਚੁਣੌਤੀਗ੍ਰਸਤ ਵਿਅਕਤੀ ਅਤੇ ਵਿਦਿਆਰਥੀ ਹਾਜ਼ਰ ਸਨ।

# ਅਗਵਾ ਕੀਤਾ 10 ਸਾਲ ਦਾ ਬੱਚਾ ਪੁਲਸ ਨੇ ਕੀਤਾ ਸੁਰੱਖਿਅਤ ਮਾਪਿਆਂ ਹਵਾਲੇ



**ਫਿਲੌਰ (ਨਿਰਮਲ)** : ਲੁਧਿਆਣਾ ਦੇ ਖੁੱਡ ਮੁਹੱਲਾ ਤੋਂ ਅਗਵਾ ਕੀਤਾ ਗਿਆ 10 ਸਾਲ ਦਾ ਪ੍ਰਦੀਪ ਫਿਲੌਰ ਰੇਲਵੇ ਸਟੇਸ਼ਨ 'ਤੇ ਪੁੱਜ ਗਿਆ। ਟਿਕਟ ਚੈੱਕਰ ਦੀ ਹੁਸ਼ਿਆਰੀ ਕਾਰਨ ਬੱਚਾ ਚੋਰ ਗਰੋਹ ਦੇ ਲੋਕ ਉਸ ਨੂੰ ਸਟੇਸ਼ਨ 'ਤੇ ਛੱਡ ਕੇ ਭੱਜੇ । ਬੱਚੇ ਨੂੰ ਪੁਲਸ ਵਾਲਿਆਂ ਵੱਲੋਂ ਸੁਰੱਖਿਅਤ ਮਾਤਾ-ਪਿਤਾ ਹਵਾਲੇ ਕਰ ਦਿੱਤਾ ਗਿਆ ਹੈ। ਮਿਲੀ ਸੂਚਨਾ ਮੁਤਾਬਕ ਪੂਰੀ ਤਰ੍ਹਾਂ ਹੋਸ਼ 'ਚ ਆਉਣ ਤੋਂ ਬਾਅਦ ਮਾਸੂਮ ਬੱਚੇ ਨੇ ਪੁਲਸ ਨੂੰ ਦੱਸਿਆ ਕਿ ਉਹ ਲੁਧਿਆਣਾ ਖੁੱਡ ਮੁਹੱਲਾ ਦਾ ਰਹਿਣ ਵਾਲਾ ਹੈ।

ਅੱਜ ਸਵੇਰ 9 ਵਜੇ ਉਹ ਆਪਣੇ ਘਰ ਦੇ ਨੇੜੇ ਦੁਕਾਨ 'ਤੇ ਸਮਾਨ ਲੈਣ ਜਾ ਰਿਹਾ ਸੀ ਤਾਂ ਰਸਤੇ 'ਚ ਦੋ ਵਿਅਕਤੀ ਉਸ ਨੂੰ ਮਿਲੇ, ਜਿਨ੍ਹਾਂ ਨੇ ਉਸ ਨੂੰ ਫੜ ਕੇ ਕੁਝ ਸੁੰਘਾਇਆ, ਜਿਸ ਤੋਂ ਬਾਅਦ ਉਹ ਆਪਣੀ ਹੋਸ਼ ਗੁਆ ਬੈਠਾ। ਉਸ ਨੂੰ ਉਕਤ ਵਿਅਕਤੀਆਂ ਨੇ ਇਕ ਬੋਰੀ 'ਚ ਪਾ ਦਿੱਤਾ,ਜਿਸ ਤੋਂ ਬਾਅਦ ਉਸ ਨੂੰ ਕੁਝ ਪਤਾ ਨਹੀਂ ਲੱਗਾ ਕਿ ਉਹ ਉਸ ਨੂੰ ਕਿੱਥੇ ਲੈ ਕੇ ਘੁੰਮਦੇ ਰਹੇ। ਇੱਕ ਘੰਟੇ ਬਾਅਦ ਉਸ ਨੂੰ ਥੋੜ੍ਹੀ ਹੋਸ਼ ਆਈ ਤਾਂ ਬੋਰੀ 'ਚ ਉਸ ਦਾ ਦਮ ਘੁਟਣ ਲੱਗ ਪਿਆ ਤਾਂ ਉਸ ਨੇ ਹੱਥ-ਪੈਰ ਮਾਰਨੇ ਸ਼ੁਰੂ ਕਰ ਦਿੱਤੇ ਤਾਂ ਉਕਤ ਵਿਅਕਤੀਆਂ ਨੇ ਉਸ ਨੂੰ ਬੋਰੀ 'ਚੋਂ ਬਾਹਰ ਕੱਢ ਲਿਆ ਅਤੇ ਫਿਲੌਰ ਰੇਲਵੇ ਸਟੇਸ਼ਨ ਦੇ ਅੰਦਰ ਲੈ ਗਏ, ਜਿਥੇ ਉਹ ਉਸ ਨੂੰ ਟਰੇਨ 'ਚ ਬਿਠਾ ਕੇ ਕਿਸੇ ਦੂਜੇ ਸ਼ਹਿਰ ਲਿਜਾਣ ਦੀ ਤਾਕ 'ਚ ਸਨ ਤਾਂ ਉਸੇ ਸਮੇਂ ਉਥੇ ਟਿਕਟ ਚੈੱਕਰ ਧਰਮ ਰਾਜ ਚੈਕਿੰਗ ਕਰਦਾ ਉਕਤ ਵਿਅਕਤੀਆਂ ਕੋਲ ਪੁੱਜ ਗਿਆ। ਬਦਹਵਾਸ ਖੜ੍ਹੇ ਬੱਚੇ ਨੂੰ ਦੇਖ ਕੇ ਚੈੱਕਰ ਨੂੰ ਸ਼ੱਕ ਹੋਇਆ ਤਾਂ ਉਸ ਨੇ ਜਿਵੇਂ ਹੀ ਉਨ੍ਹਾਂ ਤੋਂ ਪੁੱਛਗਿੱਛ ਕਰਨੀ ਸ਼ੁਰੂ ਕੀਤੀ ਤਾਂ ਉਹ ਬੱਚੇ ਨੂੰ ਉਥੇ ਹੀ ਛੱਡ ਕੇ ਰਫੂਚੱਕਰ ਹੋ ਗਏ, ਜਿਸ ਤੋਂ ਬਾਅਦ ਚੈਕਰ ਨੇ ਰੇਲਵੇ ਪੁਲਸ ਚੌਕੀ ਦੇ ਮੁਲਾਜ਼ਮਾਂ ਨੂੰ ਬੁਲਾ ਕੇ ਬੱਚਾ ਉਨ੍ਹਾਂ ਦੇ ਸਪੁਰਦ ਕਰ ਦਿੱਤਾ। ਪੁਲਸ ਨੇ ਬੱਚੇ ਦੇ ਪਰਵਾਰ ਵਾਲਿਆਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਤੁਰੰਤ ਫਿਲੌਰ ਰੇਲਵੇ ਚੌਕੀ ਆਉਣ ਲਈ ਕਿਹਾ। ਰੇਲਵੇ ਪੁਲਸ ਚੌਕੀ 'ਚ ਬੱਚੇ ਨੂੰ ਸਹੀ ਸਲਾਮਤ ਦੇਖ ਕੇ ਮਾਤਾ-ਪਿਤਾ ਟਿਕਟ ਚੈੱਕਰ ਤੇ ਰੇਲਵੇ ਚੌਕੀ ਮੁਲਾਜ਼ਮਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਆਪਣੇ ਬੱਚੇ ਨੂੰ ਆਪਣੇ ਨਾਲ ਲੁਧਿਆਣਾ ਘਰ ਲੈ ਗਏ।

# ਬੀ ਐੱਸ ਐੱਫ ਦੀ 185 ਬਟਾਲੀਅਨ ਨੇ ਸਕੂਲ 'ਚ ਹਥਿਆਰਾਂ ਦੀ ਪ੍ਰਦਰਸ਼ਨੀ ਲਗਾਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** ਬੀਐੱਸਐੱਫ ਦੀ 185 ਬਟਾਲੀਅਨ ਵੱਲੋਂ ਸ਼ਹੀਦ ਕੰਸ ਰਾਜ ਹਾਈ ਸਕੂਲ ਖਵਾਜਾ ਵਰਦੋਗ ਵਿੱਚ ਦੇਸ਼ ਭਰ ਵਿੱਚ ਚੱਲ ਰਹੇ ਆਜ਼ਾਦੀ ਦੇ 75ਵੇਂ ਅੰਮ੍ਰਿਤ ਮਹਾਉਤਸਵ ਮੌਕੇ ਸਕੂਲ ਦੇ ਬੱਚਿਆਂ ਨੂੰ ਹਥਿਆਰਾਂ ਬਾਰੇ ਜਾਣਕਾਰੀ ਦੇਣ ਲਈ ਹਥਿਆਰਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਮੁੱਖ ਮਹਿਮਾਨ ਵਜੋਂ 185 ਬੀਐੱਸਐੱਫ ਬਟਾਲੀਅਨ ਦੇ ਡਿਪਟੀ ਕਮਾਂਡੈਂਟ ਮਾਥੁਨ ਸਿੰਘ ਨੇ ਬੀਐੱਸਐੱਫ ਜਵਾਨਾਂ ਵੱਲੋਂ ਲਗਾਈ ਗਈ ਹਥਿਆਰਾਂ ਦੀ ਪ੍ਰਦਰਸ਼ਨੀ ਦਾ ਨਿਰੀਖਣ ਕੀਤਾ। ਇਸ ਮੌਕੇ ਬੀਐੱਸਐੱਫ ਅਧਿਕਾਰੀਆਂ ਵੱਲੋਂ ਸਕੂਲ ਦੇ ਬੱਚਿਆਂ ਅਤੇ ਪਿੰਡ ਦੇ ਪਤਵੰਤਿਆਂ ਨੂੰ ਹਥਿਆਰ ਪ੍ਰਦਰਸ਼ਨੀ ਦੌਰਾਨ ਹਥਿਆਰਾ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ ਤੇ ਸਕੂਲ ਦੇ ਬੱਚਿਆਂ ਨੂੰ ਐਜੂਸੈਟ ਰਾਹੀ ਬੀਐੱਸਐੱਫ ਤੇ ਅਧਾਰਿਤ ਡਾਕੂਮੈਂਟਰੀ ਫਿਲਮ ਦਿਖਾਈ ਗਈ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਮੁੱਖ ਮਹਿਮਾਨ ਡਿਪਟੀ ਕਮਾਂਡੈਂਟ ਮਾਥੁਨ ਸਿੰਘ ਨੇ ਕਿਹਾ ਕਿ ਬੀਐੱਸਐੱਫ ਵੱਲੋਂ ਦੇਸ਼ ਭਰ ਵਿੱਚ ਚੱਲ ਰਹੇ ਆਜ਼ਾਦੀ ਦੇ 75ਵੇਂ ਅੰਮ੍ਰਿਤ ਮਹਾਉਤਸਵ ਮੌਕੇ ਸੀਰੀਜ਼ ਆਫ ਪ੍ਰੋਗਰਾਮ ਦੌਰਾਨ ਪਹਿਲਾਂ ਵੀ ਮੋਟਰਸਾਈਕਲ ਤਿਰੰਗਾ ਯਾਤਰਾ, ਸਾਈਕਲ ਰੈਲੀ ਆਦਿ ਕਰਵਾਏ ਗਏ ਹਨ । ਉਸੇ ਤਰ੍ਹਾਂ ਹੀ ਇਹ ਬੀਐੱਸਐੱਫ ਦੀ 185 ਬਟਾਲੀਅਨ ਵੱਲੋਂ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੂੰ ਹਥਿਆਰ ਪ੍ਰਦਰਸ਼ਨੀ ਦੌਰਾਨ ਬੀਐੱਸਐੱਫ ਵੱਲੋਂ ਵਰਤੇ ਜਾਂਦੇ ਹਥਿਆਰਾਂ ਬਾਰੇ ਅਤੇ ਬੀਐੱਸਐੱਫ ਵਿੱਚ ਭਰਤੀ ਹੋਣ ਬਾਰੇ ਵੀ ਜਾਣਕਾਰੀ ਮੁਹੱਈਆ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਬੀਐੱਸਐੱਫ ਵੱਲੋਂ ਅਜਿਹੇ ਪ੍ਰੋਗਰਾਮ ਅਗਾਂਹ ਵੀ ਕਰਵਾਏ ਜਾਣਗੇ। ਇਸ ਮੌਕੇ ਸਕੂਲ ਦੇ ਮੁੱਖ ਅਧਿਆਪਕ ਜਗਦੀਪ ਸਿੰਘ ਨੇ ਬੀਐੱਸਐੱਫ ਦੇ ਅਧਿਕਾਰੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅੱਜ ਬੀਐੱਸਐੱਫ ਦੇ ਜਵਾਨਾ ਨੇ ਸਾਡੇ ਸਕੂਲ ਵਿੱਚ ਆ ਕੇ ਬੱਚਿਆਂ ਨੂੰ ਹਥਿਆਰਾਂ ਬਾਰੇ ਜਾਗਰੂਕ ਕੀਤਾ ਹੈ ਅਤੇ ਬੀਐੱਸਐੱਫ ਅਤੇ ਪੈਰਾ ਮਿਲਟਰੀ ਫੋਰਸ ਵਿੱਚ ਭਰਤੀ ਹੋਣ ਦੇ ਜੋ ਗੁਣ ਸਾਂਝੇ ਕੀਤੇ ਹਨ ਉਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਇਸ ਮੌਕੇ ਬੀਐੱਸਐੱਫ 185 ਬਟਾਲੀਅਨ ਦੇ ਡਿਪਟੀ ਕਮਾਂਡੈਂਟ ਮਾਥੁਨ ਸਿੰਘ, ਟੂ ਆਈ ਡਿਪਟੀ ਕਮਾਂਡੈਂਟ ਮਥਾਨ ਸਿੰਘ 185 ਬਟਾਲੀਅਨ, ਡਿਪਟੀ ਕਮਾਂਡੈਂਟ ਯੂ. ਬੀ. ਦੂਬੇ 64 ਬਟਾਲੀਅਨ ਬੀਐੱਸਐੱਫ, ਅਸਿਸਟੈਂਟ ਕਮਾਂਡੈਂਟ ਧਰਮਿੰਦਰ, ਇੰਸਪੈਕਟਰ ਨੰਦੂ ਨਾਗ, ਇੰਸਪੈਕਟਰ ਸੁਨੀਲ ਮੀਨਾ, ਏ. ਐੱਸ. ਆਈ. ਧਰਮਿੰਦਰ ਜੀਤ ਸਿੰਘ, ਏ. ਐੱਸ. ਆਈ. ਮਦਨ ਸਿੰਘ, ਏ. ਐੱਸ. ਆਈ. ਮਾਲੀ ਰਾਮ ਦੇਵਤ, ਗੁਰਪ੍ਰੀਤ ਡਿਗਰਾ, ਮਹਿਲਾ ਕਾਂਸਟੇਬਲ ਰਵਦੀਪ ਕੌਰ, ਡਿੰਪਲ ਚੌਧਰੀ, ਅਲਕਾ ਕੁਮਾਰੀ, ਪੂਜਾ ਦੇਵੀ, ਭਾਵਨਾ ਪਾਲ, ਮੀਨਾ ਕੁਮਾਰੀ, ਸੁਸ਼ੀਲਾ ਬਿਸਨੋਈ ਤੋਂ ਇਲਾਵਾ ਹੈੱਡਮਾਸਟਰ ਜਗਦੀਪ ਸਿੰਘ, ਗੁਰਵਿੰਦਰ ਸਿੰਘ ਢਿੱਲੋਂ, ਹਰਮਨਬੀਰ ਸਿੰਘ ਸਿੱਧੂ, ਰਾਜੀਵ ਕੁਮਾਰ, ਮੈਡਮ ਜਗਜੀਤ ਕੌਰ, ਰਣਜੀਤ ਕੌਰ, ਸਿਮਰਨਜੀਤ ਕੌਰ, ਕਲਰਕ ਚਰਨਜੀਤ ਕੌਰ, ਮੈਡਮ ਸਪਨਾ, ਸਰਪੰਚ ਗੁਰਦਿਆਲ ਸਿੰਘ, ਰਣਧੀਰ ਸਿੰਘ, ਕੁਲਦੀਪ ਸਿੰਘ, ਸੁੱਖਵਿੰਦਰ ਸਿੰਘ ਮੱਲੀ ਤੋਂ ਇਲਾਵਾ ਬੀਐੱਸਐੱਫ ਦੇ ਅਧਿਕਾਰੀ, ਜਵਾਨ, ਸਕੂਲ ਦੇ ਬੱਚਿਆਂ ਸਮੇਤ ਅਧਿਆਪਕ ਹਾਜ਼ਰ ਸਨ ।

# ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ 'ਚ ਅੰਤਰ ਸਕੂਲ ਮੁਕਾਬਲੇ ਦੀ ਆਰੰਭਤਾ

**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਬੀਬੀ ਸ਼ਰਨ ਕੌਰ ਖ਼ਾਲਸਾ ਕਾਲਜ ਸ੍ਰੀ ਚਮਕੌਰ ਸਾਹਿਬ ਵੱਲੋਂ ਸ਼ਹੀਦਾਂ ਸਾਕਾ,ਪੰਜਾ ਸਾਹਿਬ ਦੀ ਪਹਿਲੀ ਸ਼ਤਾਬਦੀ ਨੂੰ ਸਮਰਪਤ ਸਕੂਲ ਪੱਧਰ ਦੇ ਵਿਦਿਆਰਥੀਆਂ 'ਚ ਧਰਮ, ਵਿਰਸੇ, ਸਾਹਿਤ ਅਤੇ ਸੱਭਿਆਚਾਰ ਪ੍ਰਤੀ ਜਾਗਰੂਕਤਾ ਪੈਦਾ ਕਰਨ ਉਤੇ ਛੁਪੀ ਪ੍ਰਤਿਭਾ ਨੂੰ ਉਭਾਰਨ ਹਿੱਤ ਅੰਤਰ ਸਕੂਲ ਮੁਕਾਬਲਿਆਂ ਦੀ ਆਰੰਭਤਾ ਕਰਵਾਈ ਗਈ। ਮੁੱਖ ਮਹਿਮਾਨ ਵਜੋਂ ਕਾਲਜ ਵਿੱਚ ਪਹੁੰਚੇ ਜਥੇਦਾਰ ਅਜਮੇਰ ਸਿੰਘ ਖੇੜਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਨੇ ਸੰਬੋਧਨ ਕਰਦੇ ਹੋਏ ਨੌਜਵਾਨ ਵਿਦਿਆਰਥੀਆਂ ਨੂੰ ਪੰਜਾ ਸਾਹਿਬ ਦੇ ਸ਼ਹੀਦ ਭਾਈ ਕਰਮ ਸਿੰਘ ਅਤੇ ਭਾਈ ਪ੍ਰਤਾਪ ਸਿੰਘ ਦੀ ਸ਼ਹਾਦਤ ਅਤੇ ਸਿੱਖ ਧਰਮ ਦੇ ਤਿਆਗ ਅਤੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਪ੍ਰੇਰਨਾ ਲੈਂਦਿਆਂ ਧਰਮ, ਵਿਰਸੇ ਅਤੇ ਗੁਰਬਾਣੀ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾ ਨੇ ਕਾਲਜ ਨੂੰ 1 ਲੱਖ ਰੁਪਏ ਦੀ ਰਾਸ਼ੀ ਦਾ ਚੈੱਕ ਵਿਦਿਆਰਥੀ ਭਲਾਈ ਫ਼ੰਡ ਲਈ ਜਾਰੀ ਕੀਤਾ। ਪ੍ਰੋ.ਜਗਰੂਪ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ 'ਚ 13 ਵੱਖੋ-ਵੱਖਰੀਆਂ ਵੰਨਗੀਆਂ 'ਚ ਵਿਦਿਆਰਥੀ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ ਅਤੇ ਪਹਿਲੇ , ਦੂਜੇ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰੇਮ ਕੁਮਾਰ ਮਿੱਤਲ ਜ਼ਿਲ੍ਹਾ ਸਿੱਖਿਆ ਅਫ਼ਸਰ ਰੂਪਨਗਰ ਨੇ ਸ਼ਿਰਕਤ ਕੀਤੀ। ਇਸ ਮੌਕੇ ਗੁਰਦੁਆਰਾ ਸ੍ਰੀ ਕਤਲਗੜ੍ਹ ਸਾਹਿਬ ਦੇ ਮੈਨੇਜਰ ਨੱਥਾ ਸਿੰਘ, ਗੁਰਦੁਆਰਾ ਸ੍ਰੀ ਭੱਠਾ ਸਾਹਿਬ ਦੇ ਮੈਨੇਜਰ ਅਮਰਜੀਤ ਸਿੰਘ ਜਿੰਦਵੜੀ, ਹਰਵਿੰਦਰ ਸਿੰਘ ਕੰਧੋਲਾ ਤੋਂ ਇਲਾਵਾ ਵੱਖੋ-ਵੱਖਰੇ ਸਕੂਲਾਂ ਦੇ ਪ੍ਰਿੰਸੀਪਾਲ ਸਾਹਿਬਾਨ, ਅਧਿਆਪਕ ਸਾਹਿਬਾਨ ਅਤੇ ਕਾਲਜ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਅਣਖੀ ਦੇ ਰਸਤੇ ਤੁਰ ਕੇ ਅੱਗੇ ਵਧੋ...

(ਸਫ਼ਾ 12 ਦੀ ਬਾਕੀ)

ਪਾਵਰ ਇੰਜੀਨੀਅਰਜ਼ ਐਸੋਸੀਏਸ਼ਨ ਮੁਤਾਬਕ 9000 ਕਰੋੜ ਪਾਵਰਕਾਮ ਦਾ ਪਿਛਲਾ ਬਕਾਇਆ ਵੀ ਪੰਜਾਬ ਸਰਕਾਰ ਵੱਲ ਖੜਾ ਹੈ। ਇਸ ਵਿੱਤੀ ਸਾਲ ਦੇ 9 ਮਹੀਨੇ ਲਈ 300 ਯੂਨਿਟ ਮੁਫਤ ਬਿਜਲੀ ਦੇ ਵੀ 1800 ਕਰੋੜ ਹੋਰ ਜੁੜ ਜਾਣੇ ਹਨ। ਇਸ ਤਰ੍ਹਾਂ ਇਹ ਕੁੱਲ ਰਕਮ 15,846+9000+1800+2366=29,012 ਕਰੋੜ ਬਣ ਜਾਂਦੀ ਹੈ। ਜੋ ਪੰਜਾਬ ਸਰਕਾਰ ਨੇ ਪਾਵਰਕਾਮ ਨੂੰ ਦੇਣੀ ਹੈ। ਸਭ ਨੂੰ ਪਤਾ ਹੈ ਪੰਜਾਬ ਸਰਕਾਰ ਨੇ ਅੱਧ-ਪਚੱਧ ਦੇ ਕੇ ਬੁੱਤਾ ਸਾਰਨਾ ਹੈ, ਜੋ ਪੰਜਾਬ ਸਰਕਾਰ ਵੱਲੋਂ ਇਲੈਕਟ੍ਰੀਸਿਟੀ ਐਕਟ 2003 ਦੀ ਸੈਕਸ਼ਨ 65 ਦੀ ਸਰੇਆਮ ਉਲੰਘਣਾ ਹੈ। ਇਸ ਹਾਲਤ ਵਿੱਚ ਪਾਵਰਕਾਮ ਮੁਲਾਜ਼ਮਾਂ ਉਤੇ ਹੋਰ ਸ਼ਿਕੰਜਾ ਕੱਸੇਗਾ।

ਪਾਵਰਕਾਮ ਕਰਜ਼ਾ ਚੁੱਕ-ਚੁੱਕ ਕੇ ਡੰਗ ਟਪਾ ਰਿਹਾ ਹੈ। ਮਾਰਚ 31, 2022 ਨੂੰ ਪਾਵਰਕਾਮ ਸਿਰ 4422.84 ਕਰੋੜ ਦਾ ਕਰਜ਼ਾ ਹੈ। ਵਿੱਤੀ ਸਾਲ 2022-23 ਵਿੱਚ ਕਰਜ਼ਾ ਹੋਰ ਚੁੱਕ ਰਿਹਾ ਹੈ। ਵਿੱਤੀ ਸਾਲ 2022-23 ਵਿੱਚ ਇਸ ਨੇ ਕਰਜ਼ਿਆਂ ਉਤੇ 358.16 ਕਰੋੜ ਤਾਂ ਕੇਵਲ ਵਿਆਜ ਹੀ ਭਰਨਾ ਹੈ। ਮਾਰਚ 2022 ਨੂੰ ਇਸ ਨੂੰ 1069 ਕਰੋੜ ਦੀ ਕਮਾਈ ਹੋਈ ਤੇ 1880 ਕਰੋੜ ਦਾ ਘਾਟਾ ਪਿਆ। ਵਿੱਤੀ ਸਾਲ 2020-21 ਲਈ 10ਵੀਂ ਸਾਲਾਨਾ ਵਿੱਤੀ ਰੈਕਿੰਗ ਰਿਪੋਰਟ ਵਿੱਚ ਪਾਵਰਕਾਮ ਗ੍ਰੇਡ ਏ ਤੋਂ ਹੇਠਾਂ ਡਿੱਗ ਕੇ ਗ੍ਰੇਡ ਬੀ ਉਤੇ ਚਲਾ ਗਿਆ ਹੈ। ਤੇਜ਼ੀ ਨਾਲ ਚੜ੍ਹਦਾ ਜਾ ਰਿਹਾ ਕਰਜ਼ਾ ਵਿਕਾਸ ਕਾਰਜਾਂ ਤੇ ਇੱਥੋਂ ਤੱਕ ਕਿ ਰੈਗੂਲਰ ਮੇਨਟੀਨੈਂਸ ਦੇ ਕੰਮਾਂ ਉਤੇ ਵੀ ਉਲਟਾ ਪ੍ਰਭਾਵ ਪਾ ਰਿਹਾ ਹੈ। ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀਆਂ ਇਹ ਪਿਛਲਖੁਰੀ ਨੀਤੀਆਂ, ਭ੍ਰਿਸ਼ਟਾਚਾਰ, ਕਿਰਤੀਆਂ ਦੀ ਛਾਂਟੀ ਤੇ ਉਹਨਾ ਦੇ ਹੱਕਾਂ ਉਤੇ ਛਾਪੇ ਇਸੇ ਤਰ੍ਹਾਂ ਜਾਰੀ ਰਹੇ ਤਾਂ ਘਾਟੇ ਦਾ ਬਹਾਨਾ ਲਾ ਕੇ ਪਾਵਰਕਾਮ ਤੇ ਟਰਾਂਸਕੋ ਨੂੰ ਸਰਕਾਰ ਨੇ ਕਾਰਪੋਰੇਟਾਂ ਕੋਲ ਕੌਡੀਆਂ ਦੇ ਭਾਅ ਵੇਚ ਦੇਣਾ ਹੈ। ਹੁਕਮਰਾਨ, ਸਿਆਸਤਦਾਨ ਤੇ ਅਫਸਰਸ਼ਾਹੀ ਮਿਲ ਕੇ ਮੋਟੇ ਕਮਿਸ਼ਨ ਖਾ ਲੈਣਗੇ। ਜਨਤਾ ਤੇ ਮੁਲਾਜ਼ਮਾਂ ਨੂੰ ਲੁਟੇਰੇ ਪ੍ਰਾਈਵੇਟ ਕਾਰਪੋਰੇਟ ਦੇ ਜਬਾੜ੍ਹਿਆਂ ਵਿੱਚ ਨਿਗਲ ਜਾਣ ਲਈ ਸੁੱਟ ਦਿੱਤਾ ਜਾਵੇਗਾ। ਇਹਨਾ ਹਾਲਤਾਂ ਉਤੇ ਕਾਬੂ ਪਾਉਣ ਲਈ ਲੋੜ ਹੈ ਹਉਮੈ ਤੇ ਨਿੱਜੀ ਹਿੱਤ ਲਾਂਭੇ ਰੱਖ ਕੇ ਮੁਲਾਜ਼ਮ ਜਥੇਬੰਦੀਆਂ ਦੀ ਵਿਸ਼ਾਲ ਸਾਂਝੀ ਏਕਤਾ ਤੇ ਸੰਘਰਸ਼ ਉਸਾਰਨ ਦੀ। ਲੋੜ ਹੈ ਸਿਆਸੀ ਤੌਰ ਉਤੇ ਚੇਤੰਨ ਹੋ ਕੇ ਅਣਖੀ ਦੇ ਦ੍ਰਿਸ਼ਟੀਕੋਣ ਨੂੰ ਅਪਣਾਉਂਦੇ ਹੋਏ ਅੱਗੇ ਵਧਣ ਦੀ।

*ਵੱਟਸਅਪ +91 98144-54399.*

19-DEC-PAGE-5.qxd 12/18/2022 9:31 PM Page 1



# ਟੁੱਟੀਆਂ ਸੜਕਾਂ ਦੀ ਮੁੜ ਉਸਾਰੀ ਲਈ ਅੰਦੋਲਨ ਹੋਰ ਪ੍ਰਚੰਡ ਹੋਇਆ

## ਸਮਰਾਲਾ ਸੋਸ਼ਲ ਵੈੱਲਫੇਅਰ ਸੁਸਾਇਟੀ ਤੇ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ ਵੀ ਹੱਕ 'ਚ ਡਟੀਆਂ



**ਸਮਰਾਲਾ (ਸੁਰਜੀਤ ਸਿੰਘ)**-ਮਾਛੀਵਾੜਾ ਸਾਹਿਬ ਦੇ ਗਨੀ ਖਾਂ ਨਬੀ ਖਾਂ ਗੇਟ ਸਾਹਮਣੇ ਸੜਕਾਂ ਬਣਵਾਉਣ ਸਬੰਧੀ ਛੇੜਿਆ ਗਿਆ ਸੰਘਰਸ਼ ਦਿਨੋਂ-ਦਿਨ ਪ੍ਰਫੁਲਤ ਹੁੰਦਾ ਜਾ ਰਿਹਾ ਹੈ। ਅੱਜ ਦੇ ਰੋਸ ਧਰਨੇ ਦੇ 11ਵੇਂ ਦਿਨ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਹਰਦੀਪ ਸਿੰਘ ਗਿਆਸਪੁਰਾ ਆਪਣੀ ਸਮੁੱਚੀ ਟੀਮ ਸਮੇਤ ਪੁੱਜੇ ਤੇ ਸੰਘਰਸ਼ ਕਰ ਰਹੇ ਯੋਧਿਆਂ ਨੂੰ ਸਲਾਮ ਕੀਤਾ। ਆਪਣੇ ਸੰਬੋਧਨ ਵਿੱਚ ਪ੍ਰਧਾਨ ਗਿਆਸਪੁਰਾ ਨੇ ਕਿਹਾ ਕਿ ਕਿੰਨੀ ਸ਼ਰਮ ਵਾਲੀ ਵਾਲੀ ਗੱਲ ਹੈ ਕਿ ਲੋਕਾਂ ਨੂੰ ਆਪਣੀਆਂ ਹੀ ਮੰਗਾਂ ਮੰਨਵਾਉਣ ਲਈ ਸੜਕਾਂ 'ਤੇ ਪੱਕੇ ਰੋਸ ਧਰਨੇ ਲਗਾ ਕੇ ਬੈਠਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਧਰਤੀ 'ਤੇ ਸਹੁੰ ਚੁੱਕਣ ਵਾਲੀ ਭਗਵੰਤ ਮਾਨ ਸਰਕਾਰ ਵੀ ਪਹਿਲੀਆਂ ਰਵਾਇਤੀ ਪਾਰਟੀਆਂ ਦੀ ਨਕਲ ਕਰਕੇ ਉਨ੍ਹਾਂ ਦੇ ਰਾਹਾਂ 'ਤੇ ਹੀ ਤੁਰ ਪਈ ਹੈ, ਜਿਨ੍ਹਾਂ ਨੂੰ ਲੋਕਾਂ ਦੀਆਂ ਲੋੜਾਂ ਨਾਲ ਕੋਈ ਸਰੋਕਾਰ ਨਹੀਂ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਡੀ ਜਥੇਬੰਦੀ ਸੜਕਾਂ ਬਣਵਾਉਣ ਸਬੰਧੀ ਕੀਤੇ ਜਾਣ ਵਾਲੇ ਸੰਘਰਸ਼ 'ਚ ਸਾਥ ਨਿਭਾਉਣ ਲਈ ਹਮੇਸ਼ਾ ਵਚਨਬੱਧ ਰਹੇਗੀ। ਉਨ੍ਹਾਂ ਕਿਹਾ ਕਿ ਭਵਿੱਖ ਵਿਚ ਕਮੇਟੀ, ਜੋ ਵੀ ਵੱਡਾ ਸੰਘਰਸ਼ ਉਲੀਕੇਗੀ, ਉਸ ਵਿੱਚ ਕਾਦੀਆਂ ਜਥੇਬੰਦੀ ਵਧ ਚੜ੍ਹ ਕੇ ਹਿੱਸਾ ਲਵੇਗੀ।

ਸੰਘਰਸ਼ ਕਮੇਟੀ ਨੂੰ ਅੱਜ ਉਸ ਸਮੇਂ ਬੜਾ ਬਲ ਮਿਲਿਆ, ਜਦੋਂ ਸਮਰਾਲਾ ਸੋਸ਼ਲ ਵੈੱਲਫੇਅਰ ਸੁਸਾਇਟੀ ਦੇ ਚੇਅਰਮੈਨ ਐਡਵੋਕੇਟ ਗਗਨਦੀਪ ਸ਼ਰਮਾ ਤੇ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਵੀ ਆਪਣੇ ਸਾਥੀਆਂ ਸਮੇਤ ਰੋਸ ਧਰਨੇ ਵਾਲੇ ਸਥਾਨ 'ਤੇ ਪੁੱਜੇ ਅਤੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਬੋਲਦਿਆਂ ਚੇਅਰਮੈਨ ਸ਼ਰਮਾ ਤੇ ਪ੍ਰਧਾਨ ਸ਼ਿਵਲੀ ਨੇ ਕਿਹਾ ਕਿ ਹਲਕਾ ਵਿਧਾਇਕ ਆਪਣਾ ਅੜੀਅਲ ਵਤੀਰਾ ਛੱਡ ਕੇ ਸਿੱਧੀ ਤਰ੍ਹਾਂ ਲੋਕਾਂ ਵਿੱਚ ਆ ਕੇ ਉਨ੍ਹਾਂ ਨਾਲ ਗੱਲਬਾਤ ਕਰੇ, ਕਿਉਂਕਿ ਪਿਛਲੇ 11 ਦਿਨਾਂ ਤੋਂ ਰੋਸ ਧਰਨਾ ਲਗਾਈ ਬੈਠੇ ਇਨ੍ਹਾਂ ਲੋਕਾਂ ਦੀ ਮੰਗ ਹੈ ਕਿ ਗੁਰੂ ਨਗਰੀ ਦੀਆਂ ਖਸਤਾ ਹਾਲਤ ਸੜਕਾਂ ਨੂੰ ਤੁਰੰਤ ਬਣਵਾਇਆ ਜਾਵੇ। ਨਾਟਕਕਾਰ ਰਾਜਵਿੰਦਰ ਸਮਰਾਲਾ ਤੇ ਦੀਪ ਦਿਲਬਰ ਨੇ ਕਿਹਾ ਕਿ ਕਾਂਗਰਸ ਸਰਕਾਰ ਸਮੇਂ ਜਿਹੜਾ ਬੰਦਾ ਧਰਨੇ ਮੁਜ਼ਾਹਰਿਆਂ 'ਚ ਨਾਲ ਬੈਠਦਾ ਸੀ, ਉਹ ਹੁਣ ਵਿਧਾਇਕ ਬਣਨ ਉਪਰੰਤ ਲੋਕਾਂ ਦੀਆਂ ਮੁਸ਼ਕਲਾਂ ਨੂੰ ਭੁੱਲ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਜਿਹੜੇ ਲੋਕ ਕੋਠੇ ਚੜ੍ਹਾਉਣਾ ਜਾਣਦੇ ਹਨ, ਉਹ ਲਾਹੁਣਾ ਵੀ ਜਾਣਦੇ ਹਨ, ਇਸ ਲਈ ਸੜਕਾਂ ਲਈ ਸੁਹਿਰਦਤਾ ਨਾਲ ਕੰਮ ਕਰਨ ਦੀ ਲੋੜ ਹੈ। ਕੈਪਟਨ ਹਰਜਿੰਦਰ ਸਿੰਘ ਨੇ ਕਿਹਾ ਕਿ ਹਲਕਾ ਵਿਧਾਇਕ ਲੋਕ ਸ਼ਕਤੀ ਨੂੰ ਪਰਖਣ ਦੀ ਕੋਸ਼ਿਸ਼ ਨਾ ਕਰਨ, ਸਗੋਂ ਉਨ੍ਹਾਂ ਨਾਲ ਆਪਣੀ ਗੱਲਬਾਤ ਕਰਨ, ਨਹੀਂ ਤਾਂ ਫਿਰ ਹੋਰ ਤਿੱਖੇ ਸੰਘਰਸ਼ ਲਈ ਤਿਆਰ ਹੋ ਜਾਵੋ।

ਸੰਘਰਸ਼ ਦੇ ਆਗੂ ਅੰਮ੍ਰਿਤਪਾਲ ਸਮਰਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੀ ਭੁੱਖ ਹੜਤਾਲ ਵਿੱਚ ਕੁਲਵੀਰ ਸਿੰਘ ਮੁਸ਼ਕਾਬਾਦ, ਜਸਪ੍ਰੀਤ ਸਿੰਘ ਜੱਸਾ ਤੇ ਪਰਮਜੀਤ ਸਿੰਘ ਨੀਲੋਂ ਭੁੱਖ ਹੜਤਾਲ 'ਤੇ ਬੈਠੇ, ਜਦਕਿ ਕੱਲ੍ਹ 18 ਦਸੰਬਰ ਨੂੰ ਕਾਂਗਰਸੀ ਆਗੂ ਮਨਪ੍ਰੀਤ ਸਿੰਘ ਜਲਣਪੁਰ ਆਪਣੇ ਸਾਥੀਆਂ ਸਮੇਤ ਭੁੱਖ ਹੜਤਾਲ 'ਤੇ ਬੈਠਣਗੇ। ਉਨ੍ਹਾਂ ਸੰਘਰਸ਼ ਵਿੱਚ ਸਾਥ ਦੇਣ ਵਾਲੀਆਂ ਸਮਾਜਸੇਵੀ, ਧਾਰਮਿਕ ਤੇ ਰਾਜਨੀਤਕ ਜਥੇਬੰਦੀਆਂ ਦਾ ਧੰਨਵਾਦ ਕੀਤਾ ਅਤੇ ਆਸ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਸਾਥ ਦਿੰਦੇ ਰਹਿਣਗੇ।

ਰੋਸ ਧਰਨੇ 'ਚ ਰਾਜਵੰਤ ਸਿੰਘ ਕੂੰਨਰ, ਕਮਲ ਬਾਂਸਲ, ਇੰਦਰੇਸ਼ ਜੈਦਕਾ, ਸ਼ੰਕਰ ਕਲਿਆਣ, ਪਰਮਜੀਤ ਕੌਰ ਸੈਣੀ, ਪਰਮਜੀਤ ਮਿੰਕੂ, ਪਰਮਦੀਪਪਾਲ ਸਿੰਘ, ਜਗਦੀਸ਼ ਕੁਮਾਰ, ਮਾ. ਕੁਲਵੰਤ ਸਿੰਘ ਤਰਕ, ਆੜ੍ਹਤੀ ਅਰਵਿੰਦਰਪਾਲ ਸਿੰਘ ਵਿੱਕੀ, ਜਸਪਾਲ ਸਿੰਘ ਜੱਜ, ਜਸਵੰਤ ਸਿੰਘ, ਅਸ਼ੋਕ ਮਨੋਚਾ, ਮਨੀ ਪਾਠਕ, ਡਾ. ਅਮਰਜੀਤ ਸਿੰਘ, ਨੰਬਰਦਾਰ ਦਰਸ਼ਨ ਸਿੰਘ, ਮੋਹਣ ਸਿੰਘ ਬਾਲਿਓਂ, ਮਨਪ੍ਰੀਤ ਸਿੰਘ, ਜੱਸਾ ਰਹੀਮਾਬਾਦ, ਅਜੀਤ ਸਿੰਘ, ਹਰਭਜਨ ਸਿੰਘ ਖਾਲਸਾ, ਸਾਧਵੀ ਰਾਣੀ, ਰੇਣੂੰ ਬੈਂਸ, ਬਲਬੀਰ ਸਿੰਘ ਢਿੱਲੋਂ ਆਦਿ ਹਾਜ਼ਰ ਹੋਏ, ਜਦਕਿ ਰੋਜ਼ਾਨਾ ਆਪਣੀਆਂ ਡਿਊਟੀਆਂ ਨਿਭਾਉਣ ਵਾਲਿਆਂ 'ਚ ਹਰਬੰਸ ਲਾਲ ਚਾਨਣਾ, ਸਰਬਜੀਤ ਸਿੰਘ, ਰਜਿੰਦਰ ਕੁਮਾਰ ਤੇ ਰਵਿੰਦਰਪਾਲ ਸਿੰਘ ਦੇ ਨਾਂਅ ਪ੍ਰਮੁੱਖ ਹਨ।

## ਐਮ ਐਂਡ ਐਮ ਪਬਲਿਕ ਸਕੂਲ 'ਚ ਸਾਲਾਨਾ ਸਮਾਗਮ ਮਨਾਇਆ

**ਸੰਗਰੂਰ (ਪ੍ਰਵੀਨ ਸਿੰਘ)**-ਐੱਮ ਐਂਡ ਐੱਮ ਪਬਲਿਕ ਸਕੂਲ ਸੰਗਰੂਰ ਵਿਖੇ ਸਾਲਾਨਾ ਸਮਾਗਮ ਕਮ ਫੇਟ ਬਹੁਤ ਹੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਬੱਚਿਆਂ ਨੇ ਆਪਣੀਆਂ ਆਪਣੀਆਂ ਡਾਂਸ, ਕੋਰੀਓਗਰਾਫੀ, ਗੀਤ, ਸਕਿੱਟ ਵੰਨਗੀਆਂ ਪੇਸ਼ ਕਰਕੇ ਦਰਸ਼ਕਾਂ ਨੂੰ ਕੀਲ ਲਿਆ। ਇਸ ਤੋਂ ਇਲਾਵਾ ਗੁਰਪ੍ਰੀਤ ਕੌਰ ਵੱਲੋਂ ਗੀਤ, ਵਿਦਿਆਰਥੀਆਂ ਵੱਲੋਂ ਪੰਜਾਬੀ ਸੱਭਿਆਚਾਰ ਚਰਖਾ ਰੋਂਦਾ ਵੇਖਿਆ ਤੇ ਭੰਗੜਾ ਪੇਸ਼ ਕੀਤਾ ਗਿਆ ਅਤੇ ਗੱਤਕੇ ਦੇ ਜੌਹਰ ਦਿਖਾਏ ਗਏ। ਸੈਸ਼ਨ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ। ਫੇਟ ਵਿੱਚ ਲੱਕੀ ਡਰਾਅ ਕੱਢਿਆ ਗਿਆ, ਜਿਸ ਵਿੱਚ ਦਿਲ ਖਿੱਚਵੇਂ ਇਨਾਮ ਦਿੱਤੇ ਗਏ। ਵੱਖ ਵੱਖ ਖਾਣ ਵਾਲੀਆਂ ਆਈਟਮਾਂ ਦੇ ਸਟਾਲ ਵੀ ਲਗਾਏ ਗਏ। ਇਸ ਪ੍ਰੋਗਰਾਮ ਵਿੱਚ ਬੱਚਿਆਂ ਦੇ ਮਾਪਿਆਂ ਤੋਂ ਇਲਾਵਾ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਤੇ ਵੱਖ ਵੱਖ ਪਿੰਡਾਂ ਦੇ ਪੰਚ, ਸਰਪੰਚ ਤੇ ਮੋਹਤਬਰ ਵਿਅਕਤੀ ਸ਼ਾਮਲ ਹੋਏ। ਇਸ ਮੌਕੇ ਸਕੂਲ ਪ੍ਰਿੰਸੀਪਲ ਰਮਨਦੀਪ ਕੌਰ ਨੇ ਆਏ ਹੋਏ ਮਹਿਮਾਨਾਂ, ਮਾਪਿਆਂ, ਵਿਦਿਆਰਥੀਆਂ ਤੇ ਅਧਿਆਪਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੜ੍ਹਾਈ ਸਿਰਫ ਨੌਕਰੀ ਲਈ ਨਹੀਂ ਸਗੋਂ ਜ਼ਿੰਦਗੀ ਦੇ ਹਰ ਪਹਿਲੂ ਵਿੱਚ ਕਾਮਯਾਬੀ ਹਾਸਲ ਕਰਨ 'ਚ ਸਹਾਈ ਹੁੰਦੀ ਹੈ। ਚੇਅਰਮੈਨ ਗੁਰਪ੍ਰੀਤ ਸਿੰਘ ਸੇਠੀ ਨੇ ਇਸ ਸਫ਼ਲ ਪ੍ਰੋਗਰਾਮ ਲਈ ਸਾਰਿਆਂ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਰਾਸ਼ਟਰ ਗਾਨ ਕਰਵਾਇਆ ਗਿਆ ਤੇ ਇਹ ਸਮਾਗਮ ਅਮਿੱਟ ਛਾਪ ਛੱਡਦਾ ਹੋਇਆ ਸੰਪੰਨ ਹੋ ਗਿਆ।

# ਸਰਕਾਰ ਠੇਕਾ ਕਾਮਿਆਂ ਲਈ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰੇ : ਮੋਰਚਾ ਆਗੂ

**ਗੁਰੂ ਹਰਸਹਾਏ/ਜਲਾਲਾਬਾਦ (ਮਨਦੀਪ ਸਿੰਘ ਸੋਢੀ/ਜੀਤ ਕੁਮਾਰ)**-ਸਥਾਨਕ ਸ਼ਹਿਰ ਵਿੱਚ ਪੰਜਾਬ ਸਰਕਾਰ ਦੇ ਮੰਤਰੀ ਸ਼੍ਰੀ ਫੌਜਾ ਸਿੰਘ ਸਰਾਰੀ ਦੇ ਦਫਤਰ ਮੂਹਰੇ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ 'ਚ ਸ਼ਾਮਲ ਠੇਕਾ ਮੁਲਾਜ਼ਮਾਂ ਦੀਆਂ ਜਥੇਬੰਦੀਆਂ ਵੱਲੋਂ ਵਿਸ਼ਾਲ ਸਾਂਝਾ ਇਕੱਠ ਕਰਕੇ ਪਹਿਲਾਂ ਜਾਗੋ ਮਾਰਚ ਕੀਤਾ ਗਿਆ, ਜੋ ਮੰਤਰੀ ਦੇ ਦਫਤਰ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਬਾਜ਼ਾਰਾਂ ਤੇ ਹਰ ਗਲੀ ਮੁਹੱਲੇ ਵਿੱਚੋਂ ਹੁੰਦਾ ਹੋਇਆ ਮੰਤਰੀ ਦੇ ਦਫਤਰ ਅੱਗੇ ਪੁੱਜੇ ਤੇ ਸਾਰੀ ਰਾਤ ਜਗਰਾਤਾ ਕਰਕੇ ਮੌਜੂਦਾ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਜਾਗੋ ਮਾਰਚ 'ਚ ਸ਼ਾਮਲ ਵੱਖ ਵੱਖ ਆਗੂਆਂ ਵਰਿੰਦਰ ਸਿੰਘ ਮੋਮੀ, ਹਰਮਨਪ੍ਰੀਤ ਸਿੰਘ, ਸ਼ੇਰ ਸਿੰਘ, ਬਲਵਿੰਦਰ ਸਿੰਘ, ਗਗਨਪ੍ਰੀਤ ਸਿੰਘ ਨੇ ਗੀਤਾਂ, ਕਵਿਤਾਵਾਂ ਤੇ ਭਾਸ਼ਣਾ ਰਾਹੀਂ ਲੋਕਾਂ ਨੂੰ ਸੰਬੋਧਤ ਹੋ ਕੇ ਦੱਸਿਆ ਕਿ ਮੌਜੂਦਾ ਸਰਕਾਰ ਜਿਹੜੀ ਬਦਲਾਅ ਦੇ ਨਾਂਅ ਹੇਠ ਧੋਖੇ ਨਾਲ ਸੱਤਾ ਦੀ ਕੁਰਸੀ 'ਤੇ ਬਿਰਾਜਮਾਨ ਹੋਈ, ਅੱਜ ਇਹ ਪਹਿਲੀਆਂ ਸਰਕਾਰ ਦੇ ਰਾਹਾਂ 'ਤੇ ਚੱਲ ਕੇ ਦੇਸ਼ ਦੇ ਮਿਹਨਤਕਸ਼ ਲੋਕਾਂ ਦੇ ਖੂਨ ਪਸੀਨੇ ਦੀ ਕਮਾਈ ਨਾਲ ਉਸਾਰੇ ਸਰਕਾਰੀ ਅਦਾਰਿਆਂ ਦੀ ਬਰਬਾਦੀ ਦੇ ਰਾਹ ਤੁਰੀ ਹੋਈ ਹੈ। ਇਨ੍ਹਾਂ ਅਦਾਰਿਆਂ ਦੀ ਸੇਵਾ ਸੰਭਾਲ ਦੀ ਆਪਣੀ ਜ਼ੁੰਮੇਵਾਰੀ ਦਾ ਤਿਆਗ ਕਰਕੇ ਲੋਟੂ ਕੰਪਨੀਆਂ ਅਤੇ ਠੇਕੇਦਾਰਾਂ ਨਾਲ ਮਿਲ ਕੇ ਲਗਭਗ 42 ਪ੍ਰਤੀਸ਼ਤ ਪੈਸਾ ਡਕਾਰ ਕੇ ਇਨ੍ਹਾਂ ਅਦਾਰਿਆਂ ਨੂੰ ਬਰਬਾਦ ਕਰ ਰਹੀ ਹੈ। ਲੋਕਾਂ ਵੱਲੋਂ ਸੰਘਰਸ਼ਾਂ ਦੇ ਜ਼ੋਰ ਨਾਲ ਹਾਸਲ ਕੀਤੀਆਂ ਤਿਲ-ਫੁੱਲ ਸਹੂਲਤਾਂ, ਪੱਕਾ ਰੁਜ਼ਗਾਰ, ਸਸਤੀਆਂ ਸਿਹਤ ਸੇਵਾਵਾਂ, ਸਸਤੀ ਵਿੱਦਿਆ, ਸਸਤੀ ਅੰਨ ਵੰਡ ਪ੍ਰਣਾਲੀ, ਨਹਿਰੀ ਪਾਣੀ ਸਪਲਾਈ ਦੇ ਬਹਾਨੇ ਹੇਠ ਲੋਕਾਂ ਦੇ ਪੀਣ ਵਾਲੇ ਪਾਣੀ ਵਾਸਤੇ ਸਾਰੇ ਪੰਜਾਬ 'ਚ ਬਲਾਕ ਪੱਧਰੀ ਵੱਡੇ ਪ੍ਰੋਜੈਕਟ ਲਗਾਉਣ ਦੇ ਵੱਡੀਆਂ ਕੰਪਨੀਆਂ ਨਾਲ ਸਮਝੌਤੇ ਕਰਕੇ ਪੇਂਡੂ ਜਲ ਘਰਾਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ। ਗੁਜ਼ਾਰੇ ਯੋਗ ਤਨਖਾਹ ਦੀ ਸਹੂਲਤ ਖੋਹ ਕੇ ਲੋਟੂ ਕਾਰਪੋਰੇਸ਼ਨਾਂ, ਕੰਪਨੀਆਂ ਤੇ ਕਾਰਪੋਰੇਟਰਾਂ ਦੇ ਮੁਨਾਫੇ ਵਿੱਚ ਜੋੜ ਰਹੀ ਹੈ। ਇਕ ਪਾਸੇ ਕਾਰਪੋਰੇਟ ਲੁੱਟ ਦੀ ਲੋੜ ਨੂੰ ਮੁੱਖ ਰੱਖ ਕੇ ਪਹਿਲਾਂ ਡੇਢ ਲੱਖ ਦੇ ਲਗਭਗ ਰੁਜ਼ਗਾਰ ਦੇ ਵਸੀਲਿਆਂ ਦਾ ਉਜਾੜਾ ਕਰਕੇ ਨਵਾਂ ਰੋਜ਼ਗਾਰ ਦੇਣ ਦਾ ਰਾਹ ਬੰਦ ਕਰ ਦਿੱਤਾ, ਹੁਣ ਉਨ੍ਹਾਂ ਨੂੰ ਪੱਕੀ ਨੌਕਰੀ ਦੇਣ ਦੇ ਧੋਖੇ ਹੇਠ ਠੇਕਾ ਕਾਮਿਆਂ ਦਾ ਰੁਜ਼ਗਾਰ ਖੋਹਿਆ ਜਾ ਰਿਹਾ ਹੈ। ਇਉਂ ਸੰਘਰਸ਼ ਨੂੰ ਠਿੱਬੀ ਲਾਉਣ ਖਾਤਰ ਬੇਰੁਜ਼ਗਾਰਾਂ ਤੇ ਠੇਕਾ ਕਾਮਿਆਂ ਨੂੰ ਇਕ ਦੂਸਰੇ ਵਿਰੁੱਧ ਖੜਾ ਕੀਤਾ ਜਾ ਰਿਹਾ ਹੈ। ਇਸ ਨੀਤੀ ਤਹਿਤ ਡੀ ਸੀ ਦਫਤਰ ਬਰਨਾਲਾ 'ਚ ਸਾਲਾਂਬੱਧੀ ਅਰਸੇ ਤੋਂ ਕੰਮ ਕਰਦੇ ਕਲਰਕਾਂ, ਤਪਾ ਸਰਕਾਰੀ ਹਸਪਤਾਲ ਦੇ ਸਿਹਤ ਕਾਮਿਆਂ, ਬਿਜਲੀ ਵਿਭਾਗ ਦੇ ਕੰਪਿਊਟਰ ਉਪਰੇਟਰਾਂ, ਸਹਾਇਕ ਲਾਇਨਮੈਨਾਂ, ਵੇਰਕ ਮਿਲਕ ਪਲਾਂਟ ਦੇ ਠੇਕਾ ਕਾਮਿਆਂ ਦਾ ਕੱਚਾ ਰੋਜ਼ਗਾਰ ਵੀ ਖੋਹਣ ਦੀ ਤਿਆਰੀ ਹੈ।

ਆਗੂਆਂ ਨੇ ਅਖੀਰ ਵਿੱਚ ਮੋਰਚੇ ਵੱਲੋਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਉਹ ਸਰਕਾਰੀ ਅਦਾਰਿਆਂ ਦੀ ਰਾਖੀ ਦੀ ਆਪਣੀ ਜ਼ੁੰਮੇਵਾਰੀ ਪੂਰੀ ਕਰੇ। ਸਰਕਾਰੀ ਵਿਭਾਗਾਂ ਵਿੱਚੋਂ ਕਾਰਪੋਰੇਟ ਘਰਾਣਿਆਂ, ਲੋਟੂ ਕੰਪਨੀਆਂ ਤੇ ਠੇਕੇਦਾਰਾਂ ਨੂੰ ਤੁਰੰਤ ਬਾਹਰ ਕਰਕੇ ਲੁੱਟ ਬਚਾਏ ਤੇ ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ ਵਿਭਾਗਾਂ ਅੰਦਰ ਲਿਆ ਕੇ ਰੈਗੂਲਰ ਕਰੇ। ਅਜਿਹਾ ਨਾ ਹੋਣ ਦੀ ਸੂਰਤ ਵਿੱਚ ਤਿੱਖੇ ਸੰਘਰਸ਼ ਦਾ ਟਾਕਰਾ ਕਰਨ ਲਈ ਤਿਆਰ ਰਹੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਤਨਾਮ ਸਿੰਘ ਫਲੀਆਂਵਾਲਾ, ਰੁਪਿੰਦਰ ਸਿੰਘ, ਬਲਕਾਰ ਸਿੰਘ, ਜਸਵਿੰਦਰ ਸਿੰਘ ਚੱਕ ਜਾਨੀਸਰ, ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਦੇ ਸ਼ਹਿਰ 'ਚ ਠੇਕਾ ਮੁਲਾਜ਼ਮਾਂ ਵੱਲੋਂ ਪ੍ਰਦਰਸ਼ਨ



## ਕਾਤਰਾਂ

### ਖ਼ੂਨਦਾਨ ਕੈਂਪ 29 ਨੂੰ

**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਗਦਰੀ ਬਾਬਾ ਦੁੱਲਾ ਸਿੰਘ ਜਲਾਲਦੀਵਾਲ ਤੇ ਗਿਆਨੀ ਨਿਹਾਲ ਸਿੰਘ ਦੇ ਬਰਸੀ ਸਮਾਗਮ ਮੌਕੇ ਉਨ੍ਹਾਂ ਦੀ ਯਾਦ 'ਚ 26ਵਾਂ ਖ਼ੂਨਦਾਨ ਕੈਂਪ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 29 ਦਸੰਬਰ ਨੂੰ ਸਵੇਰੇ 10 ਵਜੇ ਪਿੰਡ ਜਲਾਲਦੀਵਾਲ ਵਿਖੇ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਮੁੱਖ ਪ੍ਰਬੰਧਕ ਡਾਕਟਰ ਹਰਮਿੰਦਰ ਸਿੰਘ ਸਿੱਧੂ, ਗੁਰਪ੍ਰੀਤ ਸਿੰਘ ਜੱਸੀ, ਰਾਕੇਸ਼ ਬਾਂਸਲ, ਗੋਲੂ ਸਰਾਂ ਨੇ ਸਮੂਹ ਸੰਗਤਾਂ, ਨੌਜਵਾਨਾਂ ਨੂੰ ਇਸ ਖ਼ੂਨ ਦਾਨ, ਉਤਮ ਦਾਨ ਦੀ ਮੁਹਿੰਮ 'ਚ ਭਰਪੂਰ ਯੋਗਦਾਨ ਪਾਉਣ ਦੀ ਅਪੀਲ ਕੀਤੀ।

### ਸਟਾਰ ਕਬੱਡੀ ਖਿਡਾਰੀ ਨਿੰਮਾ ਛੀਨੀਵਾਲ ਨੂੰ ਹੰਝੂਆਂ ਭਰੀ ਅੰਤਿਮ ਵਿਦਾਇਗੀ



**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਪਿੰਡ ਛੀਨੀਵਾਲ ਕਲਾਂ (ਬਰਨਾਲਾ) ਦਾ ਜੰਮਪਲ ਵਜਨੀ ਕਬੱਡੀ ਦਾ ਸਟਾਰ ਖਿਡਾਰੀ ਰੇਡਰ ਨਿਰਮਾਲ ਸਿੰਘ ਨਿੰਮਾ ਛੀਨੀਵਾਲ (27) ਇੱਕ ਸੜਕ ਹਾਦਸੇ 'ਚ ਸਾਰਿਆਂ ਨੂੰ ਅਲਵਿਦਾ ਆਖ ਗਿਆ। ਗਮਗੀਨ ਮਹੌਲ 'ਚ ਹੋਏ ਉਸ ਦੇ ਅੰਤਿਮ ਸੰਸਕਾਰ ਸਮੇਂ ਵੱਖ-ਵੱਖ ਖੇਡ ਸੰਸਥਾਵਾਂ, ਕਬੱਡੀ ਖਿਡਾਰੀਆਂ, ਖੇਡ ਪ੍ਰੇਮੀਆਂ ਨੇ ਸੇਜਲ ਅੱਖਾਂ ਨਾਲ ਹੰਝੂਆਂ ਭਰੀ ਅੰਤਿਮ ਵਿਦਾਇਗੀ ਦਿੱਤੀ। ਜ਼ਿਕਰਯੋਗ ਹੈ ਕਿ ਸਟਾਰ ਕਬੱਡੀ ਖਿਡਾਰੀ ਰੇਡਰ ਨਿਰਮਲ ਨਿੰਮਾ ਛੀਨੀਵਾਲ ਦਾ ਪਿਛਲੇ 2 ਮਹੀਨੇ ਪਹਿਲਾਂ ਹੀ ਵਿਆਹ ਹੋਇਆ ਸੀ। ਇਲਾਕੇ ਦੀਆਂ ਨਗਰ ਪੰਚਾਇਤਾਂ, ਯੂਥ ਕਲੱਬਾਂ ਕਿਸਾਨ, ਮਜ਼ਦੂਰ ਜਥੇਬੰਦੀਆਂ ਨੇ ਖਿਡਾਰੀ ਨੌਜਵਾਨ ਨਿੰਮਾ ਛੀਨੀਵਾਲ ਦੇ ਪੀੜਤ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਪੰਜਾਬ ਸਰਕਾਰ ਪਾਸੋਂ ਪਰਿਵਾਰ ਲਈ ਯੋਗ ਆਰਥਿਕ ਮਦਦ ਦੀ ਮੰਗ ਕੀਤੀ ਹੈ।

### ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਲਈ ਪ੍ਰੇਰਿਆ

**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸੱਪਲ)**-ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ, ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ, ਜਿ.ਸਿ.ਅ. (ਸੈ.ਸਿ) ਸੰਗਰੂਰ ਸ੍ਰੀ ਸੰਜੀਵ ਸ਼ਰਮਾ, ਉਪ ਜਿ.ਸਿ.ਅ. ਸ੍ਰ ਅੰਗਰੇਜ ਸਿੰਘ, ਬੀ ਐਨ ਓ ਸ੍ਰੀ ਵਿਪਨ ਚਾਵਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਸਸਸ ਸ਼ਾਹਪੁਰ ਕਲਾਂ ਵਿਖੇ ਡੀਡੀਓ ਕਮ ਪ੍ਰਿੰਸੀਪਲ ਡਾ. ਓਮ ਪ੍ਰਕਾਸ਼ ਸੇਤੀਆ ਵੱਲੋਂ ਸਕੂਲ ਦੇ ਸਟਾਫ ਤੇ ਵਿਦਿਆਰਥੀਆਂ ਨਾਲ ਮੀਟਿੰਗ ਕਰਕੇ 100% ਨਤੀਜੇ ਲਿਆਉਣ ਲਈ ਸਖਤ ਮਿਹਨਤ ਕਰਨ ਲਈ ਪ੍ਰੇਰਿਆ ਗਿਆ। ਉਨ੍ਹਾਂ ਨੇ ਸਕੂਲ ਸਟਾਫ ਨੂੰ ਵਿਦਿਆਰਥੀਆਂ ਦੀ 100% ਹਾਜ਼ਰੀ ਯਕੀਨੀ ਬਣਾਉਣ, ਪੂਰੇ ਪੀਰੀਅਡ ਲਗਾਉਣ, ਮਾਪਿਆਂ ਨਾਲ ਨਿੱਜੀ ਸੰਪਰਕ ਕਰਨ ਤੇ ਰੈਮੀਡੀਅਲ ਕਲਾਸਾਂ ਲਗਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਇੰਚਾਰਜ ਸਰੋਜ ਰਾਣੀ ਤੇ ਸਮੁੱਚੇ ਸਕੂਲ ਸਟਾਫ ਮੌਜੂਦ ਸਨ।

### ਬੀ ਕੇ ਯੂ ਲੱਖੋਵਾਲ ਦੀ ਮੀਟਿੰਗ ਭਲਕੇ

**ਜਗਰਾਓਂ (ਨਛੱਤਰ ਸੰਧੂ)**-ਕਿਸਾਨੀ ਮੰਗਾਂ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਜੋਗਿੰਦਰ ਸਿੰਘ ਬਜ਼ੁਗਰ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਦਾਗਰ ਸਿੰਘ ਚਕਰ ਦੀ ਪ੍ਰਧਾਨਗੀ ਹੇਠ 20 ਦਸੰਬਰ ਨੂੰ ਨਵੀਂ ਦਾਣਾ ਮੰਡੀ ਵਿਖੇ ਬੁਲਾਈ ਗਈ ਹੈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਸੁਦਾਗਰ ਸਿੰਘ ਚਕਰ ਤੇ ਬਲਾਕ ਪ੍ਰਧਾਨ ਹਰਬੰਸ ਸਿੰਘ ਦੇਹੜਕਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਹੋਰ ਵੀ ਕਿਸਾਨੀ ਮੰਗਾਂ ਨੂੰ ਲੈ ਕੇ ਚਰਚਾ ਕੀਤੀ ਜਾਵੇਗੀ। ਇਸ ਸਮੇਂ ਉਨ੍ਹਾ ਨਾਲ ਮੌਜੂਦਾ ਸਰਪੰਚ ਸੁਖਦੇਵ ਸਿੰਘ (ਬੂਟਾ ਚਕਰ), ਗੁਰਮੇਲ ਸਿੰਘ ਚਕਰ, ਹੈਪੀ ਚਕਰ, ਕਰਨੈਲ ਸਿੰਘ ਖਹਿਰਾ ਦੇਹੜਕਾ ਆਦਿ ਹਾਜ਼ਰ ਸਨ।

# ਫਾਜ਼ਿਲਕਾ ਪੁਲਸ ਨੂੰ ਭਾਰੀ ਸਫਲਤਾ; ਹੈਰੋਇਨ, ਡਰੱਗ ਮਨੀ ਤੇ ਅਸਲੇ ਸਮੇਤ ਚਾਰ ਗ੍ਰਿਫ਼ਤਾਰ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਫਾਜ਼ਿਲਕਾ ਪੁਲਸ ਨੂੰ ਉਸ ਵੇਲੇ ਵੱਡੀ ਕਾਮਯਾਬੀ ਮਿਲੀ, ਜਦੋਂ ਚਾਰ ਵਿਅਕਤੀਆਂ ਨੂੰ ਨਸ਼ੇ ਤੇ ਡਰੱਗ ਮਨੀ ਸਮੇਤ ਕਾਬੂ ਕਰ ਲਿਆ ਗਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਐੱਸ ਐੱਸ ਪੀ ਫਾਜ਼ਿਲਕਾ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ 14/15 ਦਸੰਬਰ ਦੀ ਦਰਮਿਆਨੀ ਰਾਤ ਨੂੰ ਪੁਲਸ ਨੂੰ ਡਰੋਨ ਰਾਹੀਂ ਹੈਰੋਇਨ ਦੀ ਖੇਪ ਆਉਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਪੁਲਸ ਉੱਚ ਅਧਿਕਾਰੀਆਂ ਦੇ ਦਿਸ਼ਾ ਨਿਰਦੇਸ਼ਾਂ 'ਤੇ ਸੀ.ਆਈ.ਏ. ਸਟਾਫ ਫਾਜ਼ਿਲਕਾ, ਮੁੱਖ ਅਫਸਰ ਥਾਣਾ ਖੂਈ ਖੇੜਾ ਤੇ ਸੀ.ਆਈ.ਏ. ਸਟਾਫ ਅਬੋਹਰ ਦੀ ਟੀਮ ਨੂੰ ਡੀ.ਐੱਸ.ਪੀ. ਸਾਹਿਬ ਫਾਜ਼ਿਲਕਾ ਦੀ ਅਗਵਾਈ ਹੇਠ ਪਿੰਡ ਰੂਪਨਗਰ ਬਾਰੇ ਕਾ ਸਰਚ ਕਰਨ ਲਈ ਭੇਜਿਆ ਗਿਆ। ਇਸ ਤੋਂ ਇਲਾਵਾ ਕਰੀਬ 100 ਕਰਮਚਾਰੀਆਂ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਸਰਚ ਅਭਿਆਨ ਲਈ ਪਿੰਡ ਜਾ ਕੇ ਬੀ.ਐੱਸ.ਐੱਫ. ਨਾਲ ਸਾਂਝਾ ਉਪਰੇਸ਼ਨ ਕਰਦੇ ਹੋਏ ਪਿੰਡ ਰੂਪਨਗਰ ਬਾਰੇ ਕਾ ਤੇ ਨਾਲ ਲੱਗਦੇ ਪਿੰਡਾਂ 'ਚ ਵੱਖ-ਵੱਖ ਨਾਕੇ ਲਗਾਏ ਤੇ ਸਰਚ ਉਪਰੇਸ਼ਨ ਸ਼ੁਰੂ ਕੀਤਾ। ਇਸ ਦੌਰਾਨ 2 ਕਿੱਲੋ 650 ਗ੍ਰਾਮ ਹੈਰੋਇਨ ਬ੍ਰਾਮਦ ਹੋਈ। ਇਸ ਤੋਂ ਬਾਅਦ ਸੀ.ਆਈ.ਏ. ਸਟਾਫ ਫਾਜ਼ਿਲਕਾ ਦੀ ਟੀਮ ਨੇ ਸ਼ੱਕੀ ਵਿਅਕਤੀਆਂ ਨੂੰ ਵੱਖ ਵੱਖ ਥਾਵਾਂ ਤੋਂ ਕਾਬੂ ਕਰਕੇ ਕੀਤੀ ਗਈ ਪੁੱਛਗਿੱਛ ਤੋਂ ਬਾਅਦ ਸੁਖਦੇਵ ਸਿੰਘ ਉਰਫ ਦੇਬੂ ਪੁੱਤਰ ਸ਼ੇਰ ਸਿੰਘ ਵਾਸੀ ਵੱਲੇ ਸਾਹ ਉਤਾੜ (ਨੂਰਸ਼ਾਹ) ਨੇ ਦੱਸਿਆ ਕਿ 14/15 ਦਸੰਬਰ ਦੀ ਦਰਮਿਆਨੀ ਰਾਤ ਨੂੰ ਸਰਹੱਦੋਂ ਪਾਰ ਤੋਂ ਆਈ ਹੈਰੋਇਨ ਤਰਸੇਮ ਸਿੰਘ ਉਰਫ ਸੇਮਾ ਪੁੱਤਰ ਸਤਨਾਮ ਸਿੰਘ ਵਾਸੀ ਨੂਰਨ ਤੇ ਪਾਲਾ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਵੱਲੇ ਸਾਹ ਉਤਾੜ (ਨੂਰਸ਼ਾਹ) ਨੇ ਆਪਣੇ ਹੋਰ ਸਾਥੀਆਂ ਨਾਲ ਮਿਲ ਕੇ ਮੰਗਵਾਈ ਸੀ। ਸੀ.ਆਈ.ਏ. ਫਾਜ਼ਿਲਕਾ ਦੀ ਟੀਮ ਤੇ ਮੁੱਖ ਅਫਸਰ ਥਾਣਾ ਖੂਈ ਖੇੜਾ ਦੀ ਟੀਮ ਵੱਲੋਂ ਤਰਸੇਮ ਸਿੰਘ ਉਰਫ ਸੇਮਾ ਨੂੰ ਗ੍ਰਿਫਤਾਰ ਕੀਤਾ ਗਿਆ, ਜਿਸ ਨੇ ਪੁੱਛਗਿੱਛ ਦੌਰਾਨ ਆਪਣੇ ਹੋਰ ਸਾਥੀਆਂ ਵੀ ਕੁਮਾਰ ਉਰਫ ਰਵੀ ਪੁੱਤਰ ਸੁੱਖਾ ਸਿੰਘ ਵਾਸੀ ਨੂਰ ਮੁਹੰਮਦ, ਕੁਲਦੀਪ ਸਿੰਘ ਉਰਫ ਸੋਨੂੰ ਪੁੱਤਰ ਪ੍ਰੇਮ ਸਿੰਘ ਵਾਸੀ ਕਰਨੀ ਖੇੜਾ, ਸੁਖਵਿੰਦਰ ਸਿੰਘ ਉਰਫ ਸੁੱਖਾ ਪੁੱਤਰ ਜੋਗਿੰਦਰ ਸਿੰਘ ਵਾਸੀ ਗੰਜੂ ਹਸਤਾ ਬਾਰੇ ਦੱਸਿਆ। ਇਨ੍ਹਾਂ ਵਿੱਚੋਂ ਦੁਬਾਰਾ ਰੇਡ ਕਰਕੇ ਰਵੀ ਕੁਮਾਰ ਉਰਫ ਰਵੀ, ਕੁਲਦੀਪ ਸਿੰਘ ਉਰਫ ਸੋਨੂੰ ਨੂੰ ਗ੍ਰਿਫਤਾਰ ਕੀਤਾ ਗਿਆ, ਜਿਨ੍ਹਾਂ ਕੋਲੋਂ ਪੁੱਛਗਿੱਛ ਦੌਰਾਨ ਡਰੱਗ ਮਨੀ ਤੇ ਅਸਲਾ ਜ਼ਿੰਦਾ ਰੌਂਦ, ਮੈਗਜ਼ੀਨ ਬ੍ਰਾਮਦ ਕੀਤੇ ਗਏ।

ਇਨ੍ਹਾਂ ਵਿੱਚੋਂ ਤਰਸੇਮ ਸਿੰਘ ਉਰਫ ਸੋਮਾ 'ਤੇ ਮੁਕੱਦਮਾ ਨੰਬਰ 103 ਮਿਤੀ 15.12.2022 ਅ/ਧ 21 (ਸੀ), 23/61/85 ਤੇ ਆਰਮ ਐਕਟ ਤਹਿਤ ਥਾਣਾ ਖੂਈ ਖੇੜਾ 'ਚ ਦਰਜ ਕੀਤਾ ਗਿਆ, ਜਿਸ ਕੋਲੋਂ 5 ਲੱਖ ਰੁਪਏ ਡਰੱਗ ਮਨੀ, ਇੱਕ ਪਿਸਟਲ ਸਮੇਤ ਦੋ ਮੈਗਜ਼ੀਨ, 48 ਜ਼ਿੰਦਾ ਰੌਂਦ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਗਿਆ। ਇਸ ਤੋਂ ਇਲਾਵਾ ਕੁਲਦੀਪ ਸਿੰਘ ਉਰਫ ਸੋਨੂੰ, ਸੁਖਦੇਵ ਸਿੰਘ ਉਰਫ ਦੇਬੂ, ਰਵੀ ਕੁਮਾਰ ਉਰਫ ਰਵੀ ਨੂੰ ਕਾਬੂ ਕੀਤਾ ਗਿਆ ਹੈ। ਇਨ੍ਹਾਂ ਵਿੱਚੋਂ ਕੁਲਦੀਪ ਸਿੰਘ ਉਰਫ ਸੋਨੂੰ ਕੋਲੋਂ 2 ਲੱਖ ਰੁਪਏ ਦੀ ਡਰੱਗ ਮਨੀ ਤੇ ਇੱਕ ਮੋਟਸਾਈਕਲ, ਰਵੀ ਕੁਮਾਰ ਉਰਫ ਰਵੀ ਤੋਂ 50 ਹਜ਼ਾਰ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਐੱਸ ਐੱਸ ਪੀ ਫਾਜ਼ਿਲਕਾ ਨੇ ਦੱਸਿਆ ਕਿ ਇਨ੍ਹਾਂ ਤੋਂ ਕੀਤੀ ਗਈ ਪੁੱਛਗਿੱਛ ਦੌਰਾਨ ਇਨ੍ਹਾਂ ਦੱਸਿਆ ਕਿ ਇਨ੍ਹਾਂ ਨੇ 2/3 ਦਸੰਬਰ ਦੀ ਦਰਮਿਆਨੀ ਰਾਤ ਨੂੰ ਵੀ 26/27 ਪੈਕਟ ਹੈਰੋਇਨ ਡਰੋਨ ਰਾਹੀਂ ਸਰਹੱਦ ਪਾਰ ਤੋਂ ਮੰਗਵਾਈ ਸੀ, ਪਰ ਹੈਰੋਇਨ ਚੁੱਕਣ ਤੋਂ ਪਹਿਲਾਂ ਹੀ ਬੀ.ਐੱਸ.ਐੱਫ. ਨੂੰ ਪਤਾ ਲੱਗਣ 'ਤੇ ਉਨ੍ਹਾਂ ਵੱਲੋਂ ਗੋਲੀ ਚਲਾਉਣ ਕਾਰਨ ਉਹ ਹੈਰੋਇਨ ਛੱਡ ਕੇ ਮੌਕੇ ਤੋਂ ਭੱਜ ਗਏ ਸਨ। ਇਸ ਕੰਮ ਵਿੱਚ ਉਨ੍ਹਾਂ ਨਾਲ ਦੁਲਾਰ ਚੰਦ ਦਾਸ ਉਰਫ ਸੋਨੂੰ ਪੁੱਤਰ ਰਾਜਾ ਰਾਮ ਦਾਸ ਵਾਸੀ ਕਰਨੀ ਖੇੜਾ ਵੀ ਸ਼ਾਮਲ ਸੀ। ਉਕਤ 26 ਕਿੱਲੋ 850 ਗ੍ਰਾਮ ਹੈਰੋਇਨ ਪੰਜਾਬ ਪੁਲਸ ਤੇ ਬੀ.ਐੱਸ.ਐੱਫ. ਦੇ ਸਾਂਝੇ ਸਰਚ ਉਪਰੇਸ਼ਨ ਦੌਰਾਨ ਬ੍ਰਾਮਦ ਕਰਕੇ ਥਾਣਾ ਸਦਰ ਫਾਜ਼ਿਲਕਾ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਸੀ। ਇਸ ਮੁਕੱਦਮਾ ਵਿੱਚ ਦੁਲਾਰ ਚੰਦ ਦਾਸ ਉਰਫ ਸੋਨੂੰ ਉਕਤ ਨੂੰ ਗ੍ਰਿਫਤਾਰ ਕਰ 2 ਲੱਖ 50 ਹਜ਼ਾਰ ਰੁਪਏ ਡਰੱਗ ਮਨੀ ਤੇ 50 ਜ਼ਿੰਦਾ ਰੌਂਦ ਸਮੇਤ ਮੋਟਰਸਾਈਕਲ ਬ੍ਰਾਮਦ ਕੀਤਾ ਗਿਆ ਹੈ।

# ਕਿਸਾਨਾਂ-ਮਜ਼ਦੂਰਾਂ ਵੱਲੋਂ ਟੋਲ ਪਲਾਜ਼ਾ ਬੰਦ ਕਰਕੇ ਧਰਨਾ ਪ੍ਰਦਰਸ਼ਨ



**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਕਿਸਾਨਾਂ ਮਜ਼ਦੂਰਾਂ ਵੱਲੋਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਅਗੁਵਾਈ ਹੇਠ ਫਾਜ਼ਿਲਕਾ ਦੇ ਥੇਹ ਕਲੰਦਰ ਟੋਲ ਪਲਾਜਾ ਬੰਦ ਕਰਕੇ ਧਰਨਾ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਮੌਕੇ ਜ਼ੋਨ ਜਲਾਲਾਬਾਦ ਪ੍ਰਧਾਨ ਸੁਖਦੇਵ ਸਿੰਘ ਤੇ ਹਰਬੰਸ ਸਿੰਘ ਜ਼ੋਨ ਜਲਾਲਾਬਾਦ ਮੀਤ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਵੱਲੋਂ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਡੀ ਸੀ ਦਫਤਰ ਫਾਜ਼ਿਲਕਾ ਅੱਗੇ ਧਰਨਾ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਕਈ ਦਿਨਾਂ ਤੋਂ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਪ੍ਰਦਰਸ਼ਨ ਤੋਂ ਬਾਅਦ ਵੀ ਸਰਕਾਰ ਨੇ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਦਾ ਕੋਈ ਹੱਲ ਨਹੀਂ ਕੀਤਾ, ਜਿਸ ਕਰਕੇ ਉਨ੍ਹਾਂ ਨੇ ਹੋਰ ਤਿੱਖਾ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ, ਜਿਸ ਕਾਰਨ ਉਨ੍ਹਾਂ ਨੇ 15 ਦਸੰਬਰ ਤੋਂ ਪੂਰੇ ਪੰਜਾਬ ਦੇ ਟੋਲ ਪਲਾਜੇ ਬੰਦ ਕਰਕੇ ਟੋਲ ਫਰੀ ਕੀਤੇ ਗਏ ਹਨ। ਇਸੇ ਤਰ੍ਹਾਂ ਫਾਜ਼ਿਲਕਾ ਦੇ ਨੇੜੇ ਲਗਦਾ ਥੇਹ ਕਲੰਦਰ ਟੋਲ ਪਲਾਜਾ ਵੀ ਟੋਲ ਫਰੀ ਕੀਤਾ ਗਿਆ ਹੈ। ਉਨ੍ਹਾਂ ਦੀਆਂ ਮੰਗਾਂ ਵਿੱਚ ਕਿਸਾਨਾਂ ਮਜ਼ਦੂਰਾਂ ਦੇ ਕਰਜ਼ੇ ਖਤਮ ਕਰਨ, 23 ਫਸਲਾਂ ਦੀ ਖਰੀਦ ਦੀ ਗਰੰਟੀ ਕਾਨੂੰਨ ਬਣਾਉਣ, ਬਿਜਲੀ ਵੰਡ ਰੂਲਜ਼ 2022 ਰੱਦ ਕਰਨ, ਲਖੀਮਪੁਰ ਖੀਰੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾ ਦੇਣ, ਸਜ਼ਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਆਦਿ ਸ਼ਾਮਲ ਹਨ। ਉਨ੍ਹਾਂ ਕਿਹਾ ਕਿ ਟੋਲ ਪਲਾਜਾ 'ਤੇ ਕੀਤਾ ਜਾ ਰਿਹਾ ਉਨ੍ਹਾਂ ਦਾ ਇਹ ਧਰਨਾ ਪ੍ਰਦਰਸ਼ਨ ਇੱਕ ਮਹੀਨਾ ਲਗਾਤਾਰ ਜਾਰੀ ਰਹੇਗਾ ਤੇ ਇਸ ਤੋਂ ਬਾਅਦ ਸੂਬਾ ਕਮੇਟੀ ਵੱਲੋਂ ਇਸ ਧਰਨੇ ਨੂੰ ਅੱਗੇ ਵਧਾਉਣ ਬਾਰੇ ਫੈਸਲਾ ਲਿਆ ਜਾਵੇਗਾ।

# ਜਨਤਕ ਜਥੇਬੰਦੀਆਂ ਦਾ ਵਫਦ ਡੀ ਐੱਸ ਪੀ ਨੂੰ ਮਿਲਿਆ



**ਲੌਂਗੋਵਾਲ (ਕੁਲਦੀਪ ਅੱਤਰੀ, ਪ੍ਰਦੀਪ ਸੱਪਲ)**

ਸੰਗਰੂਰ ਜ਼ਿਲ੍ਹੇ ਦੀਆਂ ਜਨਤਕ ਜਥੇਬੰਦੀਆਂ ਦਾ ਇੱਕ ਸਾਂਝਾ ਵਫਦ ਡੀ.ਐੱਸ.ਪੀ.(ਸਬ ਡਵੀਜ਼ਨ ਸੰਗਰੂਰ) ਸ੍ਰੀ ਅਜੈ ਪਾਲ ਸਿੰਘ ਨੂੰ ਮਿਲਿਆ। ਜ਼ਿਕਰਯੋਗ ਹੈ ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਵਿੱਦਿਅਕ ਟੂਰਾਂ ਦੀ ਪ੍ਰਵਾਨਗੀ ਦੇ ਮਸਲੇ 'ਤੇ ਬੀਤੇ 3 ਨਵੰਬਰ ਨੂੰ ਡਿਪਟੀ ਡੀ.ਈ.ਓ. (ਸੈਕੰ.) ਸੰਗਰੂਰ ਵੱਲੋਂ ਅਧਿਆਪਕਾਂ ਦੀ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਸੰਗਰੂਰ ਦੇ ਪੰਜ ਜ਼ਿਲ੍ਹਾ ਆਗੂਆਂ ਖਿਲਾਫ ਐੱਫ.ਆਈ.ਆਰ. ਕਰਵਾ ਦਿੱਤੀ ਸੀ। ਉਸ ਤੋਂ ਬਾਅਦ ਜ਼ਿਲ੍ਹੇ ਦੀਆਂ ਜਨਤਕ ਜਥੇਬੰਦੀਆਂ ਦਾ ਇੱਕ ਵੱਡਾ ਵਫਦ ਐੱਸ.ਐੱਸ.ਪੀ. ਸੰਗਰੂਰ ਨੂੰ ਮਿਲਿਆ ਸੀ ਤੇ ਇਸ ਸਬੰਧੀ ਅਧਿਆਪਕ ਆਗੂਆਂ ਦਾ ਪੱਖ ਰੱਖਿਆ ਸੀ। ਇਸ ਦੇ ਮੱਦੇਨਜ਼ਰ ਐੱਸ.ਐੱਸ.ਪੀ. ਨੇ ਇਸ ਮਾਮਲੇ ਦੀ ਜਾਂਚ ਡੀ.ਐੱਸ.ਪੀ.(ਸਬ ਡਵੀਜ਼ਨ ਸੰਗਰੂਰ) ਨੂੰ ਸੌਂਪ ਦਿੱਤੀ ਸੀ। ਉਸ ਤੋਂ ਬਾਅਦ ਅੱਜ ਜਥੇਬੰਦੀਆਂ ਦਾ ਵਫਦ ਡੀ.ਐੱਸ.ਪੀ. ਨੂੰ ਮਿਲਿਆ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਡੀ.ਟੀ.ਐੱਫ. ਦੇ ਪ੍ਰੈੱਸ ਸਕੱਤਰ ਜਸਬੀਰ ਨਮੋਲ ਨੇ ਦੱਸਿਆ ਕਿ ਵਫਦ ਨੇ ਡੀ.ਐੱਸ.ਪੀ. ਨੂੰ ਮਿਲ ਕੇ ਉਨ੍ਹਾਂ ਨੂੰ ਇਸ ਪੂਰੇ ਘਟਨਾਕ੍ਰਮ ਸਬੰਧੀ ਆਪਣੇ ਪੱਖ ਤੋਂ ਜਾਣੂੰ ਕਰਵਾਇਆ। ਇਸ ਵਫਦ 'ਚ ਜਮਹੂਰੀ ਅਧਿਕਾਰ ਸਭਾ ਸੰਗਰੂਰ ਦੇ ਪ੍ਰਧਾਨ ਸਵਰਨਜੀਤ ਸਿੰਘ, ਦੇਸ ਭਗਤ ਯਾਦਗਾਰ ਲੌਂਗੋਵਾਲ ਦੇ ਜੁਝਾਰ ਲੌਂਗੋਵਾਲ, ਤਰਕਸ਼ੀਲ ਸੁਸਾਇਟੀ ਦੇ ਮਾਸਟਰ ਪਰਮਵੇਦ, ਸ਼ਹੀਦ ਊਧਮ ਸਿੰਘ ਮੰਚ ਦੇ ਵਿਸ਼ਵ ਕਾਂਤ, ਜੀਟੀਯੂ ਦੇ ਫਕੀਰ ਸਿੰਘ ਟਿੱਬਾ ਤੇ ਬੱਗਾ ਸਿੰਘ, ਕਿਰਤੀ ਕਿਸਾਨ ਯੂਨੀਅਨ ਦੇ ਭੁਪਿੰਦਰ ਲੌਂਗੋਵਾਲ, ਕੇ ਪੀ ਐਮ ਯੂ ਸੰਗਰੂਰ ਦੇ ਸੰਜੀਵ ਮਿੰਟੂ ਤੇ ਬਿਮਲ ਕੌਰ, ਐੱਸ ਸੀ ਬੀ ਸੀ ਅਧਿਆਪਕ ਯੂਨੀਅਨ ਦੇ ਕਿਰਪਾਲ ਨਮੋਲ ਤੇ ਡੀ ਟੀ ਐੱਫ ਦੇ ਜ਼ਿਲ੍ਹਾ ਪ੍ਰਧਾਨ ਬਲਬੀਰ ਚੰਦ ਲੌਂਗੋਵਾਲ, ਦਾਤਾ ਸਿੰਘ ਨਮੋਲ, ਸੁਖਜਿੰਦਰ ਸੰਗਰੂਰ, ਪਰਵਿੰਦਰ ਉੱਭਾਵਾਲ, ਜਗਦੇਵ ਕੁਮਾਰ, ਪਵਨ ਕੁਮਾਰ, ਜਗਮੀਤ ਭੰਡਾਰੀ ਤੇ ਜਸਬੀਰ ਨਮੋਲ ਸ਼ਾਮਲ ਸਨ।

# ਬਰਗਾੜੀ ਮਾਮਲੇ ਦੇ ਇਨਸਾਫ 'ਚ ਦੇਰੀ ਕਾਰਨ ਸਿੱਖ ਸੰਗਤ 'ਚ ਰੋਸ : ਭਸੌੜ

**ਸੰਗਰੂਰ (ਪ੍ਰਵੀਨ ਸਿੰਘ)**-ਸ਼੍ਰੋਮਣੀ ਅਕਾਲੀ ਦਲ (ਅ) ਦੇ ਹਲਕਾ ਲਹਿਰਾ ਤੋਂ ਇੰਚਾਰਜ ਸ. ਬਹਾਦਰ ਸਿੰਘ ਭਸੌੜ ਨੇ ਪਾਰਟੀ ਦੇ ਸਥਾਨਕ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਬਰਗਾੜੀ ਬੇਅਦਬੀ ਦੇ ਮਾਮਲੇ ਵਿੱਚ ਇਨਸਾਫ ਮਿਲਣ 'ਚ ਹੋ ਰਹੀ ਦੇਰੀ ਕਾਰਨ ਪੂਰੇ ਵਿਸ਼ਵ ਦੀ ਸਿੱਖ ਸੰਗਤ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ। ਜੇਕਰ ਸਰਕਾਰ ਨੇ ਇਸ ਮਾਮਲੇ ਦੀ ਗੰਭੀਰਤਾ ਨੂੰ ਸਮਝਦੇ ਹੋਏ ਜਲਦੀ ਹੀ ਦੋਸ਼ੀਆਂ ਨੂੰ ਸਜ਼ਾਵਾਂ ਨਾ ਦਿੱਤੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਇਸ ਦੇ ਬਹੁਤ ਭਿਆਨਕ ਸਿੱਟੇ ਨਿੱਕਲ ਕੇ ਸਾਹਮਣੇ ਆ ਸਕਦੇ ਹਨ। ਸ੍ਰ. ਭਸੌੜ ਨੇ ਕਿਹਾ ਕਿ ਵਿਧਾਨ ਸਭਾ ਦੀਆਂ ਵੋਟਾਂ ਤੋਂ ਪਹਿਲਾਂ ਪੰਜਾਬ ਦੀ ਸੱਤਾਧਾਰੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਤੇ ਹੋਰ ਵੱਡੇ ਲੀਡਰਾਂ ਵੱਲੋਂ ਦਾਅਵੇ ਕੀਤੇ ਗਏ ਸਨ ਕਿ ਸਰਕਾਰ ਬਣਦੇ ਹੀ ਦੋਸ਼ੀਆਂ ਨੂੰ ਸਜ਼ਾਵਾਂ ਦੇ ਕੇ ਇਨਸਾਫ ਕੀਤਾ ਜਾਵੇਗਾ, ਪਰ ਸੱਤਾ ਹਾਸਲ ਹੋਣ ਤੋਂ ਬਾਅਦ ਆਮ ਆਦਮੀ ਪਾਰਟੀ ਵੀ ਪਹਿਲਾਂ ਵਾਲੀਆਂ ਸਰਕਾਰਾਂ ਦੇ ਨਕਸ਼ੇ ਕਦਮ 'ਤੇ ਚੱਲ ਪਈ ਹੈ। ਬਰਗਾੜੀ ਮਾਮਲੇ ਵਿੱਚ ਹੁਣ ਤੱਕ ਇਨਸਾਫ ਦੇ ਨਾਂਅ 'ਤੇ ਸਿੱਖ ਸੰਗਤ ਦੇ ਹੱਥ ਸਿਰਫ ਨਿਰਾਸ਼ਾ ਹੀ ਲੱਗੀ ਹੈ। ਪੰਜਾਬ ਸਰਕਾਰ ਦੇ ਨੁਮਾਇੰਦਿਆਂ ਵੱਲੋਂ ਵਾਰ-ਵਾਰ ਸਮਾਂ ਵਧਾਇਆ ਜਾ ਰਿਹਾ ਹੈ, ਜਿਸ ਕਾਰਨ ਸੰਗਤ ਵਿੱਚ ਸਰਕਾਰ ਪ੍ਰਤੀ ਰੋਹ ਵਧਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ ਦੇ ਮਾਮਲਿਆਂ ਵਿੱਚ ਠੋਸ ਕਦਮ ਨਹੀਂ ਉਠਾਏ ਜਾਣ ਕਰਕੇ ਹੀ ਪਿਛਲੀ ਸਰਕਾਰ ਨੂੰ ਸੱਤਾ ਗੁਆ ਕੇ ਖਾਮਿਆਜ਼ਾ ਭੁਗਤਣਾ ਪਿਆ ਸੀ। ਹੁਣ ਪੰਜਾਬ ਦੀ ਮੌਜੂਦਾ ਸਰਕਾਰ ਵੀ ਇਹੋ ਗਲਤੀ ਦੁਹਰਾ ਰਹੀ ਹੈ, ਜਿਸ ਦੇ ਸਿੱਟੇ ਵਜੋਂ ਸਿੱਖ ਸੰਗਤ ਮੌਜੂਦਾ ਸੱਤਾਧਾਰੀ ਪਾਰਟੀ ਨੂੰ ਵੀ ਇਸ ਗੰਭੀਰ ਮਸਲੇ ਨੂੰ ਲਮਕਾਉਣ ਦੇ ਰੋਸ ਵਜੋਂ ਸੱਤਾ ਤੋਂ ਬਾਹਰ ਦਾ ਰਾਸਤਾ ਦਿਖਾ ਕੇ ਸਬਕ ਸਿਖਾਉਣ ਲਈ ਕਮਰ ਕੱਸ ਚੁੱਕੀ ਹੈ। ਉਨ੍ਹਾ ਕਿਹਾ ਕਿ ਮਾਮਲੇ ਦੀ ਗੰਭੀਰਤਾ ਤੇ ਸਿੱਖ ਕੌਮ ਦੀ ਭਾਵਨਾ ਨੂੰ ਸਮਝਦੇ ਹੋਏ ਪੰਜਾਬ ਸਰਕਾਰ ਨੂੰ ਤੁਰੰਤ ਠੋਸ ਕਦਮ ਚੁੱਕਣੇ ਚਾਹੀਦੇ ਹਨ।

# ਰੋਟਰੀ ਕਲੱਬ ਵੱਲੋਂ ਡੇਰਾ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਮੁਫਤ ਕੈਂਸਰ ਚੈੱਕਅੱਪ ਕੈਂਪ

## ਰਮਿੰਦਰ ਆਵਲਾ ਪਹੁੰਚੇ ਮੁੱਖ ਮਹਿਮਾਨ ਤੌਰ 'ਤੇ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਰੋਟਰੀ ਕਲੱਬ ਗੁਰੂ ਹਰਸਹਾਏ ਵੱਲੋਂ ਡੇਰਾ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਲੋੜਵੰਦ ਮਰੀਜ਼ਾਂ ਦੀ ਮਦਦ ਕਰਨ ਲਈ ਮੁਫਤ ਕੈਂਸਰ ਚੈੱਕਅਪ ਕੈਂਪ ਲਗਾਇਆ ਗਿਆ। ਇਹ ਜਾਣਕਾਰੀ ਦਿੰਦਿਆਂ ਹੋਇਆਂ ਰੋਟਰੀ ਕਲੱਬ ਗੁਰੂ ਹਰਸਹਾਏ ਦੇ ਪ੍ਰਧਾਨ ਹਰਜਿੰਦਰ ਹਾਂਡਾ, ਜਨਰਲ ਸਕੱਤਰ ਸੰਦੀਪ ਕੰਬੋਜ, ਉੱਪ ਪ੍ਰਧਾਨ ਬਲਦੇਵ ਥਿੰਦ ਤੇ ਡੇਰਾ ਭਜਨਗੜ੍ਹ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਜੈ ਥਿੰਦ ਨੇ ਦੱਸਿਆ ਕਿ ਇਸ ਕੈਂਪ ਵਿੱਚ ਇਲਾਕੇ ਭਰ ਦੇ ਮਰੀਜ਼ ਆਪਣਾ ਚੈੱਕਅਪ ਕਰਵਾਉਣ ਲਈ ਆਏ। ਇਸ ਕੈਂਪ ਦਾ ਉਦਘਾਟਨ ਕੈਬਨਿਟ ਮੰਤਰੀ ਫੌਜਾ ਸਿੰਘ ਸਰਾਰੀ ਦੀ ਪੁੱਤਰੀ ਸਮਾਜਸੇਵੀ ਸਿਮਰਨਜੀਤ ਸਰਾਰੀ ਤੇ ਆਪ ਦੇ ਸੂਬਾਈ ਆਗੂ ਮਲਕੀਤ ਥਿੰਦ ਨੇ ਕੀਤਾ। ਉਦਘਾਟਨੀ ਸਮਾਗਮ ਸਮੇਂ ਆਪਣੇ ਸੰਬੋਧਨ ਦੌਰਾਨ ਸਿਮਰਨਜੀਤ ਸਰਾਰੀ ਤੇ ਮਲਕੀਤ ਥਿੰਦ ਨੇ ਕਿਹਾ ਕਿ ਰੋਟਰੀ ਕਲੱਬ ਗੁਰੂ ਹਰਸਹਾਏ ਵੱਲੋਂ ਕੈਂਸਰ ਦੀ ਰੋਕਥਾਮ ਲਈ ਜੋ ਇਹ ਉਪਰਾਲਾ ਕੀਤਾ ਗਿਆ ਹੈ, ਇਸ ਦੀ ਜਿੰਨੀ ਵੀ ਤਾਰੀਫ ਕੀਤੀ ਜਾਵੇ, ਘੱਟ ਹੈ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਗੁਰੂ ਹਰਸਹਾਏ ਵੱਲੋਂ ਸਮੇਂ-ਸਮੇਂ ਇਲਾਕੇ ਗੁਰੂ ਹਰਸਹਾਏ ਵਿੱਚ ਜੋਂ ਵੱਖ ਵੱਖ ਤਰ੍ਹਾਂ ਦੇ ਕੈਂਪ ਲਗਾ ਕੇ ਇਲਾਕੇ ਦੇ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਇਹ ਅੱਜ ਦੇ ਨੌਜਵਾਨਾਂ ਲਈ ਪ੍ਰੇਰਣਾ ਸਰੋਤ ਹੈ। ਉਨ੍ਹਾਂ ਕਿਹਾ ਕਿ ਰੋਟਰੀ ਕਲੱਬ ਗੁਰੂ ਹਰਸਹਾਏ ਦੇ ਆਗੂਆਂ ਹਰਜਿੰਦਰ ਹਾਂਡਾ, ਸੰਦੀਪ ਕੰਬੋਜ, ਬਲਦੇਵ ਥਿੰਦ ਤੇ ਵਿਜੈ ਥਿੰਦ ਨੂੰ ਵਿਸ਼ਵਾਸ ਦਿਵਾਇਆ ਕਿ ਸਾਡੀ ਸਮਾਜਸੇਵੀ ਕੰਮਾਂ ਵਿੱਚ ਜਿੱਥੇ ਵੀ ਜ਼ਰੂਰਤ ਪਵੇਗੀ, ਅਸੀਂ ਹਰ ਸਮੇਂ ਹਾਜ਼ਰ ਹਾਂ। ਇਸ ਸਮੇਂ ਸਿਮਰਨਜੀਤ ਸਰਾਰੀ ਤੇ ਮਲਕੀਤ ਥਿੰਦ ਨੇ ਇਸ ਕੈਂਸਰ ਕੈਂਪ ਵਿੱਚ ਪਹੁੰਚੇ ਹੋਏ ਕੈਂਸਰ ਦੇ ਸੁਪਰ ਸਪੈਸ਼ਲਿਸਟ ਡਾ. ਦਵਿੰਦਰ ਸਿੰਘ ਸੰਧੂ ਤੇ ਡਾ. ਰੁਬਿੰਦਰਜੀਤ ਕੌਰ ਦੀ ਪੂਰੀ ਟੀਮ ਨੂੰ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਨ੍ਹਾਂ ਦੀ ਤਰੀਫ ਕਰਦਿਆਂ ਕਿਹਾ ਕਿ ਡਾ. ਸੰਧੂ ਵੱਲੋਂ ਕੈਂਸਰ ਦੀ ਰੋਕਥਾਮ ਲਈ ਜੋਂ ਮੁਫਤ ਵਿੱਚ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਉਹ ਕਾਬਲੇ ਤਰੀਫ ਹਨ। ਇਸ ਸਮੇਂ ਦੌਰਾਨ ਰੋਟਰੀ ਕਲੱਬ ਵੱਲੋਂ ਮੈਡਮ ਸਿਮਰਨਜੀਤ ਸਰਾਰੀ ਤੇ ਮਲਕੀਤ ਥਿੰਦ ਨੂੰ ਸਿਰੋਪਾ ਭੇਟ ਕਰਕੇ ਸਨਮਾਨਤ ਕੀਤਾ ਗਿਆ।

ਇਸ ਕੈਂਪ ਦੌਰਾਨ ਸਾਬਕਾ ਐੱਮ.ਐੱਲ.ਏ. ਰਮਿੰਦਰ ਸਿੰਘ ਆਂਵਲਾ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਸਮੇਂ ਦੌਰਾਨ 769 ਲੋਕਾਂ ਨੇ ਮੁਫਤ 'ਚ ਆਪਣਾ ਕੈਂਸਰ ਸੰਬੰਧੀ ਚੈੱਕਅਪ ਕਰਵਾਇਆ। ਇਸ ਮੌਕੇ ਪਰਵਿੰਦਰ ਸਿੰਘ ਲਾਲਚੀਆਂ, ਮਨੀ। ਪਿੰਡੀ ਟੂਲ ਟੈਕਸ ਇੰਚਾਰਜ, ਸੰਦੀਪ ਸ਼ਰਮਾ, ਗੋਲਡੀ ਲਾਲਚੀਆਂ, ਤਿਲਕ ਰਾਜ ਬਾਜੇ ਕੇ, ਸਤਪਾਲ ਥਿੰਦ, ਜਗਦੀਸ਼ ਥਿੰਦ, ਪ੍ਰੀਤਪਾਲ ਸੰਧਾ, ਜਸਵੰਤ ਸੇਖੜਾ, ਪਰਮਜੀਤ ਮੇਘਾਰਾਏ, ਅਸ਼ੋਕ ਮੇਘਾਰਾਏ, ਅਮਨ ਪੰਜੇ ਕੇ, ਹਰਪ੍ਰੀਤ ਸਿੰਘ ਗੋਲੂ ਕਾ, ਰਮਨ ਹਾਂਡਾ, ਰਾਜ ਦੀਪ ਸੋਢੀ, ਕੁਲਦੀਪ ਮਹਿਰੋਕ, ਸੰਟੂ ਕੰਬੋਜ, ਰਜੇਸ਼ ਬੱਟੀ, ਪੂਰਨ ਸਿੰਘ, ਸੇਖਰ ਕੰਬੋਜ, ਪਵਨ ਕੰਬੋਜ, ਅਸ਼ੋਕ ਕੰਬੋਜ ਹਾਜ਼ਰ ਸਨ।

# ਪੈਨਸ਼ਨ ਦਿਵਸ 'ਤੇ ਸਰਕਾਰ ਨੂੰ ਮੰਗਾਂ ਨਾ ਮੰਨਣ ਦੀ ਸੂਰਤ 'ਚ ਦਿੱਤੀ ਤਿੱਖੇ ਸੰਘਰਸ਼ ਦੀ ਚੇਤਾਵਨੀ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਪੈਨਸ਼ਨਰਜ਼ ਕਲਿਆਣ ਸੰਗਠਨ ਦੇ ਪ੍ਰਧਾਨ ਪ੍ਰੇਮ ਸਾਗਰ ਸ਼ਰਮਾ ਦੀ ਅਗਵਾਈ ਇੱਥੇ ਗੁਰਦੁਆਰਾ ਗੁਰੂ ਗ੍ਰੰਥ ਸਾਹਿਬ ਮੇਨ ਚੌਂਕ ਸਮਰਾਲਾ ਵਿਖੇ 'ਪੈਨਸ਼ਨਰਜ਼ ਦਿਵਸ' ਪੂਰੇ ਜੋਸ਼ੋ ਖਰੋਸ਼ ਨਾਲ ਮਨਾਇਆ ਗਿਆ, ਜਿਸ ਵਿੱਚ 200 ਦੇ ਲਗਭਗ ਪੈਨਸ਼ਨਰਾਂ ਨੇ ਭਾਗ ਲਿਆ। ਇਸ ਮੌਕੇ ਆਪਣੇ ਸੰਬੋਧਨ ਵਿੱਚ ਸ਼ਰਮਾ ਨੇ ਕਿਹਾ ਕਿ 17 ਦਸੰਬਰ 1982 ਨੂੰ ਮਾਨਯੋਗ ਸੁਪਰੀਮ ਕੋਰਟ ਦੇ ਪੰਜ ਜੱਜਾਂ ਦੇ ਸੰਵਿਧਾਨਕ ਬੈਂਚ ਨੇ ਸਰਬਸੰਮਤੀ ਨਾਲ ਇਹ ਫੈਸਲਾ ਕੀਤਾ ਸੀ ਕਿ ਪੈਨਸ਼ਨ ਕੋਈ ਖਰਾਇਤ ਨਹੀਂ ਹੈ, ਇਹ ਨੌਕਰੀ ਸਮੇਂ ਮਿਲਦੇ ਵੇਤਨ ਵਿੱਚੋਂ ਕੱਟਿਆ ਗਿਆ ਧਨ ਹੈ। ਪੈਨਸ਼ਨਰਾਂ ਸਬੰਧੀ ਮੰਗਾਂ ਜੋ ਖਜ਼ਾਨਾ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੇ ਚਾਰ ਵਾਰੀ ਮੀਟਿੰਗਾਂ ਕਰਕੇ ਮੰਨੀਆਂ ਸਨ, ਦੇ ਨੋਟੀਫਿਕੇਸ਼ਨ ਜਾਰੀ ਨਾ ਕਰਨ ਤੇ ਪੈਨਸ਼ਨਰਾਂ ਨੇ ਖੇਦ ਪ੍ਰਗਟ ਕੀਤਾ। ਪ੍ਰਧਾਨ ਪ੍ਰੇਮ ਸਾਗਰ ਸ਼ਰਮਾ ਨੇ ਇਸ ਬਾਰੇ ਚਾਨਣਾ ਪਾਇਆ। ਹੋਰ ਬੁਲਾਰਿਆਂ, ਜਿਨ੍ਹਾਂ ਵਿੱਚ ਬਿਹਾਰੀ ਲਾਲ ਸੱਦੀ, ਵਿਜੈ ਕੁਮਾਰ ਸ਼ਰਮਾ ਪ੍ਰਧਾਨ ਅਧਿਆਪਕ ਚੇਤਨਾ ਮੰਚ, ਰਾਮ ਰਤਨ, ਨੇਤਰ ਸਿੰਘ, ਮਾ. ਪ੍ਰੇਮ ਨਾਥ ਸਮਰਾਲਾ, ਕਮਾਂਡੈਂਟ ਰਸ਼ਪਾਲ ਸਿੰਘ, ਰਾਏ ਸਿੰਘ ਖੰਨਾ, ਕੁਲਵੰਤ ਰਾਏ ਕੈਸ਼ੀਅਰ, ਸਿਕੰਦਰ ਸਿੰਘ ਪ੍ਰਧਾਨ ਬਿਜਲੀ ਬੋਰਡ, ਮਾਸਟਰ ਨਿਰਮਲ ਕੁਮਾਰ, ਮਾ. ਤਰਲੋਚਨ ਸਿੰਘ (ਸਟੇਟ ਐਵਾਰਡੀ), ਦਰਸ਼ਨ ਸਿੰਘ ਕੰਗ, ਕਮਲਜੀਤ ਸੁਪਰਡੈਂਟ ਰਿਟਾ: ਆਦਿ ਨੇ ਰੋਸ ਪ੍ਰਗਟ ਕਰਦੇ ਹੋਏ ਤਿੱਖੇ ਸੰਘਰਸ਼ ਦੀ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਪੰਜਾਬ ਭਰ ਦੇ ਪੈਨਸ਼ਨਰ ਤਿੱਖਾ ਸੰਘਰਸ਼ ਛੇੜਨ ਲਈ ਮਜਬੂਰ ਹੋਣਗੇ। ਸਮਾਗਮ ਦੇ ਅਖੀਰ ਵਿੱਚ 80 ਸਾਲ ਦੀ ਉਮਰ ਪੂਰੀ ਹੋਣ ਉਪਰੰਤ ਪੈਨਸ਼ਨਰਾਂ ਨੂੰ ਲੋਈਆਂ ਤੇ ਸ਼ਾਲਾਂ ਨਾਲ ਸਨਮਾਨਤ ਕੀਤਾ ਗਿਆ, ਜਿਨ੍ਹਾਂ ਵਿੱਚ ਪ੍ਰਮੁੱਖ ਤੌਰ 'ਤੇ ਰਾਮ ਰਤਨ, ਪ੍ਰੇਮ ਕੁਮਾਰ ਬਿਜਲੀ ਬੋਰਡ, ਗੁਰਦਿਆਲ ਸਿੰਘ, ਸੰਜੇ ਕੁਮਾਰ ਮੈਨੇਜਰ ਐੱਸ. ਬੀ. ਆਈ., ਰਮਨਦੀਪ ਸਿੰਘ ਕਲਰਕ, ਗੁਰਦਿਆਲ ਸਿੰਘ ਸਮਰਾਲਾ, ਕਮਾਂਡੈਂਟ ਰਸ਼ਪਾਲ ਸਿੰਘ, ਜਗਤਾਰ ਸਿੰਘ, ਮਹਿੰਦਰ ਸਿੰਘ ਹੈੱਡਮਾਸਟਰ (ਰਿਟਾ:), ਰਤਨਪਾਲ ਗਹਿਲੇਵਾਲ, ਅਮਰਜੀਤ ਸਿੰਘ ਬੀ. ਪੀ. ਈ. ਓ. (ਰਿਟਾ:) ਬਲਾਲਾ ਤੇ ਦੋ ਬੈਂਕ ਮੁਲਾਜ਼ਮ ਕੁੜੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਚਾਹ ਦਾ ਲੰਗਰ ਅਟੁੱਟ ਵਰਤਾਇਆ ਗਿਆ। ਸਟੇਜ ਸਕੱਤਰ ਦੀ ਭੂਮਿਕਾ ਜੁਗਲ ਕਿਸ਼ੋਰ ਸਾਹਨੀ ਦੁਆਰਾ ਬਾਖੂਬੀ ਨਿਭਾਈ ਗਈ।

# ਸੂਬੇ ਦਾ ਵਿਕਾਸ ਤੇ ਖੁਸ਼ਹਾਲੀ ਹੀ ਸ਼੍ਰੋਮਣੀ ਅਕਾਲੀ ਦਲ (ਅ) ਦਾ ਮੁੱਖ ਉਦੇਸ਼ : ਰਾਮਪੁਰਾ



**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**

ਸ਼੍ਰੋਮਣੀ ਅਕਾਲੀ ਦਲ (ਅ) ਦਾ ਸ਼ੁਰੂ ਤੋਂ ਹੀ ਮੁੱਖ ਟੀਚਾ ਸੂਬੇ ਦਾ ਵਿਕਾਸ ਤੇ ਸੂਬੇ ਦੇ ਲੋਕਾਂ ਨੂੰ ਖੁਸ਼ਹਾਲ ਬਣਾਉਣ ਦਾ ਰਿਹਾ ਹੈ। ਪਾਰਟੀ ਦੇ ਕੌਮੀ ਪ੍ਰਧਾਨ ਤੇ ਸੰਗਰੂਰ ਤੋਂ ਮੈਂਬਰ ਪਾਰਲੀਮੈਂਟ ਸ੍ਰ. ਸਿਮਰਨਜੀਤ ਸਿੰਘ ਮਾਨ ਇਸੇ ਟੀਚੇ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਕਰਦੇ ਆ ਰਹੇ ਹਨ। ਉਨ੍ਹਾਂ ਨੇ ਆਪਣਾ ਪੂਰਾ ਜੀਵਨ ਲੋਕ ਹਿੱਤਾਂ 'ਤੇ ਪਹਿਰਾ ਦਿੰਦਿਆਂ ਸੂਬੇ ਦੇ ਵਿਕਾਸ ਤੇ ਲੋਕ ਭਲਾਈ ਲਈ ਵੱਧ ਚੜ੍ਹ ਕੇ ਕੰਮ ਕੀਤਾ ਹੈ ਅਤੇ ਕਰ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ (ਅ) ਦੇ ਇੰਚਾਰਜ ਤੇ ਪਾਰਟੀ ਦੇ ਜਥੇਬੰਦਕ ਸਕੱਤਰ ਭਾਈ ਗੁਰਨੈਬ ਸਿੰਘ ਰਾਮਪੁਰਾ ਨੇ ਪਾਰਟੀ ਦੇ ਸਥਾਨਕ ਦਫਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਸੁਨਾਮ ਤੋਂ ਹਲਕਾ ਇੰਚਾਰਜ ਅੰਮ੍ਰਿਤਪਾਲ ਸਿੰਘ ਤੇ ਦਫਤਰ ਇੰਚਾਰਜ ਕੁਲਵੰਤ ਸਿੰਘ ਲੱਡੀ ਵੀ ਮੌਜੂਦ ਸਨ।

ਸ੍ਰ. ਰਾਮਪੁਰਾ ਨੇ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਣ ਦੇ ਬਾਵਜੂਦ ਲੋਕ ਸਭਾ ਹਲਕਾ ਸੰਗਰੂਰ ਦੀ ਜ਼ਿਮਨੀ ਚੋਣ ਦੌਰਾਨ ਜੋ ਹਲਕੇ ਦੇ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ (ਅ) ਦੇ ਪ੍ਰਧਾਨ ਸ੍ਰ. ਸਿਮਰਨਜੀਤ ਸਿੰਘ ਮਾਨ ਨੂੰ ਭਾਰੀ ਬਹੁਮੱਤ ਨਾਲ ਜਿਤਾ ਕੇ ਆਪਣੇ ਭਰੋਸੇ ਦੀ ਮੋਹਰ ਲਗਾਈ ਹੈ, ਉਹ ਕਾਬਿਲੇਤਾਰੀਫ ਹੈ। ਇਸ ਭਰੋਸੇ ਨੂੰ ਬਰਕਰਾਰ ਰੱਖਣ ਲਈ ਪਾਰਟੀ ਦੇ ਹਰ ਆਗੂ ਤੇ ਵਰਕਰ ਵੱਲੋਂ ਪੂਰੀ ਵਾਹ ਲਾ ਕੇ ਲੋਕ ਭਲਾਈ ਦੇ ਕੰਮਾਂ ਵੱਲ ਧਿਆਨ ਲਾਇਆ ਜਾ ਰਿਹਾ ਹੈ। ਪਾਰਟੀ ਪ੍ਰਧਾਨ ਸ੍ਰ. ਮਾਨ ਦੇ ਹੁਕਮਾਂ ਅਨੁਸਾਰ ਪਿੰਡਾਂ ਤੇ ਸ਼ਹਿਰਾਂ ਦੇ ਵੱਖ-ਵੱਖ ਵਾਰਡਾਂ 'ਚ ਜਾ ਕੇ ਲੋਕਾਂ ਨੂੰ ਮਿਲਿਆ ਜਾ ਰਿਹਾ ਹੈ ਅਤੇ ਉਨ੍ਹਾਂ ਦੀ ਹਰ ਤਰ੍ਹਾਂ ਦੀ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ। ਸ੍ਰ. ਰਾਮਪੁਰਾ ਨੇ ਕਿਹਾ ਕਿ ਜਿਸ ਤਰ੍ਹਾਂ ਸ੍ਰ. ਮਾਨ ਨੇ ਆਪਣੇ ਪਿਛਲੇ ਮੈਂਬਰ ਪਾਰਲੀਮੈਂਟ ਦੇ ਕਾਰਜਕਾਲ ਦੌਰਾਨ ਬਿਨਾਂ ਪੱਖਪਾਤ ਤੋਂ ਹਲਕੇ ਦੇ ਸਾਰੇ ਪਿੰਡਾਂ ਤੇ ਕਸਬਿਆਂ ਵਿੱਚ ਗ੍ਰਾਂਟਾਂ ਵੰਡ ਕੇ ਮਿਸਾਲ ਕਾਇਮ ਕੀਤੀ ਸੀ, ਉਸੇ ਤਰ੍ਹਾਂ ਹੁਣ ਵੀ ਬਿਨਾਂ ਕਿਸੇ ਪੱਖਪਾਤ ਦੇ ਪਾਰਟੀਬਾਜ਼ੀ ਤੋਂ ਉਪਰ ਉੱਠ ਕੇ ਸਾਰੇ ਪਿੰਡਾਂ ਤੇ ਸ਼ਹਿਰਾਂ ਵਿੱਚ ਗ੍ਰਾਂਟਾਂ ਵੰਡੀਆਂ ਜਾ ਰਹੀਆਂ ਹਨ, ਜਿਸ ਸਦਕਾ ਹਰ ਵਰਗ ਦੇ ਲੋਕ ਆਪ ਮੁਹਾਰੇ ਲਗਾਤਾਰ ਸ਼੍ਰੋਮਣੀ ਅਕਾਲੀ ਦਲ (ਅ) ਨਾਲ ਜੁੜ ਰਹੇ ਹਨ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਮੁੱਖ ਮੰਤਰੀ ਦੇ ਨਾਂਅ ਵਿਧਾਇਕ ਨੂੰ ਮੰਗ ਪੱਤਰ



**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਬਲਾਕ ਮਹਿਲ ਕਲਾਂ ਵੱਲੋਂ ਯੂਨੀਅਨ ਦੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂਅ ਮੰਗ ਪੱਤਰ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੂੰ ਦਿੱਤਾ ਗਿਆ। ਜਥੇਬੰਦੀ ਦੇ ਆਗੂਆਂ ਦੀ ਮੰਗ ਹੈ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਸਾਰੀਆਂ ਮੰਗਾਂ ਮੰਨੀਆਂ ਜਾਣ ਤੇ ਮੁੱਖ ਮੰਤਰੀ ਜਥੇਬੰਦੀ ਦੀਆਂ ਆਗੂਆਂ ਨੂੰ ਮੀਟਿੰਗ ਦਾ ਸਮਾਂ ਦੇਣ। ਇਸ ਮੌਕੇ ਬਲਾਕ ਪ੍ਰਧਾਨ ਭੋਲੀ ਕੌਰ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਦੇ 3 ਸਾਲ ਤੋਂ 6 ਸਾਲ ਤੱਕ ਦੇ ਬੱਚੇ ਜੋ ਸਰਕਾਰ ਨੇ 2017 ਵਿੱਚ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਭੇਜ ਦਿੱਤੇ ਸਨ, ਨੂੰ ਵਾਪਸ ਸੈਂਟਰਾਂ ਵਿੱਚ ਭੇਜਿਆ ਜਾਵੇ, ਤੇ ਆਂਗਣਵਾੜੀ ਵਰਕਰ ਨੂੰ ਪ੍ਰੀ ਨਰਸਰੀ ਟੀਚਰ ਦਾ ਦਰਜਾ ਦਿੱਤਾ ਜਾਵੇ। ਜਦੋਂ ਤੱਕ ਇਹ ਲਾਗੂ ਨਹੀਂ ਹੁੰਦਾ, ਉਦੋਂ ਤੱਕ ਸਰਕਾਰ ਆਪਣੇ ਵਾਅਦੇ ਅਨੁਸਾਰ ਵਰਕਰਾਂ ਤੇ ਹੈਲਪਰਾਂ ਦਾ ਮਾਣ ਭੱਤਾ ਦੁੱਗਣਾ ਕਰੇ। ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਪਿਛਲੇਂ 4 ਸਾਲਾਂ ਤੋਂ ਖਾਲੀ ਪਈਆਂ ਹਜ਼ਾਰਾਂ ਅਸਾਮੀਆਂ ਦੀ ਭਰਤੀ ਤੁਰੰਤ ਕੀਤੀ ਜਾਵੇ। ਐਨ ਜੀ ਓ ਅਧੀਨ ਕੰਮ ਕਰਦੀਆਂ ਵਰਕਰਾਂ ਤੇ ਹੈਲਪਰਾਂ ਨੂੰ ਮੁੱਖ ਵਿਭਾਗ ਅਧੀਨ ਲਿਆਂਦਾ ਜਾਵੇ। ਵਰਕਰਾਂ ਨੂੰ ਸਮਾਰਟ ਫੋਨ ਦਿੱਤੇ ਜਾਣ, ਉਤਸ਼ਾਹ ਵਰਧਕ ਰਾਸ਼ੀ ਕ੍ਰਮਵਾਰ ਵਰਕਰ ਤੇ ਹੈਲਪਰ ਨੂੰ 500 ਰੁਪਏ ਤੇ 250 ਰੁਪਏ ਦਿੱਤੇ ਜਾਣ। ਪੀ ਐਮ ਵੀ ਵਾਈ ਦੇ 2017 ਤੋਂ ਰਹਿੰਦਾ ਬਕਾਇਆ ਰਿਲੀਜ਼ ਕੀਤਾ ਜਾਵੇ। ਮਿੰਨੀ ਆਂਗਣਵਾੜੀ ਵਰਕਰ ਨੂੰ ਪੂਰੀ ਆਂਗਣਵਾੜੀ ਵਰਕਰ ਦਾ ਦਰਜਾ ਦਿੱਤਾ ਜਾਵੇ। ਇਸ ਮੌਕੇ ਯੂਨੀਅਨ ਦੀਆਂ ਆਗੂ ਆਂਗਣਵਾੜੀ ਵਰਕਰ ਗੁਰਮੇਲ ਕੌਰ ਮਠਾੜੂ, ਆਸ਼ਾ ਰਾਣੀ, ਸੰਦੀਪ ਕੌਰ, ਜਸਪਾਲ ਕੌਰ, ਹੈਲਪਰ ਪਰਮਜੀਤ ਕੌਰ, ਕੁਲਵੰਤ ਕੌਰ ਆਦਿ ਹਾਜ਼ਰ ਸਨ।

CMYK

page-6-19-(DEC)-2022-G-(BV).qxd 12/18/2022 9:50 PM Page 1



# ਪੰਜਾਬ ਪੈਨਸ਼ਨਰਜ਼ ਯੂਨੀਅਨ ਨੇ 'ਪੈਨਸ਼ਨਰ ਦਿਵਸ' ਮਨਾਇਆ

**ਮੁਲਾਜ਼ਮ ਤੇ ਪੈਨਸ਼ਨਰ ਵਰਗ ਨੂੰ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਹੋਣ ਦਾ ਸੱਦਾ**




**ਕੋਟਕਪੂਰਾ (ਰਛਪਾਲ ਭੁੱਲਰ)**-ਪੰਜਾਬ ਪੈਨਸ਼ਨਰਜ਼ ਯੂਨੀਅਨ (ਰਜਿ:) ਜ਼ਿਲ੍ਹਾ ਫਰੀਦਕੋਟ ਨੇ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਸਥਿਤ ਯੂਨੀਅਨ ਦੇ ਦਫਤਰ 'ਚ 'ਪੈਨਸ਼ਨਰ ਦਿਵਸ' ਮਨਾਇਆ ਗਿਆ। ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪੈਨਸ਼ਨਰ ਆਗੂ ਬਿੱਕਰ ਸਿੰਘ ਗੋਂਦਾਰਾ, ਸ਼ਾਮ ਲਾਲ ਚਾਵਲਾ, ਰਾਜਿੰਦਰ ਸਿੰਘ ਸਰਾਂ ਸੇਵਾ ਮੁਕਤ ਤਹਿਸੀਲਦਾਰ, ਪ੍ਰਿੰਸੀਪਲ ਬਲਵੀਰ ਸਿੰਘ ਬਰਾੜ, ਅਮਰਜੀਤ ਕੌਰ ਛਾਬੜਾ, ਸੋਮ ਨਾਥ ਅਰੋੜਾ, ਜਗਦੀਸ਼ ਪ੍ਰਸਾਦ ਐਡਵੋਕੇਟ ਤੇ ਸੂਬਾਈ ਆਗੂ ਅਸ਼ੋਕ ਕੌਸ਼ਲ ਸ਼ਾਮਲ ਸਨ।

ਇਸ ਮੌਕੇ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ 17 ਦਸੰਬਰ ਨੂੰ ਪੈਨਸ਼ਨਰਜ਼ ਦਿਵਸ ਮਨਾਉਣ ਦਾ ਇਤਿਹਾਸ ਇਹ ਹੈ ਕਿ 1982 ਤੋਂ ਪਹਿਲਾਂ ਪੰਜਾਬ ਹੀ ਨਹੀਂ ਸਗੋਂ ਸਾਰੇ ਦੇਸ਼ ਦੇ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦੇ ਪੈਨਸ਼ਨਰਜ਼ ਦੀ ਹਾਲਤ ਬਹੁਤੀ ਸਨਮਾਨ ਯੋਗ ਨਹੀਂ ਸੀ। 17 ਦਸੰਬਰ 1982 ਨੂੰ ਡੀ ਐੱਸ ਨਾਕੜਾ ਦੇ ਇੱਕ ਮਹੱਤਵਪੂਰਨ ਕੇਸ ਵਿੱਚ ਮਾਨਯੋਗ ਸੁਪਰੀਮ ਕੋਰਟ ਨੇ ਪੈਨਸ਼ਨਰੀ ਲਾਭਾਂ ਨੂੰ ਸੰਵਿਧਾਨਕ ਘੋਸ਼ਿਤ ਕਰਨ ਦਾ ਇਕ ਇਤਿਹਾਸਕ ਫੈਸਲਾ ਦਿੰਦਿਆਂ ਕਿਹਾ ਸੀ ਕਿ ਪੈਨਸ਼ਨ ਖੈਰਾਤ ਨਹੀਂ, ਬਲਕਿ ਸੰਵਿਧਾਨਕ ਹੱਕ ਹੈ।

ਇਹ ਦਿਨ ਇਤਿਹਾਸ ਵਿੱਚ ਸੁਨਹਿਰੀ ਹੋ ਨਿਬੜਿਆ ਹੈ। ਆਗੂਆਂ ਨੇ ਅਫਸੋਸ ਪ੍ਰਗਟ ਕੀਤਾ ਕਿ ਹੁਣ ਹੁਕਮਰਾਨ ਸਰਕਾਰਾਂ ਪੈਨਸ਼ਨ ਲਾਭ ਦੇਣ ਤੋਂ ਭੱਜ ਰਹੀਆਂ ਹਨ। ਜਨਵਰੀ 2004 ਤੋਂ ਸੇਵਾ 'ਚ ਆਉਣ ਵਾਲੇ ਮੁਲਾਜ਼ਮਾਂ ਨੂੰ ਕੰਟਰੀਬਿਊਟਰੀ ਪੈਨਸ਼ਨ ਸਕੀਮ ਹੇਠ ਲਿਆਂਦਾ ਗਿਆ ਹੈ। ਸ਼ਾਇਦ ਪੈਨਸ਼ਨ ਸ਼ਬਦ ਆਉਣ ਵਾਲੇ ਸਮੇਂ 'ਚ ਸ਼ਬਦ ਕੋਸ਼ ਵਿੱਚ ਹੀ ਮਿਲੇਗਾ। ਇਸ ਕਰਕੇ ਸਮੂਹ ਮੁਲਾਜ਼ਮ ਤੇ ਪੈਨਸ਼ਨਰ ਵਰਗ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਹੋ ਕੇ ਸਾਂਝੀ ਮਜ਼ਬੂਤ ਜਥੇਬੰਦੀ ਉਸਾਰਨ ਦੀ ਲੋੜ ਹੈ। ਪਾਸ ਕੀਤੇ ਇੱਕ ਮਤੇ ਰਾਹੀਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਜੁਲਾਈ 2015 ਤੋਂ 119 ਫੀਸਦੀ ਡੀ ਏ ਦੇਣ ਦਾ ਫੈਸਲਾ ਤੁਰੰਤ ਜਨਰਲਾਈਜ਼ ਕੀਤਾ ਜਾਵੇ ਤਾਂ ਜੋ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦਾ ਦਰ ਖੜਕਾਉਣ ਲਈ ਮਜਬੂਰ ਨਾ ਹੋਣਾ ਪਵੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਤਰਸੇਮ ਨਰੂਲਾ, ਇਕਬਾਲ ਸਿੰਘ ਮੰਘੇੜਾ, ਦਰਸ਼ਨਾ ਦੇਵੀ ਫਰੀਦਕੋਟ, ਵਿਜੇ ਕੁਮਾਰੀ ਚੋਪੜਾ, ਅੰਗਰੇਜ ਕੌਰ ਔਲਖ, ਪਰਮਜੀਤ ਕੌਰ, ਕੈਲਾਸ਼ ਕੁਮਾਰੀ, ਦਰਸ਼ਨ ਸਿੰਘ ਫੌਜੀ, ਗੇਜ ਰਾਮ ਭੌਰਾ, ਸੁਖਮੰਦਰ ਸਿੰਘ ਰਾਮਸਰ, ਸੁਖਚੈਨ ਸਿੰਘ ਥਾਂਦੇਵਾਲਾ, ਹਾਕਮ ਸਿੰਘ, ਬਲਵਿੰਦਰ ਕੌਰ, ਮਦਨ ਲਾਲ ਸ਼ਰਮਾ, ਗੁਰਾ ਸਿੰਘ ਢਿੱਲਵਾਂ, ਜਸਵੀਰ ਸਿੰਘ ਕੈਂਥ, ਕੀਰਤਨ ਸਿੰਘ ਤੇ ਅਵਿਨਾਸ਼ ਕੁਮਾਰੀ ਵੋਹਰਾ ਆਦਿ ਹਾਜ਼ਰ ਸਨ।

# ਗਿਆਨ ਸਿੰਘ 22ਵੀਂ ਵਾਰ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਬਣੇ

*** ਖਜ਼ਾਨਚੀ ਦੇ ਵੱਕਾਰੀ ਅਹੁਦੇ 'ਤੇ ਸਿਮਰਨਜੀਤ ਜਵੰਦਾ ਨੇ ਮਾਰੀ ਬਾਜ਼ੀ**



**ਨਾਭਾ, (ਵਰਿੰਦਰ ਵਰਮਾ)**-ਪੰਜਾਬ ਤੇ ਹਰਿਆਣਾ ਸਮੇਤ ਚੰਡੀਗੜ੍ਹ ਬਾਰ ਐਸੋਸੀਏਸ਼ਨਾਂ ਦੀਆਂ ਸੰਪੰਨ ਹੋਈਆਂ ਸਾਲਾਨਾ ਚੋਣਾਂ ਦੇ ਕ੍ਰਮ ਵਿੱਚ ਨਾਭਾ ਬਾਰ ਐਸੋਸੀਏਸ਼ਨ ਦੀਆਂ ਸਾਲਾਨਾ ਚੋਣਾਂ 'ਚ ਪਿਛਲੇ ਕਈ ਸਾਲਾਂ ਤੋਂ ਲਗਾਤਾਰ ਚੱਲੇ ਆ ਰਹੇ ਗਿਆਨ ਸਿੰਘ ਮੂੰਗੋ 22ਵੀਂ ਵਾਰ ਪ੍ਰਧਾਨ ਚੁਣੇ ਗਏ। ਦੱਸਣਯੋਗ ਹੈ ਕਿ ਇਸ ਵਾਰ ਬਾਰ ਐਸੋਸੀਏਸ਼ਨ ਨਾਭਾ ਦੀ ਪ੍ਰਧਾਨਗੀ ਸਮੇਤ ਦੂਜੇ ਅਹੁਦਿਆਂ ਲਈ ਮੂੰਗੋ ਗਰੁੱਪ ਤੇ ਸਿੱਧੂ ਗਰੁੱਪ ਆਹਮਣੇ-ਸਾਹਮਣੇ ਸਨ। ਮੂੰਗੋ ਗਰੁੱਪ ਦੀ ਪ੍ਰਤੀਨਿਧਤਾ ਸੀਨੀਅਰ ਐਡਵੋਕੇਟ ਤੇ ਉੱਘੇ ਆਪ ਆਗੂ ਗਿਆਨ ਸਿੰਘ ਮੂੰਗੋ ਕਰ ਰਹੇ ਸਨ, ਜਦਕਿ ਦੂਜੇ ਪਾਸੇ ਸਿੱਧੂ ਗਰੁੱਪ ਦੀ ਪ੍ਰਤੀਨਿਧਤਾ ਮਨਜੀਤ ਸਿੰਘ ਸਿੱਧੂ ਐਡਵੋਕੇਟ ਕਰ ਰਹੇ ਸਨ। ਨਾਭਾ ਪੁਲਸ ਦੇ ਸਖਤ ਸੁਰੱਖਿਆ ਪ੍ਰਬੰਧਾਂ ਅਧੀਨ ਸੰਪੰਨ ਹੋਈਆਂ ਸਾਲਾਨਾ ਚੋਣਾਂ ਦੌਰਾਨ ਕੁੱਲ 316 ਵੋਟਰਾਂ 'ਚੋਂ 292 ਨੇ ਵੋਟਿੰਗ ਅਧਿਕਾਰ ਦਾ ਇਸਤੇਮਾਲ ਕੀਤਾ। ਪੰਜਾਬ ਤੇ ਹਰਿਆਣਾ ਬਾਰ ਕੌਂਸਲ ਵੱਲੋਂ ਤਾਇਨਾਤ ਐਡਵੋਕੇਟ ਜੇ. ਡੀ. ਬਾਂਸਲ ਦੀ ਅਗਵਾਈ 'ਚ ਦੇਰ ਸ਼ਾਮ ਐਲਾਨੇ ਨਤੀਜਿਆਂ ਅਨੁਸਾਰ ਸੀਨੀਅਰ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ 22ਵੀਂ ਵਾਰ ਨਾਭਾ ਬਾਰ ਦੀ ਪ੍ਰਧਾਨਗੀ 'ਤੇ ਕਬਜ਼ਾ ਕੀਤਾ। ਉਹ ਆਪਣੇ ਵਿਰੋਧੀ ਸੀਨੀਅਰ ਐਡਵੋਕੇਟ ਮਨਜੀਤ ਸਿੰਘ ਸਿੱਧੂ ਤੋਂ 112 ਵੋਟਾਂ ਦੇ ਫਰਕ ਨਾਲ ਜੇਤੂ ਕਰਾਰ ਦਿੱਤੇ ਗਏ। ਮਜ਼ੇ ਦੀ ਗੱਲ ਹੈ ਕਿ ਬਾਰ ਐਸੋਸੀਏਸ਼ਨ ਖਜ਼ਾਨਚੀ ਦੇ ਵੱਕਾਰੀ ਅਹੁਦੇ ਲਈ ਸਿੱਧੂ ਗਰੁੱਪ ਦੇ ਐਡਵੋਕੇਟ ਸਿਮਰਨਜੀਤ ਸਿੰਘ ਜਵੰਦਾ ਜੇਤੂ ਕਰਾਰ ਹੋਏ, ਜਿਨ੍ਹਾਂ ਨੂੰ ਆਪਣੇ ਵਿਰੋਧੀ ਨੂੰ ਮਿਲੀਆਂ 137 ਵੋਟਾਂ ਮੁਕਾਬਲੇ 152 ਵੋਟਾਂ ਪ੍ਰਾਪਤ ਹੋਈਆਂ। ਪ੍ਰਧਾਨਗੀ ਲਈ ਜੇਤੂ ਕਰਾਰ ਹੋਣ ਬਾਅਦ ਸੀਨੀਅਰ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਹੀ ਵਕੀਲ ਭਾਈਚਾਰੇ ਦੇ ਹਿੱਤਾਂ ਲਈ ਕਾਰਜ ਕੀਤੇ ਹਨ ਤੇ ਭਵਿੱਖ 'ਚ ਵੀ ਉਹ ਵਕੀਲ ਭਾਈਚਾਰੇ ਦੇ ਮਾਣ-ਸਤਿਕਾਰ ਨਾਲ ਉਨ੍ਹਾਂ ਦੇ ਹੱਕਾਂ ਸੰਬੰਧੀ ਲਗਾਤਾਰ ਡਟ ਕੇ ਸੰਘਰਸ਼ ਕਰਦੇ ਰਹਿਣਗੇ। ਦੂਜੇ ਪਾਸੇ ਖਜ਼ਾਨਚੀ ਦੇ ਵੱਕਾਰੀ ਅਹੁਦੇ 'ਤੇ ਜੇਤੂ ਨੌਜਵਾਨ ਐਡਵੋਕੇਟ ਸਿਮਰਨਜੀਤ ਜਵੰਦਾ ਨੇ ਕਿਹਾ ਕਿ ਉਹ ਸਾਰਿਆਂ ਲਈ ਨਿਰਪੱਖਤਾ ਨਾਲ ਕੰਮ ਕਰਨਗੇ। ਇਸ ਮੌਕੇ ਸਰਬਜੀਤ ਸਿੰਘ ਕਕਰਾਲਾ, ਹਰਜਿੰਦਰ ਸਿੰਘ ਖਰੌਡ, ਗੁਰਮੀਤ ਸਿੰਘ ਲਾਲੀ, ਬਲਜਿੰਦਰ ਸਿੰਘ, ਪਰਮਜੀਤ ਕੌਰ, ਸਤਨਾਮ ਦਾਸ, ਸੁਖਦੇਵ ਇੱਛੇਵਾਲ, ਸ਼ਾਮ ਸਿੰਘ, ਮੱਖਣ ਸਿੰਘ, ਮੋਹਨ ਲਾਲ ਵਰਮਾ, ਸੁਖਦੇਵ ਸਿੰਘ ਨੌਕਵਾਲ, ਇੰਦਰਜੀਤ ਸਾਹਨੀ, ਹਰਕੀਰਤ ਸਿੰਘ ਸਕਰਾਲੀ, ਸਿਕੰਦਰ ਪ੍ਰਤਾਪ ਸਿੰਘ, ਕੁਲਦੀਪ ਸਿੰਘ ਨੰਬਰਦਾਰ ਤੇ ਵੱਡੀ ਗਿਣਤੀ 'ਚ ਉਨ੍ਹਾਂ ਦੇ ਸਮਰਥਕ ਵਕੀਲ ਸਾਹਿਬਾਨ ਮੌਜੂਦ ਸਨ।

## ਭਾਰਤ ਜੋੜੋ ਯਾਤਰਾ ਦੇ ਸਬੰਧ 'ਚ ਕਾਂਗਰਸੀ ਆਗੂਆਂ ਤੇ ਵਰਕਰਾਂ ਦੀ ਮੀਟਿੰਗ


ਭਾਰਤ ਜੋੜੋ ਯਾਤਰਾ ਦੇ ਸਬੰਧ 'ਚ ਤਾਜ ਪੈਲੇਸ ਵਿਖੇ ਵਰਕਰਾਂ ਨਾਲ ਭਰਵੀਂ ਮੀਟਿੰਗ ਦੌਰਾਨ।

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਭਾਰਤ ਜੋੜੋ ਯਾਤਰਾ ਦੇ ਸਬੰਧ ਵਿੱਚ ਅਮਰਿੰਦਰ ਸਿੰਘ ਰਾਜਾ ਵੜਿੰਗ ਪ੍ਰਧਾਨ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਤੇ ਸਮੁੱਚੀ ਹਾਈਕਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਿਧਾਨ ਸਭਾ ਹਲਕਾ ਫਰੀਦਕੋਟ ਦੀ ਮੀਟਿੰਗ ਕੁਸ਼ਲਦੀਪ ਸਿੰਘ ਢਿੱਲੋਂ ਸੀਨੀਅਰ ਮੀਤ ਪ੍ਰਧਾਨ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ, ਨਵਦੀਪ ਸਿੰਘ ਬੱਬੂ ਬਰਾੜ ਪ੍ਰਧਾਨ ਜ਼ਿਲ੍ਹਾ ਕਾਂਗਰਸ ਫਰੀਦਕੋਟ ਤੇ ਗੁਰਦੀਪ ਸਿੰਘ ਢਿੱਲੋਂ ਅਬਜ਼ਰਵਰ ਵਿਧਾਨ ਸਭਾ ਹਲਕਾ ਫਰੀਦਕੋਟ ਦੀ ਅਗਵਾਈ 'ਚ ਤਾਜ ਪੈਲੇਸ ਵਿਖੇ ਵਰਕਰਾਂ ਨਾਲ ਭਰਵੀਂ ਮੀਟਿੰਗ ਕੀਤੀ ਗਈ ਤੇ ਭਾਰਤ ਜੋੜੋ ਯਾਤਰਾ ਲਈ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਗਿਆ। ਇਸ ਮੀਟਿੰਗ 'ਚ ਕੁਸ਼ਲਦੀਪ ਸਿੰਘ ਢਿੱਲੋਂ ਸੀਨੀਅਰ ਮੀਤ ਪ੍ਰਧਾਨ ਪੰਜਾਬ ਪ੍ਰਦੇਸ ਕਾਂਗਰਸ ਕਮੇਟੀ ਨੇ ਬਲਾਕ ਦੇ ਸਾਰੇ ਵਰਕਰਾਂ ਨੂੰ ਹੱਲਾ-ਸ਼ੇਰੀ ਦਿੰਦਿਆਂ ਕਿਹਾ ਕਿ ਭਾਰਤ ਜੋੜੋ ਯਾਤਰਾ ਦੇਸ਼ ਨੂੰ ਵੰਡਵਾਦੀ ਰਾਜਨੀਤੀ ਦੇ ਵਿਰੁੱਧ ਦੇਸ਼ ਨੂੰ ਇੱਕਜੁੱਟ ਕਰਨ ਲਈ ਕਾਂਗਰਸ ਪ੍ਰਧਾਨ ਰਾਹੁਲ ਗਾਂਧੀ ਦੁਆਰਾ ਸ਼ੁਰੂ ਕੀਤੀ ਗਈ। ਇਸ ਲਈ ਸਾਨੂੰ ਇਸ ਯਾਤਰਾ 'ਚ ਸ਼ਾਮਲ ਹੋਣ ਲਈ ਵੱਡੀ ਗਿਣਤੀ 'ਚ ਇਕੱਠੇ ਹੋਣਾ ਹੈ, ਤਾਂ ਕਿ ਪੰਜਾਬ, ਫਰੀਦਕੋਟ ਦੇ ਲੋਕ ਇਸ ਯਾਤਰਾ ਦਾ ਹਿੱਸਾ ਬਣ ਸਕੀਏ।ਇਸ ਮੌਕੇ ਨਵਦੀਪ ਸਿੰਘ ਬੱਬੂ ਬਰਾੜ ਪ੍ਰਧਾਨ ਜ਼ਿਲ੍ਹਾ ਕਾਂਗਰਸ ਫਰੀਦਕੋਟ ਤੇ ਗੁਰਸਵਿੰਦਰ ਸਿੰਘ ਬਰਾੜ ਬਲਾਕ ਪ੍ਰਧਾਨ ਦਿਹਾਤੀ ਨੇ ਕਿਹਾ ਕਿ ਭਾਰਤ ਜੋੜੋ ਯਾਤਰਾ ਪੂਰੇ ਦੇਸ਼ ਨੂੰ ਰਾਜਨੀਤਕ ਤੌਰ 'ਤੇ ਇੱਕ ਕਰਨ ਲਈ ਸ਼ੁਰੂ ਕੀਤੀ ਗਈ ਹੈ, ਤਾਂ ਕਿ ਆਰਥਿਕ ਸਮੱਸਿਆਵਾਂ ਤੇ ਸਮਾਜਿਕ ਅਸਹਿਮਤੀ ਨੂੰ ਇੱਕ ਕੀਤਾ ਜਾ ਸਕੇ। ਇਸ 'ਚ ਹਿੱਸਾ ਲੈਣ ਵਾਲੇ ਰਾਜਨੇਤਾ, ਨਾਗਰਿਕ, ਸਮਾਜਸੇਵੀ ਸੰਗਠਨ ਤੇ ਰਾਜਨੀਤਕ ਕਾਰਕੁਨ ਜੋਕਿ ਕਾਂਗਰਸੀ ਸੋਚ ਰੱਖਣ ਵਾਲੇ ਹਨ। ਇਹ ਯਾਤਰਾ ਕਰੀਬ 10 ਜਨਵਰੀ ਤੱਕ ਫਰੀਦਕੋਟ ਤੋਂ 25 ਮੈਂਬਰਾਂ ਦੀ ਟੀਮ ਤਿਆਰ ਕਰ ਦਿੱਤੀ ਹੈ ਜੋ ਇਸ ਯਾਤਰਾ ਦਾ ਹਿੱਸਾ ਬਣੇਗੀ। ਇਸ ਮੀਟਿੰਗ ਦੀ ਜ਼ਿੰਮੇਵਾਰੀ ਰਿੱਕੀ ਗਾਂਧੀ ਬਲਾਕ ਪ੍ਰਧਾਨ, ਗੁਰਸਵਿੰਦਰ ਸਿੰਘ ਬਰਾੜ ਬਲਾਕ ਪ੍ਰਧਾਨ ਦਿਹਾਤੀ ਨੇ ਤਨਦੇਹੀ ਨਾਲ ਨਿਭਾਈ।

## ਪਰਮਜੀਤ ਢਿੱਲੋਂ ਨੂੰ ਅਕਾਲੀ ਦਲ ਦਾ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਆਗੂਆਂ ਵੱਲੋਂ ਸਵਾਗਤ

*** ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਵਾਂਗਾ : ਢਿੱਲੋਂ**

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਸਮਰਾਲਾ ਤੋਂ ਪਾਰਟੀ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ ਨੂੰ ਸੂਬਾ ਜਨਰਲ ਸਕੱਤਰ ਨਿਯੁਕਤ ਕਰਨ 'ਤੇ ਮਾਛੀਵਾੜਾ ਇਲਾਕੇ ਦੇ ਆਗੂਆਂ ਤੇ ਵਰਕਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਮਾਛੀਵਾੜਾ ਅਨਾਜ ਮੰਡੀ ਵਿੱਚ ਪਰਮਜੀਤ ਢਿੱਲੋਂ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਆੜ੍ਹਤੀ ਐਸੋ. ਦੇ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਟਹਿਲ ਸਿੰਘ ਔਜਲਾ, ਬਲਾਕ ਸੰਮਤੀ ਮੈਂਬਰ ਹਰਜੋਤ ਸਿੰਘ ਮਾਂਗਟ, ਆੜ੍ਹਤੀ ਅਰਵਿੰਦਰਪਾਲ ਸਿੰਘ ਵਿੱਕੀ, ਅਮਰ ਸਿੰਘ ਹੇੜੋਂ ਬੇਟ, ਅਮਰੀਕ ਸਿੰਘ ਮੁਗਲੇਵਾਲ, ਮੀਤ ਪ੍ਰਧਾਨ ਬਾਰ ਐਸੋ. ਗੁਰਜੀਤ ਸਿੰਘ ਮਿੰਠੇਵਾਲ, ਪਰਮਜੀਤ ਸਿੰਘ ਝੱਜ, ਕੁਲਜਿੰਦਰ ਸਿੰਘ ਖੇੜਾ, ਪ੍ਰਿਤਪਾਲ ਸਿੰਘ ਗਿੱਲ, ਮਹਿਬੂਬ ਸਿੰਘ, ਹਰਿੰਦਰਪਾਲ ਸਿੰਘ ਘੁਮਾਣ, ਹਰਮੀਤ ਸਿੰਘ ਗਿੱਲ, ਪਰਵਿੰਦਰ ਸਿੰਘ ਬੱਲੀ, ਅਮਨ ਖੇੜਾ, ਕਿਸ਼ੋਰੀ ਲਾਲ, ਨੰਬਰਦਾਰ ਨਗਿੰਦਰ ਸਿੰਘ ਮਾਂਗਟ ਤੇ ਵਿਕਾਸ ਕੁਮਾਰ ਨੇ ਕਿਹਾ ਕਿ ਅਕਾਲੀ ਦਲ ਹਾਈਕਮਾਂਡ ਨੇ ਇਲਾਕੇ ਦੇ ਨੌਜਵਾਨ ਆਗੂ ਨੂੰ ਪਾਰਟੀ ਦਾ ਜਨਰਲ ਸਕੱਤਰ ਨਿਯੁਕਤ ਕਰ ਵੱਡਾ ਮਾਣ ਬਖ਼ਸ਼ਿਆ ਹੈ। ਉਕਤ ਆਗੂਆਂ ਨੇ ਕਿਹਾ ਕਿ ਪਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਹਲਕਾ ਸਮਰਾਲਾ 'ਚ ਪਾਰਟੀ ਹੋਰ ਮਜ਼ਬੂਤ ਹੋਵੇਗੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਨਰਲ ਸਕੱਤਰ ਪਰਮਜੀਤ ਢਿੱਲੋਂ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਜੋ ਉਨ੍ਹਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਤਨਦੇਹੀ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਹਾਈ ਕਮਾਂਡ ਦੇ ਨਿਰਦੇਸ਼ਾਂ ਤਹਿਤ ਹਲਕਾ ਸਮਰਾਲਾ ਵਿੱਚ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਪੂਰੀ ਮਿਹਨਤ ਨਾਲ ਕੰਮ ਕਰਨਗੇ।

## ਏ ਬੀ ਡੀ ਇੰਡੀਆ ਵੱਲੋਂ ਪੰਜਾਬ 'ਚ ਕਾਨਿਕ ਵ੍ਹਾਈਟ ਵਿਸਕੀ ਲਾਂਚ

**ਅੰਮ੍ਰਿਤਸਰ:** ਅਲਾਈਡ ਬਲੈਂਡਰਜ਼ ਐਂਡ ਡਿਸਟਿਲਰਜ਼ ਸਭ ਤੋਂ ਵੱਡੀ ਭਾਰਤੀ ਮਲਕੀਅਤ ਵਾਲੀ ਸਪਿਰਟ ਕੰਪਨੀ ਨੇ ਹਾਲ ਹੀ ਵਿੱਚ ਆਪਣੀ ਆਈ ਕਾਨਿਕ ਵ੍ਹਾਈਟ ਵ੍ਹਿਸਕੀ ਨੂੰ ਲਾਂਚ ਕੀਤਾ ਹੈ ਅਤੇ ਇਸ ਨੂੰ ਪੰਜਾਬ ਵਿੱਚ ਸਕਾਰਾਤਮਕ ਹੁੰਗਾਰਾ ਮਿਲਿਆ ਹੈ। ਪੰਜਾਬ ਵਿੱਚ ਨੌਜਵਾਨਾਂ ਵਿੱਚ ਇਸ ਉਤਪਾਦ ਨੂੰ ਉਤਸ਼ਾਹ ਨਾਲ ਅਪਣਾਇਆ ਜਾ ਰਿਹਾ ਹੈ।

ਆਈ ਕਾਨਿਕ ਵ੍ਹਾਈਟ ਪ੍ਰੀਮੀਅਮ ਇੰਡੀਅਨ ਗ੍ਰੇਨ ਸਪਿਰਟ ਚੁਣੇ ਹੋਏ ਪਰਿਪੱਕ ਮਾਲਟ ਅਤੇ ਬੋਰਬਨ ਓਕ ਕਾਸਕ ਵਿੱਚ ਆਯਾਤ ਕੀਤੇ ਸਕਾਚ ਮਾਲਟ ਦਾ ਇੱਕ ਬੇਮਿਸਾਲ ਮਿਸ਼ਰਣ ਹੈ। ਆਈ ਕਾਨਿਕ ਵ੍ਹਾਈਟ ਦਾ ਉਦੇਸ਼ ਉਨ੍ਹਾਂ ਖਪਤਕਾਰਾਂ ਲਈ ਹੈ ਜੋ ਉਤਪਾਦ ਦੇ ਵਧੀਆ ਅਨੁਭਵਾਂ ਦਾ ਆਨੰਦ ਲੈਂਦੇ ਹਨ।

ਲਾਂਚ ਦੀ ਚਰਚਾ ਕਰਦੇ ਹੋਏ ਬਿਕਰਮ ਬਾਸੂ, ਉਪ-ਪ੍ਰਧਾਨ-ਰਣਨੀਤੀ, ਮਾਰਕੀਟਿੰਗ, ਅਤੇ ਵਪਾਰ ਵਿਕਾਸ, ਨੇ ਕਿਹਾ ਕਿ ਆਈ ਕਾਨਿਕ ਵ੍ਹਾਈਟ ਮਿਸ਼ਰਣ, ਪੈਕੇਜਿੰਗ ਅਤੇ ਸੰਚਾਰ ਲਈ ਇੱਕ ਸਮਕਾਲੀ ਵ੍ਹਿਸਕੀ ਹੈ। ਇਹ ਨੌਜਵਾਨ ਬਾਲਗ ਨੂੰ ਅਪੀਲ ਕਰੇਗਾ ਅਤੇ ਇੱਕ ਕਿਫਾਇਤੀ ਪ੍ਰੀਮੀਅਮ ਹਿੱਸੇ ਵਿੱਚ ਖੇਡਦਾ ਹੈ। ਅਸੀਂ ਇੱਥੇ ਕੁਝ ਖਾਸ ਲੈ ਕੇ ਆਏ ਹਾਂ ਅਤੇ ਜਿੱਤਣ ਲਈ ਇੱਥੇ ਹਾਂ। ਆਈ ਕਾਨਿਕ ਵ੍ਹਾਈਟ ਹੁਣ ਪੰਜਾਬ ਵਿੱਚ ਤਿੰਨ ਵੱਖ-ਵੱਖ ਪੈਕਾਂ ਜਿਵੇਂ ਕਿ 750 ਐੱਮਐੱਲ, 375 ਐੱਮਐੱਲ ਅਤੇ 180 ਐੱਮਐੱਲ ਵਿੱਚ ਉਪਲਬਧ ਹੈ।

## ਪ੍ਰਿੰ. ਰੰਧਾਵਾ ਨੇ ਹੋਣਹਾਰ ਵਿਦਿਆਰਥੀਆਂ ਦਾ ਕੀਤਾ ਸਨਮਾਨ



**ਮਜੀਠਾ (ਸੋਇਮ ਆਨੰਦ)**-ਸ਼ਹੀਦ ਭਗਤ ਸਿੰਘ ਮੈਮੋਰੀਅਲ ਇੰਟਰਨੈਸ਼ਨਲ ਸੋਸ਼ਲ ਐਂਡ ਵੈੱਲਫੇਅਰ ਸੁਸਾਇਟੀ ਰਜਿ: ਇੰਡੋ ਕੈਨੇਡਾ ਅੰਮ੍ਰਿਤਸਰ ਦੇ ਸਹਿਯੋਗ ਨਾਲ ਪਿਛਲੇ ਵਿਦਿਅਕ ਸਾਲ ਦੌਰਾਨ ਸਲਾਨਾ ਨਤੀਜਿਆਂ 'ਚ ਵੱਖ-ਵੱਖ ਸਥਾਨ ਹਾਸਲ ਕਰਨ ਵਾਲੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਅਟਵਾਲ ਵਿਖੇ ਸੁਸਾਇਟੀ ਦੇ ਚੇਅਰਮੈਨ ਤੇ ਉਘੇ ਸਮਾਜ ਸੇਵੀ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਪੜ੍ਹਾਈ ਵਿੱਚੋਂ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਨੂੰ ਨਿਸ਼ਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਵਿਦਿਆਰਥੀਆਂ ਵਿੱਚ ਉਤਸ਼ਾਹ ਪੈਦਾ ਹੁੰਦਾ ਹੈ ਤੇ ਅਗਲੀ ਵਾਰੀ ਵਿਦਿਆਰਥੀਆਂ ਵਿੱਚ ਇੱਕ ਦੂਜੇ ਤੋਂ ਮੂਹਰੇ ਆਉਣ ਦੀ ਹੋੜ ਲੱਗ ਜਾਂਦੀ ਹੈ। ਸਕੂਲ ਦੇ ਹੈਡਮਾਸਟਰ ਹਰਪ੍ਰੀਤ ਸਿੰਘ ਵੱਲੋਂ ਪ੍ਰਿੰਸੀਪਲ ਰੰਧਾਵਾ ਦਾ ਧੰਨਵਾਦ ਕੀਤਾ ਗਿਆ।

ਇਸ ਮੌਕੇ ਸਕੂਲ ਦੇ ਅਧਿਆਪਕ ਸੁਖਰਾਜ ਸਿੰਘ, ਗੁਰਪ੍ਰੀਤ ਕੌਰ, ਯਸ਼ਪਰੀਤ ਕੌਰ, ਆਂਗਣਵਾੜੀ ਵਰਕਰ ਦਲਜਿੰਦਰ ਕੌਰ ਅਤੇ ਹਰਜੀਤ ਕੌਰ ਆਦਿ ਮੌਜੂਦ ਸਨ।

## ਜ਼ਮੀਨਾਂ ਐਕਵਾਇਰ ਕਰਨ ਦੇ ਮਾਮਲੇ 'ਚ ਕਿਸਾਨ ਆਗੂਆਂ ਵੱਲੋਂ ਮੀਟਿੰਗ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੇਂਦਰ ਸਰਕਾਰ ਵੱਲੋਂ ਭਾਰਤ ਸੜਕੀ ਮਾਲਾ ਪਰਿਯੋਜਨਾ ਦੇ ਤਹਿਤ ਲੁਧਿਆਣਾ-ਰੋਪੜ ਬਣਾਈ ਜਾ ਰਹੀ ਹਾਈਵੇਜ਼ ਦੇ ਅਧੀਨ ਆਉਂਦੀਆਂ ਜ਼ਮੀਨਾਂ ਦੇ ਮਾਲਕ ਕਿਸਾਨਾਂ ਵੱਲੋਂ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਮੀਟਿੰਗ ਕੀਤੀ ਗਈ, ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਸਾਧੂ ਸਿੰਘ ਪੰਜੇਟਾ ਪੁੱਜੇ। ਮੀਟਿੰਗ ਬਾਰੇ ਜਾਣਕਾਰੀ ਦਿੰਦਿਆਂ ਕਿਸਾਨ ਆਗੂ ਨੰਬਰਦਾਰ ਹਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਅੱਜ ਭਾਰੀ ਗਿਣਤੀ ਵਿੱਚ ਕਿਸਾਨ ਇਕੱਤਰ ਹੋਏ, ਜਿਨ੍ਹਾਂ ਨੇ ਸਰਕਾਰ ਵੱਲੋਂ ਕਿਸਾਨਾਂ ਨਾਲ ਕੀਤੀਆਂ ਜਾ ਰਹੀਆਂ ਕੋਝੀਆਂ ਹਰਕਤਾਂ ਦੀ ਨਿੰਦਾ ਕੀਤੀ ਗਈ।

ਕਿਸਾਨਾਂ ਨੇ ਦੱਸਿਆ ਕਿ ਸੰਗਰੂਰ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਅੱਗੇ ਧਰਨਾ ਲਗਾ ਕੇ ਘੇਰਾਬੰਦੀ ਕਰਨ ਦਾ ਪ੍ਰੋਗਰਾਮ ਬਣਾਇਆ ਗਿਆ ਸੀ, ਪਰ ਕੁਝ ਸਰਕਾਰ ਨਾਲ ਸਬੰਧਤ ਆਗੂਆਂ ਤੇ ਅਫ਼ਸਰਾਂ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਸੀ ਕਿ 30 ਮਾਰਚ ਤੱਕ ਉਹ ਸੜਕ ਦਾ ਕੰਮ ਸ਼ੁਰੂ ਨਹੀਂ ਕਰਨਗੇ, ਪਰ ਸਾਨੂੰ ਪਤਾ ਲੱਗਾ ਹੈ ਕਿ ਸਰਕਾਰ ਹੌਲੀ-ਹੌਲੀ ਆਪਣਾ ਕੰਮ ਸ਼ੁਰੂ ਕਰ ਰਹੀ ਹੈ। ਕਿਸਾਨਾਂ ਨੇ ਦੱਸਿਆ ਕਿ ਮਾਛੀਵਾੜਾ ਹਲਕੇ 'ਚੋਂ ਲੰਘਦੀ ਸੜਕ ਕਰੀਬ 6-7 ਕਿਲੋਮੀਟਰ ਦੇ ਖੇਤਰ 'ਚੋਂ ਲੰਘਦੀ ਹੈ, ਜਿਹੜਾ ਜਿੱਥੇ ਸ਼ਹਿਰੀ ਹਲਕੇ ਨਾਲ ਲੱਗਦਾ ਹੈ ਉੱਥੇ ਬਹੁਤ ਹੀ ਉਪਜਾਊ ਤੇ ਕੀਮਤੀ ਹੈ। ਅਸੀਂ ਸਰਕਾਰ ਵੱਲੋਂ ਦਿੱਤੀ ਜਾ ਰਹੀ ਰਕਮ ਨਾਲ ਇਹ ਜ਼ਮੀਨਾਂ ਨਹੀਂ ਦੇਵਾਂਗੇ। ਉਨ੍ਹਾ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਜ਼ਮੀਨਾਂ ਧੱਕੇ ਨਾਲ ਦੱਬਣ ਦੀ ਕੋਸ਼ਿਸ਼ ਕੀਤੀ ਤਾਂ ਕਿਸਾਨ ਮਸ਼ੀਨਾਂ ਅੱਗੇ ਪੈ ਕੇ ਆਪਣੀ ਜਾਨਾਂ ਤਾਂ ਦੇ ਦੇਣਗੇ, ਪਰ ਸਰਕਾਰ ਨੂੰ ਇਹ ਜ਼ਮੀਨ ਧੱਕੇ ਨਾਲ ਦੱਬਣ ਨਹੀਂ ਦੇਣਗੇ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਅਵਤਾਰ ਸਿੰਘ ਪਾਂਗਲੀ, ਤੇਜਾ ਸਿੰਘ ਜੀਵਨਪੁਰ, ਗੁਰਸੇਵਕ ਸਿੰਘ ਸਹਿਜੋ ਮਾਜਰਾ, ਸੁਖਦੇਵ ਸਿੰਘ ਰਤਨਗੜ੍ਹ ਤੇ ਸੁਖਦੇਵ ਸਿੰਘ ਲਾਡੀ ਸਮੇਤ ਹੋਰ ਕਿਸਾਨ ਮੌਜੂਦ ਸਨ।

## ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਹੰਗਾਮੀ ਮੀਟਿੰਗ



**ਮਜੀਠਾ (ਮਨਮੋਹਨ ਸਿੰਘ ਢਿੱਲੋਂ)**-ਸਮਾਜਿਕ ਨਿਆਂ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਦੀ ਜ਼ਿਲ੍ਹਾ ਇਕਾਈ ਅੰਮ੍ਰਿਤਸਰ ਦੀ ਇਕ ਹੰਗਾਮੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰੀਸ਼ਦ ਦਫਤਰ ਕੰਪਲੈਕਸ ਅੰਮ੍ਰਿਤਸਰ ਵਿਖੇ ਹੋਈ ਜਿਸ ਵਿਚ ਸੂਬਾ ਚੇਅਰਮੈਨ ਪ੍ਰਕਾਸ਼ ਸਿੰਘ ਸਫਰੀ ਮੁੱਖ ਸਲਾਹਕਾਰ ਮਨਜੀਤ ਸਿੰਘ ਵਿਰਕ, ਸੂਬਾ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਮੀਟਿੰਗ ਵਿਚ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦੇ ਹੋਏ ਸਮਾਜਿਕ ਮਸਲਿਆਂ/ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਫੌਰੀ ਹੱਲ ਪ੍ਰਸ਼ਾਸਨ ਪਾਸੋਂ ਕਰਵਾਉਣ ਲਈ ਸਾਂਝੀ ਜਨਤਕ ਮੁਹਿੰਮ ਚਲਾਉਣ 'ਤੇ ਜ਼ੋਰ ਦਿੱਤਾ।

ਸਮਾਜਿਕ ਨਿਆ, ਅਧਿਕਾਰਤਾ ਵੈੱਲਫੇਅਰ ਐਸੋਸੀਏਸ਼ਨਾਂ ਦੇ ਆਗੂਆਂ ਨੇ ਆਖਿਆ ਕਿ ਸਮਾਜ ਅੰਦਰ ਬਹੁਤਾਤ ਗਿਣਤੀ ਫੈਲੀਆਂ ਕੁਰੀਤੀਆਂ ਅਤੇ ਬੜੇ ਗੰਭੀਰ ਮਸਲੇ ਹਨ ਜਿਨ੍ਹਾਂ ਵੱਲ ਸ਼ਾਸਨ-ਪ੍ਰਸ਼ਾਸਨ ਧਿਆਨ ਨਹੀਂ ਦਿੰਦਾ ਹੈ। ਲੋਕਾਂ ਨੂੰ ਇਨਸਾਫ ਮਿਲਣ ਦੀ ਥਾਂ ਉਨ੍ਹਾਂ ਨਾਲ ਨਿੰਰਤਰ ਧੱਕੇ ਹੋ ਰਹੇ ਹਨ ਜਿਨ੍ਹਾਂ ਨੂੰ ਇਨਸਾਫ ਦਿਵਾਉਣ ਲਈ ਐਸੋਸੀਏਸ਼ਨ ਸੁਹਿਰਦਤਾ ਨਾਲ ਸਿਰਤੋੜ ਯਤਨ ਕਰੇਗੀ। ਇਸ ਮੌਕੇ ਮੀਟਿੰਗ 'ਚ ਸੀਨੀ: ਮੀਤ ਪ੍ਰਧਾਨ ਤੇਜਿੰਦਰ ਸਿੰਘ, ਮੀਤ ਪ੍ਰਧਾਨ ਅਮਰਿੰਦਰ ਸਿੰਘ ਛੀਨਾ, ਮਨਜੀਤ ਸਿੰਘ ਸੋਹੀਆਂ ਖੁਰਦ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਖਜ਼ਾਨਚੀ ਹਰਪਾਲ ਸਿੰਘ ਓਠੀਆਂ, ਸੂਬਾ ਕਾਰਜਕਾਰਨੀ ਕਮੇਟੀ ਮੈਂਬਰ ਸਰਪੰਚ ਜਸਵੰਤ ਸਿੰਘ ਲੁੱਧੜ, ਸੁਪਰਡੈਂਟ ਪਲਵਿੰਦਰ ਸਿੰਘ ਲੁੱਧੜ, ਸਾਬਕਾ ਸਰਪੰਚ ਦਵਿੰਦਰ ਸਿੰਘ ਲੁੱਧੜ, ਸਰਪੰਚ ਕਸ਼ਮੀਰ ਸਿੰਘ ਪੱਧਰੀ, ਜਗਜੀਤ ਸਿੰਘ, ਚੇਅਰਮੈਨ ਬੀਰ ਸਿੰਘ, ਦਿਲਬਾਗ ਸਿੰਘ, ਕਾਬਲ ਸਿੰਘ ਗਿੱਲ, ਫਤਹਿ ਸਿੰਘ ਲੁੱਧੜ, ਹਰਪਾਲ ਸਿੰਘ, ਮੋਹਿਤ ਸੂਦ, ਹਰੀਸ਼ ਸਿੰਘ ਚੌਧਰੀ, ਗੁਰਮੀਤ ਸਿੰਘ, ਸੀਐੱਚਟੀ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਮਨੋਜ ਨਾਲ ਦੁੱਖ ਦਾ ਪ੍ਰਗਟਾਵਾ

ਫਗਵਾੜਾ (ਜਸਵਿੰਦਰ ਢੱਡਾ) ਬਾਰ ਕਲਰਕ ਐਸੋਸੀਏਸ਼ਨ ਫਗਵਾੜਾ ਦੇ ਕਾਰਜਕਾਰੀ ਮੈਂਬਰ ਕਲਰਕ ਮਨੋਜ ਕੁਮਾਰ ਜੋ ਕਿ ਮੁਨੀਸ਼ ਸਰੀਨ ਵਕੀਲ ਨਾਲ ਕੰਮ ਕਰਦੇ ਹਨ, ਉਨ੍ਹਾ ਦੇ ਛੋਟੇ ਭਰਾ ਘਣੱਈਆ ਦੀ ਦਰਦਨਾਕ ਸੜਕ ਹਾਦਸੇ 'ਚ ਬੇਵਕਤੀ ਮੌਤ ਹੋਣ ਤੇ ਉਨ੍ਹਾ ਦੇ ਪਰਵਾਰ ਨਾਲ ਬਾਰ ਕਲਰਕ ਐਸੋਸੀਏਸ਼ਨ ਫਗਵਾੜਾ ਦੇ ਪ੍ਰਧਾਨ ਬਲਵਿੰਦਰ ਸਿੰਘ, ਚੰਦਨ ਜਨਰਲ ਸਕੱਤਰ, ਮਨਿੰਦਰ ਸਿੰਘ ਖਜ਼ਾਨਚੀ, ਬਲਦੇਵ ਰਾਜ ਸ਼ਰਮਾ, ਧਰਮ ਪਾਲ , ਬਲਵਿੰਦਰ ਸਿੰਘ ਕੰਗ,ਹਰਜਿੰਦਰ ਸਿੰਘ ਰਾਣਾ, ਰਾਮ ਪ੍ਰਕਾਸ਼, ਜਸਵਿੰਦਰ ਢੱਡਾ ਸਮਾਜ ਸੇਵਕ, ਪਰਵੀਨ ਚੰਬਾ, ਮਨਜੀਤ ਸਿੰਘ, ਦੀਪਕ ਕੁਮਾਰ, ਸੁਮਿਤ ਵਰਮਾਨੀ, ਮਨੋਜ ਰਾਵਲ, ਲਵਲੀ ਸ਼ਰਮਾ, ਗੁਰਪ੍ਰੀਤ ਸਿੰਘ, ਨਰਿੰਦਰ ਕੁਮਾਰ, ਵਿੱਕੀ ਸ਼ਰਮਾ, ਬੀ ਕੇ ਰੱਤੂ, ਲਾਲ ਚੰਦ, ਨੀਲਮ ਸਿੰਘ, ਵਿੱਕੀ ਵਾਲੀਆ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

## ਬੇਇਨਸਾਫੀ ਖਿਲਾਫ ਥਾਣਾ ਚਾਟੀਵਿੰਡ ਅੱਗੇ ਲਾਇਆ ਰੋਸ ਧਰਨਾ



**ਅੰਮ੍ਰਿਤਸਰ**-ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ (ਦਿਹਾਤੀ) ਦੀ ਏਰੀਆ ਕਮੇਟੀ ਅਟਾਰੀ -2. ਦੇ ਸੈਂਕੜੇ ਵਰਕਰਾਂ ਵੱਲੋਂ ਥਾਣਾ ਚਾਟੀਵਿੰਡ ਸਾਹਮਣੇ ਪਿਛਲੇ ਸਮੇਂ ਤੋਂ ਬਕਾਇਆ ਕੇਸਾਂ 'ਤੇ ਸੁਣਵਾਈ ਨਾ ਕਰਨ ਅਤੇ ਇਨਸਾਫ ਨਾ ਕਰਨ ਖਿਲਾਫ ਐੱਸਐੱਚਓ ਰਕੇਸ਼ ਕੁਮਾਰ ਦੇ ਵਤੀਰੇ ਖਿਲਾਫ ਧਰਨਾ ਦਿੱਤਾ! ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲਾ ਸਕੱਤਰ ਲੱਖਬੀਰ ਸਿੰਘ ਨਿਜਾਮਪੁਰ, ਬਲਾਕ ਸਕੱਤਰ ਗੁਰਦੀਪ ਸਿੰਘ ਗੁਰੂਵਾਲੀ, ਮੁਖਿਤਿਆਰ ਸਿੰਘ ਖਾਲਸਾ ਨਗਰ, ਕਸ਼ਮੀਰ ਸਿੰਘ ਗੁਰੂਵਾਲੀ, ਬਲਵਿੰਦਰ ਸਿੰਘ ਵਰਪਾਲ ਨੇ ਸੰਬੋਧਨ ਕਰਦਿਆਂ ਪੁਲਸ ਅਧਿਕਾਰੀਆਂ ਦੇ ਵਤੀਰੇ ਦੀ ਜ਼ੋਰਦਾਰ ਨਿਖੇਧੀ ਕੀਤੀ! ਖਾਸ ਕਰਕੇ ਏਐੱਸਆਈ, ਹਰਪਾਲ ਸਿੰਘ ਦੇ ਵਤੀਰੇ ਬਾਰੇ ਆਮ ਲੋਕਾਂ ਨੇ ਸ਼ਿਕਾਇਤਾਂ ਕਰਦਿਆਂ ਦੋਸ਼ ਲਾਇਆ ਕਿ ਇਹ ਅਧਿਕਾਰੀ ਨਾਅਹਿਲ ਹੈ, ਸਿਰਫ ਪੈਸੇ ਵਾਲਿਆਂ ਦੀ ਹੀ ਸੁਣਵਾਈ ਕਰਦਾ ਹੈ! ਐੱਸਐੱਚਓ ਨਾਲ ਲੰਮੀ ਮੀਟਿੰਗ ਤੋਂ ਬਾਅਦ ਬਕਾਇਆ ਮਸਲਿਆਂ 'ਤੇ ਸਹਿਮਤੀ ਹੋਣ ਤੋਂ ਬਾਅਦ ਬਾਹਰ ਆ ਕੇ ਧਰਨਾਕਾਰੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਦੋ ਦਿਨਾਂ ਅੰਦਰ ਸਾਰੇ ਮਸਲਿਆਂ ਨੂੰ ਹੱਲ ਕਰ ਦਿੱਤਾ ਜਾਵੇਗਾ!

ਅੱਜ ਦੇ ਇਕੱਠ ਵਿੱਚ ਹੋਰਨਾਂ ਤੋਂ ਇਲਾਵਾ ਬੂਟਾ ਸਿੰਘ, ਵਰਪਾਲ, ਰਣਜੀਤ ਸਿੰਘ, ਗੁਰਵਿੰਦਰ ਸਿੰਘ, ਰਤਨ ਸਿੰਘ ਖਾਲਸਾ ਨਗਰ, ਬਲਵਿੰਦਰ ਸਿੰਘ, ਮਨਜੀਤ ਸਿੰਘ, ਪਰਮਜੀਤ ਸਿੰਘ, ਧਰਮ ਸਿੰਘ ਵਰਪਾਲ, ਅਰਜਨ ਸਿੰਘ, ਗੁਰਿੰਦਰ ਸਿੰਘ ਦਬੁਰਜੀ, ਅਮਰ ਸਿੰਘ ਵਣਚੜੀ, ਕੁਲਵੰਤ ਸਿੰਘ, ਅਵਤਾਰ ਸਿੰਘ ਸ਼ਿੰਦਾ, ਜਸਵੰਤ ਸਿੰਘ ਬਿੱਟੂ, ਦਿਲਬਾਗ ਸਿੰਘ ਬਾਗਾ, ਸਲਵੰਤ ਸਿੰਘ ਗੁਰੂਵਾਲੀ, ਸਰਦੂਲ ਸਿੰਘ, ਸਲਵਿੰਦਰ ਸਿੰਘ, ਰਾਜੂ ਝੀਤੇ, ਮਨਜੀਤ ਸਿੰਘ ਅਤੇ ਅਜੀਤ ਸਿੰਘ ਚਾਟੀਵਿੰਡ ਆਦਿ ਹਾਜ਼ਰ ਸਨ।

## ਛੋਟੇਪੁਰ ਦਾ ਅਕਾਲੀ ਵਰਕਰਾਂ ਵੱਲੋਂ ਵਿਸ਼ੇਸ਼ ਸਨਮਾਨ

**ਬਟਾਲਾ (ਤਰਲੋਕ ਬੱਗਾ)**-ਵਿਧਾਨ ਸਭਾ ਹਲਕਾ ਬਟਾਲਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਸਲਾਹਕਾਰ ਕਮੇਟੀ ਦਾ ਮੈਂਬਰ ਬਣਾਉਣ 'ਤੇ ਬਟਾਲਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂਆਂ ਵੱਲੋਂ ਸਿਰਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਸੀਨੀਅਰ ਅਕਾਲੀ ਵਰਕਰ ਬਲਦੇਵ ਸਿੰਘ ਪਾਰਸ, ਲਖਵਿੰਦਰ ਸਿੰਘ ਸੇਵਾ ਮੁਕਤ ਬੀਪੀਈਓ, ਬਲਵੰਤ ਸਿੰਘ ਸਰਪੰਚ ਕੋਟਲੀ ਭਾਨ ਸਿੰਘ, ਦਰਸ਼ਨ ਸਿੰਘ ਪ੍ਰਿੰਸੀਪਲ, ਬਲਵਿੰਦਰ ਸਿੰਘ ਸੇਵਾਮੁਕਤ ਇੰਸਪੈਕਟਰ, ਧਿਆਨ ਸਿੰਘ ਲੰਬੜਦਾਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਬੇਦਾਗ ਸਿਆਸਦਾਨ ਸੁੱਚਾ ਸਿੰਘ ਛੋਟੇਪੁਰ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਸਲਾਹਕਾਰ ਕਮੇਟੀ ਦਾ ਮੈਂਬਰ ਬਣਾਉਣ ਦੇ ਸ਼ਲਾਘਾਯੋਗ ਕਦਮ ਪੁੱਟਿਆ ਹੈ।

ਉਨ੍ਹਾਂ ਕਿਹਾ ਕਿ ਬੇਦਾਗ ਸਿਆਸਤਦਾਨ ਸੁੱਚਾ ਸਿੰਘ ਛੋਟੇਪੁਰ ਸ਼੍ਰੋਮਣੀ ਅਕਾਲੀ ਦਲ ਦੀ ਮਜ਼ਬੂਤੀ ਲਈ ਅਹਿਮ ਯੋਗਦਾਨ ਪਾ ਰਹੇ ਹਨ।

## ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਨੇ ਕਟਾਰੂ ਚੱਕ ਨੂੰ ਸੌਂਪਿਆ ਮੰਗ ਪੱਤਰ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਗੁਰਦਾਸਪੁਰ ਦੇ ਕਨਵੀਨਰ ਲਵਪ੍ਰੀਤ ਸਿੰਘ ਰੋੜਾਂਵਾਲੀ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਰੰਗੀਲਪੁਰ ਅਤੇ ਸੂਬਾ ਕੋ-ਕਨਵੀਨਰ ਲਖਵਿੰਦਰ ਸਿੰਘ ਭੌਰ ਦੀ ਅਗਵਾਈ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਲਈ ਵਿਸਥਾਰਿਤ ਨੋਟੀਫਿਕੇਸ਼ਨ ਜਾਰੀ ਕਰਨ ਲਈ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੂੰ ਇਕ ਮੰਗ ਪੱਤਰ ਦਿੱਤਾ ਗਿਆ। ਆਗੂਆਂ ਕਿਹਾ ਕਿ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਲਈ ਨੋਟੀਫਿਕੇਸ਼ਨ ਸਿਰਫ ਇੱਕ ਹੀ ਪੇਜ ਦਾ ਜਾਰੀ ਕੀਤਾ ਗਿਆ ਹੈ ਜਦਕਿ ਨੋਟੀਫਿਕੇਸ਼ਨ ਵਿਸਥਾਰਿਤ ਰੂਪ ਵਿੱਚ ਜਾਰੀ ਨਹੀਂ ਹੈ। ਇਸੇ ਲਈ ਨਵੀਂ ਪੈਨਸ਼ਨ ਸਕੀਮ ਵਾਲੇ ਅਤੇ ਦੂਜੇ ਮੁਲਾਜ਼ਮਾਂ ਵਿੱਚ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਬੰਧੀ ਜਾਰੀ ਅਧੂਰੇ ਨੋਟੀਫਿਕੇਸ਼ਨ ਕਰਕੇ ਸ਼ੰਕੇ ਵੱਧਦੇ ਜਾ ਰਹੇ ਹਨ। ਆਗੂਆਂ ਮੰਗ ਕੀਤੀ ਕਿ ਸਿਰਫ 1972 ਵਾਲੀਆਂ ਸ਼ਰਤਾਂ ਅਤੇ ਨਿਯਮਾਂ ਵਾਲੀ ਪੁਰਾਣੀ ਪੈਨਸ਼ਨ ਸਕੀਮ ਹੀ ਬਹਾਲ ਕਰਨ ਦਾ ਵਿਸਥਾਰਿਤ ਨੋਟੀਫਿਕੇਸ਼ਨ ਜਲਦ ਤੋਂ ਜਲਦ ਜਾਰੀ ਕੀਤਾ ਜਾਵੇ। ਇਸ ਮੌਕੇ ਕੁਲਦੀਪ ਪੁਰੋਵਾਲ, ਰਾਜ ਕੁਮਾਰ, ਸੁਖਵਿੰਦਰ ਸਿੰਘ, ਰਜੇਸ਼ ਮਹਾਜਨ, ਮੰਗਲਦੀਪ ਅਤੇ ਹੋਰ ਮੁਲਾਜ਼ਮ ਹਾਜ਼ਰ ਸਨ।

## ਨਾਜਾਇਜ਼ ਹੋਰਡਿੰਗਜ਼/ਬੋਰਡ ਉਤਾਰਨ ਦੀ ਮੁਹਿੰਮ ਤੇਜ਼



**ਬਟਾਲਾ (ਤਰਲੋਕ ਬੱਗਾ)**—ਡਾ. ਸ਼ਾਇਰੀ ਭੰਡਾਰੀ ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਦੱਸਿਆ ਕਿ ਬਟਾਲਾ ਸ਼ਹਿਰ ਦੇ ਵੱਖ-ਵੱਖ ਬਜ਼ਾਰਾਂ ਵਿਖੇ ਟਰੈਫਿਕ ਦੀ ਸਮੱਸਿਆ ਤੋਂ ਨਿਜਾਤ ਦਿਵਾਉਣ ਲਈ ਨਾਜਾਇਜ਼ ਤੌਰ 'ਤੇ ਲਗਾਏ ਹੋਰਡਿੰਗਜ਼/ਬੋਰਡ ਆਦਿ ਉਤਾਰਨ ਦੀ ਕਾਰਵਾਈ ਲਗਾਤਾਰ ਤੇਜ਼ ਕਰ ਦਿੱਤੀ ਹੈ, ਜਿਸ ਦੇ ਚੱਲਦਿਆ ਅੱਜ ਨਗਰ ਨਿਗਮ ਬਟਾਲਾ ਦੀ ਟੀਮ ਵਲੋਂ ਜਲੰਧਰ ਰੋਡ 'ਤੇ ਨਾਜਾਇਜ਼ ਤੌਰ ਤੇ ਲਗਾਏ ਹੋਰਡਿੰਗਜ਼/ਬੋਰਡ ਉਤਾਰਨ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਦੇ ਜਲੰਧਰ ਰੋਡ 'ਤੇ ਨਾਜਾਇਜ਼ ਤੌਰ 'ਤੇ ਹੋਰਡਿੰਗਜ਼/ਬੋਰਡ ਲਗਾਏ ਗਏ ਸਨ, ਜਿਸ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਸੀ ਤੇ ਟਰੈਫਿਕ ਦੀ ਸਮੱਸਿਆ ਵੀ ਪੈਦਾ ਹੁੰਦੀ ਸੀ। ਉਨ੍ਹਾਂ ਕਿਹਾ ਕਿ ਟਰੈਫਿਕ ਦੀ ਸਮੱਸਿਆ ਤੋਂ ਛੁਟਕਾਰਾ ਪਾਉਣ ਦੇ ਮੱਦੇਨਜ਼ਰ ਨਗਰ ਨਿਗਮ ਦੀ ਟੀਮ ਵੱਲੋਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।

ਉਨ੍ਹਾਂ ਅੱਗੇ ਕਿਹਾ ਕਿ ਸ਼ਹਿਰ ਵਿੱਚ ਨਜਾਇਜ਼ ਤੌਰ 'ਤੇ ਲਗਾਏ ਬੋਰਡ/ਹੋਰਡਿੰਗਜ਼ ਅਤੇ ਕਬਜ਼ਿਆਂ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਦੁਕਾਨ ਦਾ ਸਮਾਨ ਨਿਰਧਾਰਤ ਹੱਦ ਅੰਦਰ ਹੀ ਰੱਖਣ ਤਾਂ ਜੋ ਪੈਦਲ ਅਤੇ ਵਹੀਕਲ ਚਲਾਉਣ ਵਾਲਿਆਂ ਨੂੰ ਕੋਈ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਨਹੀਂ ਤਾਂ ਨਗਰ ਨਿਗਮ ਵਲੋਂ ਸਖਤ ਕਾਰਵਾਈ ਕਰਦਿਆਂ ਚਲਾਨ ਕੱਟੇ ਜਾਣਗੇ।


ਕਲਾਸੀਫਾਈਡ ਇਸ਼ਤਿਹਾਰ

**Court Notice**

**In the Court of Ms. Anubha Jindal Civil Judge (Junior Division), Ludhiana.**

Case No. CS/1604/2021
CNR No. PBLD02-002130-2021
Next Date : 6.1.2023
Meenu Prasher
Versus
Bhupinder Pal Singh

Publication issued to : Lt. Corneal Sartaj Singh Father Amar Singh S/o Jodh Singh R/o 23-FAD, Suranasi, Jalandhar.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 6.1.2023 at 10.00 a.m.

For details logon to https://highcourtchd.gov.in/?trs=district notice&district=Ludhiana

Civil Judge (Junior Division), Ludhiana.
Dated, this day of 13.12.2022

**Criminal Court Ludhiana**

**In the Court of Ms. Divya Sharma Judicial Magistrate-Ist Class Ludhiana.**

Next Date, Purpose of Case, Orders and Judgments as well as other case information is available on http://ecourts.gov.in

CNR No. PBLD03-062604-2018
Next Date : 21.1.2023
Manveer Singh
Versus
Gaurav Aggarwal

Publication issued to : Gaurav Aggarwal E.F. 481/D Krishan Nagar, Jalandhar-144001

Whereas it has been proved to the satisfaction of this Court that you, the above named accused/accused persons can t be served in the ordinary way of service. Hence this proclamation under 82 code of criminal procedure is hereby issued against you with a direction that you should appear personally before this court on 21.1.2023 at 10.00 a.m. or within 30 days from the date of publication of this proclamation.

Take notice that, in case of default on your part to appear as directed above said case will be heard and determined as per law, in your absence.

For details logon to : https://highcourtchd.gov.in/?trs=district notice&district=Ludhiana

Judicial Magistrate-Ist Class Ludhiana.
Dated, this day of 13.12.2022

**Criminal Court Ludhiana**

**In the Court of Ms. Divya Sharma Judicial Magistrate-Ist Class Ludhiana.**

Next Date, Purpose of Case, Orders and Judgments as well as other case information is available on http://ecourts.gov.in

CNR No. PBLD03-014738-2019
Next Date : 25.1.2023
Kotak Mahindra Bank Ltd.
Versus
Swarandeep Singh Sidhu

Publication issued to : Swarandeep Singh Sidhu S/o Jagsir Sidhu Address : H.No. 153, Model Town, Phase 3, Bhathinda-151001

Whereas it has been proved to the satisfaction of this Court that you, the above named accused/accused persons can t be served in the ordinary way of service. Hence this proclamation under 82 code of criminal procedure is hereby issued against you with a direction that you should appear personally before this court on 25.1.2023 at 10.00 a.m. or within 30 days from the date of publication of this proclamation.

Take notice that, in case of default on your part to appear as directed above said case will be heard and determined as per law, in your absence.

For details logon to : https://highcourtchd.gov.in/?trs=district notice&district=Ludhiana

Judicial Magistrate-Ist Class Ludhiana.

**Public Notice**

I, Naveen Kohli S/o Sham Kumar Kohli R/o H.No. 51, Kabir Vihar, Raj Nagar, Jalandhar, Punjab declare that my son Rohit Kohli & Harry Kohli are out of my control. I disinherit them from my movable and immovable properties. I and my family shall not be held responsible for any of their acts deeds and things. All please note.

I, Surinder Mahey S/o Roop Lal Mahey, Partner of M/s Indian Skin Co, Ramdass Pura, Boota Mandi, Jalandhar declare that I have revoked a General Power of Attorney executed at Jalandhar and registered in the office of Notary Public, Jalandhar on 21/09/2010, in which I have appointed Mulakh Raj S/o Ram Chand R/o 29, New Kartar Nagar, Model House, Jalandhar as my true and lawful General Attorney in respect of my litigation pending in the court at Jalandhar. All Please Note.

I, Pooja Devi D/o Som Nath R/o Vill Jattpur, Po.Nupur Bedi, Tehsil Anandpur Sahib, Jattpur, Rupnagar, Punjab-140117. do hereby solemnly affirm and declare as under That I have embraced Sikhism religion and renounced Hindu w.e.f. 16/11/22. have changed my name and shall hereafter be Known as Aish Kaur. All Please Note.

**ਬੇਦਖਲੀ ਨੋਟਿਸ**

ਅਸੀਂ, ਕੁਲਦੀਪ ਕੁਮਾਰ ਪੁੱਤਰ ਮੋਹਨ ਲਾਲ ਅਤੇ ਜਸਵੀਰ ਪਤਨੀ ਕੁਲਦੀਪ ਕੁਮਾਰ ਵਾਸੀਆਨ ਮਕਾਨ ਨੰ. 583, ਬਸਤੀ ਪੀਰ ਦਾਦ, ਕੱਚਾ ਕੋਟ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਬਰਖਾ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਦਵਿੰਦਰ ਸਿੰਘ ਪੁੱਤਰ ਪੂਰਨ ਸਿੰਘ ਵਾਸੀ ਮਕਾਨ ਨੰ. 227, ਮੁਹੱਲਾ ਹਰਨਾਮਦਾਸਪੁਰਾ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਿੰਦਰ ਸਿੰਘ ਅਤੇ ਇਸ ਦੀ ਪਤਨੀ ਤਨੂਜਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

**ਨਾਂਅ ਦੀ ਬਦਲੀ**

ਮੈਂ, ਮਨਧੀਰ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਐੱਮ ਸੀ ਬੀ-ਜ਼ੈੱਡ ਬੀ,00667, ਗਲੀ ਨੰਬਰ 18 ਦੇ ਸਾਹਮਣੇ, ਭਾਈ ਮਤੀ ਦਾਸ ਨਗਰ ਬੰਠਿਡਾ ਨੇ ਆਪਣਾ ਨਾਂਅ ਬਦਲ ਕੇ ਮਨਧੀਰ ਸਿੰਘ ਸਿਵੀਆ ਰੱਖ ਲਿਆ ਹੈ।

ਮੈਂ, ਜੈ ਦੀਪ ਪੁੱਤਰ ਮੇਜਰ ਸਿੰਘ ਵਾਸੀ ਪਿੰਡ ਖੇੜਾ, ਡਾਕਖਾਨਾ ਚਾਚੋਂਕੀ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ ਨੇ ਆਪਣਾ ਨਾਮ ਜੈ ਦੀਪ ਤੋਂ ਬਦਲ ਕੇ ਜੈਦੀਪ ਸਿੰਘ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

**Change of Name**

I,SHIVANI SINGH W/o MANPREET SINGH resident of "HOUSE No.-143,D-BLOCK, Ranjit Avenue, Amritsar (Punjab)declare that I am changing my name from SHIVANI CHATRATH to "SHIVANI SINGH" & this will be my new name for all the purposes . Further declared that "SHIVANI CHATRATH" and "SHIVANI SINGH" is one and the same person. (Sourabh)

**ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ**

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

**Change of Name**

I, Amartpal Kaur W/o Gursewak Singh R/o Vill. Raniwalha, Distt. Tarn Taran, have changed my name from Amritpal Kaur Vill. Raniwalha, Distt. Tarn Taran, Correct D.O.B. 2.11.1987. (R)

I, Pardeep Kumar S/O Raja Ram R/O H.No. 239/14, Preet Nagar Lado Wali Road, Jalandhar City, Have Changed My Name Pardeep Kumar To Pardeep Kumar Nayyar. (Arpit)

I Mukhtar Singh Jalaf S/O Karam Singh R/O H No.643,Krishan Nagar,Nakodar,Jalandhar,Punjab,India(144040).i Have Changed My Name From Mukhtar Singh Jalaf To Mukhtiar Singh Jalaf . (Arpit)

I Gaurav s/o malkiat Singh r/o VPO ghumman TEHSIL Banga distt sbs nagar Punjab India-144503 have changed my name to GAURAV RAMEKA. (Arpit)

I Gurbhej Singh S/o Swaran Singh Village Bathe Bhaini Tehsil Patti District Tarn Taran have change My Name Gurbhej Singh to Singh Gurbhej.

I Roopal Vig Wife of Gaurav Khosla R/o Hari Darbar Coloney Gurdaspur, Distt.Gurdaspur have changed my name as Roopal Khosla. Concerned note.

I, Kawaljit Kaur W/o. Satnam Singh D/o. Amrik Singh, VPO. Khilchian (Amritsar) declare that I Known as two Names Kawaljit Kaur & Kanwaljit Kaur. So Kawaljit Kaur & Kanwaljit Kaur one & Same Person. Concerned Note.

I, Sunny S/o Om Parkash R/o VPO.Sammipur, Distt.Jalandhar, Punjab, 144026, have changed my name to Sunny Kumar. All Please Note.

I, Surekha Kapoor w/o Bhisham Kapoor r/o NE-49, Khingran Gate, Near Vaishno Mata Mandir, Jalandhar have changed my name to Surekha. All Please Note.

I, Rashmi Ahluwalia W/o Ruder Mani Walia R/o H.No.163, New Jawahar Nagar, Jalandhar, Punjab-144001 have changed my name from Rashmi Ahluwalia to Rashmi Walia. (Walia as Surname) All Please Note.

I, Ravinder Singh S/o Gurtej Singh R/o # 90, Sunny Enclave, Sesu Majra, Sector 125, Kharar, SAS Nagar (Mohali) Punjab- 140301, have changed my name as Ravinder Singh Brar. All Please Note.

I, Akshay alias Akshay Kumar Malik S/o Dharamvir R/o H.No.B-4, 145, Moh Gaji Gulla, Jalandhar, Punjab-144008, have changed my name as Akshay Kumar. All Please Note.

I, Ruder Mani Ahluwalia S/o Sansar Chand Walia R/o H.No.163, New Jawahar Nagar, Jalandhar, Punjab-144001 have changed my name from Ruder Mani Ahluwalia to Ruder Mani Walia. (Walia as Surname) All Please Note.

I, Jaskaran Jit Singh S/o Zora Singh R/o H.No. 18/408, Jass House, Adarsh Colony Backside Thapar University, Patiala (PB) have changed my name spelling from Jaskaran Jit Singh to Jaskaran Jeet Singh.

I Mohmmad Shazad S/o Alla Banda R/o H. No. 144 Vijay Nagar, Jalandhar -144001 Punjab have changed my name/spelling to Mohd. Shazad (same person).

# ਕਿਸਾਨ ਮਜ਼ਦੂਰ ਸੰਘਰਸ਼ ਜਥੇਬੰਦੀ ਦਾ ਅੰਦੋਲਨ 23ਵੇਂ ਦਿਨ 'ਚ ਸ਼ਾਮਲ

■ ਗਿੱਦੜਪਿੰਡੀ ਟੋਲ ਪਲਾਜ਼ੇ 'ਤੇ ਸਰਕਾਰ ਦਾ ਪੁਤਲਾ ਫੂਕ ਕੇ ਕੀਤੀ ਨਾਅਰੇਬਾਜ਼ੀ


ਗਿੱਦੜਪਿੰਡੀ ਟੋਲ ਪਲਾਜ਼ਾ 'ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਦੇ ਹੋਏ ਕਿਸਾਨ ਆਗੂ।

**ਮੱਖੂ (ਰਛਪਾਲ ਸਿੰਘ ਸੰਧੂ)**
ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਕਿਸਾਨਾਂ ਮਜ਼ਦੂਰਾਂ ਵੱਲੋਂ ਗਿੱਦੜਪਿੰਡੀ ਟੋਲ ਪਲਾਜ਼ੇ 'ਤੇ ਚੱਲ ਰਹੇ ਮੋਰਚੇ 'ਤੇ ਸੂਬਾ ਮੀਤ ਪ੍ਰਧਾਨ ਜਸਬੀਰ ਸਿੰਘ ਪਿੱਦੀ, ਜ਼ਿਲ੍ਹਾ ਮੀਤ ਸਕੱਤਰ ਗੁਰਮੇਲ ਸਿੰਘ ਫੱਤੇਵਾਲਾ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਰੋਸ ਪ੍ਰਦਰਸ਼ਨ ਕੀਤਾ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਸਾਂਝੀ ਕਰਦਿਆਂ ਆਗੂਆਂ ਨੇ ਕਿਹਾ ਕਿ ਜ਼ੀਰਾ ਮਾਰਬਲ ਸ਼ਰਾਬ ਫੈਕਟਰੀ ਅੱਗੇ ਫੈਕਟਰੀ ਬੰਦ ਕਰਵਾਉਣ ਲਈ ਇਲਾਕੇ ਦੇ ਲੋਕਾਂ ਤੇ ਜਥੇਬੰਦੀਆਂ ਦੇ ਸਹਿਯੋਗ ਨਾਲ ਪਿਛਲੇ ਲੰਮੇ ਸਮੇਂ ਤੋਂ ਸਾਂਝਾ ਮੋਰਚਾ ਚੱਲ ਰਿਹਾ ਹੈ, ਕਿਉਂਕਿ ਇਸ ਫੈਕਟਰੀ ਨੇ ਹਵਾ, ਪਾਣੀ ਪ੍ਰਦੂਸ਼ਤ ਕਰ ਦਿੱਤਾ ਹੈ, ਜਿਸ ਨਾਲ ਲੋਕ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਦੇ ਸ਼ਿਕਾਰ ਹੋ ਰਹੇ ਹਨ। ਪੰਜਾਬ ਸਰਕਾਰ ਪਿਛਲੇ ਦਿਨਾਂ ਤੋਂ ਭਾਰੀ ਪੁਲਸ ਬਲ ਨਾਲ ਧਰਨਾ ਚਕਾਉਣ 'ਤੇ ਲੱਗੀ ਹੋਈ ਹੈ। ਬੀਤੇ ਕੱਲ੍ਹ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵਾਲ ਵੀ ਮੋਰਚੇ 'ਤੇ ਕਿਸਾਨ ਗੱਲਬਾਤ ਕਰਕੇ ਧਰਨਾ ਚਕਾਉਣ ਪਹੁੰਚੇ ਸਨ, ਪਰ ਸਹਿਮਤੀ ਨਹੀਂ ਬਣੀ, ਜਿਸ ਕਰਕੇ ਸਰਕਾਰ ਸਾਂਝੇ ਮੋਰਚੇ ਦੇ ਆਗੂਆਂ 'ਤੇ ਝੂਠਾ ਪਰਚਾ 14 ਬੰਦਿਆਂ ਬਾਏ ਨੇਮ ਤੇ ਬਾਕੀ ਅਣਪਛਾਤਿਆਂ 'ਤੇ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ ਹੈ, ਜਿਸ ਵਿੱਚ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਆਗੂ ਰਾਣਾ ਰਣਬੀਰ ਸਿੰਘ ਤੇ ਬਲਰਾਜ ਸਿੰਘ ਫੇਰੋਕੇ ਨੂੰ ਵੀ ਰਾਤ ਗ੍ਰਿਫਤਾਰ ਕੀਤਾ ਹੈ ਤੇ ਜਬਰੀ ਧਰਨਾ ਚਕਾਉਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ, ਜਿਸ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹਾਂ।

ਕਿਸਾਨ ਆਗੂਆਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਰਕਾਰ ਜ਼ੀਰਾ ਸ਼ਰਾਬ ਫੈਕਟਰੀ ਧਰਨਾ ਚਕਾਉਂਦੀ ਹੈ ਤਾਂ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ ਤੇ ਜ਼ੋਰਦਾਰ ਮੰਗ ਕਰਦੇ ਹਾਂ ਕਿ ਗ੍ਰਿਫਤਾਰ ਕੀਤੇ ਆਗੂ ਤੁਰੰਤ ਰਿਹਾ ਕੀਤੇ ਜਾਣ, ਝੂਠ ਪਰਚਾ ਰੱਦ ਕੀਤਾ ਜਾਵੇ, ਫੈਕਟਰੀ ਮਾਲਕ 'ਤੇ ਹਵਾ, ਪਾਣੀ, ਧਰਤੀ ਨੂੰ ਪਰਦੂਸ਼ਤ ਕਰਨ ਕਰਕੇ ਸੰਗੀਨ ਧਰਾਵਾਂ ਤਹਿਤ ਪਰਚਾ ਦਰਜ ਕਰਕੇ ਜੇਲ੍ਹ ਅੰਦਰ ਬੰਦ ਕੀਤਾ ਜਾਵੇ ਤੇ ਸ਼ਰਾਬ ਫੈਕਟਰੀ ਬੰਦ ਕੀਤੀ ਜਾਵੇ, ਕਿਸਾਨਾਂ ਮਜ਼ਦੂਰਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਲਾਗੂ ਕੀਤੀਆਂ ਜਾਣ। ਇਸ ਮੌਕੇ ਰਛਪਾਲ ਸਿੰਘ ਗੱਟਾ ਬਾਦਸ਼ਾਹ, ਸਾਹਬ ਸਿੰਘ ਦੀਨੇਕੇ, ਗੁਰਮੁੱਖ ਸਿੰਘ ਕਾਮਲਵਾਲਾ, ਹਰਦੀਪ ਸਿੰਘ, ਸੁਖਦੇਵ ਸਿੰਘ ਆਸਫਵਾਲਾ, ਜੋਗਾ ਸਿੰਘ ਵੱਟੂ ਭੱਟੀ ਆਦਿ ਆਗੂ ਹਾਜ਼ਰ ਸਨ

# ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਵੱਲੋਂ ਸਕੂਲਾਂ, ਆਂਗਣਵਾੜੀ ਸੈਂਟਰਾਂ ਤੇ ਡਿੱਪੂਆਂ ਦੀ ਚੈਕਿੰਗ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਨੈਸ਼ਨਲ ਫੂਡ ਸਕਿਉਰਟੀ ਐਕਟ 2013 ਤੇ ਦਿ ਪੰਜਾਬ ਫੂਡ ਸਕਿਉਰਟੀ ਰੂਲਜ਼ 2016 ਨੂੰ ਇੰਨ ਬਿੰਨ ਲਾਗੂ ਕਰਨ ਅਤੇ ਇਸ ਐਕਟ ਤਹਿਤ ਆਮ ਲੋਕਾਂ ਨੂੰ ਵੱਧ ਤੋਂ ਵੱਧ ਫਾਇਦਾ ਪਹੁੰਚਾਉਣ ਦੇ ਮਕਸਦ ਵਜੋਂ ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਜ਼ਿਲ੍ਹਾ ਫਰੀਦਕੋਟ ਦੇ ਵੱਖ ਵੱਖ ਸਰਕਾਰੀ ਸਕੂਲਾਂ, ਆਂਗਣਵਾੜੀ ਸੈਂਟਰਾਂ ਤੇ ਡਿੱਪੂਆਂ ਦੀ ਅਚਨਚੇਤ ਚੈਕਿੰਗ ਕੀਤੀ ਗਈ।

ਇਸ ਮੌਕੇ ਉਨ੍ਹਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਜੈਤੋ (ਲੜਕੀਆਂ), ਸਰਕਾਰੀ ਪ੍ਰਾਇਮਰੀ ਸਕੂਲ ਜੈਤੋ (ਲੜਕੇ), ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗੁੰਮਟੀ ਖੁਰਦ, ਆਂਗਣਵਾੜੀ ਸੈਂਟਰ ਗੁਮਟੀ ਖੁਰਦ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੁਮਟੀ ਖੁਰਦ, ਸਰਕਾਰੀ ਪ੍ਰਾਇਮਰੀ ਸਕੂਲ ਵਾੜਾ ਭਾਈਕਾ, ਸਰਕਾਰੀ ਰਾਸ਼ਨ ਡਿੱਪੂ ਡੋਡ, ਰਾਸ਼ਨ ਡਿੱਪੂ ਗੁਰੂਸਰ, ਰਾਸ਼ਨ ਡਿੱਪੂ ਕੋਟਕਪੂਰਾ, ਰਾਸ਼ਨ ਡਿੱਪੂ ਫੈਕਟਰੀ ਰੋਡ ਕੋਟਕਪੂਰਾ ਦਾ ਦੌਰਾ ਕੀਤਾ ਗਿਆ। ਚੈਕਿੰਗ ਦੌਰਾਨ ਖਾਣ-ਪੀਣ ਦੇ ਸਾਮਾਨ ਦੀਆਂ ਵਸਤੂਆਂ ਦੇ ਸੈਂਪਲ ਵੀ ਭਰਵਾਏ ਗਏ ਤੇ ਆਂਗਣਵਾੜੀ ਸੈਂਟਰਾਂ ਵਿੱਚ ਬੱਚਿਆਂ ਤੇ ਗਰਭਵਤੀ ਮਹਿਲਾਵਾਂ ਨੂੰ ਦਿੱਤਾ ਜਾਣ ਵਾਲਾ ਖਾਣ ਦਾ ਸਾਮਾਨ ਨਾ ਹੋਣ ਦੇ ਕਾਰਨਾਂ ਦੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਤੋਂ ਰਿਪੋਰਟ ਮੰਗੀ ਗਈ। ਇਸ ਚੈਕਿੰਗ ਦੌਰਾਨ ਹੋਰ ਵੀ ਖਾਮੀਆਂ ਮੈਂਬਰ ਦੇ ਧਿਆਨ ਵਿੱਚ ਆਈਆਂ, ਉਨ੍ਹਾਂ ਨੂੰ ਤੁਰੰਤ ਪ੍ਰਭਾਵ ਨਾਲ ਦੂਰ ਕਰਨ ਦੀਆਂ ਹਦਾਇਤਾਂ ਸਬੰਧਤ ਅਧਿਕਾਰੀਆਂ ਨੂੰ ਜਾਰੀ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਜੇ ਕਿਸੇ ਵੀ ਵਿਅਕਤੀ ਨੇ ਰਾਸ਼ਨ ਡਿੱਪੂ ਸਕੂਲਾਂ ਦੇ ਮਿੱਡ ਡੇ ਮੀਲ ਤੇ ਆਂਗਣਵਾੜੀ ਕੇਂਦਰਾਂ ਸਬੰਧੀ ਕੋਈ ਵੀ ਸ਼ਿਕਾਇਤ ਹੋਵੇ ਤਾਂ ਉਹ ਜ਼ਿਲ੍ਹੇ ਦੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਜ਼ਿਲ੍ਹਾ ਸ਼ਿਕਾਇਤ ਨਿਵਾਰਣ ਅਫਸਰ ਕੋਲ ਵੀ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੇ ਹਨ ਅਤੇ ਕਮਿਸ਼ਨ ਦੀ ਵੈੱਬਸਾਈਟ 'ਤੇ ਵੀ ਦਰਜ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਪੰਜਾਬ ਸਟੇਟ ਫੂਡ ਕਮਿਸ਼ਨ ਵੱਲੋਂ ਆਮ ਜਨਤਾ ਦਾ ਸਹਾਇਤਾ ਲਈ ਹੈਲਪਲਾਈਨ ਨੰਬਰ 9876764545 ਵੀ ਜਾਰੀ ਕੀਤਾ ਹੋਇਆ ਹੈ ਅਤੇ ਨਾਲ ਹੀ ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਨੈਸ਼ਨਲ ਫੂਡ ਸਕਿਉਰਟੀ ਐਕਟ 2013 ਅਧੀਨ ਸਕੂਲਾਂ ਵਿੱਚ ਮਿੱਡ ਡੇ ਮੀਲ ਦਿੱਤਾ ਜਾਂਦਾ ਹੈ ਤੇ ਤਰਜੀਹੀ ਘਰਾਂ ਤੇ ਅੰਨਤੋਦਿਆ ਅੰਨ ਯੋਜਨਾ ਦੇ ਲਾਭਪਾਤਰੀਆਂ ਨੂੰ 2 ਰੁਪਏ ਪ੍ਰਤੀ ਕਿੱਲੋ ਕਣਕ ਦਿੱਤੀ ਜਾਂਦੀ ਹੈ। ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਤਹਿਤ ਪਹਿਲੇ ਬੱਚੇ ਦੇ ਜਨਮ 'ਤੇ ਤਿੰਨ ਕਿਸ਼ਤਾਂ ਵਿੱਚ 5000 ਰੁਪਏ ਦੇ ਲਾਭ ਵੀ ਦਿੱਤੇ ਜਾਂਦੇ ਹਨ।

# ਅਰਸ਼ ਡਾਲਾ ਗੈਂਗਸਟਰ ਦੇ ਦੋ ਸਾਥੀ ਅਸਲੇ ਸਮੇਤ ਗ੍ਰਿਫਤਾਰ

**ਦੱਤ ਰੋਡ 'ਤੇ ਰਹਿਣ ਵਾਲੇ ਵਪਾਰੀ ਦੇ ਘਰ ਬਾਹਰ ਕੀਤੀ ਸੀ ਗੋਲੀਬਾਰੀ**


ਐੱਸ.ਪੀ.ਐੱਚ. ਮਨਜੀਤ ਸਿੰਘ ਢਿੱਲੋਂ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ।

**ਮੋਗਾ (ਅਮਰਜੀਤ ਬੱਬਰੀ)**-ਸਥਾਨਕ ਪੁਲਸ ਨੂੰ ਉਸ ਸਮੇਂ ਵੱਡੀ ਕਾਮਯਾਬੀ ਮਿਲੀ, ਜਦੋਂ ਅਰਸ਼ ਡਾਲਾ ਗੈਂਗਸਟਰ ਦੇ ਦੋ ਸਾਥੀਆਂ ਨੂੰ ਪੁਲਸ ਨੇ ਗ੍ਰਿਫਤਾਰ ਕਰ ਲਿਆ। ਐੱਸ.ਪੀ.ਐੱਚ. ਮਨਜੀਤ ਸਿੰਘ ਢਿੱਲੋਂ ਨੇ ਪ੍ਰੈੱਸ ਕਾਨਫਰੰਸ ਕਰਕੇ ਦੱਸਿਆ ਕਿ ਪੁਲਸ ਨੇ ਦੱਤ ਰੋਡ 'ਤੇ ਕਾਰੋਬਾਰੀ ਦੇ ਘਰ ਬਾਹਰ ਗੋਲੀਆਂ ਚਲਾਉਣ ਵਾਲੇ 2 ਮੁਜਰਮਾਂ ਨੂੰ ਕਾਬੂ ਕਰ ਲਿਆ ਹੈ ਤੇ ਉਨ੍ਹਾਂ ਕੋਲੋਂ 2 ਪਿਸਤੌਲ ਤੇ 6 ਜ਼ਿੰਦਾ ਕਾਰਤੂਸ ਤੋਂ ਇਲਾਵਾ ਇੱਕ ਮੋਟਰਸਾਈਕਲ ਵੀ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਫਾਇਰਿੰਗ ਫਿਰੌਤੀ ਨੂੰ ਲੈ ਕੇ ਕੀਤੀ ਗਈ ਸੀ, ਫਿਰੌਤੀ ਵਿੱਚ 2 ਕਰੋੜ ਦੀ ਮੰਗ ਕੀਤੀ ਗਈ ਸੀ।

ਉਨ੍ਹਾਂ ਦੱਸਿਆ ਕਿ ਸੀ ਆਈ ਏ ਇੰਸ ਕਿੱਕਰ ਸਿੰਘ ਤੇ ਉਨ੍ਹਾਂ ਦੀ ਟੀਮ ਵੱਲੋਂ ਪੁਲਸ ਨੇ ਮੁਸ਼ਤੈਦੀ ਦਿਖਾਉਂਦੇ ਹੋਏ ਦੋ ਮੁਲਜ਼ਮਾਂ ਸਦੀਪ ਸਿੰਘ ਉਰਫ ਸੀਪਾ ਤੇ ਹਰਜੀਤ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਹੈ। ਇਹ ਦੋਵੇਂ ਮੁਲਜ਼ਮ ਪਿੰਡ ਦੁਸਾਂਝ ਦੇ ਰਹਿਣ ਵਾਲੇ ਹਨ ਤੇ ਇਨ੍ਹਾਂ ਦਾ ਸਬੰਧ ਅਰਸ਼ ਡਾਲਾ ਨਾਲ ਹੈ। ਇਨ੍ਹਾਂ ਦੋਵਾਂ ਦਾ ਪਿਛੋਕੜ ਵੀ ਅਪਰਾਧਕ ਹੈ ਤੇ ਇਨ੍ਹਾਂ ਖਿਲਾਫ ਮੁਕਦਮੇ ਵੀ ਦਰਜ ਹਨ। ਅਰਸ਼ ਡਾਲਾ ਵੱਲੋਂ ਇਨ੍ਹਾਂ ਨੂੰ 29000 ਰੁਪਏ ਵੀ ਭੇਜੇ ਗਏ ਸਨ। ਮੁਲਜਮਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਗਿਆ ਹੈ।

## ਕਾਤਰਾਂ

### ਰੰਜਿਸ਼ ਦੇ ਚੱਲਦਿਆਂ ਭਰਾਵਾਂ ਦੀ ਕੀਤੀ ਕੁੱਟਮਾਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਤਹਿਸੀਲ ਜ਼ੀਰਾ ਦੇ ਅਧੀਨ ਆਉਂਦੇ ਪਿੰਡ ਮੇਹਰ ਸਿੰਘ ਵਾਲਾ ਵਿਖੇ ਰੰਜਿਸ਼ ਦੇ ਚੱਲਦਿਆਂ ਦੋ ਭਰਾਵਾਂ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਜ਼ੀਰਾ ਪੁਲਸ ਨੇ 6 ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਪ੍ਰਿੰਸ ਪੁੱਤਰ ਇੰਦਰਜੀਤ ਸਿੰਘ ਵਾਸੀ ਮੁਹੱਲਾ ਝੱਟਿਆਂ ਵਾਲਾ ਨੇ ਦੱਸਿਆ ਕਿ ਉਸੀ ਦੀ ਸਬਜ਼ੀ ਮੰਡੀ ਜ਼ੀਰਾ ਵਿੱਚ ਆੜ੍ਹਤ ਦੀ ਦੁਕਾਨ ਹੈ, ਜੋ 24 ਨਵੰਬਰ 2022 ਨੂੰ ਉਸ ਦੇ ਭਰਾ ਦਾ ਦੋਸ਼ੀ ਮੁਨੀਸ਼ ਕੁਮਾਰ ਪੁੱਤਰ ਜਸਪਾਲ ਸਿੰਘ ਉਰਫ ਕਾਲੀ ਨਾਲ ਝਗੜਾ ਹੋ ਗਿਆ ਸੀ। ਇਸੇ ਰੰਜਿਸ਼ ਕਰਕੇ ਦੋਸ਼ੀਆਨ ਨੇ ਹਮਮਸ਼ਵਰਾ ਹੋ ਕੇ ਅਰਸ਼ ਪੁੱਤਰ ਰਾਕੇਸ਼ ਕੁਮਾਰ, ਅਸ਼ਵਨੀ ਕੁਮਾਰ ਪੁੱਤਰ ਜਗਦੀਸ਼ ਕੁਮਾਰ, ਸੋਨੀ ਪੁੱਤਰ ਜਗਦੀਸ਼ ਕੁਮਾਰ, ਲੱਕੀ ਪੁੱਤਰ ਜਗਦੀਸ਼ ਕੁਮਾਰ, ਅਮਿਤ ਕੁਮਾਰ ਪੁੱਤਰ ਸੁਭਾਸ਼ ਕੁਮਾਰ ਤੇ ਮੁਨੀਸ਼ ਕੁਮਾਰ ਨੇ ਉਸ ਦੀ ਤੇ ਉਸ ਦੇ ਭਰਾ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ ਤੇ ਧਮਕੀਆਂ ਦਿੱਤੀਆਂ ਅਤੇ ਗੱਡੀਆਂ ਦੀ ਭੰਨ ਤੋੜ ਕੀਤੀ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਬਲਜਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਟ੍ਰੈਫਿਕ ਪੁਲਸ ਨੇ ਬੱਚਿਆਂ ਨੂੰ ਵਾਹਨ ਨਾ ਚਲਾਉਣ ਦੀ ਦਿੱਤੀ ਨਸੀਹਤ

**ਸੰਗਰੂਰ (ਪ੍ਰਵੀਨ)**-ਸ਼ਹੀਦ ਭਗਤ ਸਿੰਘ ਮਾਰਕਿਟ ਸੰਗਰੂਰ ਵਿਖੇ ਟ੍ਰੈਫਿਕ ਇੰਸਪੈਕਟਰ ਨਰਿੰਦਰ ਸਿੰਘ ਨੇ ਸਬਜ਼ੀ ਮੰਡੀ ਦੇ ਮੋੜ 'ਤੇ ਨਾਕਾ ਲਗਾ ਕੇ ਜਿੱਥੇ ਟ੍ਰੈਫਿਕ ਨੂੰ ਸੁਚਾਰੂ ਢੰਗ ਨਾਲ ਚਲਾਇਆ, ਉਥੇ ਹੀ ਛੋਟੀ ਉਮਰ ਦੇ ਬੱਚੇ ਜਿਹੜੇ ਸਕੂਟਰ, ਮੋਟਰਸਾਈਕਲ ਲੈ ਕੇ ਬਜ਼ਾਰਾਂ ਵਿੱਚੋਂ ਲੰਘ ਰਹੇ ਸਨ, ਉਨ੍ਹਾਂ ਨੂੰ ਰੋਕ ਕੇ ਟ੍ਰੈਫਿਕ ਨਿਯਮਾਂ ਤੋਂ ਜਾਣੂ ਕਰਾਇਆ। ਉਨ੍ਹਾਂ ਨੂੰ ਸਮਝਾਉਂਦਿਆਂ ਕਿਹਾ ਕਿ ਜੇਕਰ ਇਸ ਉਮਰ ਵਿੱਚ ਤੁਸੀਂ ਵਾਹਨ ਚਲਾਉਂਦੇ ਹੋ ਤਾਂ ਕੋਈ ਵੀ ਹਾਦਸਾ ਸੜਕ 'ਤੇ ਵਾਪਰ ਜਾਂਦਾ ਹੈ ਤੁਹਾਡਾ ਅਤੇ ਕਿਸੇ ਹੋਰ ਦਾ ਸਰੀਰਕ ਜਾਂ ਵਾਹਨ ਦਾ ਨੁਕਸਾਨ ਵੀ ਹੋ ਸਕਦਾ ਹੈ। ਉਨ੍ਹਾਂ ਨੇ ਬੱਚਿਆਂ ਦੇ ਮਾਪਿਆਂ ਨੂੰ ਵੀ ਨਸੀਹਤ ਦਿੰਦਿਆਂ ਕਿਹਾ ਕਿ ਛੋਟੇ ਬੱਚਿਆਂ ਨੂੰ ਇਨਫੀਲਡ ਜਿਹੇ ਮੋਟਰਸਾਈਕਲ ਤੇ ਹੋਰ ਵਾਹਨ ਨਾ ਦਿਓ। ਇਸ ਨਾਲ ਭਾਰੀ ਨੁਕਸਾਨ ਹੋ ਸਕਦਾ ਹੈ। ਉਨ੍ਹਾਂ ਨੇ ਬੇਨਿਯਮੇ ਚੱਲਣ ਵਾਲੇ ਵਾਹਨ ਚਾਲਕਾਂ ਦੇ ਇੱਕ ਦਰਜਨ ਦੇ ਕਰੀਬ ਚਲਾਨ ਕੀਤੇ। ਇਸ ਸਮੇਂ ਹੋਰਨਾਂ ਤੋਂ ਇਲਾਵਾ ਦਰਸ਼ਨ ਸਿੰਘ, ਏ.ਐਸ.ਆਈ ਝਿਰਮਲ ਸਿੰਘ, ਬੇਅੰਤ ਸਿੰਘ, ਰਵਿੰਦਰਪਾਲ ਸਿੰਘ ਟ੍ਰੈਫਿਕ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

### 20 ਗ੍ਰਾਮ ਅਫੀਮ ਸਮੇਤ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਇਕ ਵਿਅਕਤੀ ਨੂੰ 200 ਗ੍ਰਾਮ ਅਫੀਮ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਏਐੱਸਆਈ ਸਤਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ 'ਚ ਥਾਣਾ ਸਿਟੀ ਜ਼ੀਰਾ ਵਿਖੇ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਗੁਰਸੰਗਤ ਸਿੰਘ ਜੋ ਅਫੀਮ ਵੇਚਣ ਦਾ ਆਦੀ ਹੈ, ਜੋ ਹੁਣ ਵੀ ਝਤਰਾ ਰੋਡ ਜ਼ੀਰਾ ਵਿਖੇ ਖੜਾ ਅਫੀਮ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਿਹਾ ਹੈ। ਜੇਕਰ ਹੁਣੇ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ 200 ਗ੍ਰਾਮ ਅਫੀਮ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਹਰ ਵਰ੍ਹੇ ਪੁਲਸ ਭਰਤੀ ਦੇ ਫੈਸਲੇ ਨਾਲ ਨੌਜਵਾਨ ਖੁਸ਼ : ਰਿਸ਼ੀ ਸਤੌਜ

**ਲੌਂਗੋਵਾਲ (ਪ੍ਰਦੀਪ ਸੱਪਲ, ਕੁਲਦੀਪ ਅੱਤਰੀ)**-ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੈਬਨਿਟ ਮੀਟਿੰਗ ਦੌਰਾਨ ਹਰ ਵਰ੍ਹੇ ਪੰਜਾਬ ਪੁਲਸ ਦੀ ਭਰਤੀ ਸਬੰਧੀ, ਜੋ ਅਹਿਮ ਫੈਸਲਾ ਲਿਆ ਗਿਆ ਹੈ, ਉਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਵਰਕਰ ਹਰਵਿੰਦਰ ਰਿਸ਼ੀ ਸਤੌਜ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਨੀਅਤ ਤੇ ਨੀਤੀ ਬਿਲਕੁਲ ਸਾਫ ਹੈ, ਕਿਉਂਕਿ ਇਸ ਨਾਲ ਪੰਜਾਬ ਦੇ ਜੋ ਨੌਜਵਾਨ ਪੁਲਸ ਦੀ ਭਰਤੀ ਦੀ ਉਡੀਕ ਕਰ ਰਹੇ ਹਨ, ਉਹ ਹੁਣੇ ਤੋਂ ਖੇਡ ਮੈਦਾਨਾਂ ਨਾਲ ਜੁੜ ਜਾਣਗੇ ਤੇ ਆਪਣੀ ਮਿਹਨਤ ਦੇ ਬਲਬੂਤੇ ਇਸ ਭਰਤੀ ਦੀ ਤਿਆਰੀ ਵਿੱਢ ਦੇਣਗੇ। ਉਨ੍ਹਾ ਸਰਕਾਰ ਦੇ ਇਸ ਫੈਸਲੇ ਦੀ ਭਰਭੂਰ ਸ਼ਲਾਘਾ ਕੀਤੀ।

# ਸਰਕਾਰੀ ਹਸਪਤਾਲ ਨੂੰ ਮੁਹੱਲਾ ਕਲੀਨਿਕ ਬਣਾਉਣ ਤੋਂ ਰੋਕਣ ਲਈ ਜਥੇਬੰਦੀਆਂ ਵੱਲੋਂ ਮੁੜ ਮੀਟਿੰਗ

■ ਲੜਕੀਆਂ ਦੇ ਸਕੂਲ ਦੀ ਜਗ੍ਹਾ 'ਤੇ ਕੀਤਾ ਨਜਾਇਜ਼ ਕਬਜ਼ਾ ਛੁਡਵਾਇਆ ਜਾਵੇ



**ਮਾਨਸਾ (ਰੀਤਵਾਲ)**-ਕਸਬਾ ਬੋਹਾ 'ਚ ਇੱਕੋ ਇੱਕ ਸਰਕਾਰੀ ਹਸਪਤਾਲ (ਮਿੰਨੀ ਪੀ ਐੱਚ ਸੀ) ਨੂੰ ਹਸਪਤਾਲ ਬਣਾਉਣ ਦੀ ਥਾਂ ਆਪ ਦੀ ਸਰਕਾਰ ਵੱਲੋਂ ਮੁਹੱਲਾ ਕਲੀਨਿਕ ਬਣਾਉਣ ਤੇ ਲੜਕੀਆਂ ਵਾਲੇ ਸਰਕਾਰੀ ਸਕੂਲ ਦੀ ਜਗ੍ਹਾ ਉੱਪਰ ਕੀਤੇ ਨਜਾਇਜ਼ ਕਬਜ਼ੇ ਨੂੰ ਛੁਡਾਉਣ ਲਈ ਅੱਜ ਦਾਣਾ ਮੰਡੀ ਵਿਖੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ, ਪੰਜਾਬ ਕਿਸਾਨ ਯੂਨੀਅਨ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਆਦਿ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਜੀਤ ਸਿੰਘ ਤੇ ਸੁਖਵਿੰਦਰ ਸਿੰਘ ਬੋਹਾ ਦੀ ਅਗਵਾਈ ਹੇਠ ਹੋਈ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਨਿੱਕਾ ਸਿੰਘ ਬਹਾਦਰਪੁਰ, ਰਾਮਫਲ ਸਿੰਘ ਚੱਕ ਅਲੀਸ਼ੇਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਦੀ ਬਜਾਏ ਆਮ ਲੋਕਾਂ ਨੂੰ ਪਹਿਲਾਂ ਤੋਂ ਮਿਲ ਰਹੀਆਂ ਸਹੂਲਤਾਂ ਨੂੰ ਟੇਢੇ ਢੰਗ ਨਾਲ ਖੋਹ ਰਹੀ ਹੈ, ਜਿਸ ਦੀ ਤਾਜ਼ਾ ਉਦਾਹਰਣ ਹੈ ਕਿ ਇਲਾਕੇ ਦੇ ਇੱਕੋ ਇੱਕ ਹਸਤਪਾਲ ਨੂੰ ਖਤਮ ਕਰਕੇ ਮੁਹੱਲਾ ਕਲੀਨਿਕ ਬਣਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਇਲਾਕੇ ਦੇ ਕੁੜੀਆਂ ਵਾਲੇ ਸਕੂਲ ਦੀ ਜਗ੍ਹਾਂ ਉੱਪਰ ਰਾਜਨੀਤਕ ਅਸਰ ਰਸੂਖ ਰੱਖਣ ਵਾਲੇ ਘੜੰਮ ਚੌਧਰੀ ਵੱਲੋਂ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ, ਪਰ ਅਦਾਲਤ ਵੱਲੋਂ ਪ੍ਰਸ਼ਾਸਨ ਨੂੰ ਕਬਜ਼ਾ ਛੁਡਾਉਣ ਲਈ ਵਾਰੰਟ ਵੀ ਆ ਚੁੱਕੇ ਹਨ, ਪਰ ਆਪ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਕਬਜ਼ਾ ਨਹੀਂ ਛੁਡਾਇਆ ਜਾ ਰਿਹਾ। ਆਗੂਆਂ ਨੇ ਕਿਹਾ ਕਿ ਲਤੀਫਪੁਰਾ (ਜਲੰਧਰ) ਵਿੱਚ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਕੋਰਟ ਦਾ ਹਵਾਲਾ ਦੇ ਕੇ ਸੈਂਕੜੇ ਪਰਿਵਾਰਾਂ ਨੂੰ ਬੇਘਰ ਕਰਕੇ ਠੰਢ ਵਿੱਚ ਮਰਨ ਲਈ ਮਜਬੂਰ ਕਰ ਦਿੱਤਾ ਹੈ, ਪਰ ਇੱਥੇ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਇੱਕ ਘੜੰਮ ਚੌਧਰੀ ਦਾ ਪੱਖ ਪੂਰਿਆ ਜਾ ਰਿਹਾ ਹੈ। ਇਸ ਤੋਂ ਸਾਫ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹੁਣ ਆਮ ਲੋਕਾਂ ਦੀ ਨਹੀਂ ਖਾਸ ਲੋਕਾਂ ਦੀ ਬਣ ਚੁੱਕੀ ਹੈ।

ਇਸ ਮੌਕੇ ਇਕੱਤਰ ਆਗੂਆਂ ਨੇ ਫੈਸਲਾ ਕੀਤਾ ਕਿ ਖ਼ੇਤਰ ਦੀਆਂ ਸਮੂਹ ਜਥੇਬੰਦੀਆਂ, ਯੂਥ ਕਲੱਬਾਂ ਤੇ ਸਮਾਜ ਸੇਵੀ ਸੰਸਥਾਵਾਂ ਨਾਲ ਤਾਲਮੇਲ ਕਰਕੇ ਆਉਣ ਵਾਲੀ 25 ਦਸੰਬਰ ਨੂੰ ਇੱਕ ਵੱਡਾ ਇਕੱਠ ਕਰਕੇ ਆਗਾਮੀ ਸੰਘਰਸ਼ ਉਲੀਕਿਆ ਜਾਵੇਗਾ। ਇਸ ਸਮੇਂ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਆਗੂ ਸੁਖਪਾਲ ਸਿੰਘ ਹਾਕਮਵਾਲਾ, ਸਤਨਾਮ ਸਿੰਘ ਗੁਰੂ, ਕਿਸਾਨ ਆਗੂ ਦਰਸ਼ਨ ਸਿੰਘ ਮੰਘਾਣੀਆਂ, ਗੁਰਤੇਜ ਸਿੰਘ ਬਰੇ ਆਦਿ ਹਾਜ਼ਰ ਸਨ।

# 30 ਨੂੰ ਪਾਣੀਆਂ ਦੇ ਮੁੱਦੇ 'ਤੇ ਮੁਹਾਲੀ ਧਰਨੇ 'ਚ ਕਿਸਾਨ ਫੈਡਰੇਸ਼ਨ ਹੋਵੇਗੀ ਸ਼ਾਮਲ : ਸੁਖਦੇਵ ਸਿੰਘ

**ਦੋਰਾਹਾ (ਹਰਮਿੰਦਰ ਸੇਠ)**
ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੀ ਸੂਬਾ ਕਮੇਟੀ ਦੀ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ 30 ਦਸੰਬਰ ਨੂੰ ਮੁਹਾਲੀ ਵਿਖੇ ਪੰਜਾਬ ਦੇ ਪਾਣੀਆਂ ਦੇ ਮੁੱਦੇ ਨੂੰ ਲੈ ਕੇ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਵੱਲੋਂ ਮਾਰੇ ਜਾ ਰਹੇ ਧਰਨੇ ਵਿੱਚ ਕਿਸਾਨ ਫੈਡਰੇਸ਼ਨ ਦੇ ਵੱਧ ਤੋਂ ਵੱਧ ਕਾਰਕੁਨਾਂ ਦੇ ਸ਼ਾਮਲ ਹੋਣ ਦਾ ਫੈਸਲਾ ਕੀਤਾ ਗਿਆ।

ਕੁੱਲ ਹਿੰਦ ਕਿਸਾਨ ਫੈਡਰੇਸ਼ਨ ਦੇ ਪ੍ਰਧਾਨ ਪ੍ਰੇਮ ਸਿੰਘ ਭੰਗੂ ਨੇ ਪੰਜਾਬ ਦੇ ਪਾਣੀਆਂ ਦੇ ਮਸਲੇ ਉੱਪਰ ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ, ਜਿਨ੍ਹਾਂ ਵਿੱਚ ਕੁੱਲ ਹਿੰਦ ਕਿਸਾਨ ਫੈਡਰੇਸ਼ਨ ਵੀ ਸ਼ਾਮਲ ਹੈ, ਵੱਲੋਂ ਮੁਹਾਲੀ ਵਿਖੇ 30 ਦਸੰਬਰ ਨੂੰ ਮਾਰੇ ਜਾ ਰਹੇ ਧਰਨੇ ਦੀ ਮਹੱਤਤਾ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੰਜਾਬ ਕੋਲ ਹੋਰ ਸੂਬਿਆਂ ਨੂੰ ਦੇਣ ਲਈ ਪਾਣੀ ਦੀ ਇੱਕ ਵੀ ਬੂੰਦ ਨਹੀਂ। ਕੇਂਦਰ ਸਰਕਾਰ ਤੇ ਹਰਿਆਣਾ ਸਰਕਾਰ ਜਾਣ-ਬੁੱਝ ਪੰਜਾਬ ਦਾ ਮਾਹੌਲ ਖਰਾਬ ਕਰਨ ਲਈ ਪਾਣੀਆਂ ਦੇ ਮੁੱਦੇ ਨੂੰ ਉਭਾਰ ਰਹੀਆਂ ਹਨ।

ਏ ਆਈ ਕੇ ਐੱਫ ਦੀ ਵਰਕਿੰਗ ਕਮੇਟੀ ਮੈਂਬਰ ਕੁਲਦੀਪ ਸਿੰਘ ਨੇ ਸਤਲੁਜ-ਯਮੁਨਾ ਲਿੰਕ ਨਹਿਰ ਦੀ ਮੁੜ ਉਸਾਰੀ ਸ਼ੁਰੂ ਕਰਨ ਬਾਰੇ ਹਰਿਆਣਾ ਸਰਕਾਰ ਵੱਲੋਂ ਬੇਵਜ੍ਹਾ ਉਠਾਏ ਜਾ ਰਹੇ ਮੁੱਦੇ ਬਾਰੇ ਬੋਲਦਿਆਂ ਕਿਹਾ ਕਿ ਜਦੋਂ ਪੰਜਾਬ ਕੋਲ ਦੇਣ ਲਈ ਵਾਧੂ ਪਾਣੀ ਹੈ ਹੀ ਨਹੀ ਤਾਂ ਐੱਸ ਵਾਈ ਐੱਲ ਦੀ ਮੁੜ ਉਸਾਰੀ ਦਾ ਸਵਾਲ ਪੈਦਾ ਨਹੀਂ ਹੁੰਦਾ। ਸਰਕਾਰ ਜਾਣ-ਬੁੱਝ ਕੇ ਪੰਜਾਬ ਤੇ ਹਰਿਆਣਾ ਵਿੱਚਕਾਰ ਝਗੜੇ ਨੂੰ ਤੂਲ ਦੇ ਰਹੀ ਹੈ, ਜਿਸ ਨਾਲ ਪੰਜਾਬ ਅੰਦਰ ਅਮਨ ਸ਼ਾਂਤੀ ਭੰਗ ਹੋਣ ਦਾ ਅੰਦੇਸ਼ਾ ਪੈਦਾ ਹੋ ਸਕਦਾ ਹੈ। ਇਸ ਮੌਕੇ ਵਨ ਕੁਮਾਰ ਸੋਲਪੁਰ, ਇੱਕਬਾਲ ਸਿੰਘ ਮੰਡੋਲੀ, ਹਾਕਮ ਸਿੰਘ ਮਨਾਣਾ, ਜੋਗਿੰਦਰ ਸਿੰਘ ਤੇ ਸੁਖਦੇਵ ਸਿੰਘ ਕਿਲ੍ਹਾ ਰਾਏਪੁਰ ਨੇ ਵੀ ਵਿਚਾਰ ਰੱਖੇ।

ਮੀਟਿੰਗ ਦੇ ਅੰਤ ਵਿੱਚ ਸਾਰੇ ਪੰਜਾਬ ਨੂੰ ਟੋਲ ਮੁਕਤ ਕਰਨ, ਫਸਲੀ ਬੀਮਾਂ ਸਕੀਮ ਲਾਗੂ ਕਰਨ, ਕਿਸਾਨਾਂ ਨੂੰ ਕਰਜ਼ ਮੁਕਤ ਕਰਨ ਤੇ ਰੈਂਡ ਐਂਟਰੀ ਰੱਦ ਕਰਨ, ਦਵਾਈਆਂ ਤੇ ਖਾਦ ਉੱਪਰ ਸਬਸਿਡੀ ਦੇਣ, ਨਕਲੀ ਦੁੱਧ ਨੂੰ ਨੱਥ ਪਾਉਣ, ਦੁੱਧ ਉੱਪਰ ਐੱਮ ਐੱਸ ਪੀ ਲਾਗੂ ਕਰਨ, ਅਵਾਰਾ ਪਸ਼ੂਆਂ ਦਾ ਪੱਕਾ ਹੱਲ ਕਰਨ, ਨਸ਼ਿਆਂ ਨੂੰ ਖਤਮ ਕਰਨ ਤੇ ਰੇਤ ਮਾਫੀਆ ਨੂੰ ਨਕੇਲ ਪਾਉਣ ਦੀ ਮੰਗ ਕੀਤੀ ਗਈ।



# ਡਰੀਮ ਬਿਲਡਰਜ਼ ਦੀ ਵਿਦਿਆਰਥਣ ਨੇ ਓਵਰਆਲ 6.5 ਬੈਂਡ ਪ੍ਰਾਪਤ ਕੀਤੇ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ 'ਤੇ ਬੱਸ ਸਟੈਂਡ ਸਾਹਮਣੇ ਵਾਲੀ ਗਲੀ ਵਿੱਚ ਸਥਿਤ ਮਾਲਵੇ ਦੀ ਪ੍ਰਸਿੱਧ ਸੰਸਥਾ ਡਰੀਮ ਬਿਲਡਰਜ਼ ਆਇਲਟਸ ਐਂਡ ਇੰਮੀਗ੍ਰੇਸ਼ਨ ਵਿਖੇ ਵਿਦਿਆਰਥੀ ਆਇਲਟਸ ਦੀ ਕੋਚਿੰਗ ਲੈ ਕੇ ਵਧੀਆ ਬੈਂਡ ਪ੍ਰਾਪਤ ਕਰ ਰਹੇ ਹਨ, ਜਿਸ ਦੇ ਤਹਿਤ ਮਨਜੋਤ ਕੌਰ ਰਖਰਾ ਪੁੱਤਰੀ ਗੁਰਮੀਤ ਸਿੰਘ ਵਾਸੀ ਬਾਘਾ ਪੁਰਾਣਾ (ਮੋਗਾ) ਨੇ ਲਿਸਨਿੰਗ 8, ਰੀਡਿੰਗ 6.5, ਸਪੀਕਿੰਗ, ਰਾਈਟਿੰਗ 6 ਤੇ ਓਵਰਆਲ 6.5 ਬੈਂਡ ਹਾਸਲ ਕਰਕੇ ਆਪਣਾ ਤੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਐੱਮ ਡੀ ਨਵਜੋਤ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਹਮੇਸ਼ਾ ਹੀ ਵਿਦਿਆਰਥੀਆਂ ਨੂੰ ਚੰਗੇ ਬੈਂਡ ਦਿਵਾਉਣ ਲਈ ਵਚਨਬੱਧ ਹੈ, ਕਿਉਂਕਿ ਸੰਸਥਾ ਵਿੱਚ ਹਰੇਕ ਵਿਦਿਆਰਥੀ ਉੱਪਰ ਪੂਰੀ ਨਜ਼ਰ ਰੱਖੀ ਜਾਂਦੀ ਹੈ। ਐੱਮ ਡੀ ਨਵਜੋਤ ਸਿੰਘ ਬਰਾੜ ਨੇ ਦੱਸਿਆ ਕਿ ਸੰਸਥਾ ਵੱਲੋਂ ਇੰਮੀਗ੍ਰੇਸ਼ਨ ਦੀਆਂ ਸੇਵਾਵਾਂ ਬਹੁਤ ਹੀ ਸਾਫ-ਸੁਥਰੇ ਢੰਗ ਨਾਲ ਦਿੱਤੀਆਂ ਜਾ ਰਹੀਆਂ ਹਨ। ਇਸ ਮੌਕੇ ਐੱਮ ਡੀ ਨਵਜੋਤ ਸਿੰਘ ਬਰਾੜ ਨੇ ਵਿਦਿਆਰਥਣ ਨੂੰ ਪ੍ਰਮਾਣ-ਪੱਤਰ ਸੌਂਪਦਿਆਂ ਵਧਾਈ ਦਿੱਤੀ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# 'ਭਾਰਤ ਜੋੜੋ ਯਾਤਰਾ' ਦਾ ਪੂਰੇ ਜੋਸ਼ ਨਾਲ ਹੋਵੇਗਾ ਸਵਾਗਤ : ਸਿੰਗਲਾ

**ਸੰਗਰੂਰ (ਪ੍ਰਵੀਨ ਸਿੰਘ)**-ਬਲਾਕ ਕਾਂਗਰਸ ਸੰਗਰੂਰ ਦੀ ਮੀਟਿੰਗ ਸਾਬਕਾ ਕੈਬਨਿਟ ਮੰਤਰੀ ਸ੍ਰੀ ਵਿਜੇਇੰਦਰ ਸਿੰਗਲਾ ਬਲਾਕ ਕਾਂਗਰਸ ਦੇ ਪ੍ਰਧਾਨ ਰੌਕੀ ਬਾਂਸਲ ਵੱਲੋਂ ਦੇਸ਼ ਵਿੱਚ ਸ੍ਰੀ ਰਾਹੁਲ ਗਾਂਧੀ ਦੀ ਯੋਗ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਭਾਰਤ ਜੋੜੋ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ। ਸ੍ਰੀ ਵਿਜੇਇੰਦਰ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਰਤ ਜੋੜੋ ਯਾਤਰਾ ਜੋ ਕਿ ਜਨਵਰੀ ਮਹੀਨੇ ਪੰਜਾਬ 'ਚ ਦਾਖਲ ਹੋਣ ਜਾ ਰਹੀ ਹੈ। ਇਸ ਬਾਰੇ ਸਾਰੇ ਕਾਂਗਰਸ ਵਰਕਰਗਜ਼ ਨੂੰ ਕਿਹਾ ਕਿ ਪੂਰੇ ਜੋਸ਼ ਨਾਲ ਇਸ ਯਾਤਰਾ ਦਾ ਸਵਾਗਤ ਕਰਨਾ ਹੈ ਤੇ ਵਰਕਰਾਂ ਨੂੰ 8 ਦਿਨ ਇਸ ਯਾਤਰਾ ਨਾਲ ਜੁੜੇ ਰਹਿਣ ਦੀ ਅਪੀਲ ਕੀਤੀ। ਰੌਕੀ ਬਾਂਸਲ ਨੇ ਦੱਸਿਆ ਕਿ ਇਸ ਯਾਤਰਾ ਵਿੱਚ ਇੱਕ ਹਲਕੇ ਤੋਂ ਮੈਂਬਰ ਨਾਲ ਜੁੜਨਗੇ ਤੇ 8 ਦਿਨ ਰਾਹੁਲ ਗਾਂਧੀ ਨਾਲ ਯਾਤਰਾ ਵਿੱਚ ਪੈਦਲ ਚੱਲਣਗੇ। ਇਸ ਯਾਤਰਾ ਨੂੰ ਲੈ ਕੇ ਵਰਕਰਾਂ ਵਿੱਚ ਪੂਰਾ ਜੋਸ਼ ਹੈ ਤੇ ਕਿਹਾ ਕਿ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਮੌਕੇ ਅਬਜ਼ਰਵਰ ਸ੍ਰੀਮਤੀ ਗੁਰਸ਼ਰਨ ਕੌਰ ਰੰਧਾਵਾ, ਸੁਭਾਸ਼ ਗਰੋਵਰ, ਮਹੇਸ਼ ਕੁਮਾਰ ਮੇਸ਼ੀ, ਹਰਬੰਸ ਸਿੰਘ, ਨਰੇਸ਼ਾ ਗਾਬਾ, ਹਰਪਾਲ ਸਿੰਘ ਸੋਨੂੰ, ਬੀਬੀ ਚਰਨਜੀਤ ਕੌਰ, ਬੀਬੀ ਬਲਜੀਤ ਕੌਰ, ਸਤਪਾਲ ਧਾਲੀਵਾਲ, ਸ਼ਸ਼ੀ ਚਾਵਰੀਆ, ਰਜੇਸ਼ ਲੌਟ, ਬਲੀ ਸੈਣੀ, ਪੰਚ, ਸਰਪੰਚ ਹਾਜ਼ਰ ਸਨ।



# ਭਾਰਤ ਜੋੜੋ ਯਾਤਰਾ ਸੰਬੰਧੀ ਮੈਡਮ ਬੰਗੜ ਵੱਲੋਂ ਪਾਰਟੀ ਵਰਕਰਾਂ ਨਾਲ ਤਾਲਮੇਲ



**ਮਮਦੋਟ (ਹਰਪਾਲ ਸਿੰਘ ਸੋਢੀ)**-ਜ਼ਿਲ੍ਹਾ ਕਾਂਗਰਸ ਕਮੇਟੀ ਫਿਰੋਜ਼ਪੁਰ ਦੇ ਉੱਪ ਪ੍ਰਧਾਨ ਮੈਡਮ ਬਲਜੀਤ ਕੌਰ ਬੰਗੜ ਵੱਲੋਂ ਭਾਰਤ ਜੋੜੋ ਯਾਤਰਾ ਤਹਿਤ ਫਿਰੋਜ਼ਪੁਰ ਦਿਹਾਤੀ ਦੇ ਵੱਖ ਵੱਖ ਬਲਾਕਾਂ ਵਿੱਚ ਹੋਣ ਵਾਲੀਆਂ ਮੀਟਿੰਗਾਂ ਸਬੰਧੀ ਬਲਾਕ ਮਮਦੋਟ ਵਿੱਚ ਕਾਂਗਰਸ ਪਾਰਟੀ ਦੇ ਵਰਕਰਾਂ ਨਾਲ ਲਗਾਤਾਰ ਰਾਬਤਾ ਕੀਤਾ ਜਾ ਰਿਹਾ ਹੈ। ਭਾਰਤ ਜੋੜੋ ਵਿੱਚ ਹਿੱਸਾ ਲੈਣ ਵਾਸਤੇ ਕਾਂਗਰਸੀ ਵਰਕਰਾਂ ਵਿੱਚ ਜੋਸ਼ ਪਾਇਆ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਹਰਪਾਲ ਸਿੰਘ (ਨੀਟਾ ਸੋਢੀ) ਪੁਸ਼ਪਿੰਦਰ ਸਿੰਘ ਸੰਧੂ, ਮੁਖਤਿਆਰ ਸਿੰਘ ਸਰਪੰਚ, ਅਜਮੇਰ ਸਿੰਘ ਮੁਰਕਵਾਲਾ, ਗੁਰਪ੍ਰੀਤ ਸੋਨੀ, ਕਮਲ ਸੋਨੂੰ, ਬਾਜ ਸਿੰਘ ਐੱਮ.ਸੀ., ਪੀ.ਏ. ਨਿਸ਼ਾਨ ਸਿੰਘ, ਖੰਡਾ ਸਿੰਘ ਰਾਉਕੇ, ਦੇਸਾ ਸਿੰਘ, ਬੱਬੂ ਦਰਜੀ, ਰਾਣਾ ਕੰਬੋਜ, ਬਲਜਿੰਦਰ ਥਿੰਦ, ਕਰਨ ਮਨਚੰਦਾ, ਜੋਬਨ ਧਾਲੀਵਾਲ, ਹੈਰੀ ਜੋਸ਼ਨ ਤੋਂ ਇਲਾਵਾ ਹੋਰ ਵੀ ਪਾਰਟੀ ਵਰਕਰ ਹਾਜ਼ਰ ਸਨ।

# ਪੈਨਸ਼ਨ ਦਿਵਸ ਮੌਕੇ ਸੀਨੀਅਰ ਪੈਨਸ਼ਨਰਾਂ ਦਾ ਕੀਤਾ ਸਨਮਾਨ



**ਧੂਰੀ (ਸੁਖਦੇਵ ਧੂਰੀ)**-ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਧੂਰੀ ਵੱਲੋਂ ਪ੍ਰਧਾਨ ਪ੍ਰੀਤਮ ਸਿੰਘ ਧੂਰਾ ਦੀ ਅਗਵਾਈ ਹੇਠ ਮੰਗਲਾ ਆਸਰਮ (ਗਊਸ਼ਾਲਾ) ਵਿਖੇ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਸਮਾਗਮ ਦੇ ਮੁੱਖ ਮਹਿਮਾਨ ਸੇਵਾਮੁਕਤ ਸਹਾਇਕ ਜੇਲ੍ਹ ਸੁਪਰਡੈਂਟ ਗੁਰਦਿਆਲ ਸਿੰਘ ਮੀਰਹੇੜੀ ਤੇ ਪ੍ਰਧਾਨ ਜੰਗ ਸਿੰਘ ਬਾਦਸ਼ਾਹਪੁਰ, ਵਿਸ਼ੇਸ਼ ਮਹਿਮਾਨ ਜਸਵੀਰ ਸਿੰਘ ਚੌਧਰੀ ਚੀਫ ਮੈਨੇਜਰ ਸਟੇਟ ਬੈਂਕ ਆਫ ਇੰਡੀਆ ਸਨ। ਇਸ ਮੌਕੇ 50 ਪੈਨਸ਼ਨਰ ਜੋ ਕਿ 75 ਸਾਲ ਦੇ ਹੋ ਗਏ ਹਨ, ਨੂੰ ਸਾਲ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਮੌਕੇ ਕੁਲਵੰਤ ਸਿੰਘ ਸਰਪ੍ਰਸਤ ਨੇ ਪੈਨਸ਼ਨਰਾਂ ਦੀਆਂ ਮੰਗਾਂ ਬਾਰੇ ਵਿਸਥਾਰ ਨਾਲ ਦੱਸਿਆ। ਸਮਾਗਮ ਦੌਰਾਨ ਹੰਸ ਰਾਜ ਗਰਗ ਨੇ ਬੈਂਕ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਜੈਦੇਵ ਸ਼ਰਮਾ ਨੇ ਮੈਡੀਕਲ ਬਿੱਲ ਬਾਰੇ ਜਾਣਕਾਰੀ ਦਿੱਤੀ। ਰਮੇਸ਼ ਚੰਦ ਸ਼ਰਮਾ ਨੇ ਪੈਨਸ਼ਨ ਦਿਵਸ ਦੀ ਮਹੱਤਤਾ ਬਾਰੇ ਦੱਸਿਆ। ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਪ੍ਰੀਤਮ ਸਿੰਘ ਧੂਰਾ ਨੇ ਪੈਨਸ਼ਨਰਜ਼ ਦੀਆਂ ਮੰਗਾਂ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ। ਹਾਜ਼ਰ ਬੈਂਕ ਮੈਨੇਜਰਾਂ ਨੂੰ ਸਨਮਾਨਤ ਕੀਤਾ ਗਿਆ।

ਇਸ ਮੌਕੇ ਹਰਚਰਨ ਸਿੰਘ ਲਹਿਰੀ, ਜਸਵਿੰਦਰ ਸਿੰਘ ਮੂਲੋਵਾਲ ਸਕੱਤਰ, ਕਰਮ ਸਿੰਘ ਮਾਨ, ਹਰਬੰਸ ਸਿੰਘ ਸੋਢੀ, ਪ੍ਰਿੰਸੀਪਲ ਸੁਖਵੀਰ ਸਿੰਘ, ਮੇਜਰ ਸਿੰਘ, ਗੁਰਦਿਆਲ ਨਿਰਮਾਣ, ਰਮੇਸ਼ ਸ਼ਰਮਾ, ਮਹਿੰਦਰ ਸਿੰਘ ਕਾਤਰੋਂ, ਰਾਮ ਸਿੰਘ ਜੱਖਲਾਂ, ਘਮੰਡ ਸਿੰਘ ਸੋਹੀ, ਨਿਰਮਲ ਕੌਰ ਸੋਹੀ, ਨੀਲਮ ਕੁਮਾਰੀ, ਰਕਸ਼ਾ ਰਾਣੀ, ਚਰਨਜੀਤ ਸਿੰਘ ਕੈਂਥ, ਰਤਨ ਸਿੰਘ ਭੰਡਾਰੀ, ਤਰਸੇਮ ਮਿੱਤਲ, ਓਂਕਾਰ ਸ਼ਰਮਾ ਸ਼ਾਸਤਰੀ, ਰਾਮ ਗੋਪਾਲ ਸ਼ਰਮਾ ਤੇ ਹੋਰ ਪਤਵੰਤੇ ਹਾਜ਼ਰ ਸਨ।

# 'ਆਪ' ਸਰਕਾਰ ਵੱਲੋਂ ਪੰਜਾਬੀ ਮਾਂ ਬੋਲੀ ਦੇ ਹੱਕ 'ਚ ਲਿਆ ਫੈਸਲਾ ਸ਼ਲਾਘਾਯੋਗ : ਕੰਮੇਆਣਾ

**ਕੋਟਕਪੂਰਾ (ਰਛਪਾਲ ਭੁੱਲਰ)**

ਮਾਣਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ 'ਆਪ' ਸਰਕਾਰ ਵੱਲੋਂ ਪੰਜਾਬੀ ਮਾਂ ਬੋਲੀ ਦੇ ਹੱਕ 'ਚ ਡੱਟ ਕੇ ਲਏ ਸ਼ਲਾਘਾਯੋਗ ਫੈਸਲੇ ਸਦਕਾ ਅੱਜ ਹਰ ਪੰਜਾਬੀ ਬੇਹੱਦ ਖੁਸ਼ ਹੈ। ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਬਲਾਕ ਸੰਧਵਾਂ ਦੇ ਪ੍ਰਧਾਨ ਸੰਦੀਪ ਸਿੰਘ ਕੰਮੇਆਣਾ ਨੇ ਆਖਿਆ ਕਿ ਜਿੱਥੇ ਪਹਿਲਾਂ ਪੰਜਾਬ ਦੇ ਕਈ ਪ੍ਰਾਈਵੇਟ ਸਕੂਲਾਂ 'ਚ ਇਹੋ ਜਿਹੇ ਹਾਲਾਤ ਬਣ ਗਏ ਸਨ ਕਿ ਸਕੂਲ 'ਚ ਪੰਜਾਬੀ ਬੋਲਣ ਵਾਲੇ ਬੱਚਿਆਂ 'ਤੇ ਜੁਰਮਾਨਾ ਲਾਇਆ ਜਾ ਰਿਹਾ ਸੀ, ਪਰ ਹੁਣ ਭਗਵੰਤ ਸਿੰਘ ਮਾਨ ਵੱਲੋਂ ਉਨ੍ਹਾਂ ਸਕੂਲਾਂ ਨੂੰ ਸਖਤ ਨਿਰਦੇਸ਼ ਜਾਰੀ ਕਰਦਿਆਂ ਕਿਹਾ ਹੈ ਕਿ ਜੋ ਕਿਸੇ ਸਕੂਲ 'ਚ ਹੁਣ ਪੰਜਾਬੀ ਮਾਂ ਬੋਲੀ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਕੀਤੀ ਗਈ ਜਾਂ ਕਿਸੇ ਵੀ ਬੱਚੇ ਨੂੰ ਪੰਜਾਬੀ ਭਾਸ਼ਾ ਬੋਲਣ 'ਤੇ ਪਾਬੰਦੀ ਜਾਂ ਜੁਰਮਾਨਾ ਕੀਤਾ ਤਾਂ ਉਸ ਸਕੂਲ ਦੀ ਮਾਨਤਾ ਰੱਦ ਕੀਤੀ ਜਾਵੇਗੀ। ਸੰਦੀਪ ਕੰਮੇਆਣਾ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ 'ਮਾਨ' ਵੱਲੋਂ ਸਾਰੇ ਵਿਭਾਗਾਂ ਨੂੰ ਸਖਤ ਨਿਰਦੇਸ਼ ਜਾਰੀ ਕੀਤੇ ਗਏ ਹਨ ਕਿ ਹਰ ਸਰਕਾਰੀ ਦਫਤਰ 'ਚ ਪੰਜਾਬੀ ਭਾਸ਼ਾ ਨੂੰ ਪਹਿਲ ਦੇ ਆਧਾਰ 'ਤੇ ਤਰਜੀਹ ਦਿੱਤੀ ਜਾਵੇ ਤੇ ਸਾਰੇ ਕੰਮ ਪੰਜਾਬੀ ਵਿੱਚ ਹੀ ਕੀਤੇ ਜਾਣ। ਉਨ੍ਹਾ ਆਖਿਆ ਕਿ ਇਸ ਤੋਂ ਇਲਾਵਾ ਭਗਵੰਤ ਸਿੰਘ ਮਾਨ ਨੇ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਜਾਰੀ ਕੀਤੇ ਹਨ ਕਿ 21 ਫਰਵਰੀ ਤੋਂ ਪਹਿਲਾਂ-ਪਹਿਲਾਂ ਪੰਜਾਬ ਦੇ ਸਾਰੇ ਜੀ. ਟੀ. ਰੋਡਾਂ ਤੇ ਸਾਰੇ ਲਿੰਕ ਰੋਡਾਂ 'ਤੇ ਲਾਏ ਸਾਰੇ ਸਾਈਨ ਬੋਰਡਾਂ 'ਤੇ ਪੰਜਾਬੀ ਭਾਸ਼ਾ ਨੂੰ ਪਹਿਲੇ ਨੰਬਰ 'ਤੇ ਲਿਖਿਆ ਜਾਣਾ ਲਾਜ਼ਮੀ ਹੈ, ਨਹੀਂ ਤਾਂ ਸਬੰਧਤ ਵਿਭਾਗ ਤੇ ਜ਼ਿੰਮੇਵਾਰ ਅਧਿਕਾਰੀਆਂ 'ਤੇ ਸਰਕਾਰ ਵੱਲੋਂ ਜੁਰਮਾਨਾ ਕੀਤਾ ਜਾਵੇਗਾ। ਸੰਦੀਪ ਕੰਮੇਆਣਾ ਨੇ ਅਪੀਲ ਕੀਤੀ ਕਿ ਸੋ ਆਓ ਆਪਾਂ ਸਾਰੇ ਰਲ ਕੇ ਪੰਜਾਬ ਦੀ 'ਮਾਨ' ਸਰਕਾਰ ਵੱਲ ਪੰਜਾਬੀ ਮਾਂ ਬੋਲੀ ਲਈ ਲਏ ਇਤਿਹਾਸਕ ਫੈਸਲੇ ਵਿੱਚ ਆਪਣਾ ਬਣਦਾ ਯੋਗਦਾਨ ਪਾਈਏ ਤੇ ਵੱਧ ਤੋਂ ਵੱਧ ਆਪਣੀ ਮਾਤ ਭਾਸ਼ਾ ਪੰਜਾਬੀ ਮਾਂ ਬੋਲੀ ਨੂੰ ਤਰਜੀਹ ਦੇਈਏ।

# ਇੰਗਲਿਸ਼ ਸਟੂਡੀਓ ਨੇ ਲਵਾਇਆ ਕੈਨੇਡਾ ਦਾ ਸਟੱਡੀ ਵੀਜ਼ਾ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੀ ਕੋਟਕਪੂਰਾ ਸੜਕ ਉੱਪਰਲੇ ਪੈਟਰੋਲ ਪੰਪ ਦੇ ਸਾਹਮਣੇ ਸਥਿਤ ਇਲਾਕੇ ਦੀ ਨਾਮਵਾਰ ਸੰਸਥਾ ਇੰਗਲਿਸ਼ ਸਟੂਡੀਓ, ਜੋ ਕਿ ਵਿਦਿਆਰਥੀਆਂ ਨੂੰ ਆਇਲਟਸ ਦੀ ਪ੍ਰੀਖਿਆ ਸਬੰਧੀ ਸ਼ਾਨਦਾਰ ਕੋਚਿੰਗ ਦੇ ਰਹੀ ਹੈ ਤੇ ਚੰਗੇ ਬੈਂਡ ਦਿਵਾ ਕੇ ਇੰਮੀਗ੍ਰੇਸ਼ਨ ਦੇ ਖੇਤਰ ਵਿੱਚ ਵੀ ਉੱਚ ਸੇਵਾਵਾਂ ਪ੍ਰਦਾਨ ਕਰਵਾ ਰਹੀ ਹੈ, ਜਿਸ ਕਰਕੇ ਵਿਦਿਆਰਥੀ ਆਏ ਦਿਨ ਆਪਣੇ ਵਿਦੇਸ਼ ਜਾਣ ਦੇ ਸੁਪਨਿਆਂ ਨੂੰ ਸਾਕਾਰ ਕਰ ਰਹੇ ਹਨ। ਇਸੇ ਕੜੀ ਤਹਿਤ ਇਸ ਵਾਰ ਸੰਸਥਾ ਨੇ ਤਨਵੀਰ ਕੌਰ ਪੁੱਤਰੀ ਜਗਦੀਪ ਸਿੰਘ ਵਾਸੀ ਪੱਖੀ ਕਲਾਂ (ਫਰੀਦਕੋਟ) ਦਾ ਕੈਨੇਡਾ ਦੇ ਵੈਨਕੂਵਰ ਸ਼ਹਿਰ ਵਿਚਲੇ ਕੋਇਟਲਮ ਕਾਲਜ ਦਾ ਸਟੱਡੀ ਵੀਜ਼ਾ ਲਗਵਾਇਆ ਹੈ। ਇਸ ਮੌਕੇ ਸੰਸਥਾ ਦੇ ਮੁਖੀ ਪੰਕਜ ਬਾਂਸਲ ਤੇ ਗੌਰਵ ਕਾਲੜਾ ਨੇ ਵਿਦਿਆਰਥਣ ਨੂੰ ਕੈਨੇਡਾ ਸਟੱਡੀ ਵੀਜ਼ੇ ਦੀ ਕਾਪੀ ਸੌਂਪਦਿਆਂ ਵਧਾਈ ਦਿੱਤੀ ਤੇ ਉਸ ਦੇ ਉੱਚ ਪੱਧਰੇ ਭਵਿੱਖ ਦੀ ਕਾਮਨਾ ਕੀਤੀ।

# ਦਿੱਲੀ ਪਬਲਿਕ ਸਕੂਲ ਭਸੌੜ 'ਚ ਸਪੋਰਟਸ ਮੀਟ ਕਰਵਾਈ



**ਧੂਰੀ (ਸੁਖਦੇਵ ਧੂਰੀ)**
ਦਿੱਲੀ ਪਬਲਿਕ ਸਕੂਲ ਭਸੌੜ (ਧੂਰੀ) ਵੱਲੋਂ ਸਕੂਲੀ ਵਿਦਿਆਰਥੀਆਂ ਦੀ ਸਪੋਰਟਸ ਮੀਟ ਕਰਵਾਈ ਗਈ। ਇਸ ਮੌਕੇ ਸਕੂਲ ਦੇ ਡਾਇਰੈਕਟਰ ਜੈ ਗੋਪਾਲ ਜਿੰਦਲ ਵੱਲੋਂ ਮੁੱਖ ਮਹਿਮਾਨ ਵਜੋਂ ਪਹੁੰਚੀਆਂ ਸ਼ਖਸੀਅਤਾਂ ਦਾ ਸਵਾਗਤ ਕੀਤਾ ਗਿਆ। ਇਸ ਸਪੋਰਟਸ ਮੀਟ ਦਾ ਅਰੰਭ ਮੁੱਖ ਮਹਿਮਾਨ ਡਾ. ਮੁਹੰਮਦ ਜਮੀਲ ਉਰ ਰਹਿਮਾਨ ਵਿਧਾਇਕ ਮਾਲੇਰਕੋਟਲਾ, ਫਰਿਆਦ ਰਹਿਮਾਨ ਤੇ ਜੀਨੂ ਚੌਧਰੀ ਵੱਲੋਂ ਸਮ੍ਹਾਂ ਰੌਸ਼ਨ ਕਰਕੇ ਤੇ ਅਸਮਾਨ ਵਿੱਚ ਗੁਬਾਰੇ ਛੱਡ ਕੇ ਕੀਤਾ ਗਿਆ। ਇਸ ਮੌਕੇ ਆਪ ਪਾਰਟੀ ਦੇ ਆਗੂ ਅਮਰਦੀਪ ਸਿੰਘ ਧਾਂਦਰਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਸਕੂਲ ਦੇ ਵਿਦਿਆਰਥੀਆਂ ਵੱਲੋਂ ਵੈਲਕਮ ਗੀਤ ਪੇਸ਼ ਕੀਤਾ ਗਿਆ। ਇਸ ਸਪੋਰਟਸ ਮੀਟ ਵਿੱਚ ਤੀਜੀ ਤੋਂ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨੇ ਭਾਗ ਲਿਆ। ਖੇਡ ਮੁਕਾਬਲਿਆਂ ਵਿੱਚ 100 ਮੀਟਰ ਦੌੜ, ਰਿਲੇਅ ਦੌੜ, ਜਿਗ-ਜੈਗ ਦੌੜ, ਬਾਸਕਟਬਾਲ, ਫੁੱਟਬਾਲ, ਕ੍ਰਿਕਟ, ਖੋ-ਖੋ, ਰੱਸਾਕਸੀ, ਯੋਗਾ, ਮਾਰਸ਼ਲ ਆਰਟ ਤੇ ਜਿਮਨਾਸਟਿਕ ਖੇਡਾਂ ਕਰਵਾਈਆਂ ਗਈਆਂ ਅਤੇ ਇਸ ਤੋਂ ਇਲਾਵਾ ਛੋਟੇ ਬੱਚਿਆਂ ਦੁਆਰਾ ਨਿੰਬੂ ਦੌੜ, ਬੋਰੀ ਦੌੜ, ਤਿੰਨ ਲੱਤ ਦੌੜ ਆਦਿ ਖੇਡਾਂ ਵੀ ਮਨੋਰੰਜਨ ਦਾ ਸਬੱਬ ਬਣੀਆਂ। ਇਸ ਸਪੋਰਟਸ ਮੀਟ ਦੀ ਵਿਸ਼ੇਸ਼ਤਾ ਇਹ ਵੀ ਰਹੀ ਕਿ ਬੱਚਿਆਂ ਦੇ ਮਾਪਿਆਂ ਦੀਆਂ ਵੀ ਕੁਝ ਖੇਡਾਂ ਕਰਵਾਈਆਂ ਗਈਆਂ ਤੇ ਜੇਤੂ ਮਾਪਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਇੱਕ ਵਿਦਿਆਰਥੀ ਦੀ ਚੰਗੀ ਸ਼ਖਸੀਅਤ ਬਣਾਉਣ ਦੇ ਨਾਲ-ਨਾਲ ਸਕਾਰਾਤਮਕ ਸੋਚ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਇਸ ਦੇ ਨਾਲ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਦੀ ਪ੍ਰੇਰਨਾ ਦਿੱਤੀ।

ਇਸ ਸਪੋਰਟਸ ਮੀਟ ਦੇ ਅਖੀਰ ਵਿੱਚ ਮੁੱਖ ਮਹਿਮਾਨ ਵੱਲੋਂ ਜੇਤੂ ਖਿਡਾਰੀਆਂ ਨੂੰ ਮੈਡਲ ਤੇ ਸਰਟੀਫਿਕੇਟ ਵੰਡੇ ਗਏ। ਸਕੂਲ ਦੇ ਡਾਇਰੈਕਟਰ ਜੈ ਗੋਪਾਲ ਜਿੰਦਲ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦੇ ਹੋਏ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

# ਐਡਵੋਕੇਟ ਮੂੰਗੋ ਦਾ ਪ੍ਰਧਾਨ ਬਣਨ 'ਤੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਵੱਲੋਂ ਸਨਮਾਨ



**ਨਾਭਾ (ਵਰਿੰਦਰ ਵਰਮਾ)**
ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਐਡਵੋਕੇਟ ਗਿਆਨ ਸਿੰਘ ਮੂੰਗੋ ਦਾ ਬਾਰ ਐਸੋਸੀਏਸ਼ਨ ਨਾਭਾ ਦੇ ਲਗਾਤਾਰ 22ਵੀਂ ਵਾਰ ਪ੍ਰਧਾਨ ਬਣਨ 'ਤੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਉਨ੍ਹਾ ਦੇ ਘਰ ਪਹੁੰਚ ਕੇ ਬਸੰਤੀ ਰੰਗੇ ਫੁੱਲਾਂ ਦਾ ਗੁਲਦਸਤਾ ਦੇ ਕੇ ਉਨ੍ਹਾ ਨੂੰ ਵਧਾਈ ਦਿੱਤੀ ਅਤੇ ਸਿਰੋਪਾਓ ਤੇ ਲੋਈ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਐਡਵੋਕੇਟ ਗਿਆਨ ਸਿੰਘ ਮੂੰਗੋ ਜਿੱਥੇ ਇੱਕ ਵਧੀਆ ਵਕੀਲ ਹਨ, ਉਥੇ ਹੀ ਉਹ ਮਿਲਣਸਾਰ ਚੰਗੇ ਸੁਭਾਅ ਵਾਲੇ ਇਨਸਾਨ ਵੀ ਹਨ, ਜਿਸ ਸਕਦਾ ਉਹ ਲਗਾਤਾਰ ਪਿਛਲੇ 22 ਸਾਲਾਂ ਤੋਂ ਬਾਰ ਐਸੋਸੀਏਸ਼ਨ ਨਾਭਾ ਦੇ ਪ੍ਰਧਾਨ ਬਣਦੇ ਆ ਰਹੇ ਹਨ। ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਗਿਆਨ ਸਿੰਘ ਮੂੰਗੋ ਨੇ ਕਿਹਾ ਕਿ ਉਹ ਆਪਣੇ ਸਮੁੱਚੇ ਬਾਰ ਐਸੋਸੀਏਸ਼ਨ ਦੇ ਮੈਂਬਰਾਂ ਦੇ ਹਮੇਸ਼ਾ ਰਿਣੀ ਰਹਿਣਗੇ, ਜਿਨ੍ਹਾਂ ਨੇ ਲਗਾਤਾਰ 22ਵੀਂ ਵਾਰ ਉਨ੍ਹਾਂ ਨੂੰ ਪ੍ਰਧਾਨ ਬਣਾ ਕੇ ਇਹ ਵੱਡਾ ਮਾਣ ਬਖਸ਼ਿਆ ਹੈ। ਇਸ ਮੌਕੇ ਯੂਥ ਆਗੂ ਸਤਗੁਰ ਸਿੰਘ ਖਹਿਰਾ, ਜਸਕਰਨਵੀਰ ਸਿੰਘ, ਕਰਨਦੀਪ ਸਿੰਘ ਆਦਿ ਹਾਜ਼ਰ ਸਨ।

# ਐੱਸ ਐੱਸ ਡੀ ਸਰਕਾਰੀ ਸਕੂਲ 'ਚ ਵਿੱਦਿਅਕ ਮੁਕਾਬਲੇ ਕਰਵਾਏ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਰਤੀ ਫਾਉਂਡੇਸ਼ਨ ਦੇ ਸਹਿਯੋਗ ਨਾਲ ਸਥਾਨਕ ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਡਾ. ਆਰ. ਕੇ. ਸ਼ਰਮਾ ਦੀ ਅਗਵਾਈ ਵਿੱਚ ਵੱਖ-ਵੱਖ ਸਹਿ-ਵਿੱਦਿਅਕ ਗਤੀਵਿਧੀਆਂ ਦੇ ਰੂਪ ਵਿੱਚ ਮਾਛੀਵਾੜਾ ਸਾਹਿਬ ਦੇ ਇਤਿਹਾਸ ਨਾਲ ਸਬੰਧਤ ਲੇਖ, ਭਾਸ਼ਣ ਤੇ 'ਪੰਜਾਬੀ ਮਾਂ ਬੋਲੀ' ਵਿਸ਼ੇ 'ਤੇ ਕਾਵਿ ਉਚਾਰਨ ਮੁਕਾਬਲੇ ਕਰਵਾਏ ਗਏ। ਵਾਈਸ ਪ੍ਰਿੰਸੀਪਲ ਨਿਰੰਜਨ ਕੁਮਾਰ ਦੀ ਦੇਖ ਰੇਖ ਵਿੱਚ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਹਾਈ ਤੇ ਸੈਕੰਡਰੀ ਵਰਗ ਦੇ ਵਿਦਿਆਰਥੀਆਂ ਦੇ ਨਾਲ-ਨਾਲ ਸਕੂਲ ਵਿੱਚ ਬਣੇ ਚਾਰ ਹਾਊਸ ਦੇ ਵੱਖ-ਵੱਖ ਵਿਦਿਆਰਥੀਆਂ ਨੇ ਭਾਗ ਲਿਆ। ਭਾਰਤੀ ਫਾਉਂਡੇਸ਼ਨ ਦੇ ਕੋਆਰਡੀਨੇਟਰ ਗੌਰਵ ਮੱਘੂ ਨੇ ਵਿਦਿਆਰਥੀਆਂ ਦੇ ਰੂ-ਬ-ਰੂ ਹੁੰਦਿਆਂ ਫਾਉਂਡੇਸ਼ਨ ਦੀਆਂ ਗਤੀਵਿਧੀਆਂ ਤੇ ਕਾਰਗੁਜ਼ਾਰੀ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਵਿਦਿਆਰਥੀਆਂ ਨੂੰ ਆਪਣੇ ਵਿਅਕਤੀਤਵ ਦਾ ਵਿਕਾਸ ਕਰਨ ਹਿੱਤ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਆ। ਭਾਸ਼ਣ ਮੁਕਾਬਲੇ ਵਿੱਚ ਵੱਖ-ਵੱਖ ਸ਼੍ਰੇਣੀ ਵਰਗ ਵਿੱਚ ਸੋਨੂੰ ਕੁਮਾਰ, ਸੰਜੀਵ ਜੱਸਲ ਤੇ ਪ੍ਰਵੀਨ ਕੌਰ ਅੱਵਲ ਰਹੇ। ਕਾਵਿ ਉਚਾਰਨ ਮੁਕਾਬਲੇ ਵਿੱਚ ਮਿਤੁਲ ਸ਼ਰਮਾ, ਅਸ਼ੀਸ਼ ਤੇ ਜਗਦੀਪ ਸਿੰਘ ਕ੍ਰਮਵਾਰ ਪ੍ਰਥਮ, ਦੋਇਮ ਤੇ ਤੀਸਰੇ ਸਥਾਨ 'ਤੇ ਰਹੇ, ਜਦਕਿ ਲੇਖ ਮੁਕਾਬਲੇ ਵਿੱਚ ਤਨਿਸ਼ ਤੇ ਦਵਿੰਦਰ ਸਿੰਘ ਪਹਿਲੇ, ਤਰਸਦੀਪ, ਗੁਰਸੇਵਕ ਸਿੰਘ, ਪ੍ਰਭਜੋਤ ਸਿੰਘ ਤੇ ਸਿਮਰਨ ਦੂਜੇ ਅਤੇ ਤੀਜੇ ਸਥਾਨ 'ਤੇ ਰਹੇ। ਜੇਤੂ ਵਿਦਿਆਰਥੀਆਂ ਨੂੰ ਪ੍ਰਿੰਸੀਪਲ ਡਾ. ਆਰ. ਕੇ. ਸ਼ਰਮਾ, ਗੌਰਵ ਮੱਘੂ ਤੇ ਅਧਿਆਪਕਾਂ ਵੱਲੋਂ ਸਨਮਾਨਤ ਕੀਤਾ ਗਿਆ। ਡਾ. ਸ਼ਰਮਾ ਨੇ ਆਪਣੇ ਸੰਬੋਧਨੀ ਭਾਸ਼ਣ ਵਿੱਚ ਵਿਦਿਆਰਥੀਆਂ ਨੂੰ ਆਪਣੇ ਇਲਾਕੇ ਦੇ ਇਤਿਹਾਸ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਲੈਕਚਰਾਰ ਨਿਰੰਜਨ ਕੁਮਾਰ ਨੇ ਆਏ ਮੁੱਖ ਮਹਿਮਾਨ ਐੱਸ ਐੱਮ ਸੀ ਚੇਅਰਮੈਨ ਬਲਵੀਰ ਚੰਦ, ਮੈਂਬਰ ਕਰਮਜੀਤ ਕੌਰ ਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਲੈਕਚਰਾਰ ਮੱਖਣ ਸਿੰਘ, ਮਨਪ੍ਰੀਤ ਬਖ਼ਸ਼ੀ, ਰੀਨਾ ਸ਼ਰਮਾ, ਜਸਵਿੰਦਰ ਕੌਰ, ਮੀਨਾਕਸ਼ੀ ਸ਼ਰਮਾ, ਮਨਜੀਤ ਕੌਰ ਮੌਜੂਦ ਸਨ।


ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਪ੍ਰਿੰ. ਡਾ. ਆਰ. ਕੇ. ਸ਼ਰਮਾ ਤੇ ਅਧਿਆਪਕ।

# ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਵੱਲੋਂ ਡਿਊਟੀ 'ਚ ਕੁਤਾਹੀ ਕਰਨ ਵਾਲੇ 42 ਅਧਿਕਾਰੀਆਂ/ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ 'ਤੇ 3 ਕੀਤੇ ਚਾਰਜਸ਼ੀਟ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਸੂਬੇ ਦੇ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕਰਨ ਵਿੱਚ ਅਣਗਹਿਲੀ ਅਤੇ ਦੇਰੀ ਕਰਨ ਵਾਲਿਆਂ ਖਿਲਾਫ ਸਖਤ ਰੁਖ ਅਖਤਿਆਰ ਕਰਦਿਆਂ ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਵੱਲੋਂ 42 ਅਧਿਕਾਰੀਆਂ/ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਨ ਤੋਂ ਇਲਾਵਾ ਤਿੰਨ ਅਧਿਕਾਰੀਆਂ,ਜਿਨ੍ਹਾਂ ਵਿੱਚ ਦੋ ਸੀਨੀਅਰ ਸਹਾਇਕ ਅਤੇ ਇੱਕ ਸਹਾਇਕ ਅਸਟੇਟ ਅਫਸਰ ਸ਼ਾਮਲ ਹੈ, ਨੂੰ ਡਿਊਟੀ 'ਚ ਕੁਤਾਹੀ ਕਰਨ ਲਈ ਚਾਰਜਸ਼ੀਟ ਕੀਤਾ ਗਿਆ ਹੈ। ਵਿਭਾਗ ਵੱਲੋਂ ਇਹ ਸਖਤ ਕਾਰਵਾਈ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਦੇ ਨਿਰਦੇਸ਼ਾਂ 'ਤੇ ਕੀਤੀ ਗਈ ਹੈ। ਇਸ ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਲੋਕਾਂ ਨੂੰ ਸਮੇਂ ਸਿਰ ਸੇਵਾਵਾਂ ਪ੍ਰਦਾਨ ਕਰਨ ਨੂੰ ਯਕੀਨੀ ਬਣਾਉਣ ਲਈ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਵਿਭਾਗ ਨੇ ਆਨਲਾਈਨ ਪ੍ਰਣਾਲੀ ਸਥਾਪਤ ਕੀਤੀ ਹੈ, ਜਿਸ ਉਤੇ ਵਿਭਾਗ ਨੂੰ ਪ੍ਰਾਪਤ ਹੋਈਆਂ ਅਰਜ਼ੀਆਂ ਅਤੇ ਫਾਈਲਾਂ ਦੀ ਸੀਨੀਅਰ ਅਧਿਕਾਰੀਆਂ ਅਤੇ ਖੁਦ ਉਨ੍ਹਾਂ (ਮਕਾਨ ਉਸਾਰੀ ਮੰਤਰੀ) ਵੱਲੋਂ ਨਿੱਜੀ ਤੌਰ 'ਤੇ ਨਿਗਰਾਨੀ ਕੀਤੀ ਜਾ ਰਹੀ ਹੈ। ਹਾਲ ਹੀ 'ਚ ਮੰਤਰੀ ਨੇ ਖੁਦ ਹਰੇਕ ਪੱਧਰ 'ਤੇ ਹਰੇਕ ਕੇਸ ਦੀ ਪੈਂਡੈਂਸੀ ਦੀ ਨਿੱਜੀ ਤੌਰ 'ਤੇ ਪੜਤਾਲ ਕੀਤੀ, ਜਿਸ ਦੌਰਾਨ ਸਾਹਮਣੇ ਆਇਆ ਕਿ ਵਿਭਾਗ ਦੇ 45 ਅਧਿਕਾਰੀਆਂ/ਕਰਮਚਾਰੀਆਂ, ਜਿਨ੍ਹਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਸਨ, ਦੇ ਪੱਧਰ ਉਤੇ ਸਭ ਤੋਂ ਵੱਧ ਪੈਂਡੈਂਸੀ ਸੀ। ਇਨ੍ਹਾਂ ਵਿੱਚੋਂ ਤਿੰਨ ਨੂੰ ਕਾਰਨ ਦੱਸੋ ਨੋਟਿਸਾਂ ਦਾ ਜਵਾਬ ਨਾ ਦੇਣ ਅਤੇ ਡਿਊਟੀ ਵਿੱਚ ਕੁਤਾਹੀ ਕਰਨ ਲਈ ਚਾਰਜਸ਼ੀਟ ਕੀਤਾ ਗਿਆ ਹੈ। ਅਮਨ ਅਰੋੜਾ ਨੇ ਸਪੱਸ਼ਟ ਕੀਤਾ ਕਿ ਕੇਸਾਂ ਦੀ ਕਲੀਅਰੈਂਸ 'ਚ ਬੇਲੋੜੀ ਦੇਰੀ ਕਰਨ ਨਾਲ ਜਿਥੇ ਲੋਕਾਂ ਨੂੰ ਖੱਜਲ-ਖੁਆਰ ਹੋਣਾ ਪੈਂਦਾ ਹੈ, ਉਥੇ ਹੀ ਅਨੈਤਿਕ ਤੇ ਭ੍ਰਿਸ਼ਟ ਤਰੀਕਿਆਂ ਦਾ ਜਨਮ ਹੁੰਦਾ ਹੈ, ਜਿਸ ਨੂੰ ਕਿਸੇ ਵੀ ਕੀਮਤ ਉਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਵੀ ਫਰਜ਼ ਤੋਂ ਭੱਜਣ ਵਾਲਿਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਜਿਹੜੇ ਤਿੰਨ ਅਧਿਕਾਰੀਆਂ ਨੂੰ ਚਾਰਜਸ਼ੀਟ ਕੀਤਾ ਗਿਆ ਹੈ, ਉਨ੍ਹਾਂ ਵਿੱਚ ਜਸਪਾਲ ਕੌਰ ਸਹਾਇਕ ਅਸਟੇਟ ਅਫ਼ਸਰ ਪਟਿਆਲਾ ਵਿਕਾਸ ਅਥਾਰਟੀ, ਰਾਜੇਸ਼ ਕੁਮਾਰ ਸੀਨੀਅਰ ਸਹਾਇਕ (ਲੇਖਾ) ਅੰਮ੍ਰਿਸਰ ਵਿਕਾਸ ਅਥਾਰਟੀ ਅਤੇ ਪਰਮਿੰਦਰ ਸਿੰਘ ਸੀਨੀਅਰ ਸਹਾਇਕ ਅਸਟੇਟ ਦਫ਼ਤਰ ਗਮਾਡਾ ਸ਼ਾਮਲ ਹਨ। ਜਿਹੜੇ 42 ਅਧਿਕਾਰੀਆਂ/ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ, ਉਨ੍ਹਾਂ 'ਚ ਅੰਮ੍ਰਿਤਸਰ ਵਿਕਾਸ ਅਥਾਰਟੀ ਦਾ ਇੱਕ ਜੂਨੀਅਰ ਇੰਜਨੀਅਰ (ਸਿਵਲ), ਜਲੰਧਰ ਵਿਕਾਸ ਅਥਾਰਟੀ ਦੇ ਚਾਰ ਜੂਨੀਅਰ ਇੰਜਨੀਅਰ, ਬਠਿੰਡਾ ਵਿਕਾਸ ਅਥਾਰਟੀ ਦਾ ਇੱਕ ਸੈਕਸ਼ਨ ਅਫਸਰ (ਐਸ.ਓ) ਅਤੇ ਇੱਕ ਸੀਨੀਅਰ ਸਹਾਇਕ (ਲੇਖਾ) ਅਤੇ ਗਲਾਡਾ ਦੇ ਚਾਰ ਸੀਨੀਅਰ ਸਹਾਇਕ (ਲੇਖਾ), ਇੱਕ ਸਹਾਇਕ ਅਸਟੇਟ ਅਫਸਰ, ਇੱਕ ਸਬ ਡਵੀਜ਼ਨ ਇੰਜਨੀਅਰ (ਸਿਵਲ), ਇੱਕ ਸੁਪਰਡੈਂਟ ਅਤੇ ਇੱਕ ਐਸ ਓ ਸ਼ਾਮਲ ਹੈ। ਇਸੇ ਤਰ੍ਹਾਂ ਗਮਾਡਾ ਦੇ 27 ਅਧਿਕਾਰੀਆਂ/ਕਰਮਚਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਹਨ, ਜਿਨ੍ਹਾਂ 'ਚ ਇੱਕ ਅਸਟੇਟ ਅਫਸਰ (ਮਕਾਨ ਉਸਾਰੀ), ਇੱਕ ਅਸਟੇਟ ਅਫਸਰ (ਪਲਾਟ), ਤਿੰਨ ਸਹਾਇਕ ਅਸਟੇਟ ਅਫਸਰ, ਚਾਰ ਸੁਪਰਡੈਂਟ (ਅਸਟੇਟ ਦਫਤਰ), ਦੋ ਸੀਨੀਅਰ ਸਹਾਇਕ (ਲੇਖਾ), ਸੱਤ ਕਲਰਕ, ਸੱਤ ਸੀਨੀਅਰ ਸਹਾਇਕ ਤੇ ਦੋ ਜੇ.ਈ. (ਸਿਵਲ) ਸ਼ਾਮਲ ਹਨ। ਡਿਊਟੀ ਤੋਂ ਟਾਲਾ ਵੱਟਣ ਵਾਲਿਆਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਅਮਨ ਅਰੋੜਾ ਨੇ ਸਪੱਸ਼ਟ ਕੀਤਾ ਕਿ ਆਪਣੇ ਫਰਜ਼ ਪ੍ਰਤੀ ਲੋਕ-ਸੇਵਕਾਂ ਦੀ ਟਾਲ-ਮਟੋਲ ਵਾਲੀ ਪਹੁੰਚ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਦੁਬਈ ਪ੍ਰੋਫੈਸ਼ਨਲ ਲੀਗ-2023 ਲਈ ਐੱਲ ਪੀ ਯੂ ਦੇ ਵਿਦਿਆਰਥੀਆਂ ਦੀ ਚੋਣ



**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਦੇ ਪੇਸ਼ੇਵਰ ਪ੍ਰੋਗਰਾਮਾਂ ਦੇ ਦੋ ਵਿਦਿਆਰਥੀਆਂ ਨੂੰ 2023 'ਚ ਦੁਬਈ ਵਿੱਚ ਹੋਣ ਵਾਲੇ ਬੇਸਬਾਲ ਯੂਨਾਈਟਿਡ ਲਈ ਚੁਣਿਆ ਗਿਆ ਹੈ। ਜਿਨ੍ਹਾਂ ਦੋ ਭਾਰਤੀਆਂ ਨੂੰ ਇਸ ਲਈ ਚੁਣਿਆ ਗਿਆ ਹੈ ਉਨ੍ਹਾਂ 'ਚ ਐਲ ਪੀ ਯੂ ਦੇ ਬੈਚਲਰ ਇਨ ਫਿਜ਼ੀਕਲ ਐਜੂਕੇਸ਼ਨ (ਬੀ ਪੀ ਈ ਐਸ) ਦੇ ਸੌਰਭ ਗਾਇਕਵਾੜ ਅਤੇ ਬੀ ਐਸ ਸੀ ਐਗਰੀਕਲਚਰ ਪ੍ਰੋਗਰਾਮ ਦੇ ਅਕਸ਼ੈ ਮੋਰੇ ਸ਼ਾਮਿਲ ਹਨ। । ਵੱਕਾਰੀ ਅਤੇ ਆਪਣੀ ਕਿਸਮ ਦੀ ਪਹਿਲੀ ਲੀਗ, ਇਹ ਖਾਸ ਤੌਰ 'ਤੇ ਮੱਧ ਪੂਰਬ ਅਤੇ ਦੱਖਣੀ ਏਸ਼ੀਆ ਨੂੰ ਰੋਮਾਂਚਿਤ ਕਰਨ ਲਈ ਹੈ।। ਟੂਰਨਾਮੈਂਟ ਵਿੱਚ ਜ਼ਿਆਦਾਤਰ ਹੋਰ ਖਿਡਾਰੀ ਅਮਰੀਕਾ, ਜਾਪਾਨ ਆਦਿ ਦੇਸ਼ਾਂ ਤੋਂ ਹਨ। ਖੇਤਰ ਦੀ ਪਹਿਲੀ ਪੇਸ਼ੇਵਰ ਬੇਸਬਾਲ ਲੀਗ 'ਚ ਨੌਂ ਗੇਮਾਂ ਅਤੇ ਇੱਕ ਪ੍ਰਦਰਸ਼ਨੀ ਖੇਡ ਹੋਵੇਗੀ, ਜਿਸ ਵਿੱਚ ਲੀਗ ਦੀਆਂ ਚਾਰ ਸ਼ੁਰੂਆਤੀ ਫਰੈਂਚਾਇਜ਼ੀ ਸ਼ਾਮਲ ਹਨ। ਆਈਕੋਨਿਕ ਦੁਬਈ ਇੰਟਰਨੈਸ਼ਨਲ ਸਟੇਡੀਅਮ 'ਚ ਆਯੋਜਿਤ ਹੋਣ ਵਾਲੀ ਇਸ ਲੀਗ ਦੀ ਦੁਨੀਆ ਭਰ 'ਚ 50 ਤੋਂ ਵੱਧ ਦੇਸ਼ਾਂ ਵਿੱਚ ਬੇਸਬਾਲ ਫੈਡਰੇਸ਼ਨਾਂ ਨਾਲ ਸਾਂਝੇਦਾਰੀ ਹੈ । ਇਸ ਸਟੇਡੀਅਮ ਨੂੰ 2023 ਵਿੱਚ ਨਵੀਂ ਯੂਨਾਈਟਿਡ ਇੰਟਰਨੈਸ਼ਨਲ ਬੇਸਬਾਲ ਲੀਗ ਦੇ ਉਦਘਾਟਨੀ ਪ੍ਰਦਰਸ਼ਨ ਲਈ ਮੇਜ਼ਬਾਨ ਸਥਾਨ ਵਜੋਂ ਨਾਂਅ ਦਿੱਤਾ ਗਿਆ ਹੈ।ਪ੍ਰਤਿਭਾਵਾਨ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ, ਐਲ ਪੀ ਯੂ ਦੀ ਪ੍ਰੋ ਚਾਂਸਲਰ ਰਸ਼ਮੀ ਮਿੱਤਲ ਨੇ ਉਨ੍ਹਾਂ ਨੂੰ ਯੂਨੀਵਰਸਿਟੀ ਅਤੇ ਦੇਸ਼ ਲਈ ਅੰਤਰਰਾਸ਼ਟਰੀ ਮਾਨਤਾ ਦੇ ਹੋਰ ਨਾਮ ਲਿਆਉਣ ਲਈ ਉਤਸ਼ਾਹਿਤ ਕੀਤਾ। ਐਲਪੀਯੂ ਦੇ ਚੁਣੇ ਗਏ ਵਿਦਿਆਰਥੀ ਸਾਂਝੇ ਕਰਦੇ ਹਨ ਕਿ ਵਿਸ਼ਵ-ਖੇਡ ਲਈ ਚੁਣਿਆ ਜਾਣਾ ਅਤੇ ਵਿਸ਼ਵ ਦੇ ਸਭ ਤੋਂ ਜਿਆਦਾ ਮੰਜ਼ਿਲਾ ਸਟੇਡੀਅਮਾਂ ਵਿੱਚੋਂ ਇੱਕ ਵਿੱਚ ਖੇਡਣਾ ਸ਼ੁਰੂ ਕਰਨਾ ਇੱਕ ਸਨਮਾਨ ਦੀ ਗੱਲ ਹੈ । ਇਹ ਸਾਡੇ ਵਰਗੇ ਸ਼ੁਰੂਆਤ ਕਰਨ ਵਾਲਿਆਂ ਲਈ ਇੱਕ ਸ਼ਾਨਦਾਰ ਲਾਂਚਪੈਡ ਹੋਵੇਗਾ।

## ਕਪੂਰਥਲਾ ਤੋਂ ਭੋਗਪੁਰ ਪੀ ਆਰ ਟੀ ਸੀ ਬੱਸ ਦਾ ਰੂਟ ਚਲਾਇਆ ਜਾਵੇ : ਮੁਰਾਰ

**ਸਭਾਨਪੁਰ (ਹਰਮੇਸ਼ ਦੱਤ)** ਆਮ ਆਦਮੀ ਪਾਰਟੀ ਦੇ ਯੂਥ ਆਗੂ ਰਾਕੇਸ਼ ਕੁਮਾਰ ਮੁਰਾਰ ਨੇ ਕਿਹਾ ਕਿ ਕਪੂਰਥਲਾ ਤੋਂ ਭੋਗਪੁਰ ਦੀ ਵਾਇਆ ਹਮੀਰਾ ਪਿੰਡ ਮੁਰਾਰ ਤੋਂ ਲੰਘਦੀ ਬੱਸ ਕਰੀਬ ਇਕ ਮਹੀਨੇ ਤੋਂ ਬੰਦ ਕਰਕੇ ਕਿਸੇ ਹੋਰ ਰਾਸਤੇ ਲੈ ਕੇ ਜਾਣ ਨਾਲ ਮੁਰਾਰ ਤੋਂ ਕਪੂਰਥਲਾ ਜਾਣ ਵਾਲੇ ਵਿਦਿਆਰਥੀ, ਸਰਕਾਰੀ ਮੁਲਾਜਮ ਅਤੇ ਹੋਰ ਸਵਾਰੀਆਂ ਪ੍ਰੇਸ਼ਾਨ ਹਨ। ਇਸ ਰੂਟ ਤੋਂ ਪਹਿਲਾਂ ਹੀ ਕਰੋਨਾ ਕਾਲ ਵਿੱਚ ਬੁਲੋਵਾਲ (ਹੁਸ਼ਿਆਰਪੁਰ) ਤੋਂ ਕਪੂਰਥਲਾ ਰੂਟ ਅਤੇ ਬੱਸਾਂ ਦੇ ਗੇੜੇ ਘੱਟ ਬੰਦ ਕਰ ਦਿੱਤੇ ਗਏ ਸਨ ਉਪਰੋਂ ਜੋ ਇੱਕ ਚੱਕਰ ਸੀ ਉਹ ਵੀ ਬੰਦ ਹੋ ਗਿਆ ਹੈ। ਇਸ ਲਈ ਜਨਰਲ ਮੈਨੇਜਰ ਕਪੂਰਥਲਾ ਨੂੰ ਬੇਨਤੀ ਹੈ ਕਿ ਇਸ ਰਸਤੇ ਉਪਰ ਬੰਦ ਰੂਟ ਜਲਦੀ ਚਲਾਏ ਜਾਣ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

## ਪਰਵਾਰ ਵਲੋਂ ਰਾਮ ਲਾਲ ਦੇ ਨੇਤਰ ਦਾਨ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਮੁਹੱਲਾ ਬੰਸੀ ਨਗਰ, ਹੁਸ਼ਿਆਰਪੁਰ ਨਿਵਾਸੀ ਰਾਮ ਲਾਲ ਦੇ ਅਕਾਲ ਚਲਾਣਾ ਕਰਨ ਉਪਰੰਤ ਪਰਵਾਰਕ ਮੈਂਬਰਾਂ ਵਲੋਂ ਉਨ੍ਹਾਂ ਦੇ ਨੇਤਰਦਾਨ ਦੇ ਪ੍ਰਣ ਨੂੰ ਪੂਰਾ ਕਰਦੇ ਹੋਏ ਉਹਨਾਂ ਦੇ ਨੇਤਰ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਨੂੰ ਦਾਨ ਕੀਤੇ ਗਏ। ਇਸ ਸਮੇਂ ਸੰਸਥਾ ਦੇ ਪ੍ਰਧਾਨ ਮਨਮੋਹਣ ਸਿੰਘ, ਇੰਜ. ਜਸਵੀਰ ਸਿੰਘ, ਸੁਰੇਸ਼ ਕਪਾਟੀਆ, ਬਲਜੀਤ ਸਿੰਘ ਪਨੇਸਰ, ਹਰਭਜਨ ਸਿੰਘ, ਗੁਰਪ੍ਰੀਤ ਸਿੰਘ ਅਤੇ ਗੁਰਮੀਤ ਸਿੰਘ ਸੀਹਰਾ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਪਵਿੱਤਰ ਕਾਰਜ ਵਿੱਚ ਹਿੱਸਾ ਪਾਉਣ ਲਈ ਪਰਵਾਰ ਦਾ ਧੰਨਵਾਦ ਕੀਤਾ। ਸੰਸਥਾ ਦੇ ਮੈਂਬਰਾਂ ਨੇ ਦੱਸਿਆ ਕਿ ਰਾਮ ਲਾਲ ਦੇ ਨੇਤਰ ਦੋ ਨੇਤਰਹੀਣ ਵਿਅਕਤੀਆਂ ਨੂੰ ਲਗਵਾਏ ਜਾਣਗੇ।

## ਨਗਰ ਨਿਗਮ ਦੀ ਮਿਲੀਭੁਗਤ ਨਾਲ ਕੱਟੀ ਜਾ ਰਹੀ ਗੈਰ ਕਾਨੂੰਨੀ ਰਿਹਾਇਸ਼ੀ ਕਾਲੋਨੀ

**ਜਲੰਧਰ (ਸੁਰਿੰਦਰ ਕੁਮਾਰ)** ਇਥੇ ਮੁਹੱਲਾ ਸੰਤੋਖਪੁਰਾ ਦੇ ਗੁਲਮੋਹਰ ਸਿਟੀ ਵਿੱਚ ਇੱਕ ਵੱਡੇ ਨੇਤਾ ਤੇ ਜਲੰਧਰ ਨਗਰ ਨਿਗਮ ਦੀ ਮਿਲੀਭੁਗਤ ਨਾਲ ਸਰੇਆਮ ਗੈਰਕਾਨੂੰਨੀ ਕਾਲੋਨੀ ਕੱਟੀ ਜਾ ਰਹੀ ਹੈ। ਇਥੋਂ ਦੇ ਲੋਕਾਂ ਨੇ ਦੱਸਿਆ ਕਿ ਸਾਰੇ ਕਾਨੂੰਨ ਛਿੱਕੇ ਟੰਗ ਕੇ, ਨਗਰ ਨਿਗਮ ਦੇ ਇੱਕ ਅਧਿਕਾਰੀ ਤੇ ਸੰਤੋਖਪੁਰਾ ਇਲਾਕੇ ਦੇ ਨਾਲ ਸਬੰਧ ਰੱਖਦੇ ਇੱਕ ਕਾਂਗਰਸੀ ਬਾਹੂਬਲੀ ਨੇਤਾ ਦਾ ਹਿੱਸਾ ਪੱਤੀ ਰੱਖ ਕੇ ਦੀ ਕਾਲੋਨੀ ਕੱਟੀ ਜਾ ਰਹੀ ਹੈ। ਨਾ ਨਗਰ ਨਿਗਮ ਤੋਂ ਐਨ ਓ ਸੀ ਲਈ ਨਾ ਹੀ ਇੱਥੇ ਦੇ ਪਲਾਟਾਂ ਦੇ ਕੋਈ ਨਕਸ਼ੇ ਪਾਸ ਕਰਵਾਏ। ਨਗਰ ਨਿਗਮ ਕੋਲ ਇਸ ਕਾਲੋਨੀ ਦੀ ਰਜਿਸਟੇਸ਼ਨ ਵੀ ਨਹੀਂ ਕਰਵਾਈ। ਇਸ ਲਈ ਇੱਥੇ ਪਲਾਟ ਲੈਣ ਵਾਲਿਆਂ 'ਤੇ ਕਦੇ ਹੀ ਲਤੀਫਪੁਰਾ ਵਾਗੂ ਪੀਲਾ ਪੰਜਾ ਚੱਲ ਸਕਦਾ ਹੈ। ਇਸ ਕਾਲੋਨੀ ਵਿੱਚ ਪਲਾਟ ਖਰੀਦ ਕਰਨ ਵਾਲੇ ਇਸ ਤੋਂ ਬੇਖਬਰ ਹਨ।

## ਲਾਚੋਵਾਲ ਟੋਲ ਪਲਾਜ਼ਾ ਮੁੱਖ ਮੰਤਰੀ ਮਾਨ ਨੇ ਬੰਦ ਕਰਵਾ ਕੇ ਪ੍ਰਸੰਸਾਯੋਗ ਕੰਮ ਕੀਤਾ : ਜਾਵੇਦ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਸ਼ਿਵ ਸੈਨਾ ਸਰਵ ਧਰਮ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਜਾਵੇਦ ਖਾਨ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਹੁਸ਼ਿਆਰਪੁਰ ਦੇ ਲਾਚੋਵਾਲ ਟੋਲ ਪਲਾਜ਼ਾ ਦੀ ਮਿਆਦ ਜੋ ਖ਼ਤਮ ਹੋ ਗਈ ਸੀ, ਅੱਜ ਸੀ ਐਮ ਭਗਵੰਤ ਮਾਨ ਨੇ ਹੁਸ਼ਿਆਰਪੁਰ ਆ ਕੇ ਬੰਦ ਕਰਵਾ ਦਿੱਤਾ। ਇਹ ਸ਼ਲਾਘਾਯੋਗ ਕਦਮ ਹੈ। ਉਨ੍ਹਾ ਕਿਹਾ ਕਿ ਜਿਨ੍ਹਾਂ ਟੋਲ ਪਲਾਜ਼ਿਆਂ ਦੀ ਮਿਆਦ ਖਤਮ ਹੋ ਚੁੱਕੀ ਹੈ, ਉਨ੍ਹਾਂ ਨੂੰ ਵੀ ਬੰਦ ਕੀਤਾ ਜਾਵੇ। ਜਿਨ੍ਹਾਂ ਟੋਲ ਪਲਾਜ਼ਿਆਂ ਦੇ ਰੇਟ ਵਧੇ ਹਨ, ਉਨ੍ਹਾਂ ਨੂੰ ਘੱਟ ਕੀਤਾ ਜਾਵੇ। ਇਸ ਮੌਕੇ ਨੌਜਵਾਨ ਆਗੂ ਮੁਹੰਮਦ ਉਸੈਦ ਅੰਸਾਰੀ ਹਾਜ਼ਰ ਸਨ।

# ਕੈਬਨਿਟ ਮੰਤਰੀ ਨਿੱਜਰ ਵੱਲੋਂ ਸੋਲਰ ਸਿਸਟਮ ਲਗਾਉਣ ਦੇ ਕੰਮ ਦਾ ਉਦਘਾਟਨ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**-ਅੰਮ੍ਰਿਤਸਰ ਦੇ ਸੁੰਦਰੀਕਰਨ ਵਿੱਚ ਕੋਈ ਕਸਰ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਸ਼ਹਿਰ ਦੇ ਸੁੰਦਰੀਕਰਨ ਲਈ 7.73 ਕਰੋੜ ਰੁਪਏ ਖਰਚ ਕੀਤੇ ਜਾਣਗੇ ਅਤੇ ਲੋਕਾਂ ਨੂੰ ਮੁੱਢਲੀਆਂ ਸਹੂਲਤਾਂ ਵੀ ਮੁਹੱਈਆ ਕਰਵਾਈਆਂ ਜਾਣਗੀਆਂ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਡਾ. ਇੰਦਰਬੀਰ ਸਿੰਘ ਨਿੱਜਰ ਸਥਾਨਕ ਸਰਕਾਰਾਂ ਬਾਰੇ ਮੰਤਰੀ ਪੰਜਾਬ ਨੇ ਅੱਜ ਦੱਖਣੀ ਹਲਕੇ ਦੇ ਵਾਰਡ ਨੰ: 33, 34 ਅਤੇ 39 ਅਧੀਨ ਪੈਂਦੇ ਇਲਾਕੇ ਦਬੁਰਜੀ, ਬਾਜ਼ੀਗਰ ਬਸਤੀ ਅਤੇ ਅਰਜਨ ਨਗਰ ਵਿੱਖੇ ਐੱਸ. ਸੀ. ਭਾਈਚਾਰੇ ਦੇ ਲੋਕਾਂ ਦੇ ਘਰ ਵਿਖੇ ਸੋਲਰ ਸਿਸਟਮ ਲਗਾਉਣ ਦੇ ਕੰਮ ਦਾ ਉਦਘਾਟਨ ਕਰਨ ਪਿੱਛੋਂ ਕੀਤਾ। ਡਾ. ਨਿੱਜਰ ਨੇ ਕਿਹਾ ਕਿ ਇਨ੍ਹਾਂ ਵਾਰਡਾਂ ਦੇ 75 ਘਰਾਂ ਵਿੱਚ 200-200 ਵਾਟ ਦੇ ਸੋਲਰ ਸਿਸਟਮ ਲਗਾਏ ਜਾਣਗੇ ਜਿਸ 'ਤੇ ਕਰੀਬ 35 ਲੱਖ ਰੁਪਏ ਖਰਚਾ ਆਵੇਗਾ। ਉਨ੍ਹਾਂ ਦੱਸਿਆ ਕਿ ਸੋਲਰ ਸਿਸਟਮ ਮੁਫਤ ਲਗਾਏ ਜਾ ਰਹੇ ਹਨ ਅਤੇ ਕਿਸੇ ਕੋਲੋਂ ਵੀ ਇੰਸਟਾਲੇਸ਼ਨ ਚਾਰਜਿਸ ਤੱਕ ਵੀ ਨਹੀਂ ਲਏ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਤੇ ਗੁਣਵੱਤਾ ਨੂੰ ਯਕੀਨੀ ਬਣਾਇਆ ਜਾਵੇ ਅਤੇ ਵਿਕਾਸ ਕਾਰਜਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇ। ਉਨਾਂ ਕਿਹਾ ਕਿ ਇਸ ਤੋਂ ਇਲਾਵਾ ਸ਼ਹਿਰ ਦੇ ਅੰਦਰ ਇੰਟਰਲਾਕਿੰਗ ਟਾਇਲਾਂ, ਪੁਲਾਂ ਤੇ ਪੇਂਟ ਅਤੇ ਸਟਰੀਟ ਲਾਈਟਾਂ ਵੀ ਲਗਾਈਆਂ ਜਾ ਰਹੀਆਂ ਹਨ। ਡਾ. ਨਿੱਜਰ ਨੇ ਕਿਹਾ ਕਿ ਟ੍ਰੈਫਿਕ ਵਿਵਸਥਾ ਵਿੱਚ ਸੁਧਾਰ ਲਈ ਸੜਕਾਂ ਤੋਂ ਨਾਜਾਇਜ਼ ਕਬਜ਼ੇ ਹਟਾਏ ਜਾ ਰਹੇ ਹਨ ਤਾਂ ਜੋ ਟ੍ਰੈਫਿਕ ਵਿਵਸਥਾ ਵਿੱਚ ਸੁਧਾਰ ਲਿਆਂਦਾ ਜਾ ਸਕੇ। ਇਸ ਮੌਕੇ ਡੀ. ਐੱਸ. ਪੀ. ਅਸ਼ੋਕ ਕੁਮਾਰ, ਬਲਵੰਤ ਸਿੰਘ, ਸੋਨਲ ਸਿੰਘ ਗੋਲਡਨ, ਮੈਡਮ ਜੋਤੀ, ਦਿਲਬਾਗ ਸੰਧੂ, ਖਜਾਨ ਸਿੰਘ, ਬਲਜੀਤ ਚੌੜਾ, ਅਸ਼ੀਸ਼ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਭਾਰਤੀਆ ਵਾਲਮੀਕਿ ਧਰਮ ਸਮਾਜ ਭਾਵਾਧਸ ਦੀ ਟਾਂਡਾ ਵਿਖੇ ਵਿਸ਼ੇਸ਼ ਮੀਟਿੰਗ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਭਾਰਤੀਆ ਵਾਲਮੀਕਿ ਧਰਮ ਸਮਾਜ (ਰਜਿ:) ਭਾਵਾਧਸ ਦੀ ਟਾਂਡਾ ਵਿਖੇ ਇੱਕ ਵਿਸ਼ੇਸ਼ ਮੀਟਿੰਗ ਵਿਜੈ ਮੱਟੂ ਅਤੇ ਬੌਬੀ ਰਾਜਪੁਰ ਦੀ ਅਗੁਵਾਈ 'ਚ ਹੋਈ। ਇਸ ਮੌਕੇ ਦਰਜਨ ਦੇ ਕਰੀਬ ਵਿਅਕਤੀਆਂ ਨੇ ਭਾਵਾਧਸ ਦੀ ਵਿਚਾਰਧਾਰਾ ਨਾਲ ਸਹਿਮਤ ਹੁੰਦੇ ਹੋਏ ਸੰਗਠਨ ਨੂੰ ਮਜ਼ਬੂਤ ਕਰਨ ਦਾ ਅਹਿਦ ਕਰਦੇ ਭਾਵਾਧਸ 'ਚ ਸ਼ਾਮਿਲ ਹੋਏ। ਇਸ ਮੀਟਿੰਗ 'ਚ ਭਾਵਾਧਸ ਦੇ ਪੰਜਾਬ ਪ੍ਰਧਾਨ ਸੁਰਿੰਦਰ ਜਾਜਾ ਨੇ ਜਿੱਥੇ ਨਵੇਂ ਸ਼ਾਮਿਲ ਹੋਏ ਨੌਜਵਾਨਾਂ ਨੂੰ ਜੀ ਆਇਆਂ ਕਿਹਾ ਉੱਥੇ ਹੀ ਇਨ੍ਹਾਂ ਨੌਜਵਾਨਾਂ ਨੂੰ ਅਸਮਾਨੀ ਰੰਗ ਦੇ ਸਿਰੋਪਿਆਂ ਨਾਲ ਸਨਮਾਨਿਤ ਵੀ ਕੀਤਾ। ਸੁਰਿੰਦਰ ਜਾਜਾ ਨੇ ਸੰਗਠਨ ਦੀ ਮਜ਼ਬੂਤੀ ਲਈ ਕੁਝ ਨਵੀਆਂ ਨਿਯੁਕਤੀਆਂ ਵੀ ਕੀਤੀਆਂ, ਸੰਨੀ ਭੱਟੀ ਉੜਮੁੜ ਨੂੰ ਭਾਵਾਧਸ ਯੂਥ ਵਿੰਗ ਟਾਂਡਾ ਦਾ ਸ਼ਹਿਰੀ ਪ੍ਰਧਾਨ, ਕਾਕਾ ਕਲਿਆਣ ਮਾਡਲ ਟਾਊਨ ਨੂੰ ਯੂਥ ਵਿੰਗ ਦਾ ਸ਼ਹਿਰੀ ਸਕੱਤਰ,ਮੋਹਿਤ ਧੀਰ ਟਾਂਡਾ ਨੂੰ ਭਾਵਾਧਸ ਵਪਾਰ ਮੰਡਲ ਦਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ। ਸਾਰੇ ਨਵਨਿਯੁਕਤ ਅਹੁਦੇਦਾਰਾਂ ਨੇ ਸੁਰਿੰਦਰ ਜਾਜਾ ਦਾ ਧੰਨਵਾਦ ਕਰਦੇ ਹੋਏ ਆਉਣ ਵਾਲੇ ਸਮੇਂ 'ਚ ਭਾਵਾਧਸ ਦੀ ਮਜ਼ਬੂਤੀ ਲਈ ਡਟ ਕੇ ਕੰਮ ਕਰਨ ਅਤੇ ਵਿਚਾਰਧਾਰਾ ਨੂੰ ਘਰ ਘਰ ਪਹੁਚਾਉਣ ਦਾ ਭਰੋਸਾ ਵੀ ਦਿੱਤਾ। ਅੰਤ 'ਚ ਆਏ ਹੋਏ ਸਾਰੇ ਸਾਥੀਆਂ ਦਾ ਧੰਨਵਾਦ ਕਰਦੇ ਹੋਏ ਪੰਜਾਬ ਪ੍ਰਧਾਨ ਨੇ ਕਿਹਾ ਕਿ ਆਉਣ ਵਾਲੇ ਦਿਨਾਂ 'ਚ ਭਾਵਾਧਸ , ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਮਿਹਨਤੀ ਵਿਅਕਤੀਆਂ ਨੂੰ ਜ਼ੁੰਮੇਵਾਰੀਆਂ ਦੇ ਕੇ ਉਨ੍ਹਾਂ ਦਾ ਮਾਣ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਨੀਲ ਜਾਜਾ, ਕੀਮਤੀ ਲਾਲ ਜ਼ਿਲ੍ਹਾ ਸਹਾਇਕ ਸੰਯੋਜਕ, ਸੁਰਜੀਤ ਰਾਜਾ ਬਲਾਕ ਪ੍ਰਧਾਨ,ਅਸ਼ੀਸ਼ ਗਿੱਲ, ਸੰਨੀ ਮੱਟੂ, ਗੋਗਾ ਮਸੀਤੀ, ਕਰਨ ਢਡੀਆਲਾ, ਰੋਹਿਤ, ਰਾਜਾ, ਰਾਹੁਲ, ਜਤਿਨ ਜਾਜਾ, ਕਾਕਾ ਮਾਨਪੁਰ, ਜਤਿੰਦਰ ਗੰਭਾ, ਲਾਡੀ ਮੋਹਕਮਗੜ੍ਹ,ਪਰਮਜੀਤ ਬਾਬੂ ਅਹਿਆਪੁਰ, ਜਿਵੇਸ਼ ਹਾਂਡਾ, ਹੈਪੀ ਮੱਟੂ, ਰੋਹਿਤ ਮੱਟੂ, ਲਲਿਤ ਮੱਟੂ, ਹਨੀ ਕੁਮਾਰ ਆਦਿ ਹਾਜ਼ਰ ਸਨ।

## ਬਲੱਡ ਬੈਂਕ ਵਿਖੇ ਲਗਾਇਆ 395ਵਾਂ ਦੰਦਾਂ ਤੇ ਜਬਾੜਿਆਂ ਦਾ ਫ੍ਰੀ ਕੈਂਪ



**ਫਗਵਾੜਾ ( ਡਾ. ਰਮਨ)**- ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਮਾਤਾ ਠਾਕੁਰ ਦੇਵੀ ਅਤੇ ਨਾਨਕ ਚੰਦ ਸੇਠੀ ਦੀ ਯਾਦ 'ਚ 395ਵਾਂ ਦੰਦਾਂ ਦੀਆਂ ਬਿਮਾਰੀਆਂ ਅਤੇ ਜਬਾੜਿਆਂ ਦਾ ਫ੍ਰੀ ਕੈਂਪ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ ਰੇਖ ਹੇਠ ਲਗਾਇਆ ਗਿਆ। ਜਿਸ ਦਾ ਉਦਘਾਟਨ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਨਗਰ ਨਿਗਮ ਕਮਿਸ਼ਨਰ ਡਾ. ਨਯਨ ਜੱਸਲ ਨੇ ਸ਼ਮ੍ਹਾ ਰੋਸ਼ਨ ਕਰਕੇ ਕੀਤਾ। ਉਨ੍ਹਾਂ ਬਲੱਡ ਬੈਂਕ ਵੱਲੋਂ ਸਮਾਜ ਸੇਵਾ 'ਚ ਪਾਏ ਜਾ ਰਹੇ ਵਡਮੁੱਲੇ ਯੋਗਦਾਨ ਅਤੇ ਸੀ.ਐਮ.ਸੀ. ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਕੈਂਪ ਬਜ਼ੁਰਗਾਂ ਅਤੇ ਦੰਦਾਂ ਦੀਆਂ ਬਿਮਾਰੀਆਂ ਨਾਲ ਪੀੜਤ ਲੋੜਵੰਦਾਂ ਲਈ ਬਹੁਤ ਲਾਹੇਵੰਦ ਹੈ। ਡਾ. ਨਯਨ ਜੱਸਲ ਜੋ ਕਿ ਖੁਦ ਵੀ ਦੰਦਾਂ ਦੇ ਡਾਕਟਰ ਹਨ, ਉਨ੍ਹਾ ਦੰਦਾਂ ਦੀ ਸੰਭਾਲ ਬਾਰੇ ਜਾਗਰੂਕ ਕੀਤਾ। ਇਸ ਦੌਰਾਨ 10 ਬਜ਼ੁਰਗਾਂ ਨੂੰ ਨਵੇਂ ਤਿਆਰ ਕੀਤੇ ਗਏ ਜਬਾੜੇ ਵੰਡੇ ਗਏ। ਇਸ ਕੈਂਪ ਦੇ ਮੁੱਖ ਸਪਾਂਸਰ ਅਸ਼ੋਕ ਸੇਠੀ ਨੇ ਸਮੂਹ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਇਸ ਕੈਂਪ ਦੌਰਾਨ 143 ਮਰੀਜ਼ਾਂ ਦੇ ਦੰਦਾਂ ਅਤੇ ਜਬਾੜਿਆਂ ਦਾ ਮੁਆਇਨਾ ਕੀਤਾ ਗਿਆ। ਡਾਕਟਰਾਂ ਵੱਲੋਂ ਲੋੜਵੰਦਾਂ ਦੇ ਦੰਦਾਂ ਦੀ ਸਫਾਈ ਤੇ ਭਰਾਈ ਤੋਂ ਇਲਾਵਾ ਮਰੀਜ਼ਾਂ ਦੇ ਖਰਾਬ ਦੰਦਾਂ ਨੂੰ ਬਾਹਰ ਕੱਢਿਆ ਗਿਆ। ਲੋੜਵੰਦਾਂ ਨੂੰ ਫ੍ਰੀ ਦਵਾਈਆਂ ਵੀ ਦਿੱਤੀਆਂ ਗਈਆਂ। ਕੈਂਪ ਦੇ ਆਰੰਭ ਵਿਚ ਬ੍ਰਹਮਕੁਮਾਰੀ ਆਸ਼ਰਮ ਦੀਆਂ ਭੈਣਾਂ ਨੇ ਸਭ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਤਾਰਾ ਚੰਦ ਚੁੰਬਰ, ਪ੍ਰਿਤਪਾਲ ਕੌਰ ਤੁਲੀ, ਮੋਹਨ ਲਾਲ ਤਨੇਜਾ, ਕੁਲਦੀਪ ਦੁੱਗਲ, ਗੁਲਾਬ ਸਿੰਘ ਠਾਕੁਰ, ਕ੍ਰਿਸ਼ਨ ਕੁਮਾਰ, ਅਮਰਜੀਤ ਕੁਮਾਰ, ਅਮਰਜੀਤ ਡਾਂਗ, ਜੁਨੇਸ਼ ਜੈਨ, ਟੀ.ਡੀ. ਚਾਵਲਾ, ਨਰਿੰਦਰ ਸੈਣੀ, ਹਰਵਿੰਦਰ ਸਿੰਘ, ਵਿਸ਼ਵਾਮਿੱਤਰ ਸ਼ਰਮਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਲਤੀਫਪੁਰਾ ਮੁੜ ਵਸੇਬਾ ਕਮੇਟੀ ਵੱਲੋਂ ਰੋਸ ਮੁਜ਼ਾਹਰਾ 20 ਨੂੰ

**ਲਤੀਫਪੁਰਾ (ਜਲੰਧਰ) (ਨ ਜ਼ ਸ)**-ਲਤੀਫਪੁਰਾ ਮੁੜ-ਵਸੇਬਾ ਕਮੇਟੀ ਵਲੋਂ ਅੱਜ ਏਥੇ ਮੀਟਿੰਗ 'ਚ ਵਿਚਾਰ ਵਟਾਂਦਰੇ ਉਪਰੰਤ ਭਗਵੰਤ ਸਿੰਘ ਮਾਨ ਸਰਕਾਰ ਦਾ ਚਿਹਰਾ ਨੰਗਾ ਕਰਨ ਲਈ 20 ਦਸੰਬਰ ਨੂੰ ਸ਼ਹਿਰ 'ਚ ਮੁਜ਼ਾਹਰਾ ਕਰਨ ਅਤੇ ਗੁਰੂ ਨਾਨਕ ਮਿਸ਼ਨ ਚੌਕ 'ਚ ਪੁਤਲਾ ਸਾੜਨ ਦਾ ਐਲਾਨ ਕੀਤਾ ਗਿਆ। ਇਸ ਮੁਜ਼ਾਹਰੇ 'ਚ ਵੱਡੀ ਗਿਣਤੀ ਕਿਸਾਨ, ਮਜ਼ਦੂਰ ਅਤੇ ਹੋਰ ਮਿਹਨਤੀ ਲੋਕਾਂ ਦੀ ਸ਼ਮੂਲੀਅਤ ਕਰਵਾਉਣ ਦੀ ਰੂਪ-ਰੇਖਾ ਉਲੀਕੀ ਗਈ।

ਕਮੇਟੀ 'ਚ ਸ਼ਾਮਲ ਬੀ ਕੇ ਯੂ (ਰਾਜੇਵਾਲ) ਦੇ ਆਗੂ ਜਥੇਦਾਰ ਕਸ਼ਮੀਰ ਸਿੰਘ ਜੰਡਿਆਲਾ, ਪੀ ਕੇ ਯੂ (ਬਾਗੀ)ਦੇ ਤਰਸੇਮ ਸਿੰਘ ਵਿੱਕੀ ਜੈਨਪੁਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਆਗੂ ਸੰਤੋਖ ਸਿੰਘ ਸੰਧੂ,ਮਹਿੰਦਰ ਸਿੰਘ ਬਾਜਵਾ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਆਗੂ ਕਸ਼ਮੀਰ ਸਿੰਘ ਘੁੱਗਸ਼ੋਰ ਤੇ ਹੰਸ ਰਾਜ ਪੱਬਵਾਂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਨੇ ਕਿਹਾ ਕਿ ਲਤੀਫਪੁਰਾ ਵਿਖੇ ਉਜਾੜੇ ਲੋਕਾਂ ਦਾ ਉਸ ਜਗ੍ਹਾ ਉੱਤੇ ਹੀ ਮੁੜ-ਵਸੇਬਾ ਕੀਤਾ ਜਾਵੇ,ਪੀੜਤ ਲੋਕਾਂ ਨੂੰ ਮੁਆਵਜ਼ਾ ਦਿੱਤਾ ਜਾਵੇ ਅਤੇ ਪੀੜਤਾਂ ਨੂੰ ਗਾਲੀ ਗਲੋਚ ਕਰਨ ਤੇ ਜ਼ਲੀਲ ਕਰਨ ਵਾਲੇ ਡੀ ਸੀ ਪੀ ਜਸਕਰਨਜੀਤ ਸਿੰਘ ਤੇਜਾ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਆਗੂਆਂ ਇਹ ਵੀ ਐਲਾਨ ਕੀਤਾ ਕਿ ਮੰਗਾਂ ਦੀ ਪੂਰਤੀ ਤੱਕ ਮੋਰਚਾ ਜਾਰੀ ਰਹੇਗਾ।

# 108 ਐਂਬੂਲੈਂਸ ਚਲਾਉਣ ਵਾਲੀ ਕੰਪਨੀ ਨੂੰ ਸਿਹਤ ਮੰਤਰੀ ਵੱਲੋਂ ਸੇਵਾਵਾਂ ਨੂੰ ਹੋਰ ਚੁਸਤ ਕਰਨ ਦੇ ਹੁਕਮ



**ਚੰਡੀਗੜ੍ਹ, (ਗੁਰਜੀਤ ਬਿੱਲਾ)**— ਆਪਣੇ ਕਰਮਚਾਰੀਆਂ ਤੱਕ ਉਨ੍ਹਾਂ ਦੇ ਪਰਵਾਰ ਰਾਹੀਂ ਪਹੁੰਚਣ ਅਤੇ ਉਨ੍ਹਾਂ ਦੇ ਕੰਮ ਨੂੰ ਮਾਨਤਾ ਦੇਣ ਦੀ ਕੋਸ਼ਿਸ਼ ਵਿੱਚ, ਜ਼ਿਕਿਤਜ਼ਾ ਹੈਲਥਕੇਅਰ ਲਿਮਿਟਡ ਨੇ ਹੋਣਹਾਰ ਵਿਦਿਆਰਥੀਆਂ ਨੂੰ ਆਪਣੀ ਉੱਚੇਰੀ ਪੜ੍ਹਾਈ ਅਤੇ ਖੇਡਾਂ ਦੀ ਸਿਖਲਾਈ ਵਿੱਚ ਮਦਦ ਕਰਨ ਲਈ ਐਂਬੂਲੈਂਸ ਐਕਸੈਸ ਫਾਰ ਆਲ ਫਾਊਂਡੇਸਨ ਦੇ ਸਹਿਯੋਗ ਨਾਲ ਆਪਣੀ ਸਾਲਾਨਾ ਸਕਾਲਰਸ਼ਿਪ ਗ੍ਰਾਂਟ ਪ੍ਰਦਾਨ ਕੀਤੀ ਹੈ। ਇਸ ਪ੍ਰੋਗਰਾਮ ਨਾਲ ਜ਼ਿਕਿਤਜ਼ਾ ਹੈਲਥਕੇਅਰ ਨੇ 108 ਐਂਬੂਲੈਂਸ ਸਟਾਫ ਦੇ ਬੱਚਿਆਂ ਨੂੰ ਸਾਲ 2021-22 ਵਿੱਚ ਉਨ੍ਹਾਂ ਦੇ ਸ਼ਾਨਦਾਰ ਅਕਾਦਮਿਕ ਅਤੇ ਖੇਡ ਪ੍ਰਦਰਸ਼ਨ ਲਈ ਇਹ ਸਨਮਾਨ ਦਿੱਤਾ ਹੈ। ਇਸ ਸਕਾਲਰਸ਼ਿਪ ਪ੍ਰੋਗਰਾਮ-2022 ਵਿੱਚ 13 ਵਿਦਿਆਰਥੀਆਂ ਨੂੰ ਅਕਾਦਮਿਕ ਅਤੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ। ਦੋਵਾਂ ਸ਼੍ਰੇਣੀਆਂ ਵਿੱਚ ਪਹਿਲੇ ਹਰੇਕ ਜੇਤੂ ਨੂੰ 50000/- ਰੁਪਏ ਦਾ ਚੈੱਕ ਦਿੱਤਾ ਗਿਆ। ਦੂਜੇ ਹਰੇਕ ਜੇਤੂ ਨੂੰ 25000/-ਰੁਪਏ ਦਾ ਚੈੱਕ ਦਿੱਤਾ ਗਿਆ। ਤੀਜੇ ਹਰੇਕ ਜੇਤੂ ਨੂੰ ਰੁ. 10000/- ਦੇ ਚੈੱਕ ਨਾਲ ਸਨਮਾਨ ਕੀਤਾ ਗਿਆ। 13 ਪਾਇਲਟਾਂ ਅਤੇ 13 ਈਐਮਟੀ ਨੂੰ ਸਰਟੀਫਿਕੇਟ, ਟਰਾਫੀਆਂ ਅਤੇ ਕੈਸ਼ ਵਊਚਰ ਨਾਲ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਪੁੱਜੇ ਚੇਤਨ ਸਿੰਘ ਜੌੜਾਮਾਜਰਾ ਸਿਹਤ ਮੰਤਰੀ, ਪੰਜਾਬ ਵੱਲੋਂ ਖੇਤਰੀ ਦਫਤਰ ਦੇ ਸਟਾਫ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜ਼ਰ ਹੋਰ ਸ਼ਖ਼ਸੀਅਤਾਂ ਵਿੱਚ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਸ੍ਰੀਮਤੀ ਡਾ. ਨੀਲਿਮਾ, ਆਈਏਐਸ, ਐਮਡੀ, ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ, ਜਤਿੰਦਰ ਸ਼ਰਮਾ, ਗੋਵਰਨਮੈਂਟ ਬਿਜਨੇਸ ਦੇ ਮੁਖੀ, ਜ਼ਿਕਿਤਜ਼ਾ ਹੈਲਥਕੇਅਰ ਲਿਮਿਟਡ ਅਤੇ ਮਨੀਸ਼ ਬੱਤਰਾ, ਪ੍ਰੋਜੈਕਟ ਹੈੱਡ, ਸ਼ਾਮਲ ਸਨ। ਇਸ ਮੌਕੇ ਪੰਜਾਬ ਦੇ ਸਿਹਤ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਕੋਵਿਡ ਅਤੇ ਹੋਰ ਮੁਸ਼ਕਿਲਾਂ ਦੇ ਬਾਵਜੂਦ ਵਿਦਿਆਰਥੀਆਂ ਨੇ ਸਾਬਤ ਕਰ ਦਿੱਤਾ ਹੈ ਕਿ ਉਹ ਸਮੂਹਿਕ ਢੰਗ ਨਾਲ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰ ਸਕਦੇ ਹਨ। ਅਜਿਹੇ ਪੁਰਸਕਾਰ ਉਨ੍ਹਾਂ ਨੂੰ ਅਕਾਦਮਿਕ ਤੌਰ 'ਤੇ ਬਿਹਤਰ ਪ੍ਰਦਰਸ਼ਨ ਕਰਨ ਅਤੇ ਕੇਂਦਰਿਤ ਰਹਿਣ ਲਈ ਪ੍ਰੇਰਨਾ ਦਿੰਦੇ ਹਨ। ਅਸੀਂ ਚਾਹੁੰਦੇ ਹਾਂ ਕਿ ਉਨ੍ਹਾਂ ਦੀ ਬਿਹਤਰੀ ਲਈ ਅਜਿਹੇ ਸਾਲਾਨਾ ਸਕਾਲਰਸ਼ਿਪ ਪ੍ਰੋਗਰਾਮਾਂ ਦਾ ਆਯੋਜਨ ਕਰਦਾ ਰਹੇ। ਸਾਡਾ ਦ੍ਰਿਸ਼ਟੀਕੋਣ ਵਿਦਿਆਰਥੀਆਂ ਨੂੰ ਨਾ ਸਿਰਫ ਉੱਤਮ ਪੇਸ਼ੇਵਰ ਬਣਾਉਣਾ ਹੈ, ਸਗੋਂ ਇਕ ਚੰਗੇ ਨਾਗਰਿਕ ਵੀ ਬਣਾਉਣਾ ਹੈ। ਉਨ੍ਹਾਂ ਜਿਕਿਤਜ਼ਾ ਹੈਲਥਕੇਅਰ ਲਿਮਿਟਡ ਨੂੰ ਸਖਤ ਹਦਾਇਤਾਂ ਕੀਤੀਆਂ ਕਿ ਸੂਬੇ ਵਿੱਚ ਇਹ 108 ਐਂਬੂਲੈਂਸਾਂ ਇੱਕ ਲਾਈਫ ਲਾਈਨ ਦੀ ਤਰ੍ਹਾਂ ਹਨ ਇਸ ਲਈ ਇਹਨਾਂ ਐਂਬੂਲੈਂਸਾਂ ਨੂੰ ਬਿਲਕੁਲ ਦਰੁਸਤ ਹਾਲਤ ਵਿੱਚ ਰੱਖਿਆ ਜਾਵੇ। ਇਹਨਾਂ ਐਂਬੂਲੈਂਸਾਂ ਦੇ ਮਰੀਜ ਤੱਕ ਪਹੁੰਚਣ ਦੇ ਸਮੇਂ ਨੂੰ ਵੀ ਹੋਰ ਘਟਾਇਆ ਜਾਵੇ ਕਿਉਂਕਿ ਮਰੀਜ ਦੀ ਜਾਨ ਬਚਾਉਣ ਲਈ ਸਮਾਂ ਹੀ ਜ਼ਿੰਦਗੀ ਹੈ। ਓਹਨਾਂ ਕਿਹਾ ਕਿ 108 ਐਂਬੂਲੈਂਸ ਦੇ ਸੰਬੰਧ ਵਿੱਚ ਕਿਸੇ ਵੀ ਕਿਸਮ ਦੀ ਸ਼ਿਕਾਇਤ ਨੂੰ ਬਹੁਤ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸਿਹਤ ਮੰਤਰੀ ਨੇ ਔਰਤਾਂ ਦੀ ਭਾਗੀਦਾਰੀ ਵਧਾਉਣ ਸਬੰਧੀ ਹਮਾਇਤ ਕਰਦਿਆਂ ਕਿਹਾ ਕਿ ਅੱਜ ਕੁੜੀਆਂ ਹਰ ਖੇਤਰ ਵਿੱਚ ਅੱਗੇ ਆ ਰਹੀਆਂ ਹਨ ਅਤੇ ਜਿਕਿਤਜ਼ਾ ਹੈਲਥਕੇਅਰ ਲਿਮਿਟਡ ਨੂੰ ਵੀ ਕੁੜੀਆਂ ਨੂੰ ਇਸ ਸੇਵਾ ਦੇ ਖੇਤਰ ਵਿੱਚ ਮੌਕਾ ਦੇਣਾ ਚਾਹੀਦਾ ਹੈ। ਅੰਤ ਵਿੱਚ, ਸਿਹਤ ਮੰਤਰੀ ਨੇ 108 ਐਂਬੂਲੈਂਸ ਸਟਾਫ ਦੇ ਸਾਹਸ ਅਤੇ ਜਜ਼ਬੇ, ਉਨ੍ਹਾਂ ਦੀ ਨਿਰਸਵਾਰਥ ਅਤੇ ਵਚਨਬੱਧ ਸੇਵਾ ਲਈ ਜੋ ਉਹ ਐਮਰਜੈਂਸੀ ਸਥਿਤੀਆਂ ਵਿੱਚ ਪ੍ਰਦਾਨ ਕਰਦੇ ਹਨ, ਦੀ ਵੀ ਸ਼ਲਾਘਾ ਕੀਤੀ।

## ਗੁ: ਸਿੰਘ ਸ਼ਹੀਦਾਂ ਸੋਹਾਣਾ ਵਿਖੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਦਾ ਜਨਮ ਦਿਹਾੜਾ ਸ਼ਰਧਾ ਪੂਰਵਕ ਮਨਾਇਆ

**ਮੁਹਾਲੀ, ( ਗੁਰਜੀਤ ਬਿੱਲਾ )** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿੱਚ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਚੌਥੇ ਸਾਹਿਬਜ਼ਾਦੇ ਬਾਬਾ ਫਤਹਿ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਗਿਆ । ਜਨਮ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਸ਼ੇਰੇ ਪੰਜਾਬ ਕਵੀਸ਼ਰੀ ਜੱਥੇ ਨੇ ਬਾਬਾ ਫਤਹਿ ਸਿੰਘ ਜੀ ਦਾ ਜੀਵਨ ਬ੍ਰਿਤਾਂਤ ਸੰਗਤਾਂ ਨੂੰ ਸਰਵਣ ਕਰਵਾਓਦੇ ਹੋਏ ਦੱਸਿਆ ਕਿ ਬਾਬਾ ਫਤਿਹ ਸਿੰਘ ਜੀ ਦਾ ਜਨਮ ਮਾਤਾ ਜੀਤੋ ਜੀ ਦੀ ਕੁੱਖੋਂ ਸੰਨ 1699 ਈਸਵੀ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਇਆ। ਭਾਈ ਅਮਰਜੀਤ ਸਿੰਘ ਖਾਲਸਾ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਭਾਈ ਸੰਦੀਪ ਸਿੰਘ ਸ਼੍ਰੋਮਣੀ ਪ੍ਰਚਾਰਕ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਵੱਲੋਂ ਛੋਟੀ ਉਮਰੇ ਸਮੇਂ ਦੀ ਜਾਲਮ ਮੁਗਲ ਹਕੂਮਤ ਦੇ ਜਬਰ ਅਤੇ ਜੁਲਮ ਖਿਲਾਫ ਸਰਹਿੰਦ ਵਿਖੇ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਦੇਣ ਦੇ ਪ੍ਰਸੰਗ ਨੂੰ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂੰ ਕਰਾਇਆ। ਇਸ ਤੋਂ ਇਲਾਵਾ ਭਾਈ ਬਹਾਦਰ ਸਿੰਘ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਭਾਈ ਗੁਰਿੰਦਰ ਸਿੰਘ, ਭਾਈ ਹਰੇਕਮ ਜੋਤ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਹਰਜੋਤ ਸਿੰਘ, ਭਾਈ ਹਰਪ੍ਰੀਤ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ।

## ਪੰਜਾਬ ਸਰਕਾਰ ਔਰਤ-ਮੁਖੀ ਪਰਵਾਰਾਂ ਦੇ ਆਰਥਿਕ ਸ਼ਕਤੀਕਰਨ ਲਈ ਚੁੱਕੇਗੀ ਹਰ ਸੰਭਵ ਕਦਮ: ਡਾ.ਬਲਜੀਤ ਕੌਰ



**ਚੰਡੀਗੜ੍ਹ, (ਗੁਰਜੀਤ ਬਿੱਲਾ )**— ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ। ਇਸੇ ਦਿਸ਼ਾ ਤਹਿਤ ਕੰਮ ਕਰਦਿਆਂ ਸਮਾਜਿਕ ਸੁਰੱਖਿਆ ਵਿਭਾਗ ਨੇ ਮਾਤਾ ਤ੍ਰਿਪਤਾ ਮਹਿਲਾ ਯੋਜਨਾ ਤਹਿਤ 1,45,023 ਲਾਭਪਾਤਰੀਆਂ ਦਾ ਡਾਟਾ ਐਮ-ਸੇਵਾ ਐਪ 'ਤੇ ਅਪਲੋਡ ਕੀਤਾ ਜਾ ਚੁੱਕਾ ਹੈ। ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਦੀ ਮੁੱਖ ਤਰਜੀਹ ਸੂਬੇ ਦੀਆਂ ਔਰਤਾਂ ਨੂੰ ਆਰਥਿਕ ਮਜ਼ਬੂਤੀ ਪ੍ਰਦਾਨ ਕਰਨਾ ਹੈ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਔਰਤਾਂ ਦੀ ਅਗਵਾਈ ਵਾਲੇ ਪਰਵਾਰਾਂ ਦੇ ਸ਼ਸ਼ਕਤੀਕਰਨ ਲਈ ਮਾਤਾ ਤ੍ਰਿਪਤਾ ਮਹਿਲਾ ਯੋਜਨਾ ਲਾਗੂ ਕੀਤੀ ਗਈ ਹੈ। ਇਸ ਸਬੰਧੀ ਆਂਗਣਵਾੜੀ ਵਰਕਰਾਂ ਵੱਲੋਂ ਪੰਜਾਬ ਰਾਜ ਵਿੱਚ ਔਰਤਾਂ ਦੀ ਅਗਵਾਈ ਵਾਲੇ ਪਰਵਾਰਾਂ ਦਾ ਸਰਵੇ ਕੀਤਾ ਜਾ ਰਿਹਾ ਹੈ। ਔਰਤਾਂ ਦੀ ਅਗਵਾਈ ਵਾਲੇ ਪਰਵਾਰਾਂ ਦੇ 1,45,023 ਲਾਭਪਾਤਰੀਆਂ ਦਾ ਡਾਟਾ ਐਮ.ਸੇਵਾ ਐਪ ਤੇ ਅਪਲੋਡ ਕੀਤਾ ਜਾ ਚੁੱਕਾ ਹੈ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਰਾਜ ਦੀਆਂ ਔਰਤਾਂ ਦੇ ਆਰਥਿਕ ਸ਼ਸ਼ਕਤੀਕਰਨ ਦੀ ਵਚਨਬੱਧਤਾ ਤਹਿਤ ਕੰਮ ਕਰਦਿਆਂ ਔਰਤਾਂ ਦੇ ਆਰਥਿਕ ਸ਼ਸ਼ਕਤੀਕਰਨ ਸਬੰਧੀ ਵੱਖ-ਵੱਖ ਸਕੀਮਾਂ ਨੂੰ ਲਾਗੂ ਕਰਨਾ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਔਰਤਾਂ ਦੇ ਆਰਥਿਕ ਸ਼ਸ਼ਕਤੀਕਰਨ ਲਈ ਹਰ ਸੰਭਵ ਕਦਮ ਚੁੱਕੇਗੀ।

ਕੈਬਨਿਟ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਭਾਗ ਦੇ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਨੂੰ ਇੰਨ-ਬਿੰਨ ਲਾਗੂ ਕਰਨਾ ਯਕੀਨੀ ਬਣਾਇਆ ਜਾਵੇ।

## ਬੱਚਿਆਂ ਦੇ ਬੈਠਣ ਲਈ ਸਕੂਲ ਨੂੰ ਬੈਂਚ ਭੇਟ




**ਟਾਂਡਾ ਉੜਮੁੜ (ਓਂਕਾਰ ਸਿੰਘ, ਜਸਵਿੰਦਰ ਸੰਧੂ)** : ਮਾਨਵਤਾ ਦੀ ਸੇਵਾ ਲਈ ਹਰ ਸਮੇਂ ਤੱਤਪਰ ਰਹਿਣ ਵਾਲੀ ਇਲਾਕੇ ਭਰ ਵਿਚ ਨਾਮਣਾ ਖੱਟ ਰਹੀ ਲਾਇੰਸ ਕਲੱਬ ਟਾਂਡਾ ਹਰਮਨ ਵੱਲੋਂ ਸਰਕਾਰੀ ਹਾਈ ਸਕੂਲ ਗਿਲਜੀਆਂ ਵਿਖੇ ਬੱਚਿਆਂ ਦੇ ਬੈਠਣ ਵਾਸਤੇ ਬੈਂਚ ਭੇਟ ਕਰਨ ਸੰਬੰਧੀ ਸਕੂਲ ਹੈੱਡ ਮਿਸਟ੍ਰੈਸ ਮੈਡਮ ਤੇਜਿੰਦਰ ਕੌਰ ਅਤੇ ਸਮੂਹ ਸਕੂਲ ਸਟਾਫ ਵੱਲੋਂ ਇਕ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ 'ਚ ਕਲੱਬ ਪ੍ਰਧਾਨ ਸੁਖਦੇਵ ਸਿੰਘ ਅਤੇ ਸਮੂਹ ਲਾਇਨ ਮੈਂਬਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਰੋਹ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਸੁਖਦੇਵ ਸਿੰਘ ਨੇ ਕਿਹਾ ਕਿ ਸਾਡੀ ਕਲੱਬ ਆਏ ਦਿਨ ਜਨਤਕ ਥਾਵਾਂ, ਪਾਰਕ ਅਤੇ ਸਕੂਲਾਂ 'ਚ ਬੱਚਿਆਂ ਅਤੇ ਲੋਕਾਂ ਦੇ ਬੈਠਣ ਵਾਸਤੇ ਬੈਂਚ ਆਦਿ ਲਗਵਾ ਕੇ ਲੋਕ ਭਲਾਈ ਕਾਰਜਾਂ ਵਿਚ ਯੋਗਦਾਨ ਪਾਉਂਦੀ ਰਹਿੰਦੀ ਹੈ। ਉਨ੍ਹਾ ਕਿਹਾ ਕਿ ਸਾਡੀ ਕਲੱਬ ਦਾ ਅਸਲ ਮਕਸਦ ਲਾਚਾਰ ਬੇਸਹਾਰਾ ਮਰੀਜ਼ਾਂ ਦੇ ਇਲਾਜ ਲਈ ਅਤੇ ਲੜਕੀਆਂ ਦੀ ਸ਼ਾਦੀ ਦੇ ਮੌਕੇ ਉਨ੍ਹਾਂ ਨੂੰ ਜ਼ਰੂਰਤ ਅਨੁਸਾਰ ਮਾਲੀ ਸਹਾਇਤਾ ਤੇ ਰਾਸ਼ਨ ਸਮੱਗਰੀ ਦੇਣਾ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਤੇ ਕਲੱਬ ਦੇ ਖਜ਼ਾਨਚੀ ਲਾਇਨ ਬਲਵੀਰ ਸਿੰਘ, ਪੀ.ਆਰ.ਓ ਲਾਇਨ ਓਂਕਾਰ ਸਿੰਘ, ਲਾਇਨ ਜਤਿੰਦਰ ਸਿੰਘ, ਲਾਇਨ ਲਖਵਿੰਦਰ ਸਿੰਘ, ਲਾਇਨ ਵਰਿੰਦਰ ਮੰਗਲ ਤੇ ਸਕੂਲ ਸਟਾਫ ਨਰਿੰਦਰ ਪਾਲ ਸਿੰਘ, ਕਿਰਨਜੀਤ , ਰਮਨਜੀਤ ਸਿੰਘ, ਕੌਰ, ਰੇਖਾ, ਸੁਰਿੰਦਰ ਕੁਮਾਰ ਨਰਿੰਦਰ ਕੁਮਾਰ, ਅਤੇ ਹੋਰ ਹਾਜ਼ਰ ਸਨ।

## ਸਮੂਹ ਆਸ਼ਾ ਵਰਕਰਜ਼ ਦੀ ਪੋਲੀਓ ਵਾਇਰਸ ਟੀਕਾਕਰਨ ਦੀ ਤੀਜੀ ਖੁਰਾਕ ਸੰਬੰਧੀ ਹੋਈ ਟ੍ਰੇਨਿੰਗ



**ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)**-ਡਾ. ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਬਲਾਕ ਚਮਕੌਰ ਸਾਹਿਬ ਦੀਆਂ ਸਮੂਹ ਆਸ਼ਾ ਫੈਲਿਸੀਟੇਟਰਜ਼ ਅਤੇ ਸਮੂਹ ਆਸ਼ਾ ਵਰਕਰਜ਼ ਦੀ ਪੋਲਿਓ ਵਾਇਰਸ ਟੀਕਾਕਰਨ ਦੀ ਤੀਜੀ ਖੁਰਾਕ ਸਬੰਧੀ ਟ੍ਰੇਨਿੰਗ ਹੋਈ। ਇਸ ਟ੍ਰੇਨਿੰਗ ਵਿੱਚ ਡਾ.ਗੋਬਿੰਦ ਟੰਡਨ ਨੇ ਕਿਹਾ ਕਿ ਟੀਕਾਕਰਨ ਸਾਰਣੀ ਵਿੱਚ ਪਹਿਲਾਂ ਦੋ ਪੋਲੀਓਰੋਧਕ ਟੀਕੇ ਬੱਚੇ ਨੂੰ ਲਗਾਏ ਜਾਂਦੇ ਸੀ। ਪਹਿਲਾਂ ਟੀਕਾ ਬੱਚੇ ਨੂੰ 6 ਹਫ਼ਤੇ ਪੂਰੇ ਹੋਣ 'ਤੇ ਅਤੇ ਦੂਜਾ ਟੀਕਾ 14 ਹਫ਼ਤੇ ਪੂਰੇ ਹੋਣ ਤੇ ਲਗਾਇਆ ਜਾਂਦਾ ਹੈ। ਸਿਹਤ ਵਿਭਾਗ ਵੱਲੋਂ ਹੁਣ ਪਹਿਲੀ ਜਨਵਰੀ ਸਾਲ 2023 ਤੋਂ ਪੋਲੀਓ ਵਾਇਰਸ ਤੋਂ ਬਚਾਅ ਲਈ ਟੀਕਾਕਰਣ ਸਾਰਣੀ ਵਿੱਚ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਸ਼ਾਮਿਲ ਕੀਤੀ ਜਾ ਰਹੀ ਹੈ, ਜੋਕਿ ਬੱਚੇ ਦੇ 9 ਮਹੀਨੇ ਪੂਰੇ ਹੋਣ 'ਤੇ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਬੱਚਿਆਂ ਦਾ ਮੀਜ਼ਲ ਰੁਬੇਲਾ ਦਾ ਪਹਿਲਾ ਟੀਕਾ ਲੱਗਣਾ ਹੈ ਉਨ੍ਹਾਂ ਬੱਚਿਆਂ ਨੂੰ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਦਿੱਤੀ ਜਾਵੇਗੀ। ਇਸ ਕੰਮ ਲਈ ਸਮੂਹ ਆਸ਼ਾ ਵਰਕਰਜ਼ ਆਪਣੇ ਏਰੀਏ ਵਿੱਚ ਸਰਵੇ ਕਰਕੇ ਜਿਨ੍ਹਾਂ ਬੱਚਿਆਂ ਦੇ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਲੱਗਣੀ ਹੈ ਉਨ੍ਹਾਂ ਦੀਆਂ ਲਿਸਟਾਂ ਤਿਆਰ ਕਰਨ। ਇਸ ਮੌਕੇ 'ਤੇ ਹਰਵਿੰਦਰ ਸਿੰਘ ਬਲਾਕ ਐਕਸਟੈਨਸ਼ਨ ਐਜੂਕੇਟਰ ਨੇ ਪੋਲੀਓ ਵਾਇਰਸ ਟੀਕਾਕਰਨ ਦੀ ਖੁਰਾਕ, ਵੈਕਸੀਨੇਸ਼ਨ ਦਾ ਰੂਟ, ਓਪਨ ਵਾਇਲ ਪਾਲਿਸੀ, ਟੀਕਕਰਨ ਕਾਰਡ ਤੇ ਐਂਟਰੀ, ਸਰਵੇ ਰਜਿਸਟਰ ਅਤੇ ਸਾਵਧਾਨੀਆਂ ਸਬੰਧੀ ਵਿਸ਼ਥਾਰਪੂਰਵਕ ਟ੍ਰੇਨਿੰਗ ਦਿੱਤੀ। ਇਸ ਮੌਕੇ 'ਤੇ ਦਵਿੰਦਰ ਸਿੰਘ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ, ਜਸਵਿੰਦਰ ਸਿੰਘ ਅਤੇ ਸਮੂਹ ਆਸ਼ਾ ਵਰਕਰਜ਼ ਹਾਜਰ ਸਨ।

## ਮਸੀਹੀ ਸ਼ੋਭਾ ਯਾਤਰਾ ਸਮੇਂ ਲਾਇਨ ਕਲੱਬ ਬਿਲਗਾ ਆਸਥਾ ਨੇ ਲਗਾਇਆ ਲੰਗਰ



**ਬਿਲਗਾ ( ਵਿਜੇ ਕੁਮਾਰ )**- ਨਗਰ ਬਿਲਗਾ ਵਿਖੇ ਕ੍ਰਿਸਮਸ ਦੇ ਸੰਬੰਧ 'ਚ ਪ੍ਰਭੂ ਯਿਸੂ ਮਸੀਹ ਦੇ ਨਾਮ ਦੀ ਵਿਸ਼ਾਲ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਇਹ ਸ਼ੋਭਾ ਯਾਤਰਾ ਨਿਊ ਬੋਰਨ ਚਰਚ, ਤਲਵਣ ਰੋਡ ਬਿਲਗਾ ਤੋਂ ਪਾਸਟਰ ਸ਼ੈਂਕੀ ਲਾਲ ਲੂਥਰ ਦੀ ਅਗਵਾਈ ਹੇਠ ਪੂਰੇ ਨਗਰ ਬਿਲਗਾ ਦੀ ਪਰਿਕਰਮਾ ਕਰਦੀ ਹੋਈ ਵਾਪਸ ਪੱਤੀ ਨੀਲੋਵਾਲ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ 'ਚ ਪ੍ਰਭੂ ਯਿਸੂ ਮਸੀਹ ਦੇ ਜੀਵਨ ਨਾਲ ਸੰਬੰਧਤ ਬਹੁਤ ਹੀ ਸੁੰਦਰ ਝਾਕੀਆਂ ਪੇਸ਼ ਕੀਤੀਆਂ ਗਈਆਂ ਅਤੇ ਬੱਚੇ ਸਾਂਤਾ ਕਲਾਜ਼ ਦੀ ਵੇਸ ਭੂਸ਼ਾ ਵਿੱਚ ਸਜੇ ਹੋਏ ਸਨ। ਪੱਤੀ ਭਲਾਈ ਵਿਖੇ ਲੋਕ ਸ਼ਕਤੀ ਮਸੀਹੀ ਦਲ ਵੈਲਫੇਅਰ ਸੁਸਾਇਟੀ ਰਜਿ. ਪੰਜਾਬ ਦੇ ਸੀਨੀਅਰ ਉਪ ਪ੍ਰਧਾਨ ਅਤੇ ਜਰਨਲਿਸਟ ਪ੍ਰੈਸ ਕਲੱਬ ਰਜਿ: ਪੰਜਾਬ ਯੂਨਿਟ ਬਿਲਗਾ ਨੂਰਮਹਿਲ ਦੇ ਪ੍ਰਧਾਨ ਵਿਨੋਦ ਬੱਤਰਾ ਨੇ ਮੰਚ ਲਗਾ ਕੇ ਸ਼ੋਭਾ ਯਾਤਰਾ ਦਾ ਸਵਾਗਤ ਕੀਤਾ ਅਤੇ ਲਾਇਨ ਕਲੱਬ ਬਿਲਗਾ ਆਸਥਾ ਵੱਲੋਂ ਪ੍ਰਧਾਨ ਲਾਇਨ ਪੁਸਕਰ ਅਰੋੜਾ ਦੀ ਅਗਵਾਈ 'ਚ ਲੰਗਰ ਲਗਾਇਆ ਗਿਆ। ਲਾਇਨ ਕਲੱਬ ਵੱਲੋਂ ਸਮੂਹ ਪਾਸਟਰ ਸਾਹਿਬਾਨ ਅਤੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਹਲਕਾ ਇੰਚਾਰਜ ਨਕੋਦਰ ਕਾਂਗਰਸ ਡਾ. ਨਵਜੋਤ ਸਿੰਘ ਦਾਹੀਆ, ਅਮਨਦੀਪ ਸਿੰਘ ਮਾਨ ਸਪੁੱਤਰ ਹਲਕਾ ਵਿਧਾਇਕ ਨਕੋਦਰ, ਲਾਇਨ ਕਲੱਬ ਆਸਥਾ ਬਿਲਗਾ ਦੇ ਅਹੁਦੇਦਾਰ ਸੈਕਟਰੀ ਲਾਇਨ ਤੀਰਥ ਰਾਮ, ਕੈਸ਼ੀਅਰ ਕਮਲਜੀਤ ਕਾਲੀਆ ਜ਼ਿਲ੍ਹਾ ਚੇਅਰਮੈਨ ਲਾਇਨ ਪ੍ਰਿੰਸੀਪਲ ਰਵੀ ਸ਼ਰਮਾ, ਜ਼ਿਲ੍ਹਾ ਚੇਅਰਮੈਨ ਲਾਇਨ ਵਿਜੇ ਕੁਮਾਰ,ਪੀ ਆਰ ਓ ਲਾਇਨ ਬਹਾਦਰ ਸਿੰਘ, ਲਾਇਨ ਸਤੀਸ਼ ਕੁਮਾਰ, ਲਾਇਨ ਸੁਦਾਗਰ ਲਾਲ ਭਾਰੂਵਾਲ, ਲਾਇਨ ਵਿਨੋਦ ਕੁਮਾਰ, ਲਾਇਨ ਸੁਖ ਰਾਮ , ਲਾਇਨ ਮੱਖਣ ਲਾਲ ਅਤੇ ਆਪ ਨੇਤਾ ਭੁਪਿੰਦਰ ਸਿੰਘ ਬਿਲਗਾ, ਹਰੀ ਓਮ ਬਿਲਗਾ, ਵਾਇਸ ਪ੍ਰਧਾਨ ਨਗਰ ਪੰਚਾਇਤ ਬਿਲਗਾ ਪਰਮਿੰਦਰ ਸਿੰਘ , ਮੈਂਬਰ ਪੰਚਾਇਤ ਬੀਬੀ ਗੁਰਮੀਤ ਕੌਰ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਚੇਅਰਮੈਨ ਇਕਬਾਲ ਸਿੰਘ, ਜ਼ਿਲ੍ਹਾ ਚੇਅਰਮੈਨ ਪਾਰਸ ਨਈਅਰ , ਸਕੱਤਰ ਮਨਜਿੰਦਰ ਜੌਹਲ, ਦਵਿੰਦਰ ਜੌਹਲ, ਪੀ ਆਰ ਓ ਗੌਤਮ ਨਾਹਰ ਅਤੇ ਸਮੂਹ ਮੈਂਬਰਾਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਵੱਡੀ ਗਿਣਤੀ 'ਚ ਪਾਸਟਰ ਸਾਹਿਬਾਨ , ਕਾਂਗਰਸ ਦੇ ਯੂਨਿਟ ਪ੍ਰਧਾਨ ਕੁਲਦੀਪ ਸਿੰਘ, ਜਗਪਾਲ ਸਿੰਘ ਪਾਲਾ ਤੋਂ ਇਲਾਵਾ ਵੱਡੀ ਗਿਣਤੀ 'ਚ ਨਗਰ ਵਾਸੀ ਮੌਜੂਦ ਸਨ।

# ਗੋਲੀ ਲੱਗਣ ਨਾਲ ਪੀੜਤ ਵਿਅਕਤੀਆਂ 'ਤੇ ਹੀ ਪੁਲਸ ਨੇ ਦਰਜ ਕੀਤਾ 307 ਦਾ ਮਾਮਲਾ

## ਪੀੜਤ ਧਿਰ ਨੇ ਲਗਾਏ ਹੁਸ਼ਿਆਰਪੁਰ ਪੁਲਸ 'ਤੇ ਧੱਕੇਸ਼ਾਹੀ ਦੇ ਦੋਸ਼

**ਹੁਸ਼ਿਆਰਪੁਰ ( ਬਲਵੀਰ ਸਿੰਘ ਸੈਣੀ)**-ਹੁਸ਼ਿਆਰਪੁਰ ਦੇ ਥਾਣਾ ਮਾਡਲ ਟਾਊਨ ਅਧੀਨ ਪੈਂਦੇ ਪਿੰਡ ਬੱਸੀ ਦੌਲਤ ਖਾਂ ਦੇ ਅੱਡੇ 'ਚ 1 ਨਵੰਬਰ ਨੂੰ ਵਾਪਰੇ ਗੋਲੀਕਾਂਡ 'ਚ ਪੁਲਸ ਵੱਲੋਂ ਉਲਟਾ ਪੀੜਤ ਵਿਅਕਤੀਆਂ ਖ਼ਿਲਾਫ਼ ਹੀ ਕੇਸ ਦਰਜ ਕਰਨ ਦਾ ਹੈਰਾਨਕੁੰਨ ਤੇ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਸਥਾਨਕ ਦਾਅਵਤ ਰੈਸਟੋਰੈਂਟ 'ਚ ਕਰਵਾਈ ਗਈ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਰਾਜੇਸ਼ ਕੁਮਾਰ ਬਲਾਕ ਪ੍ਰਧਾਨ ਆਮ ਆਦਮੀ ਪਾਰਟੀ ਤੇ ਪੀੜਤ ਵਿਅਕਤੀਆਂ ਪ੍ਰਵੀਨ ਕੁਮਾਰ ਪੁੱਤਰ ਗੁਰਦਿਆਲ ਚੰਦ ਵਾਸੀ ਪਿੰਡ ਰੌੜੀਆਂ ਆਦਿ ਨੇ ਦੱਸਿਆ ਬਸੀ ਦੌਲਤ ਖਾਂ ਦੇ ਅੱਡੇ 'ਤੇ ਹੋਈ ਲੜਾਈ ਦੌਰਾਨ ਅਸ਼ੋਕ ਕੁਮਾਰ ਨੇ ਜਾਨੋਂ ਮਾਰਨ ਦੀ ਨੀਅਤ ਨਾਲ ਰਿਵਾਲਵਰ ਨਾਲ ਗੋਲੀਆਂ ਚਲਾ ਕੇ ਜਤਿੰਦਰ ਕੁਮਾਰ ਜੋਨੀ ਪੁੱਤਰ ਰਾਜ ਕੁਮਾਰ ਵਾਸੀ ਰੋੜੀਆਂ ਅਤੇ ਮਨਦੀਪ ਕੁਮਾਰ ਮਨੂੰ ਪੁੱਤਰ ਜਗਦੀਸ਼ ਕੁਮਾਰ ਵਾਸੀ ਪਿੰਡ ਰੋੜੀਆਂ ਨੂੰ ਜ਼ਖਮੀ ਕਰ ਦਿੱਤਾ। ਇਸ ਮਾਮਲੇ 'ਚ ਥਾਣਾ ਮਾਡਲ ਟਾਊਨ ਅਧੀਨ ਆਉਂਦੀ ਪੁਲਸ ਚੌਕੀ ਪੁਰਹੀਰਾਂ ਨੇ ਕਾਰਵਾਈ ਕਰਦਿਆਂ ਗੋਲੀ ਚਲਾਉਣ ਵਾਲੇ ਦੁਕਾਨ ਮਾਲਕ ਅਸ਼ੋਕ ਕੁਮਾਰ,ਉਸ ਦੇ ਸਾਲੇ ਰਾਜੀਵ,ਪਿਤਾ ਬੰਸੀ ਲਾਲ ਖਿਲਾਫ ਕੇਸ ਦਰਜ ਕਰ ਦਿੱਤਾ ਅਤੇ ਅਸ਼ੋਕ ਕਮਾਰ ਨੂੰ ਗ੍ਰਿਫਤਾਰ ਕਰ ਲਿਆ। ਪ੍ਰੈੱਸ ਕਾਨਫਰੰਸ ਦੌਰਾਨ ਰਾਜੇਸ਼ ਕੁਮਾਰ ਆਪ ਆਗੂ ਨੇ ਦੱਸਿਆ ਕਿ ਰਾਜਨੀਤਿਕ ਸ਼ਹਿ ਕਾਰਨ ਪੁਲਸ ਵੱਲੋਂ ਬਾਕੀ ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਬਜਾਏ ਸਗੋਂ ਪੀੜਤ ਵਿਅਕਤੀਆਂ ਖਿਲਾਫ ਹੀ 307 ਦਾ ਕੇਸ ਦਰਜ ਕਰ ਲਿਆ ਗਿਆ ਹੈ। ਉਨ੍ਹਾ ਹੈਰਾਨਕੁੰਨ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਗੋਲੀ ਚਲਾਉਣ ਵਾਲਾ ਵਿਅਕਤੀ ਅਸ਼ੋਕ ਕੁਮਾਰ ਹਿਰਾਸਤ 'ਚ ਹੋਣ ਦੇ ਬਾਵਜੂਦ ਉਨ੍ਹਾਂ 'ਤੇ ਰਾਜ਼ੀਨਾਵਾਂ ਕਰਨ ਦਾ ਦਬਾਓ ਬਣਾ ਰਿਹਾ ਹੈ ਅਤੇ ਨਾ ਮੰਨਣ 'ਤੇ ਨੁਕਸਾਨ ਕਰਨ ਦੀਆਂ ਧਮਕੀਆਂ ਦੇ ਰਿਹਾ ਹੈ। ਉਸ ਦਾ ਪਿਤਾ ਬੰਸੀ ਲਾਲ ਬਿਨਾਂ ਕਿਸੇ ਡਰ ਦੇ ਰੋਜ਼ਾਨਾ ਦੁਕਾਨ 'ਤੇ ਆ ਰਿਹਾ ਹੈ। ਪ੍ਰਵੀਨ ਕੁਮਾਰ ਨੇ ਦੱਸਿਆ ਕਿ ਉਕਤ ਵਾਰਦਾਤ ਮੌਕੇ ਜੋਨੀ ਦੇ 4 ਗੋਲੀਆਂ ਜਦਕਿ ਮੰਨੂ ਦੇ ਇੱਕ ਗੋਲੀ ਲੱਗੀ। ਏਨਾ ਹੀ ਨਹੀਂ ਸਾਡੇ ਉੱਪਰ ਵੀ ਮਾਰ ਦੇਣ ਦੀ ਨੀਅਤ ਨਾਲ ਗੋਲੀ ਚਲਾਈ ਪਰ ਹੇਠਾਂ ਬੈਠ ਜਾਣ ਕਾਰਨ ਗੋਲੀ ਉੱਪਰੋਂ ਲੰਘਣ ਨਾਲ ਜਾਨ ਬਚ ਗਈ। ਉਸ ਨੇ ਪੂਰੇ ਦਾਅਵੇ ਨਾਲ ਕਿਹਾ ਕਿ ਉਨ੍ਹਾ ਉੱਪਰ ਰਾਜ਼ੀਨਾਵੇਂ ਦਾ ਦਬਾਓ ਬਣਾਉਣ ਲਈ ਪੁਲਸ ਵੱਲੋਂ ਰਾਜਨੀਤਕ ਸ਼ਹਿ 'ਤੇ ਉਲਟਾ ਉਨ੍ਹਾਂ ਖਿਲਾਫ ਹੀ ਧਾਰਾ 307 ਅਧੀਨ ਕੇਸ ਦਰਜ ਕਰਕੇ ਗ੍ਰਿਫਤਾਰ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਜਦਕਿ ਇਸ ਸਾਰੀ ਵਾਰਦਾਤ 'ਚ ਉਨ੍ਹਾਂ ਕੋਲ ਕੋਈ ਹਥਿਆਰ ਨਹੀਂ ਸੀ। ਜਿਸ ਦਾ ਸਬੂਤ ਸੀਸੀਟੀਵੀ ਫੁਟੇਜ ਵਿੱਚ ਵੀ ਸਾਫ ਦਿਖਾਈ ਦੇ ਰਿਹਾ ਹੈ। ਉਨ੍ਹਾਂ ਜ਼ਿਲ੍ਹਾ ਪੁਲਸ ਮੁਖੀ ਪਾਸੋਂ ਮੰਗ ਕੀਤੀ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਕੇ ਉਨ੍ਹਾਂ ਨਾਲ ਇਨਸਾਫ ਕੀਤਾ ਜਾਵੇ। ਇਸ ਮੌਕੇ ਲਵਲੀ ਸਰਪੰਚ ਪਿੰਡ ਰੌੜੀਆਂ,ਨਿਸ਼ਾ,ਹਰਮੇਸ਼,ਪਵਨਦੀਪ ਕੌਰ ਆਦਿ ਮੌਜੂਦ ਸਨ।

**ਕੀ ਕਹਿਣਾ ਚੌਕੀ ਇੰਚਾਰਜ ਦਾ** : ਇਸ ਮਾਮਲੇ ਸੰਬੰਧੀ ਪੱਖ ਲੈਣ ਲਈ ਸੰਪਰਕ ਕਰਨ 'ਤੇ ਪੁਰਹੀਰਾਂ ਚੌਕੀ ਇੰਚਾਰਜ ਐੱਸ ਆਈ ਰਜਿੰਦਰ ਸਿੰਘ ਨੇ ਦੱਸਿਆ ਕਿ ਦੋਸ਼ ਲਗਾਉਣ ਵਾਲੀ ਪਿੰਡ ਰੋੜਿਆਂ ਵਾਲੀ ਧਿਰ ਬੱਸੀ ਦੌਲਤ ਖਾਂ ਦੁਕਾਨ 'ਤੇ ਹਮਲਾਵਰ ਹੋ ਕੇ ਤੇਜ਼ਧਾਰ ਹਥਿਆਰ ਲੈ ਕੇ ਆਏ ਸਨ, ਇਸੇ ਲਈ ਉਨ੍ਹਾਂ 'ਤੇ ਉਕਤ ਧਾਰਾ 307 ਅਧੀਨ ਪਰਚਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਸੇ ਵੀ ਧਿਰ ਨਾਲ ਬੇਇਨਸਾਫੀ ਹੋਣ ਦੇ ਦੋਸ਼ਾਂ ਨੂੰ ਨਕਾਰ ਦਿੱਤਾ। ਪਰ ਜਦੋਂ ਚੌਕੀ ਇੰਚਾਰਜ ਨਾਲ ਸੀਸੀਟੀਵੀ ਫ਼ੁਟੇਜ ਮੁਤਾਬਕ ਕੋਈ ਹਥਿਆਰ ਨਾ ਹੋਣ ਬਾਰੇ ਦੱਸਿਆ ਤਾਂ ਉਸ ਨੇ ਟਾਲ ਮਟੋਲ ਕਰ ਦਿੱਤਾ।

**ਦੂਜੀ ਧਿਰ ਦਾ ਕੀ ਕਹਿਣਾ** : ਇਸ ਮਾਮਲੇ ਵਿੱਚ ਪੱਖ ਲੈਣ ਲਈ ਸੰਪਰਕ ਕਰਨ 'ਤੇ ਬੱਸੀ ਦੌਲਤ ਖਾਂ ਦੁਕਾਨ ਦੇ ਮਾਲਕ ਬੰਸੀ ਲਾਲ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਕਿਸੇ ਔਰਤ ਨੇ ਫੋਨ ਚੁੱਕਿਆ ਅਤੇ ਬੰਸੀ ਲਾਲ ਨਾਲ ਗੱਲ ਕਰਵਾਉਣ ਲਈ ਕਹਿਣ 'ਤੇ ਉਸ ਨੇ ਫੋਨ ਕੱਟ ਦਿੱਤਾ ਅਤੇ ਵਾਰ ਵਾਰ ਫੋਨ ਕਰਨ 'ਤੇ ਵੀ ਅਟੈਂਡ ਨਹੀਂ ਕੀਤਾ।

## ਡਾ.ਅੰਬੇਡਕਰ ਯੂਥ ਕਲੱਬ ਜੌੜਾ ਵੱਲੋਂ ਪ੍ਰੀ-ਨਿਰਵਾਣ ਦਿਵਸ ਸੰਬੰਧੀ ਸਮਾਰੋਹ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦਾ ਪ੍ਰੀਨਿਰਵਾਣ ਦਿਵਸ ਡਾ. ਅੰਬੇਡਕਰ ਯੂਥ ਕਲੱਬ ਵੱਲੋਂ ਮਨਾਇਆ ਜਾਵੇਗਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਬੰਧਕ ਸੁਧੀਰ ਲਾਖਾ ਤੇ ਸਤੀਸ਼ ਕੁਮਾਰ ਨੇ ਦੱਸਿਆ ਕਿ ਕਲੱਬ ਦੇ ਪ੍ਰਧਾਨ ਪੇਮ ਜੌੜਾ ਦੀ ਅਗਵਾਈ 'ਚ ਹੋਣ ਵਾਲੇ ਸਮਾਗਮ ਦੌਰਾਨ ਡਾ.ਐੱਸ ਪੀ ਸਿੰਘ ਚੀਫ ਮੈਡੀਕਲ ਅਫਸਰ ਅੰਮ੍ਰਿਤਸਰ ਅਤੇ ਅੰਬੇਡਕਰ ਫੋਰਸ ਪੰਜਾਬ ਦੇ ਪ੍ਰਧਾਨ ਅਨਿਲ ਕੁਮਾਰ ਬਾਗਾ ਮਿਸ਼ਨਰੀ ਪ੍ਰਿਆ ਅੰਬੇਡਕਰ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਣਗੇ ਜਦਕਿ ਇਸ ਮੌਕੇ ਪ੍ਰਗਤੀ ਕਲਾ ਕੇਂਦਰ ਲਾਦੜਾ ਅਤੇ ਰਿਆਜ ਥੀਏਟਰ ਅੰਮ੍ਰਿਤਸਰ ਵੱਲੋਂ ਬਾਬਾ ਸਾਹਿਬ ਦੀ ਜੀਵਨੀ ਸੰਬੰਧੀ ਨਾਟਕ ਅਤੇ ਕੋਰੀਓਗ੍ਰਾਫੀ ਦੀ ਪੇਸ਼ਕਾਰੀ ਕੀਤੀ ਜਾਵੇਗੀ।

# ਸਰਕਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰੇ ਤੇ ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕਰੇ : ਪ ਸ ਸ ਫ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਨਾਲ ਕੀਤੇ ਚੋਣ ਵਾਅਦਿਆਂ ਅਨੁਸਾਰ ਮੁਲਾਜ਼ਮ ਮੰਗਾਂ ਪ੍ਰਤੀ ਕੋਈ ਸਾਰਥਕ ਹੁੰਗਾਰਾ ਨਾ ਭਰਨ ਦੇ ਵਿਰੋਧ ਵਿਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1406-22 ਬੀ ਚੰਡੀਗੜ੍ਹ ) ਵੱਲੋਂ ਆਰੰਭੇ ਸੂਬਾ ਪੱਧਰੀ ਸੰਘਰਸ਼ ਦੀ ਪਹਿਲੀ ਕੜੀ ਤਹਿਤ ਸਮੁੱਚੇ ਸੂਬੇ ਵਿਚ 5 ਤੋਂ 25 ਦਸੰਬਰ ਤੱਕ ਬਲਾਕ ਪੱਧਰੀ ਰੈਲੀਆਂ ਕੀਤੀਆਂ ਜਾ ਰਹੀਆਂ ਹਨ, ਇਸ ਸੰਬੰਧ 'ਚ ਬਲਾਕ ਗੜ੍ਹਸ਼ੰਕਰ ਦੇ ਮੁਲਾਜ਼ਮਾਂ ਨੇ ਸਾਥੀ ਮੱਖਣ ਵਾਹਿਦਪੁਰੀ, ਸਾਥੀ ਅਮਰੀਕ ਸਿੰਘ, ਸਾਥੀ ਸਾਮ ਸੁੰਦਰ ਕਪੂਰ ਤੇ ਬੀਬੀ ਸ਼ਰਮੀਲਾ ਰਾਣੀ ਦੀ ਅਗਵਾਈ 'ਚ ਗਾਂਧੀ ਪਾਰਕ ਵਿਖੇ ਰੋਹ ਭਰਪੂਰ ਰੈਲੀ ਕਰਨ ਉਪਰੰਤ ਸ਼ਹਿਰ ਵਿਚ ਰੋਸ ਮਾਰਚ ਕੀਤਾ। ਰੈਲੀ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਕੀਤੇ ਚੋਣ ਵਾਅਦਿਆਂ ਨੂੰ ਪੂਰਾ ਕਰਨ ਕਰਨ ਲਈ ਕੋਈ ਗੰਭੀਰ ਯਤਨ ਨਹੀਂ ਕਰ ਰਹੀ ਹੈ, ਉਲਟਾ ਪਹਿਲੀਆਂ ਸਰਕਾਰਾਂ ਵਾਂਗ ਹੀ ਹੱਕ ਮੰਗਦੇ ਲੋਕਾਂ ਤੇ ਲਾਠੀਆਂ ਵਰ੍ਹਾ ਰਹੀ ਹੈ। ਮੁਲਾਜ਼ਮਾਂ ਦੀਆਂ ਵਾਜਬ ਮੰਗਾਂ ਦਾ ਹੱਲ ਕਰਨ ਲਈ ਵੀ ਸਰਕਾਰ ਮੁਲਾਜ਼ਮ ਜਥੇਬੰਦੀਆਂ ਨਾਲ ਵੀ ਕੋਈ ਸਾਰਥਕ ਤਾਲਮੇਲ ਨਹੀਂ ਬਿਠਾ ਸਕੀ ਜਿਸ ਕਾਰਨ ਪੰਜਾਬ ਦੇ ਮੁਲਾਜ਼ਮਾਂ ਵਿਚ ਸਰਕਾਰ ਪ੍ਰਤੀ ਰੋਹ ਅਤੇ ਗੁੱਸਾ ਵਧਦਾ ਜਾ ਰਿਹਾ ਹੈ। ਇਸ ਸਮੇਂ ਮੁਲਾਜ਼ਮਾਂ ਨੇ ਮੰਗ ਕੀਤੀ ਹਰ ਤਰ੍ਹਾਂ ਦੇ ਕੱਚੇ, ਡੇਲੀਵੇਜ਼ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਸਕੇਲ ਦੇ ਕੇ ਪੱਕਾ ਕੀਤਾ ਜਾਵੇ , ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ ਤੇ ਸਰਕਾਰ ਪੁਰਾਣੀ ਪੈਨਸ਼ਨ ਬਹਾਲੀ ਵਾਰੇ ਪੂਰਨ ਨੋਟੀਫਿਕੇਸ਼ਨ ਤੁਰੰਤ ਜਾਰੀ ਕਰੇ, ਪੇ-ਕਮਿਸ਼ਨ ਦੀਆਂ ਸਿਫਾਰਸ਼ਾਂ ਸੋਧ ਕੇ ਲਾਗੂ ਕੀਤੀਆਂ ਜਾਣ , ਖਾਲੀ ਪੋਸਟਾਂ ਤੁਰੰਤ ਭਰੀਆਂ ਜਾਣ , ਡੀ.ਏ.ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ , ਬੰਦ ਕੀਤੇ ਭੱਤੇ ਬਹਾਲ ਕੀਤੇ ਜਾਣ, ਆਂਗਨਵਾੜੀ ਵਰਕਰਜ਼, ਆਸ਼ਾ ਵਰਕਰਜ਼ ਤੇ ਮਿਡ-ਡੇ-ਮੀਲ ਵਰਕਰਜ਼ ਨੂੰ ਘੱਟੋ-ਘੱਟ ਉਜਰਤ ਦੇ ਘੇਰੇ ਹੇਠ ਲਿਆਂਦਾ ਜਾਵੇ, ਨਜਾਇਜ਼ ਕਬਜ਼ੇ ਹਟਾਉਣ ਦੇ ਨਾਂ 'ਤੇ ਗਰੀਬਾਂ ਦਾ ਉਜਾੜਾ ਬੰਦ ਕੀਤਾ ਜਾਵੇ। ਇਸ ਸਮੇਂ ਮੰਗ ਕੀਤੀ ਗਈ ਕਿ ਮਹਿੰਦਵਾਨੀ ਸੰਘਰਸ਼ ਮੋਰਚਾ ਤੇ ਪ੍ਰਸ਼ਾਸਨ ਵਿਚ ਹੋਏ ਸਮਝੌਤੇ ਨੂੰ ਤੁਰੰਤ ਲਾਗੂ ਕੀਤਾ ਜਾਵੇ। ਜੇਕਰ ਸਰਕਾਰ ਨੇ ਇਹਨਾਂ ਮੰਗਾਂ ਦਾ ਕੋਈ ਸਾਰਥਕ ਹੱਲ ਨਾ ਕੀਤਾ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਸਮੇਂ ਬਲਵੀਰ ਸਿੰਘ ਬੈਂਸ, ਜੀਤ ਸਿੰਘ ਬਗਵਾਈਂ , ਸੁਰਜੀਤ ਕਾਲਾ (ਜਲ ਸਰੋਤ ਵਿਭਾਗ ) ਜਗਦੀਸ਼ ਰਾਮ, ਰਮਨ ਕੁਮਾਰ, ਗੁਰਦੀਪ ਬੇਦੀ, ਗੁਰਨਾਮ ਸਿੰਘ, ਸਤੀਸ਼ ਕੁਮਾਰ (ਪੀ ਡਬਲਯੂ ਡੀ) ਨਰਿੰਦਰ ਕੌਰ, ਰੇਖਾ ਰਾਣੀ, ਸੰਜੋਗਤਾ (ਮਿਡ-ਡੇ-ਮੀਲ ਵਰਕਰਜ਼) ਸਤਪਾਲ ਮਿਨਹਾਸ ਪੁਰਾਣੀ ਪੈਨਸ਼ਨ ਬਹਾਲ ਕਮੇਟੀ, ਸੁੱਚਾ ਸਿੰਘ ਸਤਨੌਰ ਪੈਨਸ਼ਨਰ ਆਗੂ, ਪਵਨ ਕੁਮਾਰ ਜੰਗਲਾਤ ਵਰਕਰ ਯੂਨੀਅਨ, ਜਸਵਿੰਦਰ ਕੌਰ, ਨਿਰਮਲਾ ਦੇਵੀ, ਸ਼ਸ਼ੀ ਬਾਲਾ, ਸੀਮਾ, ਪ੍ਰਵੀਨ ਕੁਮਾਰ, ਕਸ਼ਮੀਰ ਕੌਰ ਨੇ ਵੀ ਸੰਬੋਧਨ ਕੀਤਾ।



## ਸਮਾਜਕ ਸੁਰੱਖਿਆ ਵਿਭਾਗ ਦੇ 18 ਸੁਪਰਵਾਈਜ਼ਰਾਂ ਨੂੰ ਸੀ ਡੀ ਪੀ ਓ ਵਜੋਂ ਤਰੱਕੀ

**ਚੰਡੀਗੜ੍ਹ, (ਗੁਰਜੀਤ ਬਿੱਲਾ)** ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਮੁਲਾਜ਼ਮਾਂ ਦੀ ਭਲਾਈ ਅਤੇ ਸਮਾਂਬੱਧ ਸਹੂਲਤਾਂ ਲਈ ਵਚਨਬੱਧ ਹੈ। ਇਸੇ ਤਹਿਤ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ 18 ਸੁਪਰਵਾਈਜ਼ਰਾਂ ਨੂੰ ਤਰੱਕੀ ਦਾ ਤੋਹਫਾ ਦਿੰਦੇ ਹੋਏ ਬਾਲ ਵਿਕਾਸ ਪ੍ਰੋਜੈਕਟ ਅਫਸਰ ਬਣਾਇਆ ਗਿਆ। ਇਹ ਪ੍ਰਗਟਾਵਾ ਕਰਦੇ ਹੋਏ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਬਾਰੇ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਦੀਆਂ ਪੈਨਸਨ ਸੰਬੰਧੀ ਸਮੇਂ ਸਿਰ ਮੁਸ਼ਕਲਾਂ ਹੱਲ ਕਰਨ ਲਈ ਅਤੇ ਮੁਲਾਜ਼ਮਾਂ ਦੀ ਤਰੱਕੀਆਂ ਸੰਬੰਧੀ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਪੂਰੀਆਂ ਕਰ ਦਿੱਤੀਆਂ ਹਨ। ਇਸ ਮੌਕੇ ਪਦਉਨਤ ਸੀ ਡੀ ਪੀ ਓ ਨੂੰ ਵਧਾਈ ਦਿੰਦਿਆਂ ਸਮਾਜਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸਮਰਪਣ ਭਾਵਨਾ ਅਤੇ ਇਮਾਨਦਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਇਹ ਵਿਭਾਗ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਦਾ ਹੈ। ਇਸ ਲਈ ਅਧਿਕਾਰੀਆਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਹਮੇਸ਼ਾ ਸੇਵਾ ਭਾਵਨਾ ਨਾਲ ਡਿਊਟੀ ਨਿਭਾਉਣ।

ਜ਼ਿਕਰਯੋਗ ਹੈ ਕਿ ਵਿਭਾਗ ਦੇ ਪਦਉੱਨਤ 18 ਸੀ ਡੀ ਪੀ ਓ ਵਿੱਚ ਦੋ ਅਨੁਸੂਚਿਤ ਸ਼੍ਰੇਣੀ ਨਾਲ ਸੰਬੰਧਤ ਅਧਿਕਾਰੀ ਵੀ ਸ਼ਾਮਲ ਹਨ।

## ਪੰਜਾਬ ਦੇ ਵਿੱਤ ਮੰਤਰੀ ਵੱਲੋਂ ਸਿੱਖਿਆ ਨਾਲ ਸੰਬੰਧਤ ਸਮਾਨ 'ਤੇ ਜੀ ਐਸ ਟੀ 'ਚ ਵਾਧੇ ਦਾ ਵਿਰੋਧ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਵਿੱਤ, ਯੋਜਨਾ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਵੀਡੀਓ ਕਾਨਫਰੰਸਿੰਗ ਰਾਹੀਂ ਜੀ ਐਸ ਟੀ ਕੌਂਸਲ ਦੀ 48ਵੀਂ ਮੀਟਿੰਗ 'ਚ ਹਿੱਸਾ ਲੈਂਦਿਆਂ ਸਿੱਖਿਆ ਨਾਲ ਸੰਬੰਧਤ ਵਸਤਾਂ 'ਤੇ ਜੀ ਐਸ ਟੀ 'ਚ ਕਿਸੇ ਵੀ ਤਰ੍ਹਾਂ ਦੇ ਵਾਧੇ ਨੂੰ ਵਿਦਿਆਰਥੀਆਂ ਦੇ ਹਿੱਤਾਂ ਖਿਲਾਫ ਕਦਮ ਦੱਸਦਿਆਂ ਪੈਨਸਿਲ ਸ਼ਾਰਪਨਰਾਂ 'ਤੇ ਜੀ ਐਸ ਟੀ ਨੂੰ ਮੌਜੂਦਾ 12 ਫੀਸਦੀ ਤੋਂ ਵਧਾ ਕੇ 18 ਫੀਸਦੀ ਦੀ ਸਲੈਬ 'ਤੇ ਲਿਆਉਣ ਦੀ ਤਜਵੀਜ਼ ਦਾ ਵਿਰੋਧ ਕੀਤਾ।

ਪੰਜਾਬ ਦੇ ਵਿੱਤ ਮੰਤਰੀ ਵੱਲੋਂ ਉਠਾਏ ਗਏ ਇਸ ਨੁਕਤੇ ਦਾ ਕਈ ਹੋਰ ਰਾਜਾਂ ਦੇ ਨੁਮਾਇੰਦਿਆਂ ਨੇ ਵੀ ਸਮਰਥਨ ਕੀਤਾ, ਜਿਸ ਤੋਂ ਬਾਅਦ ਇਸ ਸੰਬੰਧੀ ਫੈਸਲਾ ਟਾਲ ਦਿੱਤਾ ਗਿਆ। ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ, ਜੋ ਕਿ ਜੀ ਐਸ ਟੀ ਕੌਂਸਲ ਦੇ ਚੇਅਰਪਰਸਨ ਹਨ, ਦੀ ਅਗਵਾਈ ਹੇਠ ਹੋਈ ਕੌਂਸਲ ਦੀ ਮੀਟਿੰਗ ਦੌਰਾਨ ਸੂਬੇ ਤੇ ਦੇਸ਼ ਦੋਵਾਂ ਦੇ ਹਿੱਤਾਂ ਨੂੰ ਪੂਰਾ ਕਰਨ ਵਾਲੀਆਂ ਫਿਟਮੈਂਟ ਕਮੇਟੀ ਦੀਆਂ ਵੱਖ-ਵੱਖ ਸਿਫਾਰਸ਼ਾਂ 'ਤੇ ਸਹਿਮਤੀ ਪ੍ਰਗਟਾਉਂਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਅਹਿਮ ਵਿਚਾਰ ਪੇਸ਼ ਕੀਤੇ।

ਇਸੇ ਦੌਰਾਨ ਪੈਟਰੋਲ ਨਾਲ ਮਿਲਾਵਟ ਕਰਨ ਲਈ ਰਿਫਾਇਨਰੀਆਂ ਨੂੰ ਸਪਲਾਈ ਕੀਤੇ ਜਾਣ ਵਾਲੇ ਈਥਾਈਲ ਅਲਕੋਹਲ ਲਈ ਜੀ ਐਸ ਟੀ ਦੀਆਂ ਦਰਾਂ ਵਿੱਚ ਤਬਦੀਲੀ ਬਾਰੇ ਇੱਕ ਹੋਰ ਸਿਫਾਰਸ਼ ਦਾ ਵਿਰੋਧ ਕਰਦਿਆਂ ਚੀਮਾ ਨੇ ਕਿਹਾ ਕਿ ਪੈਟਰੋਲ ਨਾਲ ਮਿਲਾਉਣ ਲਈ ਰਿਫਾਇਨਰੀਆਂ ਨੂੰ ਸਪਲਾਈ ਕੀਤੇ ਜਾਣ ਵਾਲੇ ਈਥਾਈਲ ਅਲਕੋਹਲ ਲਈ ਜੀ ਐਸ ਟੀ ਦਰਾਂ ਵਿੱਚ ਬਦਲਾਅ ਨਾਲ ਈ.ਐਨ.ਏ ਦੀ ਦੁਰਵਰਤੋਂ ਅਤੇ ਟੈਕਸ ਦੀ ਚੋਰੀ ਨੂੰ ਰੋਕਣਾ ਇੱਕ ਵੱਡੀ ਚੁਣੌਤੀ ਹੋਵੇਗਾ।

ਉਨ੍ਹਾਂ ਨੇ ਇਸ ਸੰਬੰਧ 'ਚ ਆਪਣੀ ਅਸਹਿਮਤੀ ਜ਼ਾਹਰ ਕਰਦਿਆਂ ਭਾਰਤ ਦੀ ਸਰਬਉੱਚ ਅਦਾਲਤ ਵੱਲੋਂ ਹਾਲ ਹੀ 'ਚ ਕੀਤੀ ਗਈ ਟਿੱਪਣੀ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਪਹਿਲਾਂ ਹੀ ਈ.ਐਨ.ਏ ਦੇ ਗੈਰ-ਕਾਨੂੰਨੀ ਵਪਾਰ ਵਿਰੁੱਧ ਜੰਗ ਲੜ ਰਹੀ ਹੈ। ਈ-ਵੇਅ ਬਿੱਲਾਂ ਸੰਬੰਧੀ ਨਿਯਮ 138 ਦੇ ਉਪ-ਨਿਯਮ (14) ਦੀ ਧਾਰਾ (ਡੀ) ਨੂੰ ਹਟਾਉਣ ਬਾਰੇ ਇਕ ਹੋਰ ਏਜੰਡੇ 'ਤੇ ਅਸਹਿਮਤ ਹੁੰਦਿਆਂ, ਪੰਜਾਬ ਦੇ ਵਿੱਤ ਮੰਤਰੀ ਨੇ ਕਿਹਾ ਕਿ ਇਹ ਕਦਮ ਨਾਲ ਰਾਜ ਦੀ ਅੰਦਰੂਨੀ ਸਪਲਾਈ 'ਤੇ ਈ-ਵੇਅ ਬਿੱਲ ਜਾਰੀ ਕਰਨ ਦੀ ਸੀਮਾ ਨਿਰਧਾਰਤ ਕਰਨ ਦੀ ਸ਼ਕਤੀ ਖਤਮ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਵੱਲੋਂ ਪਹਿਲਾਂ ਹੀ ਇਸ ਸੰਬੰਧ 'ਚ ਬੇਨਤੀ ਕੀਤੀ ਗਈ ਹੈ ਕਿ ਕਾਨੂੰਨੀ ਸੋਧ ਕਰਦਿਆਂ ਰਾਜਾਂ ਨੂੰ ਇਹ ਸ਼ਕਤੀ ਦਿੱਤੀ ਜਾਵੇ ਕਿ ਉਹ ਅਜਿਹੀਆਂ ਵਸਤਾਂ ਜੋ ਕਿ ਰਾਜ ਦੇ ਅਰਥਚਾਰੇ ਲਈ ਮਹੱਤਵਪੂਰਨ ਹੋਣ 'ਤੇ ਆਪਣੀ ਮਰਜ਼ੀ ਅਨੁਸਾਰ ਈ-ਵੇਅ ਬਿੱਲ ਜਾਰੀ ਕਰਨ ਦੀ ਸੀਮਾਂ ਨਿਰਧਾਰਤ ਕਰ ਸਕਣ। ਉਨ੍ਹਾਂ ਕਿਹਾ ਕਿ ਸੂਬੇ ਦੇ ਮਾਲੀਏ ਦੇ ਨਜ਼ਰੀਏ ਤੋਂ ਅਜਿਹਾ ਕਰਨਾ ਮਹੱਤਵਪੂਰਨ ਹੋਵੇਗਾ। ਜੀ ਐਸ ਟੀ ਕੌਂਸਲ ਨੇ ਇਸ ਸੰਬੰਧ 'ਚ ਸਥਿਤੀ ਜਿਉਂ ਦੀ ਤਿਉਂ ਰੱਖਣ ਲਈ ਸਹਿਮਤੀ ਦਿੱਤੀ।

# ਸੰਤ ਨਿਰਮਲ ਦਾਸ ਬਾਬੇ ਜੌੜੇ ਪਿੰਡ ਖ਼ਾਨਪੁਰ ਅਹੀਰ ਪਰਵਾਰ ਦੇ ਘਰ ਪਧਾਰੇ



**ਹੁਸ਼ਿਆਰਪੁਰ (ਓ ਪੀ ਰਾਣਾ )** ਸੰਤ ਸਮਾਜ ਦੀ ਮਹਾਨ ਸ਼ਖਸੀਅਤ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਅਤੇ ਗਦੀ ਨਸ਼ੀਨ ਡੇਰਾ 108 ਸੰਤ ਬਾਬਾ ਪ੍ਰੀਤਮ ਦਾਸ ਜੀ ਬਾਬੇ ਜੌੜੇ ਰਾਏਪੁਰ ਪਿੰਡ ਖ਼ਾਨਪੁਰ ਵਿਖੇ ਪ੍ਰਸ਼ੋਤਮ ਰਾਜ ਅਹੀਰ ਸੂਬਾ ਪ੍ਰਧਾਨ ਲੇਬਰ ਵਿੰਗ ਸੰਯੁਕਤ ਸਮਾਜ ਮੋਰਚਾ ਪੰਜਾਬ ਦੇ ਘਰ ਪਹੁੰਚੇ। ਉਨ੍ਹਾ ਦੇ ਨਾਲ ਸੰਤ ਜਗੀਰ ਸਿੰਘ ਮਕਸੂਦਾਂ, ਸੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਊਂਡੇਸ਼ਨ ਭਾਰਤ, ਪ੍ਰੀਤ ਬੇਗਮਪੁਰਾ ਜਥਾ ਹਰਿਆਣਾ ਵੀ ਸਨ। ਸੰਤ ਮਹਾਂਪੁਰਸ਼ਾਂ ਦੇ ਨਗਰ ਵਿੱਚ ਪਧਾਰਨ ਤੇ ਭਾਰੀ ਗਿਣਤੀ 'ਚ ਸੰਗਤਾਂ ਨੇ ਨਿੱਘਾ ਸਵਾਗਤ ਕੀਤਾ। ਸੰਤ ਨਿਰਮਲ ਦਾਸ ਜੀ ਸੰਗਤਾਂ ਦੀ ਸੇਵਾ ਦੇ ਸਮਾਜਕ ਕੰਮ ਵੱਡੇ ਪੱਧਰ ਉੱਤੇ ਚਲਾਉਣ, ਬੱਚਿਆਂ ਨੂੰ ਸਿੱਖਿਆ ਮੁਹੱਈਆ ਕਰਵਾਉਣ, ਗਰੀਬ ਗੁਰਬੇ ਨੂੰ ਸਿਹਤ ਸੁਵਿਧਾਵਾਂ ਦੇਣਾ, ਜਿਸ ਵਿੱਚ ਬਾਬਾ ਪ੍ਰੀਤਮ ਦਾਸ ਚੈਰੀਟੇਬਲ ਹਸਪਤਾਲ ਰਾਏਪੁਰ ਦਾ ਮਹਾਨ ਯੋਗਦਾਨ ਹੈ, ਜਿਥੇ ਅੱਖਾਂ ਦਾ ਇਲਾਜ, ਮੁਫ਼ਤ ਅਪ੍ਰੇਸ਼ਨ, ਲੈਂਜ਼ ਪਾਉਣ ਦੀ ਸੇਵਾ ਹਰ ਸਾਲ ਕੈਂਪ ਲਗਾ ਕੇ ਵੱਡੇ ਪੱਧਰ 'ਤੇ ਉਚਕੋਟੀ ਦੇ ਡਾਕਟਰਾਂ ਦੁਆਰਾ ਨਿਭਾਈ ਜਾਂਦੀ ਹੈ। ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਦੇ ਪ੍ਰਚਾਰ ਲਈ ਗੁਰੂਘਰਾਂ ਦੀ ਉਸਾਰੀ ਵੀ ਕਰਵਾਈ ਜਾ ਰਹੀ ਹੈ। ਇਸ ਸਮੇਂ ਪ੍ਰਸ਼ੋਤਮ ਅਹੀਰ ਤੇ ਨਗਰ ਦੀਆਂ ਸੰਗ ਵੱਲੋਂ ਮਹਾਂਪੁਰਸ਼ਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਅਤੇ ਸਮਾਜਕ ਮਸਲਿਆਂ ਉਪਰ ਵੀ ਚਰਚਾ ਵੀ ਕੀਤੀ।

## ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਸੂਬਾਈ ਸਕੂਲਿੰਗ 21-22 ਨੂੰ ਜਲੰਧਰ 'ਚ : ਨੂਰਪੁਰੀ

**ਬਹਿਰਾਮ (ਅਵਤਾਰ ਕਲੇਰ)** ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਯੂਨੀਅਨ ਦੀ ਸੂਬਾਈ ਸਕੂਲਿੰਗ 21-22 ਦਸੰਬਰ ਨੂੰ 80-81 ਬਦਰੀ ਦਾਸ ਕਲੋਨੀ ਜਲੰਧਰ ਵਿਖੇ ਹੋਵੇਗੀ।

ਇਸ ਸਕੂਲਿੰਗ ਵਿੱਚ ਪਹਿਲੇ ਦਿਨ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਸਾਥੀ ਸੁਖਵਿੰਦਰ ਸਿੰਘ ਸੇਖੋਂ ਅਤੇ ਯੂਨੀਅਨ ਦੇ ਕੌਮੀ ਜਾਇੰਟ ਸਕੱਤਰ ਸਾਥੀ ਵਿਕਰਮ ਕਲਾਸ ਨੂੰ ਲੈਕਚਰ ਦੇਣਗੇ ਅਤੇ ਦੂਜੇ ਦਿਨ ਕੁਲ ਹਿੰਦ ਕਿਸਾਨ ਸਭਾ ਦੇ ਕੌਮੀ ਪ੍ਰਧਾਨ ਸਾਥੀ ਅਸ਼ੋਕ ਧਾਵਲੇ ਲੈਕਚਰ ਦੇਣਗੇ। ਯੂਨੀਅਨ ਵੱਲੋਂ ਕੇਂਦਰੀ ਆਗੂਆਂ ਦੀ ਹਾਜ਼ਰੀ 'ਚ ਯੂਨੀਅਨ ਦਾ ਮੈਗਜ਼ੀਨ "ਕੰਮੀਆਂ ਦੀ ਲਹਿਰ" ਡਾਇਰੀ ਅਤੇ ਨਵੇਂ ਸਾਲ ਦਾ ਕੈਲੰਡਰ ਰਿਲੀਜ਼ ਕੀਤਾ ਜਾਵੇਗਾ। ਕਾਮਰੇਡ ਨੂਰਪੁਰੀ ਨੇ ਦੱਸਿਆ ਕਿ ਕਲਾਸ ਠੀਕ 11 ਵਜੇ ਸ਼ੁਰੂ ਹੋਵੇਗੀ।

## ਪੰਚਾਇਤ ਯੂਨੀਅਨ ਫਗਵਾੜਾ ਦੀ ਚੋਣ ਸੰਬੰਧੀ ਮੀਟਿੰਗ ਕੱਲ੍ਹ

**ਫਗਵਾੜਾ (ਡਾ. ਰਮਨ) :** ਬਲਾਕ ਫਗਵਾੜਾ ਦੇ ਸਮੂਹ ਸਰਪੰਚਾਂ ਦੀ ਇਕ ਮੀਟਿੰਗ 20 ਦਸੰਬਰ ਨੂੰ ਬੀ ਡੀ ਪੀ ਓ ਦਫਤਰ ਫਗਵਾੜਾ ਵਿਖੇ ਬੁਲਾਈ ਗਈ ਹੈ, ਜਿਸ 'ਚ ਪੰਚਾਇਤ ਯੂਨੀਅਨ ਬਲਾਕ ਫਗਵਾੜਾ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਜਾਵੇਗੀ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਕੁਲਵਿੰਦਰ ਸਿੰਘ ਸਰਪੰਚ ਅਠੌਲੀ, ਦੇਸਰਾਜ ਝਮਟ ਸਰਪੰਚ ਬਘਾਣਾ, ਰਾਮਪਾਲ ਸਰਪੰਚ ਸਾਹਨੀ, ਦੇਸਰਾਜ ਝੱਲੀ ਸਰਪੰਚ ਭਾਣੋਕੀ, ਗੁਲਜ਼ਾਰ ਸਿੰਘ ਸਰਪੰਚ ਅਕਾਲਗੜ੍ਹ, ਸੁਖਵਿੰਦਰ ਸਿੰਘ ਸਰਪੰਚ ਮਹੇੜੂ ਅਤੇ ਜਥੇਦਾਰ ਰਜਿੰਦਰ ਸਿੰਘ ਫੌਜੀ ਸਰਪੰਚ ਨਾਰੰਗਸ਼ਾਹਪੁਰ ਤੋਂ ਇਲਾਵਾ ਬੀਬੀ ਕਸ਼ਮੀਰ ਕੌਰ ਬੇਗਮਪੁਰ, ਮਾਸਟਰ ਹਰਭਜਨ ਸਿੰਘ ਸਰਪੰਚ ਭੁੱਲਾਰਾਈ ਅਤੇ ਹਰਜੀਤ ਸਿੰਘ ਸਰਪੰਚ ਬੋਹਾਨੀ ਨੇ ਦੱਸਿਆ ਕਿ ਪਿੰਡਾਂ ਦੇ ਰੁਕੇ ਹੋਏ ਵਿਕਾਸ, ਸਰਪੰਚਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ, ਕਾਫੀ ਸਮੇਂ ਤੋਂ ਸਰਪੰਚਾਂ ਨੂੰ ਮਾਣਭੱਤੇ ਦੀ ਅਦਾਇਗੀ ਨਾ ਹੋਣ ਤੋਂ ਇਲਾਵਾ ਵੱਖ-ਵੱਖ ਦਫਤਰਾਂ 'ਚ ਸਰਪੰਚਾਂ ਨੂੰ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ, ਵਿਕਾਸ ਦੇ ਕੰਮ ਕਰਵਾਉਣ ਲਈ ਆਉਣ ਸਮੇਂ ਪੂਰਾ ਮਾਨ ਸਤਿਕਾਰ ਯਕੀਨੀ ਬਣਾਉਣ ਆਦਿ ਮੁੱਦਿਆਂ ਨੂੰ ਮੁੱਖ ਰੱਖਦੇ ਹੋਏ 20 ਦਸੰਬਰ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਉਕਤ ਮੀਟਿੰਗ ਬੁਲਾਈ ਗਈ ਹੈ। ਉਨ੍ਹਾਂ ਬਲਾਕ ਫਗਵਾੜਾ ਦੇ ਸਮੂਹ ਸਰਪੰਚਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਇਸ ਮੀਟਿੰਗ 'ਚ ਆਪਣੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ। ਇਸ ਮੌਕੇ ਸੋਮਨਾਥ ਸਰਪੰਚ ਕ੍ਰਿਪਾਲਪੁਰ ਕਲੋਨੀ, ਸਤਨਾਮ ਸਿੰਘ ਸਿੱਧੂ ਸਰਪੰਚ ਸੁੰਨੜਾ ਰਾਜਪੂਤਾਂ, ਆਗਿਆਪਾਲ ਸਿੰਘ ਸਰਪੰਚ ਖਲਵਾੜਾ, ਗੁਰਦੀਪ ਕੁਮਾਰ ਬੰਗੜ ਜਮਾਲਪੁਰ, ਹਰਜੀਤ ਸਿੰਘ ਸਰਪੰਚ ਪਾਂਛਟਾ, ਖੇਮਰਾਜ ਸਰਪੰਚ ਢੱਡੇ, ਰਾਮ ਲੁਭਾਇਆ ਸਰਪੰਚ ਨਾਨਕ ਨਗਰੀ, ਬਲਵਿੰਦਰ ਕੌਰ ਸਰਪੰਚ ਹਰਦਾਸਪੁਰ, ਇੰਦਰਜੀਤ ਕੌਰ ਸਰਪੰਚ ਮਸਤ ਨਗਰ, ਕੁਲਵਿੰਦਰ ਕੁਮਾਰ ਸਰਪੰਚ ਚੱਕ ਹਕੀਮ, ਕਮਲੇਸ਼ ਕੌਰ ਸਰਪੰਚ ਗੰਢਵਾਂ, ਬਲਵਿੰਦਰ ਕੌਰ ਸਰਪੰਚ ਹਰਦਾਸਪੁਰ, ਸੰਤੋਸ਼ ਕੁਮਾਰੀ ਸਰਪੰਚ ਜਗਤਪੁਰ ਜੱਟਾਂ, ਜਗਜੀਵਨ ਲਾਲ ਸਰਪੰਚ ਖਲਵਾੜਾ ਕਲੋਨੀ, ਨਿਰਮਲਜੀਤ ਸਰਪੰਚ ਲੱਖਪੁਰ, ਪਲਵਿੰਦਰ ਕੌਰ ਸਰਪੰਚ ਮਾਧੋਪੁਰ, ਸੁਰਿੰਦਰ ਪਾਲ ਸਰਪੰਚ ਮੇਹਟਾਂ, ਸੁਰਿੰਦਰ ਕੁਮਾਰ ਸਰਪੰਚ ਨੰਗਲ, ਜਸਪਾਲ ਕੌਰ ਸਰਪੰਚ ਨਾਰੰਗਪੁਰ, ਦਵਿੰਦਰ ਸਿੰਘ ਸਰਪੰਚ ਖਲਿਆਣ, ਰਜਿੰਦਰ ਸਿੰਘ ਚੰਦੀ ਸਰਪੰਚ ਰਾਣੀਪੁਰ ਕੰਬੋਆਂ, ਹਰਦੀਪ ਸਿੰਘ ਸਰਪੰਚ ਰਿਹਾਣਾ ਜੱਟਾਂ, ਰਾਮਪਾਲ ਸਾਹਨੀ ਸਰਪੰਚ, ਗੁਰਦੀਪ ਕੌਰ ਸਰਪੰਚ ਸੀਕਰੀ, ਬਲਜਿੰਦਰ ਕੌਰ ਸਰਪੰਚ ਟਾਂਡਾ ਬਘਾਣਾ, ਸਿਮਰਜੀਤ ਕੌਰ ਸਰਪੰਚ ਠੱਕਰਕੀ ਆਦਿ ਮੌਜੂਦ ਸਨ।

## ਸਪੈਸ਼ਲ ਬੱਚਿਆਂ ਦੀ ਸੇਵਾ ਮਾਨਵਤਾ ਦੀ ਸੱਚੀ ਸੇਵਾ : ਰਾਘਵ ਵਾਸਲ

**ਹੁਸ਼ਿਆਰਪੁਰ, ( ਬਲਵੀਰ ਸਿੰਘ ਸੈਣੀ)** -ਜੇ.ਐਸ.ਐਸ. ਆਸ਼ਾ ਕਿਰਨ ਸਪੈਸ਼ਲ ਸਕੂਲ ਅਤੇ ਟ੍ਰੇਨਿੰਗ ਇੰਸਟੀਚਿਊਟ, ਜਹਾਨ ਖੇਲਾਂ ਹੁਸ਼ਿਆਰਪੁਰ 'ਚ ਦੋ ਦਿਵਸੀ ਸੀ.ਆਰ.ਈ. ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਰਾਘਵ ਵਾਸਲ ਸਨ। (ਸੀ.ਈ.ਓ. ਵਸਲ ਐਜੂਕੇਸ਼ਨ ਗਰੁੱਪ ਹੁਸ਼ਿਆਰਪੁਰ)। ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਤਰਨਜੀਤ ਸਿੰਘ ਸੀ.ਏ. ਨੇ ਰਾਘਵ ਵਾਸਲ ਦਾ ਧੰਨਵਾਦ ਕੀਤਾ। ਰਾਘਵ ਵਾਸਲ ਨੇ ਜੋਤੀ ਜਗਾ ਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ। ਤਰਨਜੀਤ ਸਿੰਘ ਸੀ.ਏ.ਨੇ ਦੱਸਿਆ ਕਿ ਵਸਲ ਐਜੂਕੇਸ਼ਨ ਗਰੁੱਪ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ 7 ਸਕੂਲ ਚਲਾ ਰਿਹਾ ਹੈ। ਆਸ਼ਾਦੀਪ ਵੈਲਫੇਅਰ ਸੁਸਾਇਟੀ ਦੇ ਸਲਾਹਕਾਰ ਪਰਮਜੀਤ ਸਿੰਘ ਸਚਦੇਵਾ ਨੇ ਸਕੂਲ ਦੇ ਇਤਿਹਾਸ ਅਤੇ ਸਕੂਲ ਗਤੀਵਿਧੀਆਂ ਦੀ ਜਾਣਕਾਰੀ ਦਿੱਤੀ। ਕੋਰਸ ਕੋਆਰਡੀਨੇਟਰ ਬਰਿੰਦਰ ਕੁਮਾਰ ਨੇ ਸੀ.ਆਰ.ਈ ਪ੍ਰੋਗਰਾਮ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਦਿਵਸੀ ਕੰਟੀਨਿਊਇੰਗ ਰਿਹੈਬਲੀਟੇਸ਼ਨ ਐਜੂਕੇਸ਼ਨ ਪ੍ਰੋਗਰਾਮ ਆਰ.ਸੀ.ਆਈ. (ਰਿਹੈਬਲੀਟੇਸ਼ਨ ਕੌਂਸਲ ਆਫ ਇੰਡੀਆ, ਦਿੱਲੀ) ਭਾਰਤੀਯ ਪੁਨਰਵਾਸ ਪਰਿਸ਼ਦ ਦਿਲੀ ਤੋਂ ਮਾਨਤਾ ਪ੍ਰਾਪਤ ਹੈ। ਸਪੈਸ਼ਲ ਅਧਿਆਪਕਾਂ ਨੂੰ ਸਰਕਾਰ ਦੀਆਂ ਨੀਤੀਆਂ ਅਤੇ ਜਾਣਕਾਰੀ ਦੇ ਲਈ ਉਹਨਾਂ ਨੂੰ ਆਪਣੇ ਵਿਸ਼ੇ ਵਿੱਚ ਮਾਹਿਰ ਕਰਨ ਲਈ ਨਵੀਆਂ ਤਕਨੀਕਾਂ ਦੀ ਜਾਣਕਾਰੀ ਦਿੱਤੀ ਜਾਂਦੀ ਹੈ ਜਿਹੜੇ ਖਾਸ ਖੇਤਰ 'ਚ ਕੰਮ ਕਰਦੇ ਹਨ ਉਨ੍ਹਾਂ ਦੇ ਗਿਆਨ ਨੂੰ ਅਪਡੇਟ ਕਰਨ ਲਈ ਇਨ੍ਹਾਂ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਂਦਾ ਹੈ। ਅੱਜ ਦਾ ਵਿਸ਼ਾ " ਸਟਾਰਟਿੰਗ ਏ ਸਸਟੇਨੇਬਲ ਵੋਕੇਸ਼ਨਲ ਟ੍ਰੇਨਿੰਗ ਯੂਨਿਟ" ਹੈ। ਇਸ ਤੇ ਰਿਸੋਰਸ ਪਰਸਨਜ਼ ਰਵਿੰਦਰ ਸਿੰਘ (ਗਵਰਮੈਂਟ ਰਿਹੈਬਲੀਟੇਸ਼ਨ ਇੰਸਟੀਚਿਊਟ ਫਾੱਰ ਇੰਟਲੈਕਚੁਅਲ ਡਿਸੈਬਲਿਟੀ (ਜੀ.ਆਰ.ਆਈ.ਆਈ.ਡੀ) ਚਰਚਾ ਕਰਨਗੇ। ਉਨ੍ਹਾ ਦਾ ਵਿਸ਼ਾ "ਸਰਵੇ ਆਫ ਏਰੀਆ, ਈਕੋਲਾੱਜੀਕਲ ਸਰਵੇ" ਹੈ। ਇਸ ਵਿਸ਼ੇ 'ਤੇ ਪ੍ਰੋਫੈਸਰ ਰਵਿੰਦਰ ਸਿੰਘ ਚਰਚਾ ਕਰਨਗੇ। ਜੀ.ਆਰ.ਆਈ.ਆਈ.ਡੀ. ਚੰਡੀਗੜ੍ਹ ਤੋਂ ਹੀ ਅਨਿਲ ਕੁਮਾਰ ਵੋਕੇਸ਼ਨਲ ਟ੍ਰੇਨਿੰਗ ਯੂਨਿਟ ਪਾੱਲਸੀਸਿਸ, ਫੀਸ ਅਤੇ ਨੰਬਰਜ਼ ਆਫ ਟ੍ਰੇਨੀਜ਼ ਵਿਸ਼ਿਆਂ 'ਤੇ ਚਰਚਾ ਕਰਨਗੇ। ਇਸ ਵਿੱਚ 30 ਭਾਗੀਦਾਰ ਭਾਗ ਲੈ ਰਹੇ ਹਨ ਜੋ ਕਿ ਅਲੱਗ ਅਲੱਗ ਸਕੂਲਾਂ 'ਚ ਕੰਮ ਕਰਦੇ ਹਨ।

## ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ ਦੀ ਕੋਟਲਾ ਬਰਾਂਚ ਨੇ ਕੀਤੀ ਗੇਟ ਰੈਲੀ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ )**- ਭਾਖੜਾ ਬਿਆਸ ਇੰਪਲਾਈਜ਼ ਯੂਨੀਅਨ (ਐਫੀ) ਦੀ ਕੋਟਲਾ ਬਰਾਂਚ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਗੇਟ ਰੈਲੀ ਕੀਤੀ ਗਈ। ਇਸ ਗੇਟ ਰੈਲੀ 'ਚ ਯੂਨੀਅਨ ਦੇ ਆਗੂਆਂ ਨੇ ਦੱਸਿਆ ਕਿ ਬੀਤੇ ਲੰਮੇਂ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ ਪਰ ਬੀ ਬੀ ਐਮ ਬੀ ਬੋਰਡ ਮੈਨੇਜਮੈਂਟੇ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਨਹੀਂ ਮੰਨਿਆ ਗਿਆ। ਇਨ੍ਹਾਂ ਮੰਗਾਂ ਦਾ ਜ਼ਿਕਰ ਕਰਦਿਆਂ ਹੋਇਆਂ ਉਨ੍ਹਾਂ ਦੱਸਿਆ ਕਿ ਪਾਵਰ ਹਾਊਸ ਦੇ ਵੈਂਟੀਲੇਸ਼ਨ ਸਿਸਟਮ ਨੂੰ ਠੀਕ ਕਰਵਾਇਆ ਜਾਵੇ, ਪਾਵਰ ਹਾਊਸ ਮਸ਼ੀਨ ਹਾਲ ਦੀ ਸੀਲਿੰਗ ਨਵੀਂ ਕਰਵਾਈ ਜਾਵੇ, ਪਾਵਰ ਹਾਊਸ ਕਲੋਨੀ ਦੇ ਕਵਾਰਟਰ ਦੀ ਸਹੀ ਢੰਗ ਨਾਲ ਮੁਰੰਮਤ ਕਰਵਾਈ ਜਾਵੇ ,ਕਲੋਨੀ ਦੇ ਪੀਣ ਵਾਲੇ ਪਾਣੀ ਨੂੰ ਸਹੀ ਦਵਾਈਆਂ ਪਾ ਕੇ ਪੀਣ ਯੋਗ ਬਣਾਇਆ ਜਾਵੇ, ਕਲੋਨੀ ਦੀ ਸਟ੍ਰੀਟ ਲਾਈਟ ਠੀਕ ਕਰਵਾਈ ਜਾਵੇ , ਸਾਊਂਡ ਪ੍ਰੂਫ ਕੈਬਿਨ ਬਣਾਏ ਜਾਣ, ਖਾਲੀ ਪਈਆਂ ਅਸਾਮੀਆਂ ਨੂੰ ਤੁਰੰਤ ਭਰਿਆ ਜਾਵੇ ਆਦਿ । ਉਥੇ ਹੀ ਇਸ ਮੌਕੇ 'ਤੇ ਮੌਜੂਦ ਅਜੈਬ ਸਿੰਘ ਸਕੱਤਰ, ਸੁਰਿੰਦਰ ਸਿੰਘ ਸਲਾਹਕਾਰ, ਅਸ਼ੋਕ ਕੁਮਾਰ ਸੀਨੀਅਰ ਉੱਪ ਪ੍ਰਧਾਨ (ਸੈਂਟਰ ਕੌਂਸਲ), ਬਲਬੀਰ ਸਿੰਘ ਕੋ-ਸਕੱਤਰ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਤਰ੍ਹਾਂ ਗੇਟ ਰੈਲੀਆਂ 24 ਦਸੰਬਰ ਤੱਕ ਜਾਰੀ ਰਹਿਣਗੀਆਂ ਅਤੇ ਜੇਕਰ ਆਉਣ ਵਾਲੇ ਦਿਨਾਂ 'ਚ ਉਨ੍ਹਾਂ ਦੀਆਂ ਇਨ੍ਹਾਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਵੱਡਾ ਸੰਘਰਸ਼ ਉਲੀਕਿਆ ਜਾਵੇਗਾ ।

## ਰੇਲਵੇ ਸਟੇਸ਼ਨ ਰੋਡ ਦੇ ਪੁਨਰ ਨਿਰਮਾਣ ਦਾ ਕੰਮ ਹੋਇਆ ਸ਼ੁਰੂ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਰੇਲਵੇ ਸਟੇਸ਼ਨ ਰੋਡ ਦੇ ਪੁਨਰ ਨਿਰਮਾਣ ਸਬੰਧੀ ਕੀਤਾ ਗਿਆ ਉਪਰਾਲਾ ਰੰਗ ਲਿਆਇਆ ਹੈ। ਰੇਲਵੇ ਵਿਭਾਗ ਵਲੋਂ ਹੁਸ਼ਿਆਰਪੁਰ ਰੇਲਵੇ ਸਟੇਸ਼ਨ ਸੜਕ ਦੇ ਨਿਰਮਾਣ ਕਾਰਜ ਸ਼ੁਰੂ ਕਰ ਦਿੱਤਾ ਗਿਆ ਹੈ। ਰੇਲਵੇ ਦੇ ਇਸ ਉਪਰਾਲੇ ਲਈ ਕੈਬਨਿਟ ਮੰਤਰੀ ਨੇ ਕੇਂਦਰੀ ਰੇਲਵੇ ਮੰਤਰੀ ਅਸ਼ਵਨੀ ਵੈਸ਼ਣਵ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਹੁਸ਼ਿਆਰਪੁਰ ਰੇਲਵੇ ਸਟੇਸ਼ਨ ਰੋਡ ਦੇ ਪੁਨਰ ਨਿਰਮਾਣ ਸਬੰਧੀ ਉਨ੍ਹਾਂ ਨੇ ਕੇਂਦਰੀ ਰੇਲਵੇ ਮੰਤਰੀ ਭਾਰਤ ਸਰਕਾਰ ਅਸ਼ਵਨੀ ਵੈਸ਼ਣਵ ਨੂੰ ਪੱਤਰ ਲਿਆ ਸੀ, ਜਿਸ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਉਨ੍ਹਾਂ ਰੋਡ ਦੇ ਨਿਰਮਾਣ ਕਾਰਜ ਨੂੰ ਸ਼ੁਰੂ ਕਰਵਾ ਦਿੱਤਾ ਹੈ। ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਪੱਤਰ ਵਿਚ ਉਨ੍ਹਾਂ ਨੇ ਰੋਡ ਦੇ ਪੁਨਰ ਨਿਰਮਾਣ ਤੋਂ ਇਲਾਵਾ ਹੁਸ਼ਿਆਰਪੁਰ-ਦਿੱਲੀ ਪੈਸੰਜਰ ਟਰੇਨ ਨੂੰ ਮਥੁਰਾ ਨਾਲ ਜੋੜਨ ਦੀ ਮੰਗ ਵੀ ਕੀਤੀ ਸੀ, ਜਿਸ ਦਾ ਉਨ੍ਹਾਂ ਨੇ ਸਕਾਰਾਤਮਕ ਜਵਾਬ ਦਿੰਦੇ ਹੋਏ ਇਸ ਸਬੰਧੀ ਸਬੰਧਤ ਡਾਇਰੈਕਟੋਰੇਟ ਨੂੰ ਵਿਸਤ੍ਰਿਤ ਜਾਂਚ ਦੇ ਹੁਕਮ ਦਿੱਤੇ ਹਨ। ਉਨ੍ਹਾਂ ਰੇਲਵੇ ਮੰਤਰੀ ਵਲੋਂ ਦਿੱਤੇ ਗਏ ਸਕਾਰਾਤਮਕ ਰਵੱਈਏ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਆਸ ਹੈ ਕਿ ਹੁਸ਼ਿਆਰਪੁਰ ਵਾਸੀਆਂ ਨੂੰ ਇਸ ਸਬੰਧੀ ਜਲਦ ਹੀ ਖੁਸ਼ਖਬਰੀ ਮਿਲੇਗੀ। ਕੈਬਨਿਟ ਮੰਤਰੀ ਜਿੰਪਾ ਨੇ ਕਿਹਾ ਕਿ ਉਨ੍ਹਾਂ ਰੇਲਵੇ ਮੰਤਰੀ ਅਸ਼ਵਨੀ ਵੈਸ਼ਣਵ ਨੂੰ ਪੱਤਰ ਲਿਖ ਕੇ ਦੱਸਿਆ ਹੈ ਕਿ ਰੇਲਵੇ ਸਟੇਸ਼ਨ (ਕੋਡ ਐਚ.ਐਸ.ਐਕਸ) ਜ਼ਿਲ੍ਹੇ ਦਾ ਮੁੱਖ ਰੇਲਵੇ ਸਟੇਸ਼ਨ ਹੈ ਅਤੇ ਯਾਤਰੀ ਇਸ ਰੇਲਵੇ ਸਟੇਸ਼ਨ ਦੀ ਵਰਤੋਂ ਮਾਤਾ ਚਿੰਤਪੁਰਨੀ, ਮਾਤਾ ਜਵਾਲਾ ਜੀ, ਮਾਤਾ ਕਾਂਗੜਾ ਦੇਵੀ ਜੀ, ਮਾਤਾ ਚਾਮੁੰਡਾ ਦੇਵੀ ਜੀ, ਮਾਤਾ ਬਗੁਲਾਮੁਖੀ ਜੀ, ਬਾਬਾ ਬਾਲਕ ਨਾਥ ਜੀ, ਧਰਮਸ਼ਾਲਾ ਤੇ ਮਕਲੋਡਗੰਜ ਵਰਗੇ ਧਾਰਮਿਕ ਤੇ ਸੈਰ ਸਪਾਟਾ ਸਥਾਨਾਂ ਦੀ ਯਾਤਰਾ ਕਰਨ ਲਈ ਕਰਦੇ ਹਨ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਅਤੇ ਆਸ-ਪਾਸ ਦੇ ਵੱਡੀ ਗਿਣਤੀ ਵਿਚ ਤੀਰਥ ਯਾਤਰੀ ਨਵੀਂ ਦਿੱਲੀ ਪਹੁੰਚਣ ਲਈ ਇਸ ਰੇਲਵੇ ਸਟੇਸ਼ਨ ਦੀ ਵਰਤੋਂ ਕਰਦੇ ਹਨ ਅਤੇ ਅੱਗੇ ਉਨ੍ਹਾਂ ਨੂੰ ਮਥੁਰਾ, ਵਰਿੰਦਾਵਨ ਪਹੁੰਚਣ ਲਈ ਦੂਜੀ ਟਰੇਨ ਵਿਚ ਸਵਾਰ ਹੋਣਾ ਪੈਂਦਾ ਹੈ। ਇਸ ਤਰ੍ਹਾਂ ਤੀਰਥ ਯਾਤਰੀਆਂ ਨੂੰ ਦੂਜੀ ਟਰੇਨ ਵਿਚ ਚੜ੍ਹਨ ਵਿਚ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਰੇਲਵੇ ਮੰਤਰੀ ਦੇ ਇਸ ਸਕਾਰਾਤਮਕ ਰਵੱਈਏ ਨਾਲ ਉਨ੍ਹਾਂ ਨੂੰ ਹੁਸ਼ਿਆਰਪੁਰ-ਦਿੱਲੀ ਪੈਸੰਜਰ ਟਰੇਨ ਨੂੰ ਮਥੁਰਾ ਨਾਲ ਜੋੜਨ ਦਾ ਮੁੱਦਾ ਵੀ ਜਲਦ ਹੱਲ ਹੋਣ ਦੀ ਉਮੀਦ ਜਗੀ ਹੈ।

## ਸਮੂਹ ਫੀਲਡ ਸਟਾਫ ਅਤੇ ਆਸ਼ਾ ਵਰਕਰਜ਼ ਦੀ ਪੋਲੀਓ ਵਾਇਰਸ ਟੀਕਾਕਰਨ ਦੀ ਤੀਜੀ ਖੁਰਾਕ ਸੰਬੰਧੀ ਟ੍ਰੇਨਿੰਗ



**ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)** ਡਾ.ਪਰਮਿੰਦਰ ਕੁਮਾਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਤੇ ਡਾ.ਵਿਧਾਨ ਚੰਦਰ ਸੀਨੀਅਰ ਮੈਡੀਕਲ ਅਫਸਰ ਸੀ.ਐਚ.ਸੀ ਨੂਰਪੁਰ ਬੇਦੀ ਦੀ ਅਗਵਾਈ ਹੇਠ ਬਲਾਕ ਨੂਰਪੁਰਬੇਦੀ ਫੀਲਡ ਸਟਾਫ ਸਮੂਹ ਅਤੇ ਆਸ਼ਾ ਫੈਸਿਲੀਟੇਟਰਜ਼ ਅਤੇ ਸਮੂਹ ਆਸ਼ਾ ਵਰਕਰਜ਼ ਦੀ ਪੋਲੀਓ ਵਾਇਰਸ ਟੀਕਾਕਰਨ ਦੀ ਤੀਜੀ ਖੁਰਾਕ ਸੰਬੰਧੀ ਟ੍ਰੇਨਿੰਗ ਹੋਈ। ਇਸ ਟ੍ਰੇਨਿੰਗ ਵਿੱਚ ਡਾ.ਵਿਧਾਨ ਚੰਦਰ ਨੇ ਕਿਹਾ ਕਿ ਟੀਕਾਕਰਨ ਸਾਰਣੀ ਵਿੱਚ ਪਹਿਲਾਂ ਦੋ ਪੋਲੀਓਰੋਧਕ ਟੀਕੇ ਬੱਚੇ ਨੂੰ ਲਗਾਏ ਜਾਂਦੇ ਸੀ। ਪਹਿਲਾ ਟੀਕਾ ਬੱਚੇ ਨੂੰ 6 ਹਫ਼ਤੇ ਪੂਰੇ ਹੋਣ 'ਤੇ ਅਤੇ ਦੂਜਾ ਟੀਕਾ 14 ਹਫ਼ਤੇ ਪੂਰੇ ਹੋਣ 'ਤੇ ਲਗਾਇਆ ਜਾਂਦਾ ਹੈ। ਸਿਹਤ ਵਿਭਾਗ ਵੱਲੋਂ ਹੁਣ ਪਹਿਲੀ ਜਨਵਰੀ ਸਾਲ 2023 ਤੋਂ ਪੋਲੀਓ ਵਾਇਰਸ ਤੋਂ ਬਚਾਅ ਲਈ ਟੀਕਾਕਰਲ ਸਾਰਣੀ ਵਿੱਚ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਸ਼ਾਮਲ ਕੀਤੀ ਜਾ ਰਹੀ ਹੈ,ਜੋ ਕਿ ਬੱਚੇ ਦੇ 9 ਮਹੀਨੇ ਪੂਰੇ ਹੋਣ 'ਤੇ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਬੱਚਿਆਂ ਦਾ ਮੀਜ਼ਲ ਰੁਬੇਲਾ ਦਾ ਪਹਿਲਾ ਟੀਕਾ ਲੱਗਣਾ ਹੈ, ਉਨ੍ਹਾਂ ਬੱਚਿਆਂ ਨੂੰ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਦਿੱਤੀ ਜਾਵੇਗੀ। ਇਸ ਕੰਮ ਲਈ ਸਮੂਹ ਆਸ਼ਾ ਵਰਕਰਜ਼ ਆਪਣੇ ਏਰੀਏ 'ਚ ਸਰਵੇ ਕਰਕੇ ਜਿਨ੍ਹਾਂ ਬੱਚਿਆਂ ਦੇ ਪੋਲੀਓਰੋਧਕ ਟੀਕੇ ਦੀ ਤੀਜੀ ਖੁਰਾਕ ਲੱਗਣੀ ਹੈ, ਉਨ੍ਹਾਂ ਦੀਆਂ ਲਿਸਟਾਂ ਤਿਆਰ ਕਰਨ। ਇਸ ਮੌਕੇ ਉਨ੍ਹਾ ਕਿਹਾ ਕਿ ਪੋਲੀਓ ਵਾਇਰਸ ਟੀਕਾਕਰਨ ਦੀ ਖੁਰਾਕ,ਵੈਕਸੀਨੇਸ਼ਨ ਦਾ ਰੂਟ,ਓਪਨ ਵਾਇਲ ਪਾਲਿਸੀ,ਟੀਕਾਕਰਨ ਕਾਰਡ ਤੇ ਐਂਟਰੀ,ਸਰਵੇ ਰਜਿਸਟਰ ਅਤੇ ਸਾਵਧਾਨੀਆਂ ਸੰਬੰਧੀ ਵਿਸਥਾਰਪੂਰਵਕ ਟ੍ਰੇਨਿੰਗ ਦਿੱਤੀ। ਇਸ ਮੌਕੇ ਸਮੂਹ ਸਟਾਫ ਅਤੇ ਸਮੂਹ ਆਸ਼ਾ ਵਰਕਰਜ਼ ਹਾਜ਼ਰ ਸਨ।

## ਮਾਨ ਸਰਕਾਰ ਝੋਨੇ ਦੀ ਪਰਾਲੀ ਦਾ ਨਿਪਟਾਰਾ ਕਰਨ ਵਾਲੇ ਉਦਯੋਗਾਂ ਨੂੰ ਹੁਲਾਰਾ ਦੇਣ ਲਈ ਵਚਨਬੱਧ : ਮੁੱਖ ਸਕੱਤਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**— ਪੰਜਾਬ ਦੇ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਨੇ ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪ੍ਰੋਜੈਕਟਾਂ, ਬਾਇਓਮਾਸ ਪਾਵਰ ਪ੍ਰੋਜੈਕਟਾਂ, ਬਾਇਓ-ਈਥਾਨੌਲ ਪ੍ਰੋਜੈਕਟ ਡਿਵੈਲਪਰਾਂ ਅਤੇ ਆਪਣੇ ਉਦਯੋਗਾਂ ਵਿੱਚ ਝੋਨੇ ਦੀ ਪਰਾਲੀ ਦੀ ਵਰਤੋਂ ਕਰਨ ਵਾਲੇ ਉਦਯੋਗਪਤੀਆਂ ਨਾਲ ਇੱਕ ਅਹਿਮ ਮੀਟਿੰਗ ਦੀ ਪ੍ਰਧਾਨਗੀ ਕੀਤੀ। ਉਨ੍ਹਾਂ ਕਿਹਾ ਕਿ ਵੱਖ ਵੱਖ ਉਦਯੋਗਾਂ ਵਿੱਚ ਝੋਨੇ ਦੀ ਪਰਾਲੀ ਦਾ ਨਿਪਟਾਰਾ ਕਰਨ ਵਾਲੇ ਡਿਵੈਲਪਰ/ਉਦਯੋਗਪਤੀ ਪ੍ਰਦੂਸ਼ਣ ਨੂੰ ਘਟਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੇ ਸਨਅਤਕਾਰਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੀ ਪਰਾਲੀ ਦੀ ਵਰਤੋਂ ਨਾਲ ਬਿਜਲੀ ਪੈਦਾ ਕਰਨ ਵਾਲੇ ਉਦਯੋਗਾਂ ਨੂੰ ਹੁਲਾਰਾ ਦੇਣ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ। ਮੁੱਖ ਸਕੱਤਰ ਨੇ ਕਿਹਾ ਕਿ ਸੂਬਾ ਸਰਕਾਰ ਬਾਇਓਮਾਸ ਪਾਵਰ ਪ੍ਰੋਜੈਕਟਾਂ ਵਿੱਚ ਪੈਦਾ ਹੋਣ ਵਾਲੀ ਸਾਰੀ ਬਿਜਲੀ ਦੀ ਖਰੀਦ ਕਰਨ ਦੀ ਕੋਸ਼ਿਸ਼ ਕਰੇਗੀ। ਉਹਨਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਸੂਬਾ ਸਰਕਾਰ ਵੱਲੋਂ ਸੀ.ਈ.ਆਰ.ਸੀ./ਪੀ.ਐੱਸ.ਈ.ਆਰ.ਸੀ. ਵੱਲੋਂ ਨੋਟੀਫਾਈਡ ਟੈਰਿਫ ਅਤੇ ਬਾਇਓਮਾਸ ਪਾਵਰ ਪ੍ਰੋਜੈਕਟਾਂ ਲਈ ਪੀ.ਐਸ.ਪੀ.ਸੀ.ਐਲ. ਵੱਲੋਂ ਨਿਰਧਾਰਤ ਟੈਰਿਫ ਦਰਮਿਆਨ ਅੰਤਰ ਨੂੰ ਪੂਰਨ ਲਈ ਵਿਵਹਾਰਕਤਾ ਗੈਪ ਫੰਡਿੰਗ ਪ੍ਰਦਾਨ ਕੀਤੀ ਜਾਵੇਗੀ। ਮੀਟਿੰਗ ਦੌਰਾਨ ਕੁਝ ਉਦਯੋਗਪਤੀਆਂ ਨੇ ਖੇਤੀਬਾੜੀ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤਾਂ, ਵਣਜ ਅਤੇ ਉਦਯੋਗ, ਪੇਡਾ, ਪੀਏਯੂ, ਬਿਜਲੀ ਵਿਭਾਗ ਅਤੇ ਪ੍ਰਦੂਸਣ ਬੋਰਡ ਨਾਲ ਸਬੰਧਿਤ ਕੁਝ ਮੁੱਦੇ ਅਤੇ ਸਮੱਸਿਆਵਾਂ ਉਠਾਈਆਂ। ਮੁੱਖ ਸਕੱਤਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਸਮੱਸਿਆਵਾਂ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਮੁੱਖ ਸਕੱਤਰ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਉਦਯੋਗਪਤੀ ਨੂੰ ਵੱਖ-ਵੱਖ ਵਿਭਾਗਾਂ ਤੋਂ ਕਲੀਅਰੈਂਸ ਅਤੇ ਐਨ.ਓ.ਸੀ. ਲੈਣ ਵਿੱਚ ਕੋਈ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਪੰਜਾਬ ਬਿਊਰੋ ਆਫ ਇਨਵੈਸਟਮੈਂਟ ਪ੍ਰਮੋਸ਼ਨ (ਨਿਵੇਸ਼ ਪੰਜਾਬ) ਦੀ ਸਿੰਗਲ ਵਿੰਡੋ ਰਾਹੀਂ ਜਲਦ ਕਲੀਅਰੈਂਸ/ਪ੍ਰਵਾਨਗੀਆਂ ਲਈ ਪ੍ਰਮੁੱਖ ਸਕੱਤਰ, ਵਣਜ ਅਤੇ ਉਦਯੋਗ ਨਾਲ ਸੰਪਰਕ ਕਰ ਸਕਦੇ ਹਨ। ਮੁੱਖ ਸਕੱਤਰ ਨੇ ਡਿਵੈਲਪਰਾਂ ਨੂੰ ਦਰਪੇਸ ਸਮੱਸਿਆਵਾਂ ਦੇ ਹੱਲ ਲਈ ਸੂਬਾ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਨੇ ਡਿਵੈਲਪਰਾਂ ਨੂੰ ਬਿਨਾਂ ਕਿਸੇ ਝਿਜਕ ਦੇ ਸਬੰਧਤ ਵਿਭਾਗਾਂ ਅਤੇ ਉਨ੍ਹਾਂ ਦੇ ਦਫਤਰ ਤੱਕ ਪਹੁੰਚ ਕਰਨ ਲਈ ਕਿਹਾ।

## ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕੇਂਦਰੀ ਜੇਲ੍ਹ ਹੁਸ਼ਿਆਰਪੁਰ ਦਾ ਦੌਰਾ

**ਹੁਸ਼ਿਆਰਪੁਰ, ( ਓ ਪੀ ਰਾਣਾ)**- ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ. ਏ. ਐਸ ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਦਿਲਬਾਗ ਸਿੰਘ ਜੌਹਲ, ਜ਼ਿਲ੍ਹਾ ਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦੇ ਹੁਕਮਾਂ ਦੀ ਪਾਲਨਾ ਕਰਦੇ ਹੋਏ ਅਪਰਾਜਿਤਾ ਜੋਸ਼ੀ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਕਮ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਵਲੋਂ ਅੱਜ ਕੇਂਦਰੀ ਜੇਲ੍ਹ, ਹੁਸ਼ਿਆਰਪੁਰ ਦਾ ਦੌਰਾ ਕੀਤਾ ਗਿਆ, ਜਿਸ ਦੌਰਾਨ ਕੈਦੀਆਂ ਅਤੇ ਹਵਾਲਾਤੀਆਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਗਿਆ ਅਤੇ ਨਾਲ ਹੀ ਜੇਲ੍ਹ ਲੋਕ ਅਦਾਲਤ ਵੀ ਲਗਾਈ ਗਈ, ਜਿਸ ਵਿੱਚ ਛੋਟੇ ਅਪਰਾਧਾਂ ਨਾਲ ਸੰਬੰਧਤ ਕੇਸਾਂ ਨੂੰ ਸੁਣਿਆ ਗਿਆ।

ਇਸ ਤੋਂ ਇਲਾਵਾ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਰਸੋਈ ਘਰ ਵਿੱਚ ਖਾਣੇ ਦਾ ਜਾਇਜ਼ਾ ਲਿਆ ਗਿਆ ਅਤੇ ਜੇਲ੍ਹ ਹਸਪਤਾਲ ਦੇ ਮਰੀਜ਼ਾਂ ਦਾ ਸਿਹਤ ਪੱਖੋਂ ਹਾਲਚਾਲ ਜਾਣਿਆ ਅਤੇ ਨਾਲ ਹੀ ਜੇਲ੍ਹ ਕਰਮਚਾਰੀਆਂ ਨੂੰ ਮਰੀਜ਼ਾਂ ਨੂੰ ਚੰਗੀ ਖੁਰਾਕ ਦੇਣ ਲਈ ਹਦਾਇਤ ਕੀਤੀ ਗਈ। ਜੇਲ੍ਹ ਸੁਪਰਡੈਂਟ ਅਨੁਰਾਗ ਕੁਮਾਰ ਅਜ਼ਾਦ ਨੂੰ ਦਿਸ਼ਾ-ਨਿਰਦੇਸ਼ ਦਿੱਤੇ ਗਏ ਕਿ ਕੈਦੀਆਂ ਅਤੇ ਹਵਾਲਾਤੀਆਂ ਨੂੰ ਮੁਫਤ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਲਈ ਦਰਖਾਸਤ ਫਾਰਮ ਨਾਲ ਕੇਸ ਦੇ ਪੂਰੇ ਸੰਬੰਧਤ ਦਸਤਾਵੇਜ਼ ਭੇਜੇ ਜਾਣ ਤਾਂ ਜੋ ਕਾਨੂੰਨੀ ਸੇਵਾਵਾਂ ਸਮੇਂ ਸਿਰ ਮੁਹੱਈਆ ਕੀਤੀਆਂ ਜਾ ਸਕਣ। ਉਨ੍ਹਾਂ ਵਲੋਂ ਮਿਤੀ 11.02.2023 ਨੂੰ ਲਗਾਈ ਜਾਣੀ ਵਾਲੀ ਨੈਸ਼ਨਲ ਲੋਕ ਅਦਾਲਤ ਦੇ ਬਾਰੇ ਦੱਸਿਆ ਗਿਆ। ਇਸ ਮੌਕੇ ਡਿਪਟੀ ਸੁਪਰਡੈਂਟ ਅੰਮ੍ਰਿਤਪਾਲ ਸਿੰਘ ਵੀ ਹਾਜ਼ਰ ਸਨ।

## ਵੱਖ ਵੱਖ ਪ੍ਰੋਜੈਕਟਾਂ 'ਚ ਕੰਮ ਕਰਦੇ ਬੀ ਐੱਮ ਡੀ ਐੱਮ ਨੂੰ ਸਕੂਲਾਂ 'ਚ ਭੇਜਣਾ ਸਵਾਗਤਯੋਗ ਪਰ ਉਨ੍ਹਾਂ ਨੂੰ ਪਿਤਰੀ ਸਕੂਲਾਂ ਭੇਜਿਆ ਜਾਵੇ : ਡੀ ਟੀ ਐੱਫ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਸਰਕਾਰ ਦੁਆਰਾ ਪਿਛਲੇ ਕੁਝ ਦਿਨਾਂ ਤੋਂ ਵੱਖ ਵੱਖ ਪ੍ਰਜੈਕਟਾਂ ਵਿੱਚ ਕੰਮ ਕਰਦੇ ਅਧਿਆਪਕਾਂ ਨੂੰ ਸਰਕੂਲਰ ਰਾਹੀਂ ਪ੍ਰੋਜੈਕਟਾਂ ਵਿੱਚੋਂ ਹਟਾ ਕੇ ਸਕੂਲਾਂ 'ਚ ਭੇਜਣਾ ਸਵਾਗਤਯੋਗ ਹੈ, ਕਿਉਕਿ ਸਕੂਲਾਂ ਵਿੱਚ ਅਧਿਆਪਕਾਂ ਦੀ ਬਹੁਤ ਘਾਟ ਸੀ। ਪਰ ਇਨ੍ਹਾਂ ਅਧਿਆਪਕਾਂ ਨੂੰ ਉਨ੍ਹਾਂ ਨੂੰ ਪਿਤਰੀ ਸਕੂਲਾਂ ਵਿੱਚ ਨਾ ਭੇਜਣਾ ਠੀਕ ਨਹੀਂ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਗੁਰਮੀਤ ਸਿੰਘ ਕੋਟਲੀ, ਸਕੱਤਰ ਅਵਤਾਰ ਲਾਲ,ਵਿੱਤ ਸਕੱਤਰ ਗੁਰਮੁੱਖ ਸਿੰਘ ਸਿੱਧੂ ਨੇ ਆਪਣੇ ਸਾਂਝੇ ਬਿਆਨ 'ਚ ਸਰਕਾਰ ਨੂੰ ਅਪੀਲ ਕੀਤੀ ਕਿ ਇਨ੍ਹਾਂ ਅਧਿਆਪਕਾਂ ਨੂੰ ਦੂਰ ਦੁਰਾਡੇ ਸਕੂਲਾਂ 'ਚ ਭੇਜ ਕੇ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਨਾ ਕੀਤਾ ਜਾਵੇ। ਟੀਚਰਜ਼ ਫਰੰਟ ਬੀ.ਐਮ ਅਤੇ ਡੀ.ਐਮ ਨੂੰ ਦੂਰ ਦੁਰਾਡੇ ਭੇਜਣ ਦੀ ਨਿੰਦਾ ਕਰਦਾ ਹੈ। ਜਿਨ੍ਹਾਂ ਸਕੂਲਾਂ ਵਿੱਚ ਇਨ੍ਹਾਂ ਅਧਿਆਪਕਾਂ ਦੀ ਪੋਸਟ ਹੈ, ਉੱਥੇ ਹੀ ਭੇਜਿਆ ਜਾਵੇ। ਕਿਉਂਕਿ ਉਨ੍ਹਾਂ ਸਕੂਲਾਂ ਵਿੱਚ ਵੀ ਅਧਿਆਪਕਾਂ ਦੀ ਲੋੜ ਹੈ। ਜੇਕਰ ਅਧਿਆਪਕਾਂ ਦੀ ਅਸਲ ਘਾਟ ਨੂੰ ਪੂਰਾ ਕਰਨਾ ਹੈ ਤਾਂ ਨਵੇਂ ਅਧਿਆਪਕਾਂ ਦੀ ਭਰਤੀ ਤੁਰੰਤ ਕੀਤੀ ਜਾਵੇ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਪੋਜੈਕਟ ਵਿੱਚ ਲੱਗੇ ਅਧਿਆਪਕਾਂ ਨੂੰ ਵਾਪਸ ਸਕੂਲਾਂ 'ਚ ਭੇਜਣ ਦਾ ਸਿੱਖਿਆ ਵਿਭਾਗ ਵੱਲੋਂ ਫ਼ੈਸਲਾ ਲਿਆ ਗਿਆ ਹੈ। ਪਰ ਇਨ੍ਹਾਂ ਅਧਿਆਪਕਾਂ ਨੂੰ ਉਨ੍ਹਾਂ ਦੇ ਪਿਤਰੀ ਸਕੂਲਾਂ 'ਚ ਭੇਜਣ ਦੀ ਥਾਂ ਦੂਰ ਦੁਰਾਡੇ ਸਟੇਸ਼ਨਾਂ 'ਤੇ ਭੇਜਣਾ ਇਨ੍ਹਾਂ ਅਧਿਆਪਕਾਂ ਨਾਲ ਧੋਖਾ ਹੈ। ਇਨ੍ਹਾਂ ਨੂੰ ਇਨ੍ਹਾਂ ਦੇ ਪਿਤਰੀ ਸਕੂਲਾਂ 'ਚ ਹੀ ਭੇਜਿਆ ਜਾਵੇ ਤਾਂ ਜੋ ਇਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਨਾ ਹੋਵੇ ਅਤੇ ਖਾਲੀ ਪੋਸਟਾਂ 'ਤੇ ਨਵੇਂ ਅਧਿਆਪਕਾਂ ਦੀ ਭਰਤੀ ਕੀਤੀ ਜਾਵੇ। ਇਸ ਦੇ ਨਾਲ ਹੀ ਪਿਛਲੇ ਦਿਨੀਂ ਹੋਈਆਂ ਬਦਲੀਆਂ ਦੌਰਾਨ ਜਿਨ੍ਹਾਂ ਅਧਿਆਪਕਾਂ ਨੂੰ ਮਨਪਸੰਦ ਸਟੇਸ਼ਨ ਨਹੀਂ ਮਿਲੇ, ਉਨ੍ਹਾਂ ਦੀਆਂ ਬਦਲੀਆਂ ਰੱਦ ਕਰਨ ਦੀ ਓਪਸ਼ਨ ਵੀ ਖੋਲ੍ਹੀ ਜਾਵੇ ਤਾਂ ਜੋ ਉਹ ਆਪਣੀਆਂ ਬਦਲੀਆਂ ਕੈਂਸਲ ਕਰਵਾ ਸਕਣ।

## ਨੂਰਮਹਿਲ ਸ਼ਹਿਰ ਨਜਾਇਜ਼ ਕਬਜ਼ਿਆਂ ਦੀ ਜਕੜ 'ਚ

**ਨੂਰਮਹਿਲ (ਬਾਲੀ)**-ਇਤਿਹਾਸਕ ਸ਼ਹਿਰ ਨੂਰਮਹਿਲ ਦਾ ਕੋਨਾ ਕੋਨਾ ਨਜਾਇਜ਼ ਕਬਜਿਆਂ ਦੀ ਜਕੜ ਵਿਚ ਹੈ । ਬਹੁਤ ਸਾਰੀਆਂ ਅਖਬਾਰਾਂ ਵਿੱਚ ਸਮੇਂ ਸਮੇਂ 'ਤੇ ਇਸ ਸੰਬੰਧੀ ਖਬਰਾਂ ਪ੍ਰਕਾਸ਼ਿਤ ਹੁੰਦੀਆਂ ਰਹਿੰਦੀਆਂ ਹਨ, ਖਬਰ ਲੱਗਣ ਤੋਂ ਬਾਅਦ ਅਧਿਕਾਰੀ ਤੁਰੰਤ ਹਰਕਤ ਵਿੱਚ ਆ ਕੇ ਕਾਰਵਾਈ ਕਰਨ ਦਾ ਡਰਾਮਾ ਕਰਦੇ ਹਨ। ਰਾਹਗੀਰਾਂ ਤੇ ਲੋਕਾਂ ਨੇ ਦੱਸਿਆ ਕੇ ਸਰਾਂ ਅੱਗੇ ਲੋਕਾਂ ਵਲੋਂ ਸੜਕ ਵਿਚ ਹੀ ਪਾਰਕਿੰਗ ਬਣਾਈ ਜਾ ਰਹੀ ਹੈ ਜਿਸ ਕਾਰਨ ਉਨ੍ਹਾਂ ਦਾ ਆਉਣਾ ਜਾਣਾ ਮੁਸ਼ਕਲ ਹੋ ਗਿਆ ਹੈ । ਇਸ ਦੀ ਜਦੋਂ ਵੀ ਕਿਸੇ ਅਖਬਾਰ ਜਾਂ ਸੋਸਲ ਮੀਡੀਆ ਤੇ ਖਬਰ ਪ੍ਰਸਾਰਤ ਹੁੰਦੀ ਹੈ ਤਾਂ ਪ੍ਰਸ਼ਾਸਨ ਕੁੱਝ ਕੁ ਦਿਨ ਹੀ ਹਰਕਤ ਵਿਚ ਰਹਿੰਦਾ ਹੈ , ਏਥੇ ਟਰੈਫਿਕ ਦੀ ਸਮੱਸਿਆ ਫਿਰ ਵਿਗੜ ਜਾਂਦੀ ਹੈ ।

ਪੁਲਸ ਤੇ ਪ੍ਰਸ਼ਾਸਨ ਨੇ ਇਥੇ ਕਈ ਵਾਰ ਬੈਰੀਕੇਡ ਵੀ ਲਗਾਏ ਹਨ ਪਰ ਪਰਨਾਲਾ ਓਥੇ ਦਾ ਓਥੇ ਹੀ ਹੈ । ਇਸੇ ਤਰ੍ਹਾਂ ਸ੍ਰੀ ਗੁਰੂ ਰਵਿਦਾਸ ਚੌਕ ਦੇ ਆਲੇ ਦੁਆਲੇ ਸੜਕਾਂ ਨੂੰ ਇੰਟਰਲੌਕ ਲਗਾ ਕੇ ਸੁੰਦਰ ਅਤੇ ਚੌੜਾ ਕੀਤਾ ਗਿਆ ਹੈ ਪ੍ਰੰਤੂ ਇਸ ਦਾ ਨਜਾਇਜ਼ ਫਾਇਦਾ ਕੁੱਝ ਰੇਹੜੀਆਂ ਅਤੇ ਹੋਰ ਕਾਰੋਬਾਰੀ ਲੋਕ ਲੈ ਰਹੇ ਹਨ । ਪ੍ਰੰਤੂ ਨਗਰ ਕੌਂਸਲ ਦੇ ਅਧਿਕਾਰੀਆਂ ਦਾ ਧਿਆਨ ਇਸ ਪਾਸੇ ਵੱਲ ਕਦੀ ਨਹੀਂ ਗਿਆ । ਲੋਕਾਂ ਦੀ ਪੰਜਾਬ ਸਰਕਾਰ ਤੋਂ ਮੰਗ ਹੈ ਕਿ ਇਥੇ ਜ਼ਿੰਮੇਵਾਰ ਅਧਿਕਾਰੀਆਂ ਦੀ ਡਿਊਟੀ ਲਗਾਈ ਜਾਵੇ ਤਾਂ ਜੋ ਇਤਿਹਾਸਕ ਸ਼ਹਿਰ ਨੂਰਮਹਿਲ ਦੀ ਸੁੰਦਰਤਾ ਨੂੰ ਬਰਕਰਾਰ ਰੱਖਿਆ ਜਾ ਸਕੇ ।

## ਬੈਂਕ ਪੈਨਸ਼ਨਰਜ਼ ਦੀ ਮੀਟਿੰਗ



**ਰੋਪੜ (ਬਿੰਦਰਾ)** ਬੈਂਕ ਪੈਨਸ਼ਨਰਜ਼ ਦੀ ਇਕ ਭਰਵੀਂ ਮੀਟਿੰਗ ਹੋਈ ਜਿਸ ਦੀ ਪ੍ਰਧਾਨਗੀ ਸਰਵਸ੍ਰੀ ਰਕੇਸ਼ ਅਗਰਵਾਲ, ਤਰਲੋਚਨ ਸਿੰਘ, ਪਰਦੁਮਨ , ਹਰਨੇਕ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਦਵਿੰਦਰ ਸਿੰਘ ਜਟਾਣਾ ਨੇ ਫੈਡਰੇਸ਼ਨ ਦੀਆਂ ਸਰਗਰਮੀਆਂ ਬਾਰੇ ਦੱਸਿਆ। ਮੀਟਿੰਗ ਨੇ ਸਰਬਸੰਮਤੀ ਨਾਲ ਉਤਰੀ ਭਾਰਤ ਬੈਂਕ ਪੈਨਸ਼ਨਰਜ਼ ਫੈਡਰੇਸ਼ਨ ਦੀ ਰੋਪੜ ਇਕਾਈ ਦੀ ਚੋਣ ਕੀਤੀ, ਜਿਸ 'ਚ ਪਰਦੁਮਨ ਸਿੰਘ ਨੂੰ ਸਰਪ੍ਰਸਤ, ਦਵਿੰਦਰ ਸਿੰਘ ਜਟਾਣਾ ਨੂੰ ਚੇਅਰਮੈਨ, ਆਰ ਕੇ ਜੈਨ ਪ੍ਰਧਾਨ, ਰਕੇਸ਼ ਅਗਰਵਾਲ ਜਨਰਲ ਸਕੱਤਰ ਚੁਣਿਆ ਗਿਆ। ਵੋਮੈਨ ਬੈਂਕ ਪੈਨਸ਼ਨਰਜ਼ ਵੱਲੋਂ ਗੁਲਸ਼ਨ ਓਬਰਾਏ ਅਤੇ ਰਿਤੂ ਅਗਰਵਾਲ ਮੈਂਬਰ ਲਏ ਗਏ। ਮੀਟਿੰਗ ਵਿੱਚ ਕੈਨਰਾ ਬੈਂਕ, ਇੰਡੀਅਨ ਬੈਂਕ , ਪੰਜਾਬ ਐਂਡ ਸਿੰਧ ਬੈਂਕ, ਸਟੇਟ ਬੈਂਕ ਆਫ ਇੰਡੀਆ,ਯੂ ਕੇ ਬੈਂਕ, ਯੂਨੀਅਨ ਬੈਂਕ ਆਫ ਇੰਡੀਆ, ਪੰਜਾਬ ਨੈਸ਼ਨਲ ਬੈਂਕ, ਸਟੇਟ ਬੈਂਕ ਆਫ ਪਟਿਆਲਾ ਦੇ ਪੈਨਸ਼ਨਰ ਸ਼ਾਮਲ ਹੋਏ।

## ਮੱਧ ਪ੍ਰਦੇਸ਼ ਦੇ ਦਮੋਹ 'ਚ ਆਦਿ ਧਰਮ ਸਤਿਸੰਗ ਸਮਾਗਮ 'ਚ ਸ਼ਾਮਲ ਹੋਣ ਲਈ ਸੰਤ ਸਤਵਿੰਦਰ ਹੀਰਾ ਹੋਏ ਰਵਾਨਾ

**ਹੁਸ਼ਿਆਰਪੁਰ, (ਬਲਵੀਤ ਸਿੰਘ ਸੈਣੀ)** ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ. ਭਾਰਤ ਦੇ ਕੌਮੀ ਪ੍ਰਧਾਨ ਸੰਤ ਸਤਵਿੰਦਰ ਹੀਰਾ ਵੱਲੋਂ ਆਦਿ ਧਰਮ ਪ੍ਰਚਾਰ ਪ੍ਰਸਾਰ ਯਾਤਰਾ ਲਗਾਤਾਰ ਜਾਰੀ ਹੈ, ਜਿਸ ਤਹਿਤ ਅੱਜ ਉਹ ਲੁਧਿਆਣਾ ਤੋਂ ਮੱਧ ਪ੍ਰਦੇਸ਼ ਲਈ ਰਵਾਨਾ ਹੋਏ। ਲੁਧਿਆਣਾ ਯੂਨਿਟ ਦੇ ਪ੍ਰਧਾਨ ਬਲਵੀਰ ਮਹੇ ਅਤੇ ਸੰਗਤਾਂ ਵੱਲੋਂ ਸੰਤ ਸਤਵਿੰਦਰ ਹੀਰਾ, ਸੰਤ ਸੋਹਣ ਲਾਲ ਫਾਜ਼ਿਲਕਾ ਅਤੇ ਸੰਤ ਹਰਬੰਸ ਸਿੰਘ ਸ੍ਰੀ ਚਰਨ ਛੋਹ ਗੰਗਾ ਸੱਚਖੰਡ ਸਾਹਿਬ ਨੂੰ ਹਾਰ ਪਾ ਕੇ ਰਵਾਨਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਸੰਤ ਸਤਵਿੰਦਰ ਹੀਰਾ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਹਥਨਾ ਪਿੱਪਰੀਆ ਦਿੰਗਵਰ ਜ਼ਿਲ੍ਹਾ ਦਮੋਹ ਮੱਧ ਪ੍ਰਦੇਸ਼ ਵਿਖੇ ਸੰਤ ਵਿਸ਼ਰਾਮ ਦਾਸ ਵੱਲੋਂ ਪਹਿਲਾ ਆਦਿ ਧਰਮ ਸਤਿਸੰਗ 18 ਦਸੰਬਰ ਨੂੰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸ਼ਾਮਲ ਹੋਣ ਲਈ ਅੱਜ ਆਦਿ ਧਰਮ ਸੰਤ ਮਹਾਪੁਰਸ਼ਾਂ ਦਾ ਜਥਾ ਲੁਧਿਆਣਾ ਤੋਂ ਰਵਾਨਾ ਹੋਇਆ ਹੈ। ਉਨ੍ਹਾ ਕਿਹਾ ਕਿ ਆਦਿ ਧਰਮੀ ਕੌਮ ਲਈ ਇਹ ਬੜੀ ਖੁਸ਼ੀ ਦੀ ਗੱਲ ਹੈ ਕਿ ਸੰਗਤਾਂ ਵੱਲੋਂ ਭਾਰਤ ਭਰ ਵਿੱਚ ਆਦਿ ਧਰਮ ਸਤਿਸੰਗ ਕਰਵਾਏ ਜਾ ਰਹੇ ਹਨ ਤਾਂ ਜੋ ਸੰਗਤਾਂ ਵੱਧ ਤੋਂ ਵੱਧ ਆਦਿ ਧਰਮ ਨਾਲ ਜੁੜ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕਰ ਸਕਣ। ਉਨ੍ਹਾ ਮੱਧ ਪ੍ਰਦੇਸ਼ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਹੈ ਕਿ ਉਹ ਦਮੋਹ ਵਿਖੇ ਹੋ ਰਹੇ ਪਹਿਲੇ ਆਦਿ ਧਰਮ ਸਤਿਸੰਗ 'ਚ ਪਰਵਾਰ ਸਮੇਤ ਸ਼ਾਮਲ ਹੋ ਕੇ ਸਤਿਗੁਰੂ ਰਵਿਦਾਸ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕਰਨ ।



## ਪੀ ਸੀ ਸੀ ਪੀ ਐੱਲ ਸਨਅਤ 'ਚ ਲਾਇਆ 25 ਵਾਂ ਖ਼ੂਨਦਾਨ ਕੈਂਪ




**ਡੇਰਾਬੱਸੀ, (ਸੁਧੀਰ ਮਿੱਡਾ )**-ਸਥਾਨਕ ਪੰਜਾਬ ਕੈਮੀਕਲਸ ਐਂਡ ਕਰੋਪ ਪ੍ਰੋਟੈਕਸ਼ਨ ਲਿਮਟਿਡ ਸਨਅਤ ਪੀ ਸੀ ਸੀ ਪੀ ਐੱਲ ਵੱਲੋਂ ਸਵਰਗੀ ਮੈਨੇਜਿੰਗ ਡਾਇਰੈਕਟਰ ਐਸ ਡੀ ਸਰਾਫ਼ ਦੀ ਯਾਦ ਵਿਚ ਐੱਸ ਡੀ ਐੱਸ ਮੈਮੋਰੀਅਲ ਚੈਰੀਟੇਬਲ ਟਰੱਸਟ ਵੱਲੋਂ 25 ਵਾਂ ਖ਼ੂਨਦਾਨ ਕੈਂਪ ਲਗਾਇਆ ਗਿਆ। ਕੰਪਨੀ ਦੇ ਨਿਰਦੇਸ਼ਕ ਅਤੇ ਚੈਰੀਟੇਬਲ ਦੇ ਸੀ ਈ ਓ ਵਿਨੋਦ ਗੁਪਤਾ ਨੇ ਖ਼ੂਨਦਾਨ ਕੈਂਪ ਦਾ ਉਦਘਾਟਨ ਕੀਤਾ। ਇਸ ਮੌਕੇ ਜਾਣਕਾਰੀ ਦਿੰਦਿਆ ਕੰਪਨੀ ਦੇ ਐੱਚ.ਆਰ ਜੀ.ਐੱਮ ਪ੍ਰੈਜ਼ੀਡੈਂਟ ਯਸ਼ਵਰਧਨ ਤ੍ਰਿਪਾਠੀ ਨੇ ਦੱਸਿਆ ਕਿ ਸਨਅਤ ਦੇ ਲਾਲੜੂ ਅਤੇ ਡੇਰਾਬੱਸੀ ਦੇ ਸਟਾਫ਼ ਸਮੇਤ ਪਿਛਲੇ ਵਰ੍ਹੇ ਵਾਂਗ 153 ਕਰਮਚਾਰੀਆਂ ਨੇ ਖ਼ੂਨਦਾਨ ਕੀਤਾ। ਪੀ ਜੀ ਆਈ ਚੰਡੀਗੜ੍ਹ ਤੋਂ ਡਾ. ਮਨਪ੍ਰੀਤ ਸਿੰਘ ਦੀ ਅਗਵਾਈ 'ਚ ਆਈ ਡਾਕਟਰਾਂ ਦੀ ਟੀਮ ਨੇ ਬਲੱਡ ਇਕੱਤਰ ਕੀਤਾ। ਕੰਪਨੀ ਦੀ ਜਨਰਲ ਮੈਨੇਜਰ ਫ਼ੈਕਟਰੀ ਪਰਮਜੀਤ ਸਿੰਘ ਮੁਤਾਬਕ ਸਵਰਗੀ ਮੈਨਜਿੰਗ ਡਾਇਰੈਕਟਰ ਸੁਸ਼ੂ ਬਾਈ ਦੀ ਯਾਦ ਵਿਚ ਪਿਛਲੇ 25 ਸਾਲਾਂ ਤੋਂ ਖ਼ੂਨਦਾਨ ਕੈਂਪ ਦੇ ਨਾਲ ਨਾਲ ਉਨ੍ਹਾਂ ਦੀ ਯਾਦ 'ਚ ਬਣਾਏ ਐੱਸ ਡੀ ਐੱਸ ਮੈਮੋਰੀਅਲ ਟਰੱਸਟ ਦੇ ਤਹਿਤ ਸਮਾਜ ਸੇਵੀ ਕੰਮਾਂ ਸਮੇਤ ਸਕੂਲਾਂ 'ਚ ਪਖ਼ਾਨੇ, ਬਾਥਰੂਮ ਅਤੇ ਵਾਤਾਰਵਣ ਨੂੰ ਹਰਿਆ ਭਰਿਆ ਬਣਾਉਣ ਲਈ ਪੌਦਿਆਂ ਸਮੇਤ ਹਸਪਤਾਲਾਂ ਵਿਚ ਮਰੀਜ਼ਾਂ ਲਈ ਲੋੜੀਦਾ ਸਮਾਨ ਦਿੱਤਾ ਜਾਂਦਾ ਆ ਰਿਹਾ ਹੈ । ਇਸ ਮੌਕੇ ਜੀ ਐਮ ਕਿਸ਼ੋਰ ਕੁਮਾਰ ਡਾ.ਜਰਨੈਲ ਸਿੰਘ, ਪ੍ਰੀਕਸ਼ਤ ਕੁਮਾਰ, ਸੰਜੀਵ ਮਹਿਤਾ, ਪ੍ਰਧਾਨ ਜਤਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸਨਅਤ ਦੇ ਕਰਮਚਾਰੀ ਹਾਜ਼ਰ ਸਨ।

## ਸਪੈਸ਼ਲ ਜੁਵੇਨਾਈਲ ਪੁਲਸ ਅ.ਫਸਰਾਂ ਤੇ ਬਾਲ ਵਿਕਾਸ ਪ੍ਰੋਜੈਕਟ ਅ.ਫਸਰਾਂ ਦੀ ਵਰਕਸ਼ਾਪ

**ਹੁਸ਼ਿਆਰਪੁਰ (ਓ.ਪੀ.ਰਾਣਾ)**- ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵੱਲੋਂ ਬਾਲ ਭਲਾਈ ਕਮੇਟੀ ਹੁਸ਼ਿਆਰਪੁਰ ਅਤੇ ਪੁਲਸ ਵਿਭਾਗ ਪੰਜਾਬ ਦੇ ਸਹਿਯੋਗ ਨਾਲ ਪੁਲਸ ਲਾਈਨ ਹੁਸ਼ਿਆਰਪੁਰ ਵਿਖੇ ਜੁਵੇਨਾਈਲ ਜਸਟਿਸ ਐਕਟ ਅਧੀਨ ਜ਼ਿਲ੍ਹੇ ਦੇ ਸਮੂਹ ਥਾਣਿਆਂ 'ਚ ਤਾਇਨਾਤ ਸਪੈਸ਼ਲ ਜੁਵੇਨਾਈਲ ਪੁਲਸ ਅਫਸਰਾਂ ਅਤੇ ਸਮੂਹ ਬਾਲ ਵਿਕਾਸ ਪ੍ਰੋਜੈਕਟ ਅਫਸਰਾਂ ਲਈ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਜੁਵੇਨਾਈਲ ਜਸਟਿਸ ਐਕਟ, ਬਾਲ ਅਧਿਕਾਰ, ਪੋਕਸੋ ਐਕਟ ਅਤੇ ਕਾਨੂੰਨੀ ਅਡਾਪਸ਼ਨ ਪ੍ਰਕਿਰਿਆ ਸੰਬੰਧੀ ਵਰਕਸ਼ਾਪ ਲਗਾਈ ਗਈ। ਇਸ ਮੌਕੇ ਮੌਜੂਦ ਪੁਲਸ ਅਧਿਕਾਰੀਆਂ ਨੂੰ ਸੰਬੋਧਨ ਕਰਦਿਆਂ ਬਾਲ ਭਲਾਈ ਕਮੇਟੀ ਦੇ ਚੇਅਰਪਰਸਨ ਹਰਜੀਤ ਕੌਰ ਨੇ ਦੱਸਿਆ ਕਿ ਅਜੋਕੇ ਸਮੇਂ 'ਚ ਬੱਚਿਆਂ ਨੂੰ ਬਾਲ ਅਧਿਕਾਰਾਂ ਸੰਬੰਧੀ ਜਾਣਕਾਰੀ ਹੋਣੀ ਬਹੁਤ ਲਾਜ਼ਮੀ ਹੈ ਕਿਉਂਕਿ ਬੱਚਿਆਂ ਨਾਲ ਸੰਬੰਧਤ ਮਸਲੇ ਬੇਹੱਦ ਸੰਵੇਦਨਸ਼ੀਲ ਹੁੰਦੇ ਹਨ ਅਤੇ ਇਸ ਮੌਕੇ ਉਨ੍ਹਾਂ ਵੱਲੋਂ ਭਾਰਤ ਸਰਕਾਰ ਦੁਆਰਾ 18 ਸਾਲ ਤੋਂ ਘੱਟ ਉਮਰ ਦੇ ਅਨਾਥ, ਬੇਸਹਾਰਾ, ਅਣਗੌਲੇ ,ਅਪਰਾਧ ਦੇ ਸ਼ਿਕਾਰ ਬੱਚੇ, ਗੁੰਮਸ਼ੁਦਾ ਹਾਲਾਤ 'ਚ ਮਿਲੇ ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਵੱਖ-ਵੱਖ ਕਾਨੂੰਨ ਬਣਾਏ ਗਏ ਹਨ ਜਿਵੇਂ ਕਿ ਜੁਵੇਨਾਈਲ ਜਸਟਿਸ ਐਕਟ ਅਤੇ ਪੋਕਸੋ ਐਕਟ। ਉਨ੍ਹਾ ਦੱਸਿਆ ਕਿ ਅਜਿਹੇ ਕੇਸਾਂ ਨੂੰ ਡੀਲ ਕਰਦੇ ਹੋਏ ਪੁਲਸ ਅਧਿਕਾਰੀਆਂ ਨੂੰ ਬੱਚੇ ਦੇ ਹਿੱਤਾਂ ਨੂੰ ਧਿਆਨ ਰੱਖਣਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਲੋੜਵੰਦ ਬੱਚੇ ਪੁਲਸ ਸਟੇਸ਼ਨ, ਚਾਈਲਡ ਹੈਲਪਲਾਈਨ ਅਤੇ ਸਿੱਧੇ ਰੂਪ 'ਚ ਵੀ ਉਨ੍ਹਾ ਦੇ ਦਫਤਰ ਵਿਚ ਪਹੁੰਚ ਕਰਕੇ ਬਣਦੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ।

ਇਸ ਮੌਕੇ ਸੁਖਜਿੰਦਰ ਸਿੰਘ ਲੀਗਲ-ਕਮ-ਪ੍ਰੋਬੇਸ਼ਨ ਅਫਸਰ ਨੇ ਪੁਲਸ ਅਧਿਕਾਰੀਆਂ ਨੂੰ ਕਾਨੂੰਨੀ ਅਡਾਪਸ਼ਨ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਗੈਰ ਕਾਨੂੰਨੀ ਅਡਾਪਸ਼ਨ ਅਤੇ ਬੱਚਿਆਂ ਦੀ ਖਰੀਦੋ-ਫਰੋਖਤ ਕਰਨ ਵਾਲਿਆਂ ਖਿਲਾਫ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ। ਇਸ ਦੌਰਾਨ ਵਿਭਾਗ ਵੱਲੋਂ ਬੱਚਿਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ। ਜਿਲ੍ਹਾ ਬਾਲ ਸੁਰੱਖਿਆ ਅਫਸਰ ਹਰਪ੍ਰੀਤ ਕੌਰ ਵੱਲੋਂ ਵਰਕਸ਼ਾਪ ਵਿਚ ਹਾਜ਼ਰ ਸਮੂਹ ਅਧਿਕਾਰੀਆਂ ਦਾ ਧੰਨਵਾਦ ਕੀਤਾ ਗਿਆ।

## ਕਰਮਜੀਤ ਸੰਧੂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਪ੍ਰਧਾਨ



**ਜਲਾਲਾਬਾਦ (ਦਹੂਜਾ)**-ਸਥਾਨਕ ਬਾਰ ਐਸੋਸੀਏਸ਼ਨ ਦੀਆਂ ਚੋਣਾਂ ਦੌਰਾਨ ਦੂਜੀ ਵਾਰ ਸਰਬਸੰਮਤੀ ਨਾਲ ਕਰਮਜੀਤ ਸੰਧੂ ਨੂੰ ਪ੍ਰਧਾਨ ਨਿਯੁਕਤ ਕੀਤਾ ਗਿਆ ਤੇ ਸਰਬਸੰਮਤੀ ਨਾਲ ਹੀ ਕਰਨ ਚੁਚਰਾ ਨੂੰ ਉੱਪ ਪ੍ਰਧਾਨ, ਜਨਰਲ ਸਕੱਤਰ ਅਮਨ ਬਵੇਜਾ ਨੂੰ ਬਣਾਇਆ ਗਿਆ ਤੇ ਸਕੱਤਰ ਦੇ ਅਹੁਦੇ ਲਈ ਸੂਰਜ ਕਾਠਪਾਲ ਤੇ ਸੰਦੀਪ ਝਾਂਬ 'ਚ ਮੁਕਾਬਲੇ ਦੌਰਾਨ ਸ਼੍ਰੀ ਕਾਠਪਾਲ ਨੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਅਮਿਤ ਕੱਕੜ ਤੇ ਰੀਟਾ ਰਾਣੀ 'ਚ ਮੁਕਾਬਲੇ ਦੌਰਾਨ ਅਮਿਤ ਕੱਕੜ ਨੇ ਜਿੱਤ ਹਾਸਲ ਕੀਤੀ। ਇਸ ਮੌਕੇ ਨਵੀਂ ਚੁਣੀ ਗਈ ਟੀਮ ਨੇ ਸਮੂਹ ਵਕੀਲ ਭਾਈਚਾਰੇ ਦਾ ਧੰਨਵਾਦ ਕੀਤਾ ਤੇ ਕਿਹਾ ਕਿ ਉਹ ਆਪਣੀ ਜ਼ੁੰਮੇਵਾਰੀਆਂ ਤਨਦੇਹੀ ਨਾਲ ਨਿਭਾਉਣਗੇ।

## ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਵਿੱਦਿਅਕ ਮੁਕਾਬਲੇ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਬਲਾਕ ਸਿੱਖਿਆ ਸਮਾਣਾ-1 ਐਟ ਪਾਤੜਾਂ ਵਿਖੇ ਇੰਜਨੀਅਰ ਅਮਰਜੀਤ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ ਪਟਿਆਲਾ ਦੀ ਰਹਿਨੁਮਾਈ ਹੇਠ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਬਲਾਕ ਪੱਧਰੀ ਸਹਿ-ਵਿੱਦਿਅਕ ਮੁਕਾਬਲੇ ਸਰਕਾਰੀ ਐਲੀਮੈਂਟਰੀ ਸਕੂਲ ਅਨਾਜ ਮੰਡੀ ਪਾਤੜਾਂ ਵਿਖੇ ਸ੍ਰੀ ਪ੍ਰੇਮ ਕੁਮਾਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦੀ ਯੋਗ ਅਗਵਾਈ ਹੇਠ ਕਰਵਾਏ ਗਏ। ਮੁਕਾਬਲਿਆਂ ਵਿੱਚ ਬਲਾਕ ਸੈਂਟਰਾਂ ਦੇ 62 ਸਕੂਲਾਂ ਦੇ ਬੱਚਿਆਂ ਨੇ ਵੱਖ-ਵੱਖ ਸਹਿ-ਵਿੱਦਿਅਕ ਮੁਕਾਬਲਿਆਂ ਵਿੱਚ ਭਾਗ ਲਿਆ, ਜਿਨ੍ਹਾਂ ਵਿੱਚ ਸੁੰਦਰ ਲਿਖਾਈ, ਭਾਸ਼ਣ ਮੁਕਾਬਲੇ, ਕਵਿਤਾ ਗਾਇਨ, ਲੇਖ ਰਚਨਾ ਆਦਿ ਸ਼ਾਮਲ ਸਨ। ਇਨ੍ਹਾਂ ਮੁਕਾਬਲਿਆਂ ਵਿੱਚ ਬੱਚਿਆਂ ਨੇ ਪੂਰੇ ਉਤਸ਼ਾਹ ਤੇ ਜਜ਼ਬੇ ਨਾਲ ਸ਼ਮੂਲੀਅਤ ਕੀਤੀ। ਅਖੀਰ 'ਚ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਨਮਾਨਤ ਕਰਕੇ ਜਿੱਥੇ ਉਨ੍ਹਾ ਦੀ ਹੌਸਲਾ ਅਫਜ਼ਾਈ ਕੀਤੀ, ਨਾਲ ਹੀ ਉਨ੍ਹਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਤਿਆਰ ਰਹਿਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸ੍ਰੀ ਪ੍ਰੇਮ ਕੁਮਾਰ ਬੀ ਪੀ ਈ ਓ ਵੱਲੋਂ ਬੱਚਿਆਂ ਨੂੰ ਵਿੱਦਿਅਕ ਗਤੀਵਿਧੀਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਤੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਤੇ ਜੀਵਨ ਬਾਰੇ ਦੱਸਿਆ। ਇਸ ਮੌਕੇ ਸੀ ਐੱਚ ਟੀ ਅੰਜੂ ਬਾਲਾ ਅਰਨੋ, ਸ੍ਰੀਮਤੀ ਭੁਪਿੰਦਰ ਕੌਰ ਹੈੱਡ ਟੀਚਰ, ਜਗਤਾਰ ਸਿੰਘ ਸ਼ੁਤਰਾਣਾ, ਦਲਜਿੰਦਰ ਕੌਰ ਮੇਨ ਪਾਤੜਾਂ, ਬਲਵਿੰਦਰ ਸਿੰਘ ਸਧਾਰਨ ਪੁਰ, ਮਹੇਸ਼ ਕੁਮਾਰ, ਕੁਲਵਿੰਦਰ ਸਿੰਘ, ਨਿਰਵੈਰ ਸਿੰਘ ਬੀ ਐੱਮ ਟੀ, ਲਖਵਿੰਦਰ ਸਿੰਘ ਤੇ ਗੁਰਪਾਲ ਸਿੰਘ ਅਤੇ ਬਲਾਕ ਮੀਡੀਆ ਕੁਆਰਡੀਨੇਟਰ ਅਮਰਿੰਦਰ ਸਿੰਘ ਹਾਜ਼ਰ ਸਨ।

## ਸੁਖਦਰਸ਼ਨ ਚੌਹਾਨ ਬਾਰ ਐਸੋਸੀਏਸ਼ਨ ਦੇ ਤੀਸਰੀ ਵਾਰ ਬਣੇ ਪ੍ਰਧਾਨ



**ਬਰੇਟਾ (ਰੀਤਵਾਲ)**-ਬਾਰ ਐਸੋਸੀਏਸ਼ਨ ਦੀ ਚੋਣ ਵਿੱਚ ਸੁਖਦਰਸ਼ਨ ਚੌਹਾਨ ਇੱਕ ਵੋਟ ਦੇ ਫਰਕ ਨਾਲ ਜੇਤੂ ਰਹੇ, ਜਿਸ ਵਿੱਚ ਪ੍ਰਧਾਨਗੀ ਦੀ ਵੋਟ 'ਚ 61 ਵੋਟਾਂ ਵਕੀਲ ਸੁਖਦਰਸ਼ਨ ਸਿੰਘ ਚੌਹਾਨ ਨੂੰ ਤੇ 60 ਵੋਟਾਂ ਐਡਵੋਕੇਟ ਸੁਸ਼ੀਲ ਬਾਂਸਲ ਨੂੰ ਪਈਆਂ ਤੇ 1 ਵੋਟ ਰੱਦ ਕੀਤੀ ਗਈ। ਇਸੇ ਤਰ੍ਹਾਂ ਸੈਕਟਰੀ ਪਦ ਲਈ ਰਾਜੇਸ਼ ਕੁਮਾਰ, ਮੀਤ ਪ੍ਰਧਾਨ ਲਈ ਸੁਰਜੀਤ ਸਿੰਘ ਸੋਢੀ, ਜੁਆਇੰਟ ਸਕੱਤਰ ਲਈ ਐਡਵੋਕੇਟ ਸੁਰਿੰਦਰ ਵਸ਼ਿਸ਼ਟ ਚੁਣੇ ਗਏ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਚੋਣ ਅਧਿਕਾਰੀ ਐਡਵੋਕੇਟ ਜਸਵਿੰਦਰ ਸਿੰਘ ਧਾਲੀਵਾਲ ਨੇ ਦੱਸਿਆ ਕਿ ਇਹ ਵੋਟਾਂ ਅਮਨ ਅਮਾਨ ਨਾਲ ਨੇਪਰੇ ਚਾੜ੍ਹੀਆਂ ਗਈਆਂ। ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਐਡਵੋਕੇਟ ਸੁਖਦਰਸ਼ਨ ਸਿੰਘ ਚੌਹਾਨ ਨੇ ਸਮੂਹ ਵਕੀਲਾਂ ਦਾ ਧੰਨਵਾਦ ਕਰਦਿਆਂ ਬਾਰ ਐਸੋਸੀਏਸ਼ਨ ਲਈ ਧਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ। ਦੱਸਣਯੋਗ ਹੈ ਕਿ ਐਡਵੋਕੇਟ ਸੁਖਦਰਸ਼ਨ ਸਿੰਘ ਚੌਹਾਨ ਤੀਸਰੀ ਵਾਰ ਪ੍ਰਧਾਨ ਬਣੇ ਹਨ।

## 69ਵਾਂ ਸਟੇਸ਼ਨਰੀ ਵੰਡ ਸਮਾਰੋਹ



**ਜਲਾਲਾਬਾਦ (ਜੀਤ ਕੁਮਾਰ)**-ਸਿਟੀਜ਼ਨ ਵੈੱਲਫੇਅਰ ਕੌਂਸਲ ਜਲਾਲਾਬਾਦ ਦਾ 69ਵਾਂ ਸਟੇਸ਼ਨ ਵੰਡ ਸਮਾਰੋਹ ਪ੍ਰਧਾਨ ਦੇਵ ਰਾਜ ਸ਼ਰਮਾ ਦੀ ਪ੍ਰਧਾਨਗੀ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਬਸਤੀ ਡੋਗਰ ਵਾਲੀ (ਚੱਕ ਰੁੰਮਵਾਲਾ) ਵਿਖੇ ਹੋਇਆ, ਜਿਸ ਵਿੱਚ ਸਕੂਲ ਦਾ ਸਟਾਫ ਤੇ ਸੰਸਥਾ ਦੇ ਅਹੁਦੇਦਾਰਾਂ ਨੇ ਹਿੱਸਾ ਲਿਆ। ਇਸ ਮੌਕੇ ਜਲਾਲਾਬਾਦ-2 ਦੇ ਬੀ.ਪੀ.ਈ.ਓ. ਨਰਿੰਦਰ ਸਿੰਘ ਤੇ ਸ੍ਰੀਮਤੀ ਸੁਖਵਿੰਦਰ ਕੌਰ ਸੈਂਟਰ ਹੈੱਡ ਟੀਚਰ ਬਾਹਮਣੀਵਾਲਾ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਦੋਂਕਿ ਹੋਰਨਾਂ ਤੋਂ ਇਲਾਵਾ ਹੈਡ ਟੀਚਰ ਤਿਲਕ ਰਾਜ, ਪ੍ਰਧਾਨ ਦੇਵ ਰਾਜ ਸ਼ਰਮਾ, ਗੁਰਬਖਸ਼ ਸਿੰਘ ਖੁਰਾਣਾ, ਸਰਪ੍ਰਸਤ ਰਾਜ ਕੁਮਾਰ ਗਗਨੇਜਾ, ਜਨਰਲ ਸਕੱਤਰ ਪ੍ਰਵੇਸ਼ ਖੰਨਾ, ਖਜ਼ਾਨਚੀ ਸਤੀਸ਼ ਚਰਾਇਆ, ਦੇਸ ਰਾਜ ਗਾਂਧੀ, ਮਦਨ ਲਾਲ ਗੂੰਬਰ, ਤਿਲਕ ਰਾਜ ਸੈਂਟਰ ਹੈੱਡ ਟੀਚਰ, ਮਨਪ੍ਰੀਤ ਸਿੰਘ ਸਹਾਇਕ ਬੀਪੀਈਓ, ਬਲਜੀਤ ਸਿੰਘ ਟੀਚਰ, ਅਸ਼ੋਕ ਗਗਨੇਜਾ, ਬਲਬੀਰ ਸਿੰਘ ਰਹੇਜਾ, ਪ੍ਰਕਾਸ਼ ਦੋਸ਼ੀ ਆਦਿ ਹਾਜ਼ਰ ਸਨ।

## ਮਹਿਲਾਵਾਂ ਦਾ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਸਮੇਂ ਦੀ ਮੁੱਖ ਲੋੜ : ਬੀ ਡੀ ਪੀ ਓ



**ਭੀਖੀ (ਧਰਮਵੀਰ ਸ਼ਰਮਾ)**-ਮਹਿਲਾਵਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਨ ਲਈ ਇੱਕ ਵਿਸ਼ਾਲ ਸੈਮੀਨਾਰ ਸਥਾਨਕ ਬੀ ਡੀ ਪੀ ਓ ਦਫਤਰ ਵਿਖੇ ਕੀਤਾ ਗਿਆ, ਜਿਸ ਵਿੱਚ ਬੀ ਡੀ ਪੀ ਓ ਬੁਢਲਾਡਾ ਸੁਖਵਿੰਦਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਮਹਿਲਾਵਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾ ਕਿਹਾ ਕਿ ਅਜੋਕੇ ਸਮੇਂ ਵਿੱਚ ਮਹਿਲਾਵਾਂ ਹਰ ਖੇਤਰ ਵਿੱਚ ਪੁਰਸ਼ਾਂ ਦੇ ਮੋਢੇ ਨਾਲ ਮੋਢਾ ਲਾ ਕੇ ਅੱਗੇ ਵੱਧ ਰਹੀਆਂ ਹਨ। ਉਨ੍ਹਾ ਕਿਹਾ ਕਿ ਮਹਿਲਾਵਾਂ ਜਿੱਥੇ ਘਰੇਲੂ ਕੰਮਕਾਜ ਨੂੰ ਤਰਜੀਹ ਦੇ ਕੇ ਪਰਿਵਾਰ ਪਾਲਦੀਆਂ ਹਨ, ਉੱਥੇ ਹੁਣ ਮਹਿਲਾਵਾਂ ਨੂੰ ਸੈਲਫ ਹੈਲਪ ਗਰੁੱਪਾਂ ਰਾਹੀਂ ਕਰਜ਼ੇ ਦੇ ਕੇ ਉਨ੍ਹਾਂ ਨੂੰ ਸਵੈ ਨਿਰਭਰ ਬਣਾਉਣ ਲਈ ਵੀ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਘਰੇਲੂ ਹਿੰਸਾ ਸਬੰਧੀ ਸੰਬੋਧਨ ਕਰਦਿਆਂ ਕਿ ਜੇਕਰ ਕੋਈ ਮਹਿਲਾ ਘਰੇਲੂ ਹਿੰਸਾ ਸਬੰਧੀ ਪੀੜਤ ਹੈ ਤਾਂ ਉਹ ਕਾਨੂੰਨੀ ਸੇਵਾਵਾਂ ਅਥਾਰਿਟੀ ਰਾਹੀਂ ਮੁਫਤ ਕਾਨੂੰਨੀ ਸਹਾਇਤਾ ਲੈ ਸਕਦੀਆਂ ਹਨ ਤੇ ਆਪਣਾ ਜੀਵਨ ਖੁਸ਼ੀ ਖੁਸ਼ੀ ਬਸਰ ਕਰ ਸਕਦੀਆਂ ਹਨ। ਇਸ ਮੌਕੇ ਐਡਵੋਕੇਟ ਮੈਡਮ ਗਗਨਦੀਪ ਕੌਰ, ਜਸਵੀਰ ਕੌਰ, ਰਵਿੰਦਰ ਕੌਰ ਤੇ ਮੈਡਮ ਮਨੀਸ਼ਾ ਨੇ ਵੀ ਆਪਣੇ ਵਿਚਾਰ ਰੱਖੇ ਤੇ ਮਹਿਲਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਸਬੰਧੀ ਵਿਸਤਾਰਪੂਰਬਕ ਜਾਣਕਾਰੀ ਦਿੱਤੀ। ਇਸ ਮੌਕੇ ਬੀ ਡੀ ਪੀ ਓ ਦਫ਼ਤਰ ਭੀਖੀ ਦੇ ਸੁਪਰਡੈਂਟ ਦਰਸ਼ਨ ਸਿੰਘ ਮਾਹਲਾ ਤੋਂ ਇਲਾਵਾ ਆਂਗਣਵਾੜੀ ਵਰਕਰਾਂ ਤੇ ਹੋਰ ਵੱਡੀ ਗਿਣਤੀ 'ਚ ਹਾਜ਼ਰ ਸਨ।

## ਭਾਕਿਯੂ ਡਕੌਂਦਾ ਵੱਲੋਂ ਫੰਡ ਮੁਹਿੰਮ ਜਾਰੀ



**ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਲੋਕ ਕਵੀ ਸੰਤ ਰਾਮ ਉਦਾਸੀ ਦੇ ਪਿੰਡ ਰਾਏਸਰ ਵਿਖੇ ਬਲਾਕ ਆਗੂਆਂ ਦੀ ਹਾਜ਼ਰੀ ਵਿੱਚ ਸਾਉਣੀ ਫਸਲ ਦਾ ਛਿਮਾਹੀ ਫੰਡ ਇਕੱਠਾ ਕੀਤਾ ਗਿਆ। ਪਿੰਡ ਵਾਸੀਆਂ ਨੇ ਆਉਣ ਵਾਲੇ ਸੰਘਰਸ਼ਾਂ ਲਈ ਫੰਡਾਂ ਦੀ ਲੋੜ ਨੂੰ ਮੁੱਖ ਰੱਖਦਿਆਂ ਪੂਰੇ ਉਤਸ਼ਾਹ ਨਾਲ ਫੰਡ ਵਿੱਚ ਹਿੱਸਾ ਪਾਇਆ। ਇਸੇ ਦੌਰਾਨ ਘਰ-ਘਰ ਤੋਂ ਸ਼ੁਰੂ ਕੀਤੀ ਮੁਹਿੰਮ ਦੌਰਾਨ ਕਿਸਾਨ ਆਗੂਆਂ ਨੇ ਦੂਜੇ ਪੜਾਅ ਦੇ ਸ਼ੁਰੂ ਹੋਏ ਸੰਘਰਸ਼ ਦੀਆਂ ਮੰਗਾਂ ਬਾਰੇ ਗੱਲ ਕਰਦਿਆਂ ਕਿਸਾਨ ਆਗੂਆਂ ਜਗਰਾਜ ਸਿੰਘ ਹਰਦਾਸਪੁਰਾ, ਅਮਨਦੀਪ ਰਾਏਸਰ ਨੇ ਪਿੰਡ ਰਾਏਸਰ ਦੇ ਕਿਸਾਨ ਮਰਦ-ਔਰਤਾਂ ਤੇ ਨੌਜਵਾਨ ਕਿਸਾਨਾਂ ਵੱਲੋਂ ਕਿਸਾਨ ਸੰਘਰਸ਼ 'ਚ ਸ਼ਾਨਾਮੱਤਾ ਭੂਮਿਕਾ ਦੀ ਜ਼ੋਰਦਾਰ ਸ਼ਲਾਘਾ ਕੀਤੀ। ਇਸ ਫੰਡ ਮੁਹਿੰਮ 'ਚ ਗੋਰਾ ਸਿੰਘ ਰਾਏਸਰ, ਲਾਲੀ ਰਾਏਸਰ, ਜੱਗੀ ਸਿੰਘ ਰਾਏਸਰ, ਬੱਗਾ ਸਿੰਘ ਰਾਏਸਰ, ਕਰਨੈਲ ਸਿੰਘ ਆਦਿ ਕਿਸਾਨ ਸ਼ਾਮਲ ਸਨ।

# ਜ਼ਿਲ੍ਹਾ ਸੈਸ਼ਨਜ਼ ਜੱਜ ਵੱਲੋਂ ਕੇਂਦਰੀ ਜੇਲ੍ਹ ਦਾ ਦੌਰਾ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਵੀਰਇੰਦਰ ਮਾਨਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਜ਼ਿਲ੍ਹਾ ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ ਦਾ ਦੌਰਾ ਕੀਤਾ ਗਿਆ।ਇਸ ਮੌਕੇ ਮਿਸ ਏਕਤਾ ਉੱਪਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ, ਜੇਲ੍ਹ ਸੁਪਰਡੈਂਟ ਬਲਜੀਤ ਸਿੰਘ ਵੈਦ ਵੀ ਹਾਜ਼ਰ ਸਨ।ਇਸ ਦੌਰਾਨ ਜੱਜ ਸਾਹਿਬ ਨੇ ਕੇਂਦਰੀ ਜੇਲ੍ਹ ਵਿਖੇ ਹਵਾਲਾਤੀਆਂ, ਕੈਦੀਆਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਮੌਕੇ ਜੱਜ ਸਾਹਿਬਾਨ ਦੇ ਨਾਲ ਸੁਨੀਲ ਮਲਹੋਤਰਾ ਤੇ ਮਿਸ ਸਭਾ ਯਾਦਵ ਪੈਨਲ ਐਡਵੋਕੇਟ ਵੀ ਮੌਕੇ 'ਤੇ ਹਾਜ਼ਰ ਸਨ। ਸਭ ਤੋਂ ਪਹਿਲਾਂ ਜੱਜ ਸਾਹਿਬ ਨੇ ਜ਼ਨਾਨਾ ਵਾਰਡ ਦਾ ਦੌਰਾ ਕੀਤਾ। ਇਸ ਮੌਕੇ ਜੱਜ ਸਾਹਿਬ ਨੇ ਜੇਲ੍ਹ ਵਿਭਾਗ ਦੇ ਡਾਕਟਰਾਂ ਨੂੰ ਖਾਸ ਹਦਾਇਤਾਂ ਦਿੱਤੀਆਂ ਕਿ ਜੇਲ੍ਹ ਵਿੱਚ ਮੌਜੂਦ ਬੰਦੀਆਂ ਨੂੰ ਸਿਹਤ ਪੱਖੋਂ ਕਿਸੇ ਕਿਸਮ ਦੀ ਕੋਈ ਕਮੀ ਪੇਸ਼ੀ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਦੇ ਰਹਿਣ ਸਹਿਣ, ਖਾਣ ਪੀਣ ਤੇ ਦਵਾਈਆਂ ਦੇ ਨਾਲ ਨਾਲ ਡਾਕਟਰੀ ਹਦਾਇਤਾਂ ਦਾ ਖਾਸ ਖਿਆਲ ਰੱਖਿਆ ਜਾਵੇ ਤਾਂ ਜੋ ਜੇਲ੍ਹ ਵਿੱਚ ਕਿਸੇ ਵੀ ਬੰਦੀ ਨੂੰ ਜਾਂ ਜੇਲ੍ਹ ਸਟਾਫ ਨੂੰ ਕਿਸੇ ਕਿਸਮ ਦੀ ਕੋਈ ਸਿਹਤ ਪੱਖੋਂ ਦਿੱਕਤ ਪੇਸ਼ ਨਾ ਆਵੇ।

ਇਸ ਮੌਕੇ ਜੱਜ ਸਾਹਿਬ ਨੇ ਜੇਲ੍ਹ ਵਿੱਚ ਮੈਡੀਕਲ ਸੇਵਾਵਾਂ ਦੀ ਜ਼ਰੂਰਤ ਮਹਿਸੂਸ ਕਰਦਿਆਂ ਹੋਇਆਂ ਸੀਜੇਐੱਮ ਏਕਤਾ ਉੱਪਲ ਨੂੰ ਜੇਲ੍ਹ ਵਿੱਚ ਮੈਡੀਕਲ ਕੈਂਪ ਲਗਵਾਉਣ ਬਾਰੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।ਇਸ ਤੋਂ ਬਾਅਦ ਜੱਜ ਸਾਹਿਬ ਕੇਂਦਰੀ ਜੇਲ੍ਹ ਦੇ ਚੱਕਰ ਵਿੱਚੋਂ ਹੁੰਦੇ ਹੋਏ ਬੈਰਕਾਂ ਵਿੱਚ ਮੌਜੂਦ ਬੰਦੀਆਂ ਨੂੰ ਮਿਲੇ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਤੋਂ ਬਾਅਦ ਜੱਜ ਸਾਹਿਬ ਨੇ ਜੇਲ੍ਹ ਵਿਖੇ ਬਣੀ ਰਸੋਈ ਤੇ ਇੱਥੇ ਬਣੇ ਖਾਣੇ ਦਾ ਨਰੀਖਣ ਕੀਤਾ।ਅੰਤ ਵਿੱਚ ਜੱਜ ਸਾਹਿਬ ਨੇ ਜੇਲ੍ਹ ਵਿੱਚ ਬੰਦ ਹਵਾਲਾਤੀਆਂ ਤੇ ਕੈਦੀਆਂ ਨੂੰ ਸੰਬੋਧਨ ਕਰਦੇ ਹੋਏ ਇਹ ਕਿਹਾ ਕਿ ਤੁਸੀਂ ਇੱਥੋਂ ਦੇਸ਼ ਦੇ ਇੱਕ ਚੰਗੇ ਨਾਗਰਿਕ ਬਣ ਕੇ ਬਾਹਰ ਜਾਓ ਤੇ ਜ਼ਿੰਦਗੀ ਵਿੱਚ ਕੋਈ ਵੀ ਗਲਤ ਕੰਮ ਨਾ ਕਰਨ ਦਾ ਪ੍ਰਣ ਲਓ ਤਾਂ ਕਿ ਤੁਹਾਡੀ ਆਉਣ ਵਾਲੀ ਜ਼ਿੰਦਗੀ ਸੁਖਮਈ ਹੋਵੇ। ਇਸ ਮੌਕੇ ਪੈਰਾ ਲੀਗਲ ਵਲੰਟੀਅਰ ਗਗਨਦੀਪ ਸਿੰਘ ਆਪਣੇ ਜੇਲ੍ਹ ਲੀਗਲ ਸਰਵਿਸਜ਼ ਕਲੀਨਿਕ ਰਿਕਾਰਡ ਦੇ ਨਾਲ ਮੌਜੂਦ ਸਨ।



**ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸਹਿਤ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਕੇਂਦਰੀ ਜੇਲ੍ਹ ਦਾ ਦੌਰਾ ਕਰਦੇ ਹੋਏ।**

## ਸਾਬਕਾ ਸਰਪੰਚ ਦੇ ਦੇਹਾਂਤ ਪਿੱਛੋਂ ਗੋਡਾ ਨਿਵਾਉਣ ਪੁੱਜੇ ਜੀਤ ਮਹਿੰਦਰ ਸਿੱਧੂ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਸਾਬਕਾ ਸਰਪੰਚ ਮੋਦਨ ਸਿੰਘ ਮਿਰਜ਼ੇਆਣਾ ਦੇ ਅਕਾਲ ਚਲਾਣੇ 'ਤੇ ਜਿੱਥੇ ਕਈ ਸਿਆਸੀ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ, ਉਥੇ ਉਨ੍ਹਾਂ ਦੇ ਅਕਾਲ ਚਲਾਣੇ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਤੇ ਹਲਕਾ ਇੰਚਾਰਜ ਜੀਤਮਹਿੰਦਰ ਸਿੰਘ ਸਿੱਧੂ, ਸੁਖਵੀਰ ਸਿੰਘ ਚੱਠਾ, ਅਮਰਜੀਤ ਸਿੰਘ ਚੀਮਾ, ਸੁਖਵੀਰ ਸਿੰਘ ਗੱਗੜ, ਹਰਿਮੰਦਰ ਸਿੰਘ ਲਹਿਰੀ, ਬੰਤ ਸਿੰਘ, ਦਾਰਾ ਸਿੰਘ ਨਥੇਹਾ, ਸੇਵਕ ਸਿੰਘ, ਜਗਰਾਜ ਸਿੰਘ ਸਾਬਕਾ ਸਰਪੰਚ, ਇਕਵਾਲ ਸਿੰਘ ਸਾਬਕਾ ਸਰਪੰਚ ਗਹਿਲੇਵਾਲਾ, ਡੂਗਰ ਸਿੰਘ, ਗੁਰਦਿੱਤ ਸਿੰਘ ਸੀਗੋ,ਡਾਕਟਰ ਬਲਦੇਵ ਸਿੰਘ ਰੋਮਾਣਾ, ਡਾਕਟਰ ਮਲਕੀਤ ਸਿੰਘ, ਬੂਟਾ ਸਿੰਘ, ਮੇਜਰ ਸਿੰਘ ਮਿਰਜ਼ੇਆਣਾ, ਰੇਸ਼ਮ ਸਿੰਘ ਦਾਦੂ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ। ਯਾਦ ਰਹੇ ਮੋਦਨ ਸਿੰਘ ਦੀ ਅੰਤਿਮ ਅਰਦਾਸ ਦੁਪਹਿਰ 12:30 ਵਜੇ ਦਿਨ ਵੀਰਵਾਰ 22 ਦਸੰਬਰ 2022 ਨੂੰ ਗੁਰਦੁਆਰਾ ਕੌਰ ਸਿੰਘ ਸਾਹਿਬ ਪਿੰਡ ਮਿਰਜ਼ੇਆਣਾ ਵਿਖੇ ਹੋਵੇਗੀ।



## ਜਮਹੂਰੀ ਅਧਿਕਾਰ ਸਭਾ ਵੱਲੋਂ ਧਰਨਾਕਾਰੀਆਂ 'ਤੇ ਜਬਰ ਦੀ ਸਖਤ ਨਿਖੇਧੀ



**ਸੰਗਰੂਰ (ਪ੍ਰਵੀਨ)**-ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਜ਼ੀਰਾ ਸ਼ਰਾਬ ਫੈਕਟਰੀ ਨੂੰ ਬੰਦ ਕਰਵਾਉਣ ਲਈ ਸੰਘਰਸ਼ ਕਰ ਰਹੇ ਇਨਸਾਫ ਪਸੰਦ ਲੋਕਾਂ ਉਪਰ ਕੀਤੇ ਜਾ ਰਹੇ ਜਬਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ ਤੇ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ ਤੇ ਇਨਸਾਫ ਪਸੰਦ ਵਿਆਕਤੀਆਂ ਨੂੰ ਸਰਕਾਰ ਦੇ ਇਸ ਜਾਬਰ ਹਮਲੇ ਦਾ ਮੂੰਹ ਤੋੜ ਜਵਾਬ ਦੇਣ ਦਾ ਸੱਦਾ ਦਿੱਤਾ ਹੈ। ਸਭਾ ਦੇ ਜ਼ਿਲ੍ਹਾ ਇਕਾਈ ਸੰਗਰੂਰ ਦੇ ਪ੍ਰਧਾਨ ਸਵਰਨਜੀਤ ਸਿੰਘ ਸਕੱਤਰ ਕੁਲਦੀਪ ਸਿੰਘ ਤੇ ਪ੍ਰੈੱਸ ਸਕੱਤਰ ਜੁਝਾਰ ਸਿੰਘ ਲੌਂਗੋਵਾਲ ਨੇ ਕਿਹਾ ਕਿ ਤਕਰੀਬਨ ਪੰਜਾਬ ਮਹੀਨੇ ਤੋਂ ਜੀਉਣ ਦੇ ਹੱਕ ਲਈ ਸੰਘਰਸ਼ ਕਰ ਰਹੇ ਲੋਕਾਂ ਦੀ ਆਵਾਜ਼ ਨੂੰ ਸੁਣ ਕੇ ਉਸ ਦਾ ਕੋਈ ਸਾਰਥਕ ਹੱਲ ਕੱਢਣ ਦੀ ਥਾਂ ਸਰਕਾਰ ਮਿੱਟੀ, ਪਾਣੀ ਤੇ ਹਵਾ ਨੂੰ ਪਲੀਤ ਕਰਨ ਵਾਲੇ ਸਰਮਾਏਦਾਰ ਦੀ ਪਿੱਠ 'ਤੇ ਆ ਕੇ ਖੜ ਗਈ ਹੈ।

ਸੰਘਰਸ਼ ਕਰਦੇ ਆਗੂਆਂ ਨੂੰ ਗ੍ਰਿਫਤਾਰ ਕਰਕੇ ਤੇ ਸੰਘਰਸ਼ ਵਿੱਚ ਸ਼ਾਮਲ ਹੋਣ ਲਈ ਆਉਣ ਵਾਲੇ ਲੋਕਾਂ ਦੀ ਘੇਰਾਬੰਦੀ ਕਰਕੇ ਸੰਘਰਸ਼ ਦੇ ਮੋਰਚੇ ਨੂੰ ਖਿੰਡਾ ਕੇ ਲੋਕਾਂ ਦੇ ਚੰਗਾ ਜੀਵਨ ਜਿਊਣ ਲਈ ਸੰਘਰਸ਼ ਕਰਨ ਦੇ ਮੁੱਢਲੇ ਅਧਿਕਾਰ ਉਪਰ ਹਮਲਾ ਕੀਤਾ ਗਿਆ ਹੈ, ਜਿਸ ਨੂੰ ਪੰਜਾਬ ਦੇ ਲੋਕ ਬਰਦਾਸ਼ਤ ਨਹੀਂ ਕਰਨਗੇ। ਆਗੂਆਂ ਨੇ ਪੰਜਾਬ ਸਰਕਾਰ ਨੂੰ ਜਬਰ ਦਾ ਰਾਹ ਛੱਡ ਕੇ ਸੰਘਰਸ਼ ਕਰ ਰਹੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਵੱਲੋਂ ਜ਼ਿੰਦਗੀ ਦੇ ਖਤਰਿਆਂ ਸੰਬੰਧੀ ਰੱਖੇ ਜਾ ਰਹੇ ਠੋਸ ਸਬੂਤਾਂ ਦੇ ਆਧਾਰ 'ਤੇ ਫੈਕਟਰੀ ਮਾਲਕਾਂ ਖਿਲਾਫ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

## ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਬਿਰਧ ਆਸ਼ਰਮ 'ਚ ਬਜ਼ੁਰਗਾਂ ਦੇ ਜਨਮ ਦਿਨ ਸੰਬੰਧੀ ਸਮਾਗਮ

### ਵਿਧਾਇਕ ਨੇ ਸਮਾਗਮ 'ਚ ਕੀਤੀ ਸ਼ਿਰਕਤ



**ਸੀਨੀਅਰ ਸਿਟੀਜ਼ਨ ਕੌਂਸਲ ਫਿਰੋਜ਼ਪੁਰ ਦੇ ਆਗੂ ਵਿਧਾਇਕ ਰਣਬੀਰ ਸਿੰਘ ਭੁੱਲਰ ਨੂੰ ਸਨਮਾਨਤ ਕਰਦੇ ਹੋਏ।**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸੀਨੀਅਰ ਸਿਟੀਜ਼ਨ ਕੌਂਸਲ ਫਿਰੋਜ਼ਪੁਰ ਵੱਲੋਂ ਬਿਰਧ ਆਸ਼ਰਮ ਵਿਖੇ ਬਜ਼ੁਰਗਾਂ ਦੇ ਜਨਮ ਦਿਨ ਸਬੰਧੀ ਸਮਾਗਮ ਕਰਵਾਇਆ ਗਿਆ।ਇਸ ਸਮਾਗਮ ਵਿੱਚ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਰਣਬੀਰ ਸਿੰਘ ਭੁੱਲਰ ਨੇ ਸਮਾਗਮ ਵਿੱਚ ਹਾਜ਼ਰ ਬਜ਼ੁਰਗਾਂ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾ ਕਿਹਾ ਕਿ ਬਜ਼ੁਰਗ ਸਾਡੀ ਜ਼ਿੰਦਗੀ ਦਾ ਸਰਮਾਇਆ ਹੁੰਦੇ ਹਨ ਤੇ ਇਨ੍ਹਾਂ ਦਾ ਸਨਮਾਨ ਤੇ ਦੇਖਭਾਲ ਸਾਡਾ ਧਰਮ ਤੇ ਸਮਾਜਿਕ ਜ਼ਿੰਮੇਵਾਰੀ ਹੈ।ਉਨ੍ਹਾ ਕਿਹਾ ਅਜੋਕੇ ਸਮੇਂ ਵਿੱਚ ਬੱਚਿਆਂ ਦੀ ਨੈਤਿਕ ਸਿੱਖਿਆ 'ਤੇ ਜ਼ੋਰ ਦੇਣ ਦੀ ਲੋੜ ਤਾਂ ਕਿ ਉਹ ਆਪਣੇ ਮਾਪਿਆਂ ਪ੍ਰਤੀ ਜ਼ਿੰਮੇਵਾਰ ਨੂੰ ਸਮਝਣ।ਉਨ੍ਹਾਂ ਜ਼ਿਲ੍ਹੇ ਦੇ ਬਜ਼ੁਰਗਾਂ ਨੂੰ ਭਰੋਸਾ ਦਿਵਾਇਆ ਕਿ ਉਹ ਉਨ੍ਹਾਂ ਨਾਲ ਹਰ ਘੜੀ ਖੜੇ ਹਨ ਤੇ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਭੁੱਲਰ ਵੱਲੋਂ ਬਿਰਧ ਆਸ਼ਰਮ ਦੇ ਬਜ਼ੁਰਗਾਂ ਨੂੰ ਉਨ੍ਹਾਂ ਜਨਮ ਦਿਨ ਦੀਆਂ ਮੁਬਾਰਕਾਂ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹਿਮਾਂਸ਼ੂ, ਨੇਕ ਪ੍ਰਤਾਪ ਸਿੰਘ, ਰਾਜਪਾਲ ਸਿੰਘ, ਸੀਨੀਅਰ ਸਿਟੀਜ਼ਨ ਕੌਂਸਲ ਦੇ ਪ੍ਰਧਾਨ ਪ੍ਰੇਮ ਨਾਥ ਸ਼ਰਮਾ ਤੇ ਚੇਅਰਮੈਨ ਮਦਨ ਲਾਲ ਤਿਵਾੜੀ ਸਮੇਤ ਵੱਡੀ ਗਿਣਤੀ ਵਿੱਚ ਬਜ਼ੁਰਗ ਹਾਜ਼ਰ ਸਨ।

## ਪੁਲਸ ਲਾਈਨ ਵਿਖੇ ਪੈਨਸ਼ਨ ਡੇ ਮਨਾਇਆ



**ਸੰਗਰੂਰ (ਪ੍ਰਵੀਨ)**-ਪੁਲਸ ਲਾਇਨ ਸੰਗਰੂਰ ਵਿਖੇ ਪੁਲਸ ਪੈਨਸ਼ਨਰਜ਼ ਵੱਲੋਂ ਪੈਨਸ਼ਨ ਡੇ ਪ੍ਰਧਾਨ ਅਜਮੇਰ ਸਿੰਘ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਸਮਾਗਮ ਵਿੱਚ ਸ੍ਰੀ ਸਤਿੰਦਰ ਲਾਂਬਾ ਐੱਸ ਐੱਸ ਪੀ ਸੰਗਰੂਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਪੈਨਸ਼ਨਰਜ਼ ਨੇ ਆਪਣੀਆਂ ਮੰਗਾਂ ਬਾਰੇ ਐੱਸ ਐੱਸ ਪੀ ਸੰਗਰੂਰ ਨੂੰ ਜਾਣੂ ਕਰਾਇਆ। ਸ੍ਰੀ ਸਤਿੰਦਰ ਲਾਂਬਾ ਵੱਲੋਂ ਪੈਨਸ਼ਨਰਜ਼ ਨੂੰ ਭਰੋਸਾ ਦਿੱਤਾ ਗਿਆ ਕਿ ਹਰ ਇੱਕ ਕੰਮ ਪਹਿਲ ਦੇ ਅਧਾਰ 'ਤੇ ਕੀਤਾ ਜਾਵੇਗਾ। ਮੈਡੀਕਲ ਬਿੱਲ 15 ਦਿਨਾਂ ਵਿੱਚ ਪਾਸ ਕਰਨ ਦਾ ਭਰੋਸਾ ਦਿੱਤਾ ਗਿਆ। ਪੈਨਸ਼ਨਰਾਂ ਨੇ ਸਰਕਾਰ ਤੋਂ ਮੰਗ ਕਰਦਿਆਂ ਕਿਹਾ ਕਿ 192 ਦਾ ਡੀ ਏ ਦੀਆਂ ਕਿਸ਼ਤਾਂ ਦਾ ਬਕਾਇਆ, 6ਵਾਂ ਪੇਅ ਕਮਿਸ਼ਨ ਮੁਕੰਮਲ, ਡੀ ਏ 38 ਪ੍ਰਤੀਸ਼ਤ ਕਰਨ ਦੀ ਮੰਗ ਕੀਤੀ ਗਈ ਤੇ ਆਲ ਵੈੱਲਫੇਅਰ ਐਸੋਸੀਏਸ਼ਨ ਨਾਲ ਮਿਲ ਕੇ ਅਗਲੇ ਸੰਘਰਸ਼ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ। ਇਸ ਸਮੇਂ ਪੈਨਸ਼ਨਰਜ਼ ਵੱਲੋਂ ਐੱਸ ਐੱਸ ਪੀ ਸੰਗਰੂਰ ਸਤਿੰਦਰ ਲਾਂਬਾ ਦਾ ਸਨਮਾਨ ਵੀ ਕੀਤਾ ਗਿਆ। ਇਸ ਸਮੇਂ ਹੋਰਨਾਂ ਤੋਂ ਇਲਾਵਾ ਗੁਰਬਚਨ ਸਿੰਘ, ਵਾਇਸ ਪ੍ਰਧਾਨ ਗੁਰਦਿਆਲ ਸਿੰਘ, ਜਨ. ਸਕੱਤਰ ਭਰਥਰੀ ਸਿੰਘ, ਹਰਦੇਵ ਸਿੰਘ ਧਾਲੀਵਾਲ, ਜਗਦੀਸ਼ ਸ਼ਰਮਾ ਧੂਰੀ, ਸ਼ਿਵ ਕੁਮਾਰ, ਬਲਦੇਵ ਸਿੰਘ ਖੰਡੇਵਾਦ ਤੇ ਹੋਰ ਮੈਂਬਰ ਹਾਜ਼ਰ ਸਨ।

## ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਦੀ ਅਗਵਾਈ 'ਚ ਸ਼ੋਭਾ ਯਾਤਰਾ ਕੱਢੀ

**ਸਮਾਣਾ (ਇਕਬਾਲ ਸਿੰਘ ਬੱਲ)**-ਸਮਾਣਾ ਨਜ਼ਦੀਕੀ ਪਿੰਡ ਰੇਤਗੜ੍ਹ ਦੇ ਚਰਚ ਤੋਂ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਨ ਦੇ ਸਬੰਧ ਵਿੱਚ ਪਾਸਟਰ ਗੁਰਚਰਨ ਸਿੰਘ ਰੇਤਗੜ੍ਹ ਦੀ ਅਗਵਾਈ ਵਿੱਚ ਸ਼ੋਭਾ ਯਾਤਰਾ ਕੱਢੀ ਗਈ, ਜਿਸ ਵਿੱਚ ਫਾਦਰ ਵਿਜੈ ਰਾਜੂ, ਪਾਸਟਰ ਹੈਪੀ ਜੌਨ, ਪਾਸਟਰ ਫਰੈਗ ਮਸੀਹ, ਪਾਸਟਰ ਸੁਖਚੈਨ, ਪਾਸਟਰ ਦੀਪਕ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਹੋਈਆਂ। ਪਾਸਟਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਭੂ ਯਿਸੂ ਮਸੀਹ ਦਾ ਜਨਮ ਦਿਨ 25 ਦਸੰਬਰ ਨੂੰ ਪਿੰਡ ਰੇਤਗੜ੍ਹ ਦੇ ਚਰਚ ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਦਿਨ ਵਿਸ਼ਾਲ ਮਸੀਹੀ ਸਤਿਸੰਗ ਵੀ ਹੋਵੇਗਾ। ਅੱਜ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਨ ਨੂੰ ਸਮਰਪਤ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ ਤਾਂ ਜੋ ਲੋਕਾਂ ਨੂੰ ਪ੍ਰਭੂ ਯਿਸੂ ਮਸੀਹ ਦੇ ਜੀਵਨ ਤੋਂ ਜਾਣੂ ਕਰਵਾਇਆ ਜਾ ਸਕੇ। ਪਾਸਟਰ ਗੁਰਚਰਨ ਸਿੰਘ ਨੇ ਸਮੁੱਚੇ ਇਲਾਕਾ ਨਿਵਾਸੀਆਂ ਨੂੰ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਨ ਤੇ ਨਵੇਂ ਸਾਲ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਅਰਦਾਸ ਕੀਤੀ ਕਿ ਪ੍ਰਭੂ ਨਵਾਂ ਸਾਲ ਸਾਰਿਆਂ ਲਈ ਖੁਸ਼ੀਆਂ ਲੈ ਕੇ ਆਵੇ, ਸਾਰੇ ਪਾਸੇ ਪਿਆਰ ਹੀ ਪਿਆਰ ਤੇ ਖੁਸ਼ਹਾਲੀ ਹੋਵੇ।



## ਰਾਜ ਪੱਧਰੀ ਖੇਡਾਂ 'ਚ ਢਾਬੀ ਗੁੱਜਰਾਂ ਸਕੂਲ ਦੇ ਸੋਨ ਤਮਗਾ ਜੇਤੂਆਂ ਦਾ ਸਨਮਾਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸਰਕਾਰੀ ਪ੍ਰਾਇਮਰੀ ਸਕੂਲ ਢਾਬੀ ਗੁੱਜਰਾਂ ਬਲਾਕ ਸਮਾਣਾ ਐਟ ਪਾਤੜਾਂ ਦੇ ਬੱਚਿਆਂ ਰਾਜ ਪੱਧਰੀ ਖੇਡਾਂ ਵਿੱਚ ਸੋਨੇ ਦਾ ਤਮਗਾ ਹਾਸਲ ਕੀਤਾ ਹੈ। ਸਕੂਲ ਪ੍ਰਬੰਧਕਾਂ ਜੇਤੂ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ। ਸਕੂਲ ਮੁਖੀ ਅਮਰਜੀਤ ਸਿੰਘ ਕਰੀਮ ਨਗਰ ਨੇ ਦੱਸਿਆ ਕਿ ਰਾਜ ਪੱਧਰੀ ਖੇਡਾਂ ਵਿੱਚ ਖੋ ਖੋ 'ਚ ਮੁੰਡੇ, ਕੁੜੀਆਂ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ, ਪਿੰਡ, ਬਲਾਕ, ਜ਼ਿਲ੍ਹੇ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਹੈ। ਗੋਲਡ ਮੈਡਲ ਜੇਤੂ ਬੱਚਿਆਂ ਨੂੰ ਸਨਮਾਨ ਕਰਨ ਲਈ ਬੀਪੀਈਓ ਪ੍ਰੇਮ ਕੁਮਾਰ ਤੇ ਬੀਐੱਸਓ ਸ੍ਰੀਮਤੀ ਚੰਦਰ ਕਲਾ ਨੇ ਵਿਸ਼ੇਸ਼ ਤੌਰ 'ਤੇ ਸਰਕਾਰੀ ਪ੍ਰਾਇਮਰੀ ਸਕੂਲ ਢਾਬੀ ਗੁੱਜਰਾਂ ਪਹੁੰਚ ਕੇ ਬੱਚਿਆਂ ਨੂੰ ਸਨਮਾਨਤ ਕੀਤਾ ਹੈ। ਰਾਜ ਪੱਧਰੀ ਜੇਤੂ ਬੱਚਿਆਂ ਤੇ ਦੋਵੇਂ ਕੋਚਾਂ ਨੂੰ ਟਰੈਕ ਸੂਟ ਤੇ ਜ਼ਿਲ੍ਹਾ ਪੱਧਰੀ ਜੇਤੂ ਬੱਚਿਆਂ ਨੂੰ ਖੇਡ ਕਿੱਟਾਂ ਦੇ ਕੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਬਲਾਕ ਸਮਾਣਾ 1 ਵੱਲੋਂ ਦੋਵੇਂ ਖੋ ਖੋ ਕੋਚਾਂ ਸੁਭਾਸ਼ ਢਾਬੀ ਤੇ ਬੰਟੀ ਭੂਤਗੜ੍ਹ ਨੂੰ 5100-5100 ਰੁਪਏ ਨਕਦ ਇਨਾਮ ਦਿੱਤਾ ਗਿਆ। ਇਸ ਪ੍ਰੋਗਰਾਮ ਵਿੱਚ ਪਰਮਜੀਤ ਸਿੰਘ ਤੂਰ, ਮਹੇਸ਼ ਕੁਮਾਰ, ਹਰਵਿੰਦਰ ਸਿੰਘ ਜੂਲਕਾ, ਮੇਹਰ ਸਿੰਘ ਗੁੱਜਰਾਂ, ਬੀਐਮਟੀ ਗੁਰਪਾਲ ਸਿੰਘ, ਲਖਵਿੰਦਰ ਸਿੰਘ, ਰਜਿੰਦਰ ਕੁਮਾਰ ਬਹਿਰ, ਸਤਿਗੁਰ ਭੂਤਗੜ੍ਹ ਤੇ ਹੀਰਾ ਜਸਪਾਲ ਚੌਧਰੀ ਹਜ਼ਾਰ ਸਨ।



**ਜੇਤੂਆਂ ਨੂੰ ਸਨਮਾਨਤ ਕੀਤੇ ਜਾਣ ਦ੍ਰਿਸ਼।**

## ਦੇਸ਼ ਭਗਤ 'ਵਰਸਿਟੀ ਦੀ ਵਿਦਿਆਰਥਣ ਦੀ ਗਣਤੰਤਰ ਦਿਵਸ ਪਰੇਡ ਲਈ ਚੋਣ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੀ ਫੈਕਲਟੀ ਆਫ ਐਗਰੀਕਲਚਰ ਐਂਡ ਲਾਈਫ ਸਾਇੰਸਜ਼ ਵਿੱਚ ਬੀ ਐੱਸ ਸੀ ਐਗਰੀਕਲਚਰ (ਆਨਰਜ਼) 5ਵੇਂ ਸਮੈਸਟਰ ਦੀ ਵਿਦਿਆਰਥਣ ਜਾਗ੍ਰਿਤੀ ਰਾਜਪੂਤ ਉਨ੍ਹਾਂ ਅੱਠ ਲੜਕੀਆਂ ਵਿੱਚੋਂ ਇੱਕ ਹੈ, ਜਿਨ੍ਹਾਂ ਨੂੰ ਨਵੀਂ ਦਿੱਲੀ ਵਿੱਚ ਗਣਤੰਤਰ ਦਿਵਸ ਪਰੇਡ ਕੈਂਪ ਵਿੱਚ ਸ਼ਾਮਲ ਹੋਣ ਲਈ ਚੁਣਿਆ ਗਿਆ ਹੈ। ਇਸ ਤੋਂ ਪਹਿਲਾਂ ਜਾਗ੍ਰਿਤੀ ਨੇ ਚਿਤਕਾਰਾ ਯੂਨੀਵਰਸਿਟੀ ਵਿਖੇ ਆਯੋਜਿਤ ਐੱਨ ਐੱਸ ਐੱਸ ਸਿਖਲਾਈ ਕੈਂਪ ਵਿੱਚ ਸ਼ਿਰਕਤ ਕੀਤੀ, ਜਿੱਥੋਂ ਉਸ ਨੂੰ 26 ਨਵੰਬਰ ਤੋਂ 5 ਦਸੰਬਰ ਤੱਕ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਫਗਵਾੜਾ ਵਿਖੇ ਪ੍ਰੀ ਗਣਤੰਤਰ ਦਿਵਸ ਪਰੇਡ ਕੈਂਪ ਵਿੱਚ ਭਾਗ ਲੈਣ ਲਈ ਚੁਣਿਆ ਗਿਆ। ਇਸ ਕੈਂਪ ਦੌਰਾਨ ਨਵੀਂ ਦਿੱਲੀ ਵਿਖੇ ਗਣਤੰਤਰ ਦਿਵਸ ਪਰੇਡ ਕੈਂਪ ਵਿੱਚ ਭਾਗ ਲੈਣ ਲਈ ਪੰਜਾਬ ਭਰ ਵਿੱਚੋਂ 8 ਲੜਕੀਆਂ ਦੀ ਚੋਣ ਕੀਤੀ ਗਈ, ਜਿਨ੍ਹਾਂ ਵਿੱਚੋਂ ਜਾਗ੍ਰਿਤੀ ਰਾਜਪੂਤ ਇੱਕ ਹੈ। ਜਾਗ੍ਰਿਤੀ ਦੀ ਚੋਣ ਨਾਲ ਯੂਨੀਵਰਸਿਟੀ ਤੇ ਉਨ੍ਹਾਂ ਦੇ ਮਾਤਾ-ਪਿਤਾ ਬੇਹੱਦ ਉਤਸ਼ਾਹਤ ਤੇ ਮਾਣ ਮਹਿਸੂਸ ਕਰ ਰਹੇ ਹਨ। ਫੈਕਲਟੀ ਆਫ ਐਗਰੀਕਲਚਰ ਐਂਡ ਲਾਈਫ ਸਾਇੰਸਜ਼ ਦੀ ਡਿਪਟੀ ਡਾਇਰੈਕਟਰ ਡਾ. ਹਰਵਿੰਦਰ ਕੌਰ ਸਿੱਧੂ ਨੇ ਕਿਹਾ ਕਿ ਜਾਗ੍ਰਿਤੀ ਬਹੁਤ ਹੀ ਹੋਣਹਾਰ ਵਿਦਿਆਰਥਣ ਹੈ, ਜਿਸ ਨੇ ਅਕਾਦਮਿਕ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਵਧੀਆ ਪ੍ਰਦਰਸ਼ਨ ਕੀਤਾ ਹੈ। ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਨੇ ਜਾਗ੍ਰਿਤੀ ਰਾਜਪੂਤ ਦੀ ਚੋਣ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ।




## ਸੇਵਾ ਤੇ ਸਸ਼ਕਤੀਕਰਨ ਪ੍ਰੋਗਰਾਮ ਤਹਿਤ ਖੂਨਦਾਨ ਕੈਂਪ

**ਬਰਨਾਲਾ (ਰਜਿੰਦਰ ਬਰਾੜ, ਰਾਕੇਸ਼ ਨੀਟਾ)**



ਨਹਿਰੂ ਯੁਵਾ ਕੇਂਦਰ ਵੱਲੋਂ ਦਸ਼ਮੇਸ਼ ਯੁਵਕ ਸੇਵਾਵਾਂ ਕਲੱਬ ਪਿੰਡ ਬਦਰਾ ਦੇ ਸਹਿਯੋਗ ਨਾਲ ਖੂਨ ਦਾਨ ਕੈਂਪ ਲਗਾਇਆ ਗਿਆ। ਕਲੱਬ ਦੇ ਪ੍ਰਧਾਨ ਮਨਪ੍ਰੀਤ ਕੌਰ ਨੇ ਕਿਹਾ ਕਿ ਹਰੇਕ ਤੰਦਰੁਸਤ ਇਨਸਾਨ ਨੂੰ ਸਾਲ ਵਿਚ ਚਾਰ ਵਾਰ ਖੂਨਦਾਨ ਕਰਨਾ ਚਾਹੀਦਾ ਹੈ। ਇਸ ਨਾਲ ਕਿਸੇ ਵੀ ਤਰ੍ਹਾਂ ਦੀ ਸਰੀਰਕ ਕਮਜ਼ੋਰੀ ਨਹੀਂ ਹੁੰਦੀ ਸਗੋਂ ਖੂਨਦਾਨ ਕਰਨ ਵਾਲਾ ਵਿਅਕਤੀ ਕਈ ਬਿਮਾਰੀਆਂ ਤੋਂ ਬਚਦਾ ਹੈ। ਸਕੱਤਰ ਮਨਦੀਪ ਸਿੰਘ ਨੇ ਕਿਹਾ ਕਿ ਹਰੇਕ 18 ਸਾਲ ਤੋਂ ਵੱਧ ਅਤੇ 45 ਕਿਲੋ ਭਾਰ ਤੋਂ ਵੱਧ ਦਾ ਵਿਅਕਤੀ ਖੂਨਦਾਨ ਕਰ ਸਕਦਾ ਹੈ। ਉਸ ਨੂੰ ਕਾਲਾ ਪੀਲੀਆ ਅਤੇ ਏਡਜ਼ ਦੀ ਬਿਮਾਰੀ ਨਾਲ ਪੀੜਤ ਨਾ ਹੋਵੇ। ਖਜਾਨਚੀ ਅਰਸ਼ਪ੍ਰੀਤ ਸਿੰਘ ਨੇ ਕਿਹਾ ਕਿ ਤੁਹਾਡੇ ਕੀਤੇ ਹੋਏ ਖੂਨਦਾਨ ਨਾਲ ਕਿਸੇ ਲੋੜਵੰਦ ਮਰੀਜ਼ ਦੀ ਜਾਨ ਬਚਾਈ ਜਾ ਸਕਦੀ ਹੈ ਜਿਸ ਨੂੰ ਖੂਨ ਦੀ ਜ਼ਰੂਰਤ ਹੁੰਦੀ ਹੈ। ਉਸ ਦੀ ਜਾਨ ਸਿਰਫ ਤੇ ਸਿਰਫ ਮਨੁੱਖ ਦੁਆਰਾ ਦਿੱਤੇ ਖੂਨ ਨਾਲ ਹੀ ਬਚ ਸਕਦੀ ਹੈ ਕਿਉਂਕਿ ਚਾਹੇ ਸਾਇੰਸ ਨੇ ਤਰੱਕੀ ਕਰ ਲਈ ਪਰ ਖੂਨ ਦਾ ਕੋਈ ਵੀ ਬਦਲ ਨੇ ਬਣ ਸਕਿਆ। ਨਹਿਰੂ ਯੁਵਾ ਕੇਂਦਰ ਦੇ ਵਲੰਟੀਅਰ ਜੀਵਨ ਸਿੰਘ ਨੇ ਕਿਹਾ ਕਿ ਨਹਿਰੂ ਯੁਵਾ ਕੇਂਦਰ ਬਰਨਾਲਾ ਵੱਲੋਂ ਵੱਖ ਵੱਖ ਸਮੇਂ 'ਤੇ ਇਸ ਤਰ੍ਹਾਂ ਦੇ ਖੂਨਦਾਨ ਕੈਂਪ ਲਗਾਏ ਜਾਂਦੇ ਹਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਮਾੜੀਆਂ ਆਦਤਾਂ ਤੋਂ ਦੂਰ ਰੱਖਣ ਦੇ ਉਪਰਾਲੇ ਕੀਤੇ ਜਾਂਦੇ ਹਨ। ਓਹਨਾ ਦੱਸਿਆ ਕਿ ਇਸ ਕੈਂਪ ਵਿਚ ਲਗਭਗ 50 ਖੂਨਦਾਨੀਆਂ ਨੇ ਖੂਨ ਦਾਨ ਕੀਤਾ।

## ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਵਿਅਕਤੀ ਦੀ ਮੌਤ

**ਬਰੇਟਾ (ਰੀਤਵਾਲ)**-ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਜਾਣ ਦਾ ਸਮਾਚਾਰ ਹੈ। ਇਸ ਸੰਬੰਧੀ ਸਥਾਨਕ ਰੇਲਵੇ ਪੁਲਸ ਚੌਕੀ ਦੇ ਜਾਂਚ ਅਧਿਕਾਰੀ ਨਿਰਮਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੀ ਐਤਵਾਰ ਦੀ ਸਵੇਰ ਨਿਰਮਲ ਸਿੰਘ (58) ਵਾਸੀ ਦੋਦੜਾ ਦੀ ਦਿੱਲੀ ਫਿਰੋਜ਼ਪੁਰ ਲਾਇਨ ਤੇ ਚੂੜਲ ਕਲਾਂ ਦੇ ਨਜ਼ਦੀਕ ਰੇਲ ਗੱਡੀ ਦੀ ਲਪੇਟ 'ਚ ਆਉਣ ਕਾਰਨ ਮੌਤ ਹੋ ਗਈ। ਅਧਿਕਾਰੀ ਨੇ ਦੱਸਿਆ ਕਿ ਮ੍ਰਿਤਕ ਕੋਲ ਜਮੀਨ ਘੱਟ ਹੋਣ ਕਾਰਨ ਉਹ ਕਾਫੀ ਸਮੇ ਤੋਂ ਦਿਮਾਗੀ ਤੌਰ ਤੇ ਪ੍ਰੇਸ਼ਾਨ ਰਹਿੰਦਾ ਸੀ। ਰੇਲਵੇ ਪੁਲਸ ਵੱਲੋਂ ਮ੍ਰਿਤਕ ਦੇ ਬੇਟੇ ਅਮੀਦ ਸਿੰਘ ਦੇ ਬਿਆਨਾਂ 'ਤੇ 174 ਦੀ ਕਾਰਵਾਈ ਕਰਦਿਆਂ ਲਾਸ਼ ਦਾ ਪੋਸਟਮਾਰਟਮ ਕਰਾਉਣ ਉਪਰੰਤ ਲਾਸ਼ ਵਾਰਿਸਾਂ ਨੂੰ ਸੌਂਪ ਦਿੱਤੀ ਹੈ। ਮ੍ਰਿਤਕ ਆਪਣੇ ਪਿੱਛੇ ਪਤਨੀ ਤੋਂ ਇਲਾਵਾ ਇੱਕ ਲੜਕਾ ਤੇ ਇੱਕ ਲੜਕੀ ਛੱਡ ਗਿਆ ਹੈ।



## ਕਕਰਾਲਾ ਵਿਖੇ ਜਿੰਮ ਦਾ ਉਦਘਾਟਨ



**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)**-ਪਿੰਡ ਕਕਰਾਲਾ ਭਾਈਕਾ ਵਿਖੇ ਬਣੇ ਨਵੇਂ ਜਿੰਮ ਦਾ ਉਦਘਾਟਨ ਕਰਦਿਆਂ ਉੱਘੇ ਕਬੱਡੀ ਪ੍ਰਮੋਟਰ ਤੇ ਸਮਾਜ ਸੇਵੀ ਹਰਬੰਤ ਸਿੰਘ ਅਮਰੀਕਾ ਨੇ ਕੀਤਾ। ਇਸ ਮੌਕੇ ਉਨ੍ਹਾਂ ਜਿੰਮ ਖੋਲ੍ਹਣ 'ਤੇ ਹਰਪ੍ਰੀਤ ਸਿੰਘ ਬੱਬੂ ਬਾਜਵਾ ਨੂੰ ਵਧਾਈ ਦਿੰਦੇ ਕਿਹਾ ਕਿ ਇਹ ਚੰਗਾ ਉਪਰਾਲਾ ਹੈ, ਇਸ ਨਾਲ ਨੌਜਵਾਨ ਆਪਣੀ ਸਿਹਤ ਦਾ ਖਿਆਲ ਰੱਖਦਿਆਂ ਬਿਮਾਰੀਆਂ ਤੇ ਨਸ਼ੇ ਵਰਗੇ ਕੋਹੜ ਤੋਂ ਦੂਰ ਹੋਣਗੇ। ਇਸ ਮੌਕੇ ਕਾਂਗਰਸ ਪਾਰਟੀ ਦੇ ਹਲਕਾ ਅਵਜ਼ਰਵਰ ਰਾਜਿੰਦਰ ਸਿੰਘ ਬਿੱਟੂ ਤੇ ਹਲਕਾ ਇੰਚਾਰਜ ਦਰਬਾਰਾ ਸਿੰਘ ਬਨਾਵਾਲਾ ਨੇ ਵੀ ਹਰਪ੍ਰੀਤ ਸਿੰਘ ਤੇ ਸਾਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਨਿਰਮਲ ਸਿੰਘ ਮਤੌਲੀ ਬਲਾਕ ਪ੍ਰਧਾਨ, ਨੰਬੜਦਾਰ ਦਰਸ਼ਨ ਸਿੰਘ, ਦਲੇਰ ਸਿੰਘ ਹਰਿਆਉ, ਬਲਜੀਤ ਸਿੰਘ ਬੱਲੀ, ਦਲਬੀਰ ਸਿੰਘ ਸ਼ੇਰਗੜ੍ਹ, ਗੁਰਤੇਜ ਸਿੰਘ, ਕੁਲਦੀਪ ਕੁਮਾਰ ਰਿੰਕੂ, ਸਰਪੰਚ ਅਮ੍ਰਿਤਪਾਲ, ਲਖਵਿੰਦਰ ਸਿੰਘ, ਕੁਲਵਿੰਦਰ ਸਿੰਘ ਧਿਮਾਨ, ਸੂਮੀ ਚਾਹਲ, ਬਬਲਾ ਪਾਪੜਾ, ਹਰਪਾਲ ਸਿੰਘ ਬਾਜਵਾ, ਰਿੱਕੀ ਨੰਬੜਦਾਰ, ਰਮਨ ਜੋਸ਼ੀ, ਸ਼ਿੱਬਾ ਸ਼ਰਮਾ, ਮੇਜਰ ਸਿੰਘ ਕਕਰਾਲਾ, ਰਾਣਾ ਡਾਕਟਰ, ਪਿੰਕਾ ਸ਼ਰਮਾ ਤੋਂ ਇਲਾਵਾ ਹੋਰ ਨੌਜਵਾਨ ਹਾਜ਼ਰ ਸਨ।

## ਭਾਰਤ ਜੋੜੋ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਕਾਂਗਰਸ ਪਾਰਟੀ ਦੇ ਕੌਮੀ ਜਰਨਲ ਸਕੱਤਰ ਰਾਹੁਲ ਗਾਂਧੀ ਵੱਲੋਂ ਸ਼ੁਰੂ ਕੀਤੀ ਗਈ ਭਾਰਤ ਜੁੜੋ ਯਾਤਰਾ ਸਵਾਗਤ ਲਈ ਹਲਕਾ ਸ਼ੁਤਰਾਣਾ ਵਿੱਚ ਕਾਂਗਰਸੀ ਆਗੂ ਤੇ ਵਰਕਰ ਪੱਬਾਂ ਭਾਰ ਹਨ। ਯਾਤਰਾ ਦੇ ਸਵਾਗਤ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਤਹਿਤ ਹਲਕਾ ਸ਼ੁਤਰਾਣਾ ਵਿਖੇ ਹਲਕੇ ਦੇ ਕੋਆਰਡੀਨੇਟਰ ਰਜਿੰਦਰ ਸਿੰਘ ਬਿੱਟੂ ਵੱਲੋਂ ਹਲਕਾ ਇੰਚਾਰਜ ਦਰਬਾਰਾ ਸਿੰਘ ਨੂੰ ਨਾਲ ਲੈ ਕੇ ਹਲਕੇ ਵਿੱਚ ਭਾਰਤ ਜੋੜ ਯਾਤਰਾ ਤਹਿਤ ਮੀਟਿੰਗਾਂ ਕੀਤੀਆਂ ਗਈਆਂ। ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਰਜਿੰਦਰ ਸਿੰਘ ਬਿੱਟੂ ਨੇ ਕਿਹਾ ਕਿ ਇਸ ਯਾਤਰਾ ਨੂੰ ਪੰਜਾਬ ਵਿੱਚ ਸਫਲ ਬਣਾਉਣ ਲਈ ਇਹ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਜਿਸ ਵਿੱਚ ਲੋਕਾਂ ਵੱਲੋਂ ਖੂਬ ਹੁੰਗਾਰਾ ਮਿਲ ਰਿਹਾ ਹੈ। ਇਸ ਮੌਕੇ ਬਲਾਕ ਪ੍ਰਧਾਨ ਸ਼ੁਤਰਾਣਾ ਰਣਜੀਤ ਸ਼ਿੰਘ ਮਤੋਲੀ, ਬਲਾਕ ਪ੍ਰਧਾਨ ਘਗਾ ਹਰਪ੍ਰੀਤ ਸਿੰਘ ਬੱਬੂ ਬਾਜਵਾ, ਦਲੇਰ ਸਿੰਘ, ਨੰਬਰਦਾਰ ਦਰਸ਼ਨ ਸਿੰਘ, ਉੱਪ ਚੇਅਰਮੈਨ ਬਲਾਕ ਸੰਮਤੀ ਦਲਬੀਰ ਸਿੰਘ, ਬਲਜੀਤ ਸਿੰਘ ਬੱਲੀ, ਗੁਰਤੇਜ ਸਿੰਘ, ਕੌਂਸਲਰ ਰਣਜੀਤ ਅਰੋੜਾ, ਕੁਲਦੀਪ ਬਦੇਸਾਂ, ਸਮਤੀ ਮੈਂਬਰ ਧੰਨਾ ਸਿੰਘ ਕਲਵਾਨੂੰ ਆਦਿ ਹਾਜ਼ਰ ਸਨ।



## ਇਲੈਕਟ੍ਰੋਹੋਮਿਓਪੈਥਿਕ ਡਾਕਟਰਜ ਮੈਡੀਕਲ ਐਸੋਸੀਏਸ਼ਨ ਦੀ ਮੀਟਿੰਗ

**ਮੋਗਾ (ਅਮਰਜੀਤ ਬੱਬਰੀ)**-ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਰਜਿ 404 ਪੰਜਾਬ ਦੀ ਮਹੀਨਾਵਾਰ ਮੀਟਿੰਗ ਚੋਖਾ ਅੰਪਾਇਰ ਹੋਟਲ ਬੁੱਘੀਪੁਰਾ ਚੌਕ ਮੋਗਾ ਵਿਚ ਡਾ ਜਗਮੋਹਨ ਸਿੰਘ ਧੁੜਕੋਟ ਦੀ ਪ੍ਰਧਾਨਗੀ ਹੇਠ ਹੋਈ। ਇਸ ਸਮੇਂ ਉਨ੍ਹਾਂ ਨੇ ਦੱਸਿਆ ਕਿ ਇਲੈਕਟ੍ਰੋਹੋਮਿਓਪੈਥੀ ਦੇ ਪਿਤਾਮਾ ਕਾਉਂਟ ਸੀਜ਼ਰ ਮੈਟੀ ਜੀ ਦੇ 214ਵੇਂ ਜਨਮ ਦਿਨ ਨੂੰ ਸਮਰਪਿਤ ਨੈਸ਼ਨਲ ਪੱਧਰ ਦਾ ਸਮਾਗਮ ਜਨਵਰੀ ਵਿਚ ਕਰਵਾਇਆ ਜਾਵੇਗਾ ਜਿਸ ਵਿਚ ਅਲੱਗ ਅਲੱਗ ਸੂਬਿਆਂ ਤੋਂ ਡਾਕਟਰ ਸਾਹਿਬਾਨ ਹਿੱਸਾ ਲੈਣਗੇ। ਡਾ ਜੇ ਐਸ ਖੋਖਰ ਨੇ ਅੱਖਾਂ ਦੀ ਬਣਤਰ ਬਾਰੇ ਜਾਣਕਾਰੀ ਸਾਂਝੀ ਕੀਤੀ। ਚੇਅਰਮੈਨ ਡਾ ਜਗਤਾਰ ਸਿੰਘ ਸੇਖੋਂ ਨੇ ਅੱਖਾਂ ਦੇ ਚਿਟਾ ਮੋਤੀਆ, ਕਾਲਾ ਮੋਤੀਆ, ਭੈਂਗਾਪਣ ਰੋਗਾਂ ਦੇ ਕਾਰਨ ਨਿਸ਼ਾਨੀਆਂ ਅਤੇ ਇਲੈਕਟ੍ਰੋਹੋਮਿਓਪੈਥਿਕ ਟਰੀਟਮੈਂਟ ਤੇ ਵਿਸਥਾਰਪੂਰਵਕ ਚਾਨਣਾ ਪਾਇਆ। ਉਨ੍ਹਾਂ ਇਲੈਕਟ੍ਰੋਹੋਮਿਓਪੈਥ ਡਾਕਟਰਾਂ ਨੂੰ ਕਾਉਂਟ ਸ਼ੀਜਰ ਮੈਟੀ ਦੇ ਜਨਮ ਦਿਨ ਤੇ ਹੁਮ-ਹੁਮਾ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਇਲੈਕਟ੍ਰੋਹੋਮਿਓਪੈਥੀ ਦੇ ਪ੍ਰਚਾਰ-ਪ੍ਰਸਾਰ ਵਾਸਤੇ ਰਲ ਮਿਲ ਕੇ ਹੰਭਲਾ ਮਾਰੀਏ ਤਾਂ ਜੋ ਆਮ ਪਬਲਿਕ ਇੰਨਾਂ ਹਰਬਲ ਦਵਾਈਆਂ ਰਾਂਹੀ ਤੰਦਰੁਸਤੀ ਪ੍ਰਾਪਤ ਕਰ ਸਕੇ। ਡਾ ਦਰਬਾਰਾ ਸਿੰਘ ਭੁੱਲਰ ਨੇ ਇਲੈਕਟ੍ਰੋਹੋਮਿਓਪੈਥੀ ਵਿੱਚ ਵਰਤੇ ਜਾਣ ਵਾਲੇ ਪੌਦੇ ਲੋਬੀਲੀਆ ਇੰਨਫਲਾਟਾ ਦੇ ਕਾਰਜ ਖੇਤਰ ਅਤੇ ਗੁਰਦੇ ਫੇਲ ਬਾਰੇ ਵਿਸਥਾਰਪੂਰਵਕ ਦੱਸਿਆ। ਡਾ ਪਰਮਿੰਦਰ ਪਾਠਕ ਨੇ ਐਸ- 12 ਇਲੈਕਟ੍ਰੋਹੋਮਿਓਪੈਥਿਕ ਦਵਾਈ ਦੇ ਕਾਰਜ ਖੇਤਰ ਬਾਰੇ, ਡਾ ਸ਼ਿੰਦਰ ਸਿੰਘ ਕਲੇਰ ਨੇ ਨੀਂਦ ਨਾ ਆਉਣੀ, ਡਾ ਰਾਜਵੀਰ ਸਿੰਘ ਰੌਂਤਾ ਨੇ ਬਾਂਝਪਨ,ਡਾ ਐੱਸ ਕੇ ਕਟਾਰੀਆ ਨੇ ਜਨਰਲ ਰੋਗਾਂ, ਡਾ ਜਗਜੀਤ ਸਿੰਘ ਗਿੱਲ ਨੇ ਨਸ਼ਾ ਛੱਡਣ ਵਾਸਤੇ, ਡਾ ਜਸਵਿੰਦਰ ਸਿੰਘ ਸਮਾਧਭਾਈ ਨੇ ਫੈਟੀ ਲਿਵਰ ਅਤੇ ਬੱਚਿਆਂ ਵਿੱਚ ਛਾਤੀ ਰੋਗ, ਡਾ ਮਨਪ੍ਰੀਤ ਸਿੰਘ ਨੇ ਪੇਟ ਰੋਗ, ਡਾ ਪਰਮਜੀਤ ਸਿੰਘ ਨੰਗਲ ਨੇ ਅੰਡੇਦਾਨੀ ਰਸੌਲੀ ਬਾਰੇ, ਡਾ ਅੰਮ੍ਰਿਤਪਾਲ ਸਿੰਘ ਮਲਣ ਨੇ ਗੁਦਾ ਕੈਂਸਰ ਡਾ ਇਸ਼ਾਕ ਨੇ ਮੂੰਹ ਦੇ ਕੈਸਰ ਤੇ ਆਪਣਾ-ਆਪਣਾ ਇਲੈਕਟ੍ਰੋਹੋਮਿਓਪੈਥਿਕ ਤਜਰਬਾ ਸਾਂਝਾ ਕੀਤਾ। ਮੀਟਿੰਗ ਵਿਚ ਪੰਜਾਬ ਹਰਿਆਣਾ ਤੋਂ ਡਾਕਟਰ ਸਾਹਿਬਾਨ ਸ਼ਾਮਿਲ ਹੋਏ ਜਿਨ੍ਹਾਂ ਵਿੱਚ ਕੈਸ਼ੀਅਰ ਡਾ ਅਨਿਲ ਕੁਮਾਰ ਅਗਰਵਾਲ ਸਰਬਜੀਤ ਸਿੰਘ ਫਤਿਹਾਬਾਦ,ਡਾ ਕਰਮਜੀਤ ਸਿੰਘ ਦੌਧਰ ਡਾ ਮਨਦੀਪ ਸਿੰਘ ਡਾ ਧਰਮਪਾਲ ਸਿੰਘ ਡਾ ਜਸਵਿੰਦਰ ਸਿੰਘ ਡਾ ਨਵਦੀਪ ਸਿੰਘ ਡਾ ਜਗਤਾਰ ਸਿੰਘ ਦਾ ਕਤਲ ਡਾ ਬਲਵਿੰਦਰ ਸਿੰਘ ਡਾ ਦਇਆ ਸਿੰਘ ਡਾ ਨਵਜੋਤ ਸਿੰਘ ਡਾ ਸਤਾਰ ਮੁਹੰਮਦ ਡਾ ਹਰਪ੍ਰੀਤ ਕੌਰ ਡਾ ਪਰਦੀਪ ਕੁਮਾਰ ਡਾ ਕੇਵਲ ਸਿੰਘ ਡਾ ਗੁਰਦੇਵ ਸਿੰਘ ਡਾ ਕੇਸ ਡਾ ਅਜੇ ਸਰਮਾ ਡਾ ਸਹਿਜਾਦ ਖਾਨ ਮਲੇਰਕੋਟਲਾ ਡਾ ਫਰੋਜ਼ ਡਾ ਕਰਮਜੀਤ ਸਿੰਘ ਬੋਡੇ ਡਾ ਹਰਪਾਲ ਸਿੰਘ ਡਾ ਮਨਪ੍ਰੀਤ ਸਿੰਘ ਡਾ ਪੂਨਮ ਮੌਰੀਆ ਡਾ ਲਵਪ੍ਰੀਤ ਸਿੰਘ ਡਾ ਕਰਤਾਰ ਸਿੰਘ ਡਾ ਸਰਬਜੀਤ ਸਿੰਘ ਡਾ ਕੇ ਕੇ ਬੁੱਕਲ ਡਾ ਕਿਸ਼ੋਰ ਚੰਦ ਡਾ ਰੋਬਿਨ ਅਰੋੜਾ ਡਾਕਟਰ ਗੁਰਚਰਨ ਸਿੰਘ ਆਦਿ ਹਾਜ਼ਰ ਸਨ।



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri

ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਸੈਂਕੜੇ ਕਿਰਤੀਆਂ ਸਰਕਾਰ ਦਾ ਫੂਕਿਆ ਪੁਤਲਾ, ਕਿਸਾਨਾਂ ਦੀ ਤੁਰੰਤ ਰਿਹਾਈ ਦੀ ਕੀਤੀ ਮੰਗ

**ਸਰਹਾਲੀ ਕਲਾਂ (ਹਰਪ੍ਰੀਤ ਸਿੰਘ ਚੰਬਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਵਿਚ ਸੈਂਕੜੇ ਕਿਸਾਨਾਂ, ਮਜ਼ਦੂਰਾਂ, ਬੀਬੀਆਂ ਨੇ ਪੰਜਾਬ ਸਰਕਾਰ ਵੱਲੋਂ ਮਾਲਬਰੋਜ਼ ਸ਼ਰਾਬ ਫੈਕਟਰੀ ਜ਼ੀਰਾ ਅੱਗੇ ਲੱਗੇ ਧਰਨੇ ਨੂੰ ਜਬਰੀ ਉਠਾਉਣ ਦੀਆਂ ਕੋਸ਼ਿਸ਼ਾਂ ਤਹਿਤ ਕਿਸਾਨਾਂ ਨੂੰ ਘਰਾਂ ਤੋਂ ਜ਼ਬਰਦਸਤੀ ਚੁੱਕਣ ਦੀ ਸਖਤ ਨਿਖੇਧੀ ਕਰਦਿਆਂ ਡੀਸੀ ਦਫਤਰ ਤਰਨਤਾਰਨ ਅੱਗੇ ਤੇਈ ਦਿਨਾਂ ਤੋਂ ਚੱਲ ਰਹੇ ਮੋਰਚੇ ਵਿਚ ਭਗਵੰਤ ਮਾਨ ਸਰਕਾਰ ਦਾ ਪੁਤਲਾ ਫੂਕਿਆ ਅਤੇ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਗ੍ਰਿਫਤਾਰ ਕਿਸਾਨ ਤੁਰੰਤ ਰਿਹਾਅ ਕਰਨ ਦੀ ਮੰਗ ਕੀਤੀ।



ਮੋਰਚੇ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ, ਹਰਜਿੰਦਰ ਸਿੰਘ ਸਕਰੀ, ਜਰਨੈਲ ਸਿੰਘ ਨੂਰਦੀ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਮਾਨ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਕਾਰਪੋਰੇਟ ਘਰਾਣਿਆਂ ਅੱਗੇ ਪੂਰੀ ਤਰਾਂ ਗੋਡੇ ਟੇਕ ਚੁੱਕੀ ਹੈ। ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਅਤੇ ਵਾਤਾਵਰਣ ਨੂੰ ਦੂਸ਼ਿਤ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੀ ਥਾਂ ਉਨ੍ਹਾਂ ਦੀ ਪਿੱਠ ਥਾਪੜੀ ਜਾ ਰਹੀ ਹੈ ਅਤੇ ਧਰਤੀ ਹਵਾ ਪਾਣੀ ਨੂੰ ਬਚਾਉਣ ਲਈ ਸੰਘਰਸ਼ ਕਰਨ ਵਾਲਿਆਂ ਉਤੇ ਪਰਚੇ ਦਰਜ ਕਰਕੇ ਜੇਲਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਲਤੀਫਪੁਰ ਵਿਚ ਜਬਰੀ ਘਰ ਢਾਹ ਕੇ ਉਜਾੜੇ ਲੋਕਾਂ ਦੇ ਘਰ ਬਣਾ ਕੇ ਮੁੜ ਵਸੇਬੇ ਦੀ ਮੰਗ ਵੀ ਕੀਤੀ।

ਕਿਸਾਨ ਆਗੂਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਕਾਰਪੋਰੇਟ ਪੱਖੀ ਨਿੱਜੀਕਰਨ ਦੀਆਂ ਨੀਤੀਆਂ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿਸਾਨ ਪੱਖੀ ਖੇਤੀ ਨੀਤੀ ਹੋਂਦ ਵਿੱਚ ਲਿਆਂਦੀ ਜਾਵੇ, ਕਿਸਾਨਾਂ ਮਜਦੂਰਾਂ ਦਾ ਕਰਜਾ ਖਤਮ, ਡਾ: ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ, 23 ਫਸਲਾਂ ਦੀ ਖਰੀਦ ਦੀ ਗਾਰੰਟੀ ਦਾ ਕਾਨੂੰਨ ਬਣਾਉਣ, 17.5 (ਸਾਢੇ ਸਤਾਰਾਂ) ਹੱਦਬੰਦੀ ਕਾਨੂੰਨ ਲਾਗੂ ਕਰਕੇ ਕਰੋੜਾਂ ਏਕੜ ਸਰਪਲੱਸ ਜ਼ਮੀਨ ਬੇਜ਼ਮੀਨੇ ਵਿੱਚ ਵੰਡੀ ਜਾਵੇ। ਇਸ ਮੌਕੇ ਅਜੀਤ ਸਿੰਘ ਚੰਬਾ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਕੁਲਵੰਤ ਸਿੰਘ ਮੁੰਡਾ ਪਿੰਡ, ਪਿਸ਼ੌਰਾ ਸਿੰਘ ਗੁੱਜਰਪੁਰਾ, ਕੁਲਵਿੰਦਰ ਸਿੰਘ ਦੇਦੇਹਰ ਸਾਹਿਬ, ਨਰਿੰਦਰ ਸਿੰਘ ਬੱਬੂ ਅਤੇ ਗੁਰਦੇਵ ਸਿੰਘ ਧੁਨ ਆਦਿ ਆਗੂ ਹਾਜ਼ਰ ਸਨ।

# 51000 ਕੁਰਬਾਨੀ ਵਾਲੇ ਸਿੱਖਾਂ ਦਾ ਜਥਾ ਲੈ ਕੇ ਸ਼੍ਰੋਮਣੀ ਕਮੇਟੀ ਦਾ ਪ੍ਰਬੰਧ ਸੰਭਾਲਿਆ ਜਾਵੇਗਾ: ਭਾਈ ਰਣਜੀਤ ਸਿੰਘ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਪੰਥਕ ਅਕਾਲੀ ਲਹਿਰ ਦੇ ਮੁੱਖੀ ਤੇ ਅਕਾਲ ਤਖਤ ਦੇ ਸਾਬਕਾ ਜਥੇਦਾਰ ਭਾਈ ਜਥੇਦਾਰ ਭਾਈ ਰਣਜੀਤ ਸਿੰਘ ਦੀ ਅਗਵਾਈ ਹੇਠ "ਦਸਮੇਸ਼ ਦੀ ਲਲਕਾਰ, ਸਿੱਖ ਨੂੰ ਵੰਗਾਰ" ਦੇ ਬੈਨਰ ਹੇਠ ਮਾਝਾ ਜ਼ੋਨ ਵੱਲੋ ਕੀਤੇ ਗਏ ਪੰਥਕ ਇਕੱਠ ਵਿੱਚ ਪੰਥਕ ਜੈਕਾਰਿਆ ਤੇ ਖਾਲਸਾਈ ਨਾਅਰਿਆਂ ਦੀ ਗੂੰਜ ਵਿੱਚ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚੋ ਮਹੰਤ ਨਰੈਣੂਆਂ ਦਾ ਪ੍ਰਬੰਧ ਖਤਮ ਕਰਨ ਲਈ ਨਨਕਾਣਾ ਸਾਹਿਬ ਦੇ ਮੋਰਚੇ ਦੀ ਬਣਤਰ 'ਤੇ 51000 ਕੁਰਬਾਨੀ ਵਾਲੇ ਸਿੱਖਾਂ ਨੂੰ ਨਾਲ ਲੈ ਕੇ ਪ੍ਰਬੰਧ ਲਿਆ ਜਾਵੇਗਾ।

ਸਥਾਨਕ ਗੁਰੂ ਨਾਨਕ ਭਵਨ ਵਿਖੇ ਭਾਰੀ ਗਿਣਤੀ ਵਿੱਚ ਇਕੱਠੀਆ ਹੋਈਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅੱਜ ਸਿੱਖ ਸੰਸਥਾਵਾਂ 'ਤੇ ਮਹੰਤ ਨਰੈਣੂਆਂ ਦਾ ਕਬਜ਼ਾ ਹੋਇਆ ਪਿਆ ਹੈ ਤੇ ਅੱਜ ਦੇ ਮਹੰਤ ਨਰੈਣੂ ਕੋਈ ਹੋਰ ਨਹੀ ਸਗੋਂ ਉਹ ਲੋਕ ਹਨ ਜਿਨ੍ਹਾਂ ਨੇ ਪੰਜ ਸਾਲ ਮੁੱਖ ਮੰਤਰੀ ਬਣ ਕੇ ਰਾਜ ਕੀਤਾ। ਉਨ੍ਹਾਂ ਕਿਹਾ ਕਿ ਮਾਲ "ਮਾਲਕਾਂ ਦਾ ਮਸ਼ਹੂਰੀ ਦੀ" ਦੇ ਅਨੁਸਾਰ ਅੱਜ ਗੁਰੂ ਦੀ ਗੋਲਕ ਨੂੰ ਬਾਦਲ ਲਾਣਾ ਘੁਣ ਵਾਂਗ ਖਾ ਰਿਹਾ ਹੈ ਤੇ "ਜ਼ਮੀਨ ਗੁਰੂ ਘਰ ਦੀ ਗੋਲਕ ਗੁਰੂ ਘਰ" ਦੀ ਪਰ ਲੁੱਟ ਬਾਦਲ ਲਾਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਾਉਣ ਲਈ ਕੋਈ ਵੀ ਸਰਕਾਰ ਗੰਭੀਰ ਨਹੀਂ ਹੈ ਜਦਕਿ 2011 ਤੋਂ ਬਾਅਦ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਹੀਂ ਹੋਈਆਂ ਜਦਕਿ ਪੰਜ ਸਾਲਾਂ ਬਾਅਦ 2016 ਵਿੱਚ ਹੋਣੀਆਂ ਸਨ। ਉਨ੍ਹਾਂ ਕਿਹਾ ਕਿ ਉਹ ਕੇਂਦਰ ਤੇ ਸੂਬਾ ਸਰਕਾਰਾਂ ਜੇਕਰ ਚੋਣਾਂ ਤੁਰੰਤ ਨਹੀਂ ਕਰਵਾਉਂਦੀਆਂ ਤਾਂ ਫਿਰ ਫਰਵਰੀ ਵਿੱਚ 51000 ਸਿੱਖਾਂ ਦਾ ਜੱਥਾ ਲੈ ਕੇ ਉਸੇ ਤਰ੍ਹਾਂ ਅਕਾਲ ਤਖਤ ਵੱਲ ਕੂਚ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਗਲੇ ਢਾਈ ਮਹੀਨੇ ਉਹ ਸਾਰੇ ਪੰਜਾਬ ਦਾ ਭਰਮਣ ਕਰਨਗੇ ਤੇ ਪਿੰਡ ਪਿੰਡ ਜਾ ਕੇ ਨੌਜਵਾਨਾਂ ਨੂੰ ਸੰਘਰਸ਼ ਲਈ ਪ੍ਰੇਰਿਤ ਕਰਨਗੇ। ਉਨ੍ਹਾਂ ਕਿਹਾ ਕਿ ਉਹ ਹਰ ਪਿੰਡ ਵਿੱਚੋ ਤਿੰਨ ਨੌਜਵਾਨਾਂ ਦਾ ਸਾਥ ਲੈਣਗੇ ਤੇ ਨੌਜਵਾਨ ਉਹ ਹੋਣਗੇ ਜਿਹੜੇ ਮਰਜੀਵੜਿਆਂ ਦੀ ਤਰ੍ਹਾਂ ਹਰ ਪ੍ਰਕਾਰ ਨਾਲ ਸਿਰ ਦੇਣ ਤੇ ਸਿਰ ਲੈਣ ਵਾਲਾ ਸੰਕਲਪ ਲੈਣ ਦੇ ਸਮੱਰਥ ਹੋਣਗੇ।

ਉਨ੍ਹਾਂ ਕਿਹਾ ਕਿ ਫਰਵਰੀ 2023 ਵਿੱਚ ਉਹ ਘੱਟੋ ਘੱਟ 51000 ਦਾ ਜੱਥਾ ਲੈ ਕੇ ਘੰਟਾ ਘਰ ਦੇ ਸਾਹਮਣੇ ਬੈਠਣਗੇ ਤਾਂ ਪਹਿਲਾਂ ਸਵਾਲ ਇਹ ਹੋਵੇਗਾ ਕਿ ਸ਼੍ਰੋਮਣੀ ਕਮੇਟੀ ਦਾ ਲਾਣਾ ਸਿੱਖ ਰੈਂਫਰੈਂ ਲਾਇਬਰੇਰੀ ਵਿੱਚੋ ਗਾਇਬ ਕੀਤਾ 502 ਧਾਰਮਿਕ ਗ੍ਰੰਥ ਜਿਹੜੇ ਭਾਰਤ ਸਰਕਾਰ ਦੀ ਸੀਬੀਆਈ ਤੇ ਆਈਬੀ ਨੇ ਵਾਪਸ ਕਰ ਦਿੱਤੇ ਸਨ ਜਿਨ੍ਹ ਵਿੱਚ 502 ਹੱਥ ਲਿਖਤ ਗ੍ਰੰਥ, 2 ਦਸਮ ਗ੍ਰੰਥ, 28 ਹੁਕਮਨਾਮੇ ਵਾਪਸ ਲਏ ਸਨ ਉਨ੍ਹ ਬਾਰੇ ਪੁੱਛਿਆ ਜਾਵੇਗਾ। ਲੋਕਾਂ ਦੇ ਘਰਾਂ ਵਿੱਚੋਂ ਬਿਰਧ ਸਰੂਪ ਚੁੱਕ ਕੇ ਅਗਨੀ ਭੇਟ ਕਰ ਦਿੱਤੇ ਗਏ ਜਿਹੜੇ ਸਾਡੀ ਵਿਰਾਸਤ ਸਨ ਤੇ ਉਨ੍ਹ ਦੀ ਮਦਦ ਨਾਲ ਗਲਤੀਆਂ ਸੁਧਾਰੀਆਂ ਜਾ ਸਕਦੀਆਂ ਸਨ। ਦੂਸਰਾ ਸਵਾਲ 328 ਸਰੂਪਾਂ ਬਾਰੇ ਹੋਵੇਗਾ ਕਿ ਇਹ ਸਰੂਪ ਕਿਥੇ ਤੇ ਕਿਸ ਮਹਾਂਪੁਰਖ ਕੋਲ ਹਨ ਜੇਕਰ ਇਹ ਜਵਾਬ ਨਹੀਂ ਦਿੰਦੇ ਤਾਂ 51000 ਦਾ ਇਹ ਜੱਥਾ ਅਕਾਲ ਤਖਤ ਤੇ ਜਾ ਕੇ ਆਪਣਾ ਪ੍ਰਬੰਧ ਉਸੇ ਤਰ੍ਹਾ ਹੀ ਕਰੇਗਾ ਜਿਸ ਤਰ੍ਹਾਂ ਨਨਕਾਣਾ ਸਾਹਿਬ ਦਾ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਬਾਦਲਾਂ ਨੇ ਸ਼੍ਰੋਮਣੀ ਕਮੇਟੀ ਖਾ ਲਈ ਜਦਕਿ ਸਿੱਖਾਂ ਦੀ ਸਰਵਉੱਚ ਵਿੱਦਿਅਕ ਸੰਸਥਾ ਖਾਲਸਾ ਕਾਲਜ ਨੂੰ ਬਾਦਲ ਦੇ ਕੁੜਮ ਮਜੀਠੀਆਂ ਨੇ ਆਪਣੀ ਰਿਆਸਤ ਸਮਝ ਰੱਖਿਆ ਹੈ। ਉਨ੍ਹਾਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਇੱਕ ਮਤਾ ਕਰਕੇ ਮਜੀਠੀਆ ਦੀ ਰਿਆਸਤ ਤੇ ਸਿਆਸਤ ਨੂੰ ਚੁਨੌਤੀ ਦਿੰਦਿਆਂ ਵਿਧਾਨ ਸਭਾ ਵਿੱਚ ਮਤਾ ਪਾਸ ਕਰ ਦਿੱਤਾ ਸੀ। ਇਸੇ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤਰਿੰਗ ਕਮੇਟੀ ਦੇ ਮੈਂਬਰ ਬਾਬਾ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ ਨੇ ਕਿਹਾ ਕਿ ਉਹ ਕਈ ਵਾਰੀ ਕਾਰਜਕਾਰਨੀ ਕਮੇਟੀ ਵਿੱਚ ਵੀ 328 ਸਰੂਪਾਂ ਬਾਰੇ ਪੁੱਛ ਚੁੱਕੇ ਹਨ ਪਰ ਕੌਈ ਜਵਾਬ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਈਆਂ ਜਾਣੀਆਂ ਬਹੁਤ ਜ਼ਰੂਰੀ ਹਨ।

ਇਸ ਇਕੱਠ ਵਿੱਚ ਚਾਰ ਮਤੇ ਵੀ ਪਾਸ ਕੀਤੇ ਗਏ। ਪਹਿਲਾ ਮਤੇ ਰਾਹੀਂ ਮੰਗ ਕੀਤੀ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਬਿਨਾਂ ਕਿਸੇ ਦੇਰੀ ਤੋਂ ਤੁਰੰਤ ਕਰਵਾਈਆਂ ਜਾਣਗੀਆਂ। ਜੇਕਰ ਅਜ਼ਾਦੀ ਤੋਂ ਬਾਅਦ 17 ਵਾਰੀ ਪਾਰਲੀਮੈਂਟ ਦੀਆਂ ਚੋਣਾਂ ਕਰਵਾਈਆਂ ਗਈਆਂ ਹਨ ਤਾਂ ਫਿਰ ਸਿੱਖਾਂ ਦੀ ਪਾਰਲੀਮੈਂਟ ਦੀਆਂ ਚੋਣਾਂ ਕਿਉਂ ਨਹੀ ਕਰਵਾਈਆਂ ਜਾ ਰਹੀਆਂ। ਦੂਸਰੇ ਮਤੇ ਰਾਹੀ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਕੀਤੀ ਗਈ ਕਿ ਜੇਕਰ ਰਾਜੀਵ ਗਾਂਧੀ ਦੇ ਕਾਤਲ ਰਿਹਾਅ ਕੀਤੇ ਜਾ ਸਕਦੇ ਹਨ ਤਾਂ ਫਿਰ ਸਿੱਖ ਸਿਆਸੀ ਬੰਦੀਆਂ ਨੂੰ ਵੀ ਰਿਹਾਅ ਕੀਤਾ ਜਾਵੇ। ਤੀਸਰੇ ਮਤੇ ਰਾਹੀਂ 328 ਸਰੂਪਾਂ ਦੀ ਜਾਣਕਾਰੀ ਦੇਣ ਦੀ ਮੰਗ ਕੀਤੀ ਗਈ ਕਿ ਇਹ ਸਰੂਪ ਕਿਸ ਜਗ੍ਹਾ ਪਏ ਹਨ। ਤੀਸਰੇ ਮਤੇ ਰਾਹੀਂ ਮੰਗ ਕੀਤੀ ਗਈ ਕਿ ਜਿਹੜਾ ਸਮਾਨ ਸਿੱਖ ਰੈਂਫਰੈਂਸ ਲਾਇਬਰੇਰੀ ਵਿੱਚ ਸੀਬੀਆਈ ਕੋਲੋਂ ਵਾਪਸ ਆਇਆ ਸੀ ਉਸ ਦੀ ਜਾਣਕਾਰੀ ਦਿੱਤੀ ਜਾਵੇ। ਇਸ ਇਕੱਠ ਵਿੱਚ ਦੇਸ਼ ਵਿਦੇਸ਼ ਤੋਂ ਸੰਗਤਾਂ ਪੁੱਜੀਆਂ ਜਿਨ੍ਹਾਂ ਵਿੱਚ ਪੰਥਕ ਅਕਾਲੀ ਲਹਿਰ ਦੇ ਜਨਰਲ ਸਕੱਤਰ ਜਗਜੀਤ ਸਿੰਘ, ਗੁਰਮੀਤ ਸਿੰਘ, ਜਗਜੋਤ ਸਿੰਘ ਇੰਚਾਰਜ ਮਾਝਾ ਜ਼ੋਨ, ਸਰੂਪ ਸਿੰਘ, ਅਮਰੀਕ ਸਿੰਘ, ਤਰਲੋਚਨ ਸਿੰਘ ਸੋਹਲ, ਰਾਜਿੰਦਰ ਸਿੰਘ, ਸਿਮਰਜੋਤ ਸਿੰਘ, ਹਰਦੇਵ ਸਿੰਘ ਇਟਲੀ, ਕਸ਼ਮੀਰਾ ਸਿੰਘ ਸੋਹਲ, ਜਗਤਾਰ ਸਿੰਘ ਸੋਹਲ, ਅਮਰਬੀਰ ਸਿੰਘ, ਸ਼ਮਸ਼ੇਰ ਸਿੰਘ ਫਰਾਂਸ, ਪਾਲ ਸਿੰਘ ਸਿਕਲੀਗਰ, ਲਖਵੰਤ ਸਿੰਘ ਦਬੁਰਜੀ, ਬਿਕਰਮ ਸਿੰਘ ਸਿਕਲੀਗਰ, ਗੁਰਸੇਵਕ ਸਿੰਘ ਘਵੰਦੀ ਆਦਿ ਨੇ ਸੰਬੋਧਨ ਕੀਤਾ।

# ਉੱਘੇ ਆਜ਼ਾਦੀ ਘੁਲਾਟੀਏ ਹਕੀਮ ਵੇਦ ਪ੍ਰਕਾਸ਼ ਸ਼ਹਿਣੇ ਵਾਲੀ ਦੀ ਮਨਾਈ 19ਵੀਂ ਬਰਸੀ

ਗਹਿਰੀ ਮੰਡੀ (ਮਨਜੀਤ ਸਿੰਘ ਮਿੰਟੂ)-ਸੁਤੰਤਰਤਾ ਸੰਗਰਾਮੀ ਅਤੇ ਉੱਘੇ ਆਜ਼ਾਦੀ ਘੁਲਾਟੀਏ ਹਕੀਮ ਵੇਦ ਪ੍ਰਕਾਸ਼ ਸ਼ਹਿਣੇ ਵਾਲੀ ਦੀ 19ਵੀਂ ਬਰਸੀ ਪਿੰਡ ਦੇ ਗੁਰਦਵਾਰਾ ਸਾਹਿਬ ਵਿਖੇ ਮਨਾਈ। ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਸਮੇਂ ਹੋਏ ਸਮਾਗਮ ਨੂੰ ਪੰਜਾਬ ਕਿਸਾਨ ਯੂਨੀਅਨ ਦੇ ਜ਼ਿਲਾ ਪ੍ਰਧਾਨ ਬਲਬੀਰ ਸਿੰਘ ਮੂਧਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਇਸ ਸਮੇਂ ਬਹੁਤ ਔਖੇ ਹਾਲਾਤ ਦਾ ਸਾਹਮਣਾ ਕਰ ਰਿਹਾ ਹੈ। ਲੋਕਾਂ ਨੂੰ ਆਪਸੀ ਭਾਈਚਾਰੇ ਨੂੰ ਬਣਾਈ ਰੱਖਣਾ ਚਾਹੀਦਾ ਹੈ ਤੇ ਆਪਣੇ ਹੱਕਾਂ ਲਈ ਸੁਚੇਤ ਹੋ ਕਿ ਜਥੇਬੰਦ ਹੋਣ ਦੀ ਬਹੁਤ ਜ਼ਿਆਦਾ ਲੋੜ ਹੈ ਕਿਉਂਕਿ ਹਕੀਮ ਹੋਰਾਂ ਦੀ ਕੁਰਬਾਨੀ ਨਾਲ ਜਿਹੜੀ ਸਾਨੂੰ ਆਜ਼ਾਦੀ ਪ੍ਰਾਪਤ ਹੋਈ ਹੈ ਇਹ ਵੀ ਸਾਥੋਂ ਖੋਹੀ ਜਾ ਰਹੀ ਹੈ। ਇਸ ਸਮੇਂ ਸਾਡੇ ਸੰਵਿਧਾਨ ਨੂੰ ਵੀ ਖਤਰਾ ਬਣਿਆਂ ਹੋਇਆ ਹੈ। ਉਸ ਨੂੰ ਬਚਾਉਣ ਦੀ ਲੋੜ ਹੈ। ਇਸ ਸਮੇਂ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਹਕੀਮ ਹੋਰਾਂ ਨੇ ਜਿਵੇਂ ਛੋਟੀ ਉਮਰ ਵਿੱਚ ਪੜ੍ਹਦਿਆਂ ਕਿਸਾਨੀ ਮੋਰਚੇ ਵਿੱਚ ਜੇਲ੍ਹ ਗਏ। ਸਾਨੂੰ ਵੀ ਉਨ੍ਹਾਂ ਦੀ ਜ਼ਿੰਦਗੀ ਤੋਂ ਸੇਧ ਲੈ ਕੇ ਸਮਾਜ ਵਿੱਚ ਵਿਚਰਨਾ ਚਾਹੀਦਾ ਹੈ। ਸਮਾਗਮ ਨੂੰ ਮਜ਼ਦੂਰਾਂ ਦੀ ਜਥੇਬੰਦੀ ਏਟਕ ਦੇ ਆਗੂ ਕਾਮਰੇਡ ਜੋਗਿੰਦਰ ਲਾਲ ਨੇ ਵੀ ਸੰਬੋਧਨ ਕੀਤਾ ਤੇ ਹਕੀਮ ਹੋਰਾਂ ਨੂੰ ਸ਼ਰਧਾਂਜਲੀਆ ਭੇਟ ਕੀਤੀਆਂ। ਇਸ ਸਮੇਂ ਸਤਨਾਮ ਸਿੰਘ ਪਾਖਰਪੁਰਾ, ਮਜ਼ਦੂਰ ਮੁਕਤੀ ਮੋਰਚੇ ਦੇ ਆਗੂ ਮਦਨਜੀਤ ਕਾਦਰਾਬਾਦ, ਪਿੰਡ ਦੇ ਸਰਪੰਚ ਲਖਬੀਰ ਸਿੰਘ, ਕਿਸਾਨ ਆਗੂ ਬਾਵਾ ਸਿੰਘ ਅਬਦਾਲ, ਸੁਰਜੀਤ ਸਿੰਘ ਸੈਕਟਰੀ, ਸੁਖਵਿੰਦਰ ਸਿੰਘ ਚਵਿੰਡਾ ਦੇਵੀ, ਕੇਵਲ ਸਿੰਘ ਮੁੰਗੋਸੋਹੀ, ਮਾਸਟਰ ਪਾਲ ਸਿੰਘ ਕੱਥੂਨੰਗਲ, ਬਚਨ ਸਿੰਘ ਮੈਂਬਰ ਪਾਖਰਪੁਰਾ ਆਦਿ ਹਾਜ਼ਰ ਸਨ। ਇਸ ਸਮੇਂ ਹਕੀਮ ਜੀ ਦੇ ਬੇਟੇ ਪੰਜਾਬ ਕਿਸਾਨ ਯੂਨੀਅਨ ਦੇ ਆਗੂ ਨਰੇਸ਼ ਕੁਮਾਰ ਸ਼ਹਿਣੇ ਵਾਲੀ ਨੇ ਆਏ ਹੋਏ ਜਥੇਬੰਦੀਆਂ ਦੇ ਆਗੂਆਂ ਨੂੰ ਸਿਰੋਪਾਉ ਪਾ ਕੇ ਸਨਮਾਨਿਤ ਕੀਤਾ। ਸਮਾਗਮ ਦੇ ਅਖੀਰ ਵਿੱਚ ਹਕੀਮ ਜੀ ਦੇ ਬੇਟੇ ਤੇ ਉੱਘੇ ਸਮਾਜ ਸੇਵਕ ਇੰਜੀ. ਅਸ਼ੋਕ ਕੁਮਾਰ ਨੇ ਆਈ ਹੋਈ ਸਾਰੀ ਸੰਗਤ ਤੇ ਜਥੇਬੰਦੀਆਂ ਦੇ ਆਗੂਆਂ ਦਾ ਧੰਨਵਾਦ ਕੀਤਾ।



# ਬੜੇ ਜੋਸ਼ੋ-ਖਰੋਸ਼ ਨਾਲ ਮਨਾਇਆ ਪੈਨਸ਼ਨਰਜ਼ ਡੇ, ਸਰਕਾਰ ਖਿਲਾਫ ਕੱਢੀ ਭੜਾਸ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਪੈਨਸ਼ਨਰ ਕਨਫੈਡਰੇਸ਼ਨ ਤਰਨਤਾਰਨ ਦੀ ਜ਼ਿਲ੍ਹਾ ਇਕਾਈ ਵੱਲੋਂ ਆਯੋਜਿਤ ਪੈਨਸ਼ਨਰਜ਼ ਡੇ ਪ੍ਰੋਗਰਾਮ 'ਚ ਖਡੂਰ ਸਾਹਿਬ, ਭਿੱਖੀਵਿੰਡ, ਪੱਟੀ ਤੇ ਤਰਨਤਾਰਨ ਤਹਿਸੀਲਾਂ ਦੇ ਪੈਨਸ਼ਨਰਜ਼ ਨੇ ਬੜੇ ਜੋਸ਼ ਤੇ ਉਤਸ਼ਾਹ ਨਾਲ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਪੈਨਸ਼ਨਰਜ਼ ਵੱਲੋਂ ਆਯੋਜਿਤ ਇਸ ਪ੍ਰੋਗਰਾਮ 'ਚ ਡਿਪਟੀ ਕਮਿਸ਼ਨਰ ਰਿਸ਼ੀਪਾਲ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਪ੍ਰਧਾਨ ਅਜੀਤ ਸਿੰਘ ਫਤਹਿਚੱਕ ਨੇ ਡੀਸੀ ਨੂੰ ਵੱਖ-ਵੱਖ ਵਿਭਾਗਾਂ ਦੇ ਪੈਨਸ਼ਨਰਾਂ ਦੀਆਂ ਪੈਂਡਿੰਗ ਮੰਗਾਂ ਅਤੇ ਜਥੇਬੰਦਕ ਗਤੀਵਿਧੀਆਂ ਬਾਰੇ ਦੱਸਿਆ। ਆਪਣੇ ਸੰਬੋਧਨ ਵਿੱਚ ਡੀਸੀ ਤਰਨਤਾਰਨ ਰਿਸ਼ੀਪਾਲ ਸਿੰਘ ਨੇ ਪੈਨਸ਼ਨਰਜ਼ ਦੀ ਆਵਾਜ਼ ਸਰਕਾਰ ਤਕ ਪਹੁੰਚਾਉਣ ਅਤੇ ਆਪਣੇ ਦਫਤਰ ਵਲੋਂ ਬਣਦੇ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਜ਼ਿਲ੍ਹੇ ਵਿਚੋਂ ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਦੂਰ ਕਰਨ ਲਈ ਪੈਨਸ਼ਨਰਜ਼ ਸਮੇਤ ਸਮੂਹ ਨਾਗਰਿਕਾਂ ਤੋਂ ਪ੍ਰਸ਼ਾਸਨ ਲਈ ਸਹਿਯੋਗ ਮੰਗਿਆ। ਸਰਪ੍ਰਸਤ ਕੁਲਵੰਤ ਸਿੰਘ ਢੋਟੀਆਂ ਅਤੇ ਗੁਰਦਿਆਲ ਸਿੰਘ, ਸੀਨੀਅਰ ਮੀਤ ਪ੍ਰਧਾਨ ਸਤਪਾਲ ਸ਼ਰਮਾ, ਸ਼ਮੀਰ ਸਿੰਘ ਲਾਲਪੁਰ, ਜਨਰਲ ਸਕੱਤਰ ਸੁਰਜੀਤ ਸਿੰਘ ਅਤੇ ਜਗਤਾਰ ਸਿੰਘ ਆਸਲ, ਚੇਅਰਮੈਨ ਗੁਰਦੇਵ ਸਿੰਘ ਸੰਧੂ ਆਦਿ ਨੇ ਪੈਨਸ਼ਨਰਜ਼ ਦੇ ਇਤਿਹਾਸ, ਜਥੇਬੰਦਕ ਗਤੀਵਿਧੀਆਂ, ਮੁੱਖ ਮੰਗਾਂ ਅਤੇ ਮੌਜੂਦਾ ਸਥਿਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਬੇਰੁਖੀ ਅਤੇ ਵਾਅਦਾਖਿਲਾਫੀ ਖਿਲਾਫ ਖੂਬ ਭੜਾਸ ਕੱਢੀ। ਉਨ੍ਹਾਂ ਰੋਸ ਭਰੇ ਸਵਰਾਂ ਨਾਲ ਸਰਕਾਰ ਪ੍ਰਤੀ ਗਿਲਾ ਪ੍ਰਗਟ ਕਰਦਿਆਂ ਬਜ਼ੁਰਗ ਪੈਨਸ਼ਨਰਾਂ ਨੂੰ ਅਣਗੌਲਿਆਂ ਰੱਖਣਾ ਘੋਰ ਅਨਿਆਂ ਆਖਿਆ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵਿਚੋਂ ਐੱਸਬੀਆਈ ਬੈਂਕ ਦੀ ਚੀਫ ਮੈਨੇਜਰ ਮੈਡਮ ਵੰਦਨਾ ਪ੍ਰਾਸ਼ਰ, ਸੈਂਟਰਲ ਬੈਂਕ ਦੇ ਮੈਨੇਜਰ ਅਸ਼ੀਸ਼ ਕੁਮਾਰ ਸ਼ਰਮਾ, ਖਜ਼ਾਨਾ ਦਫਤਰ ਦੇ ਗੁਰਲਾਲ ਸਿੰਘ ਆਦਿ ਨੇ ਆਪਣੇ ਦਫਤਰਾਂ ਵਿਚ ਪੈਨਸ਼ਨਰਜ਼ ਦੇ ਕੰਮ ਪਹਿਲ ਦੇ ਆਧਾਰ 'ਤੇ ਕਰਨ ਦਾ ਭਰੋਸਾ ਦਿੱਤਾ। ਜਨਰਲ ਸਕੱਤਰ ਜਗਤਾਰ ਸਿੰਘ ਆਸਲ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬੀ ਨਿਭਾਈ। ਪ੍ਰਧਾਨ ਅਜੀਤ ਸਿੰਘ ਫਤਹਿਚਕ ਮਹਿਮਾਨਾਂ ਤੇ ਪੈਨਸ਼ਨਰਜ਼ ਆਗੂਆਂ ਨੇ 75 ਸਾਲ ਦੇ ਪੈਨਸ਼ਨਰਜ਼ ਨੂੰ ਪੈਨਸ਼ਨਰ ਕਨਫੈਡਰੇਸ਼ਨ ਤਰਨਤਾਰਨ ਵਲੋਂ ਸ਼ਾਲ ਅਤੇ ਮੋਮੈਂਟੋ ਦੇ ਕੇ ਸਨਮਾਨਿਤ ਕੀਤਾ। ਕੁਲ ਮਿਲਾ ਕੇ ਪੈਨਸ਼ਨਰਜ਼ ਡੇ ਯਾਦਗਾਰੀ ਹੋ ਨਿੱਬੜਿਆ। ਇਸ ਮੌਕੇ ਹੋਰਨਾ ਤੋਂ ਇਲਾਵਾ ਤਹਿਸੀਲ ਪ੍ਰਧਾਨ ਤੇ ਧਰਮ ਸਿੰਘ ਖਡੂਰ ਸਾਹਿਬ, ਸੀਨੀਅਰ ਮੀਤ ਪ੍ਰਧਾਨ ਗੋਪਾਲ ਸਿੰਘ, ਸੁਰਿੰਦਰ ਸਿੰਘ ਕੰਬੋਜ, ਖਜ਼ਾਨਚੀ ਕੁਲਵੰਤ ਸਿੰਘ ਅਤੇ ਚਾਨਣ ਸਿੰਘ, ਫੂਲਾ ਸਿੰਘ, ਚੇਅਰਮੈਨ ਗੁਰਦੇਵ ਸਿੰਘ ਸੰਧੂ, ਸਤਨਾਮ ਸਿੰਘ ਝਬਾਲ, ਲਾਭ ਸਿੰਘ, ਬਲਵਿੰਦਰ ਸਿੰਘ, ਬਲਵੰਤ ਸਿੰਘ, ਦਇਆ ਸਿੰਘ, ਪ੍ਰੇਮ ਸਿੰਘ, ਸੁਖਦੇਵ ਸਿੰਘ, ਅਜੀਤ ਸਿੰਘ, ਰਾਜ ਸਿੰਘ, ਹਰਭਜਨ ਸਿੰਘ ਸੰਧੂ, ਮੋਹਨ ਸਿੰਘ ਚੌਧਰੀ, ਦਰਸ਼ਨ ਸਿੰਘ, ਪ੍ਰਿਥਵੀ ਵਲਭ ਸੂਦ, ਕੁਲਵਿੰਦਰ ਸਿੰਘ, ਜਗਦੀਸ਼ ਸਿੰਘ ਬੇਦੀ, ਦਵਾਰਕਾ ਨਾਥ, ਬੇਅੰਤ ਸਿੰਘ ਖੇਮਕਰਨ, ਗੁਰਮੀਤ ਸਿੰਘ ਮਾਨ, ਸਰਵਣ ਸਿੰਘ ਰਸੂਲਪੁਰ, ਸਵਰਨ ਸਿੰਘ, ਬਿਕਰਮਜੀਤ ਸਿੰਘ, ਸੁਖਦੇਵ ਸਿੰਘ, ਪ੍ਰਗਟ ਸਿੰਘ ਸਰਹਾਲੀ, ਹਰਜਿੰਦਰ ਸਿੰਘ, ਬੂੜ ਸਿੰਘ ਟਾਂਡਾ, ਅਵਤਾਰ ਸਿੰਘ ਮੁੰਡਾ ਪਿੰਡ, ਪ੍ਰਿਥੀਪਾਲ ਚਾਵਲਾ, ਗੁਰਮੀਤ ਸਿੰਘ, ਲੱਖਾ ਸਿੰਘ ਨਾਰਲੀ, ਵਜ਼ੀਰ ਸਿੰਘ ਖਾਲੜਾ, ਵਜ਼ੀਰ ਸਿੰਘ, ਰਸ਼ਪਾਲ ਸਿੰਘ ਰੰਧਾਵਾ, ਅਜੀਤ ਸਿੰਘ, ਬਲਵਿੰਦਰ ਸਿੰਘ, ਹਰਸੁਖਦੇਵ ਸਿੰਘ, ਨਿਰਮਲ ਸਿੰਘ ਬੁਰਜ, ਕਸ਼ਮੀਰ ਸਿੰਘ ਬੁਰਜ, ਚਰਨ ਸਿੰਘ, ਸੰਤਾ ਸਿੰਘ, ਬਲਵੀਰ ਸਿੰਘ ਆਦਿ ਹਾਜ਼ਰ ਸਨ।



# ਚਾਈਨਾ ਡੋਰ ਵੇਚਣ ਵਾਲਿਆਂ ਨੂੰ ਕਿਸੇ ਵੀ ਉੱਚ ਅਧਿਕਾਰੀ ਦਾ ਕੋਈ ਖੌਫ ਨਹੀਂ

## ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਰਕੇ ਮੁਨਾਫਾਖੋਰਾਂ ਦੇ ਹੌਸਲੇ ਬੁਲੰਦ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਲੋਹੜੀ ਦਾ ਤਿਉਹਾਰ ਨਜ਼ਦੀਕ ਆਉਂਦੇ ਹੀ ਪਤੰਗਬਾਜ਼ੀ ਜ਼ੋਰਾਂ-ਸ਼ੋਰਾਂ ਤੇ ਹੋਣੀ ਸ਼ੁਰੂ ਹੋ ਗਈ ਹੈ ਅਤੇ ਪਤੰਗਾਂ ਉਡਾਉਣ ਲਈ ਚਾਈਨਾ ਡੋਰ ਦੀ ਵਰਤੋਂ ਦਾ ਇਸਤੇਮਾਲ ਹੋਣਾ ਸ਼ੁਰੂ ਹੋ ਗਿਆ ਹੈ ਜਿਸ ਦਾ ਅਸਰ ਦੀਨਾਨਗਰ ਵਿੱਚ ਸ਼ਰੇਆਮ ਦਿੱਖ ਰਿਹਾ ਹੈ। ਦੀਨਾਨਗਰ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਕਰਕੇ ਚਾਈਨਾ ਡੋਰ ਤੇ ਪਾਬੰਦੀ ਲੱਗਣ ਦੇ ਬਾਵਜੂਦ ਵੀ ਦੁਕਾਨਦਾਰ ਆਪਣੇ ਮੁਨਾਫੇ ਲਈ ਬਿਨਾਂ ਕਿਸੇ ਡਰ ਤੋਂ ਸ਼ਰੇਆਮ ਬਲੈਕ ਵਿੱਚ ਡੋਰ ਨੂੰ ਵੇਚ ਰਹੇ ਹਨ।



ਜੇਕਰ ਗੱਲ ਕਰੀਏ ਪੰਜਾਬ ਦੀ ਪਿਛਲੇ ਕੁੱਝ ਸਾਲਾਂ ਦੀ ਤਾਂ ਚਾਈਨਾ ਡੋਰ 'ਤੇ ਪਾਬੰਦੀ ਲੱਗਣ ਦੇ ਬਾਵਜੂਦ ਲਗਾਤਾਰ ਇਸ ਦੀ ਸ਼ਰੇਆਮ ਬਲੈਕ 'ਚ ਵਿਕਰੀ ਜ਼ੋਰਾਂ 'ਤੇ ਹੁੰਦੀ ਆ ਰਹੀ ਹੈ। ਪਹਿਲਾਂ ਤਾਂ ਚਾਈਨਾ ਡੋਰ ਦੀ ਵਿਕਰੀ ਬਜ਼ਾਰਾਂ ਵਿਚ ਹੀ ਹੁੰਦੀ ਸੀ ਪਰ ਅੱਜ-ਕਲ ਇਸ ਦੀ ਵਿਕਰੀ ਆਨਲਾਈਨ ਵੈੱਬਸਾਈਟ ਦੇ ਨਾਲ-ਨਾਲ ਪਿੰਡ ਦੀਆਂ ਆਮ ਦੁਕਾਨਾਂ 'ਤੇ ਵੀ ਹੋਣੀ ਸ਼ੁਰੂ ਹੋ ਗਈ ਹੈ। ਪਾਬੰਦੀਸ਼ੁਦਾ ਡੋਰ ਵੇਚਣ ਵਾਲਿਆਂ ਨੂੰ ਕਿਸੇ ਵੀ ਤਰ੍ਹਾਂ ਦੇ ਉੱਚ ਅਧਿਕਾਰੀਆਂ ਦਾ ਕੋਈ ਡਰ ਨਹੀਂ ਹੈ। ਜ਼ਿਕਰਯੋਗ ਹੈ ਕਿ ਪਿਛਲੇ ਕੁਝ ਸਾਲਾਂ ਤੋਂ ਮਾਰਕੀਟ ਵਿੱਚ ਆਈ ਚਾਈਨਾ ਡੋਰ ਨੇ ਕਈ ਘਰ ਉਜਾੜ ਦਿੱਤੇ ਹਨ ਅਤੇ ਆਸਮਾਨ ਵਿੱਚ ਘੁੰਮਦੇ ਪੰਛੀ ਵੀ ਇਸ ਦੀ ਲਪੇਟ 'ਚ ਆ ਕੇ ਜਾਨਾਂ ਗੁਆ ਚੁੱਕੇ ਹਨ। ਵੱਡੀ ਗੱਲ ਇਹ ਹੈ ਕਿ ਗੁਪਤ ਸੂਚਨਾ ਅਨੁਸਾਰ ਹਲਕਾ ਦੀਨਾਨਗਰ ਸਹਿਰ ਅਤੇ ਇਸ ਦੇ ਖੇਤਰ ਵਿਚ ਆਉਂਦੇ ਪਿੰਡਾਂ ਅੰਦਰ ਮੁਨਾਫਾਖੋਰਾਂ ਵੱਲੋਂ ਕੋਡ ਵਰਡ ਦਾ ਸਹਾਰਾ ਲਿਆ ਜਾ ਰਿਹਾ ਹੈ। ਮੁਨਾਫਾਖੋਰਾਂ ਵੱਲੋਂ ਵੱਖ-ਵੱਖ ਤਰੀਕੇ ਨਾਲ ਕੋਡ ਵਰਡ ਅਪਣਾਏ ਜਾ ਰਹੇ ਹਨ। ਇਨ੍ਹਾਂ ਵੱਲੋਂ ਦੁਕਾਨਾਂ ਜਾਂ ਗੁਦਾਮ ਵਿੱਚ ਸਟਾਕ ਇਕੱਠਾ ਕਰਕੇ ਘਰਾਂ ਤੇ ਬੰਦ ਦੁਕਾਨਾਂ ਵਿੱਚ ਜਾਂ ਕਿਸੇ ਰਿਸ਼ਤੇਦਾਰਾਂ ਦੇ ਘਰਾਂ ਵਿੱਚ ਜਾਂ ਫਿਰ ਨਾਲ ਲਗਦੀਆਂ ਹੋਰ ਦੁਕਾਨਾਂ ਵਿੱਚ ਪਾਬੰਦੀਸ਼ੁਦਾ ਡੋਰ ਨੂੰ ਰੱਖਿਆ ਜਾਂਦਾ ਹੈ। ਜੇਕਰ ਚਾਈਨਾ ਡੋਰ ਨੂੰ ਖਰੀਦਣਾ ਹੋਵੇ ਤਾਂ ਪਹਿਲਾਂ ਸ਼ਹਿਰ ਵਿਚ ਜਾਣਾ ਪੈਂਦਾ ਸੀ ਜੋ ਅੱਜਕੱਲ੍ਹ ਪਿੰਡਾਂ ਵਿਚੋਂ ਹੀ ਆਸਾਨੀ ਨਾਲ ਮਿਲ ਜਾਂਦੀ ਹੈ। ਪੁਲਸ ਪ੍ਰਸ਼ਾਸਨ ਦੀ ਹਰ ਸਾਲ ਦੀ ਢਿੱਲੀ ਕਾਰਗੁਜ਼ਾਰੀ ਕਰਕੇ ਮੁਨਾਫਾਖੋਰਾਂ ਦੇ ਹੌਸਲੇ ਬੁਲੰਦ ਹੋ ਚੁੱਕੇ ਹਨ। ਦੂਜੇ ਪਾਸੇ ਘਰਾਂ ਵਿੱਚ ਸ਼ਰੇਆਮ ਆਨਲਾਈਨ ਵਿਕਰੀ ਨਾਲ ਚਾਈਨਾ ਡੋਰ ਪਹੁੰਚਾਉਣਾ ਵੀ ਲੋਕਾਂ ਦੇ ਲਈ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ। ਜੇਕਰ ਸਰਕਾਰਾਂ ਚਾਹੁਣ ਤਾਂ ਇਨ੍ਹਾਂ ਮੁਨਾਫਾਖੋਰਾਂ ਤੇ ਐਕਸ਼ਨ ਲੈ ਕੇ ਵੱਡੀ ਕਾਰਵਾਈ ਕਰਕੇ ਚਾਈਨਾ ਡੋਰ ਦੀ ਵਿਕਰੀ ਨੂੰ ਰੋਕਿਆ ਜਾ ਸਕਦਾ ਹੈ। ਪਿਛਲੇ ਕੁਝ ਸਾਲਾਂ ਤੋਂ ਚਾਈਨਾ ਡੋਰ ਨਾਲ ਕਈ ਜਾਨਾਂ ਜਾ ਚੁੱਕੀਆਂ ਹਨ। ਸਰਕਾਰ ਨੂੰ ਚਾਹੀਦਾ ਹੈ ਕਿ ਚਾਈਨਾ ਡੋਰ ਵੇਚਣ ਵਾਲਿਆਂ ਅਤੇ ਬਣਾਉਣ ਵਾਲਿਆਂ ਦੇ ਖਿਲਾਫ ਵੱਖ-ਵੱਖ ਧਾਰਾਵਾਂ ਹੇਠ ਮਾਮਲਾ ਦਰਜ ਕਰ ਕੇ ਕਾਰਵਾਈ ਕਰੇ। ਇਸ ਤੋਂ ਬਚਣ ਲਈ ਬੇਹੱਦ ਜਾਗਰੂਕ ਰਹਿਣ ਦੀ ਜ਼ਰੂਰਤ ਹੈ।

# ਚੇਅਰਮੈਨ ਦਇਆ ਸਿੰਘ ਨੇ ਪਿੰਡ ਘੜਕਾ 'ਚ ਟਰਾਂਸਫਾਰਮਰ ਦਾ ਕੀਤਾ ਉਦਘਾਟਨ

ਚੋਹਲਾ ਸਾਹਿਬ (ਹਰਪ੍ਰੀਤ ਸਿੰਘ ਚੰਬਾ, ਰਮਨ ਚੱਢਾ)-ਹਲਕਾ ਖਡੂਰ ਸਾਹਿਬ ਦੇ ਆਮ ਆਦਮੀ ਪਾਰਟੀ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਨਿਯੁਕਤ ਬਿਜਲੀ ਇੰਚਾਰਜ ਅਤੇ ਪਿੰਡ ਚੋਹਲਾ ਸਾਹਿਬ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਚੇਅਰਮੈਨ ਦਇਆ ਸਿੰਘ ਚੋਹਲਾ ਅੱਜ ਪਿੰਡ ਘੜਕਾ ਵਿਖੇ ਨਵੇਂ ਲਗਾਏ ਟ੍ਰਾਂਸਫਾਰਮਰ ਦਾ ਉਦਘਾਟਨ ਕਰਨ ਪੁੱਜੇ। ਪਿੰਡ ਘੜਕਾ ਦੇ ਆਗੂਆਂ ਵੱਲੋਂ ਚੇਅਰਮੈਨ ਦਇਆ ਸਿੰਘ ਚੋਹਲਾ ਸਾਹਿਬ ਅਤੇ ਸਾਥੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਖੁਸ਼ੀ ਪ੍ਰਗਟ ਕਰਦਿਆਂ ਫੁੱਲਾਂ ਦੇ ਹਾਰ ਪਾਏ ਗਏ। ਗੱਲਬਾਤ ਕਰਦਿਆਂ ਚੇਅਰਮੈਨ ਦਇਆ ਸਿੰਘ ਚੋਹਲਾ ਸਾਹਿਬ ਨੇ ਕਿਹਾ ਕਿ ਸਾਡੀ ਸਰਕਾਰ ਖਾਸਕਰ ਸਾਡੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਜਨਤਾ ਦੀਆਂ ਮੁਸ਼ਕਲਾਂ ਨੂੰ ਭਲੀਭਾਂਤ ਜਾਣਦੇ ਹਨ। ਉਨ੍ਹਾਂ ਦੇ ਮਸਲਿਆਂ ਨੂੰ ਗੰਭੀਰਤਾ ਨਾਲ ਵਿਚਾਰ ਕਰਕੇ ਹੱਲ ਕਰਨ ਦਾ ਯਤਨ ਕਰਦੇ ਹਨ। ਬਿਜਲੀ ਹਰ ਘਰ ਦੀ ਜ਼ਰੂਰਤ ਹੈ, ਗਰਮੀ ਦੇ ਮੌਸਮ ਵਿਚ ਜ਼ਿਆਦਾਤਰ ਉਦੋਂ ਦਿੱਕਤ ਪੇਸ਼ ਆਉਂਦੀ ਹੈ, ਵਾਰ-ਵਾਰ ਓਵਰਲੋਡ ਹੋ ਚੁੱਕੇ ਟ੍ਰਾਂਸਫਾਰਮਰ ਜਾਂ ਤਾਂ ਸੜ ਜਾਂਦੇ ਹਨ ਜਾਂ ਫਿਊਜ਼ ਉੱਡ ਜਾਂਦੇ ਹਨ। ਇਨ੍ਹਾਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਅਸੀਂ ਪਿੰਡ ਘੜਕਾ ਵਿਚ ਨਵਾਂ ਟ੍ਰਾਂਸਫਾਰਮਰ ਲਗਾਇਆ ਹੈ। ਜਲਦੀ ਹੀ ਹੋਰ ਪਿੰਡਾਂ ਵਿੱਚ ਵੀ ਨਵੇਂ ਟ੍ਰਾਂਸਫਾਰਮਰ ਚੜ੍ਹਾਉਣੇ ਉਲੀਕੇ ਗਏ ਹਨ। ਛੱਪੜਾਂ ਦੀ ਸਫਾਈ ਲਈ ਵੀ ਮਨਜਿੰਦਰ ਸਿੰਘ ਲਾਲਪੁਰਾ ਵੱਲੋਂ ਪੂਰੀ ਨਿਸ਼ਠਾ ਨਾਲ ਕੰਮ ਕਰਨ ਲਈ ਪਿੰਡ ਦੇ ਸੀਨੀਅਰ ਆਗੂਆਂ ਦੀ ਅਗਵਾਈ ਕੀਤੀ ਜਾ ਰਹੀ ਹੈ ਤਾਂ ਕਿ ਵਿਕਾਸ ਕਾਰਜਾਂ ਵਿਚ ਤੇਜ਼ੀ ਲਿਆਂਦੀ ਜਾ ਸਕੇ। ਇਸ ਮੌਕੇ ਸੀਨੀਅਰ ਆਗੂ ਬਲਦੇਵ ਸਿੰਘ ਘੜਕਾ, ਹੌਲਦਾਰ ਹਰਬੰਸ ਸਿੰਘ ਫੌਜੀ, ਅਮਰੀਕ ਸਿੰਘ ਖੂਹ ਵਾਲੇ, ਗੁਰਿੰਦਰ ਸਿੰਘ, ਰਸਾਲ ਸਿੰਘ, ਜਸਬੀਰ ਸਿੰਘ, ਲਾਈਨਮੈਨ ਸਰਬਜੀਤ ਸਿੰਘ, ਲਮ ਮੰਗਲ ਸਿੰਘ, ਬਲਦੇਵ ਸਿੰਘ ਬਹਿਕਾਂ, ਡਾਕਟਰ ਰਣਯੋਧ ਸਿੰਘ, ਡਾ. ਰਤਨਜੀਤ ਸਿੰਘ, ਗੁਰਭੇਜ ਸਿੰਘ, ਪਲਵਿੰਦਰ ਸਿੰਘ, ਮੱਟੂ ਘੜਕਾ, ਸੁਖਦੇਵ ਸਿੰਘ, ਸ਼ਮਸ਼ੇਰ ਸਿੰਘ, ਰਣਯੋਧ ਸਿੰਘ, ਡਾਕਟਰ ਇੰਦਰਜੀਤ ਸਿੰਘ ਪ੍ਰੈੱਸ ਸਕੱਤਰ ਆਦਿ ਪਤਵੰਤੇ ਸੱਜਣ ਹਾਜ਼ਰ ਸਨ।



# ਜ਼ਿਲ੍ਹਾ ਹੈਰੀਟੇਜ ਸੁਸਾਇਟੀ ਵੱਲੋਂ ਧਾਰਮਿਕ ਅਸਥਾਨਾਂ ਲਈ 49ਵਾਂ ਮੁਫਤ ਟੂਰ ਰਵਾਨਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ: ਹਿਮਾਂਸ਼ੂ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਹੈਰੀਟੇਜ ਸੋਸਾਇਟੀ ਦੀ ਅਗਵਾਈ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਇਤਿਹਾਸਕ ਧਾਰਮਿਕ ਸਥਾਨ ਅਤੇ ਹੋਰ ਇਤਿਹਾਸਕ ਸਥਾਨਾਂ ਦੀ ਮੁਫਤ ਯਾਤਰਾ ਲਈ ਉਲੀਕੇ ਪ੍ਰੋਗਰਾਮ ਦੀ ਲੜੀ ਤਹਿਤ 49ਵਾਂ ਟੂਰ ਸਰਕਾਰੀ ਨਰਸਿੰਗ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਦਾ ਪੰਚਾਇਤ ਭਵਨ ਗੁਰਦਾਸਪਰ ਤੋਂ ਰਵਾਨਾ ਕੀਤਾ ਗਿਆ, ਜਿਸ ਨੂੰ ਨਰਸਿੰਗ ਸਕੂਲ਼ ਦੀ ਪ੍ਰਿੰਸੀਪਲ ਮੈਡਮ ਪਰਮਜੀਤ ਕੌਰ ਪੁਰੇਵਾਲ ਵਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।



ਪ੍ਰਿੰਸੀਪਲ ਮੈਡਮ ਪੁਰੇਵਾਲ ਨੇ ਦੱਸਿਆ ਕਿ ਮਾਨਯੋਗ ਡੀ. ਸੀ. ਦੇ ਇਸ ਉਪਰਾਲੇ ਨਾਲ ਵਿਦਿਆਰਥੀ ਆਪਣੇ ਵਿਰਸੇ ਅਤੇ ਵਿਰਾਸਤ ਨਾਲ ਨਾਲ ਜੁੜਨ ਵਿੱਚ ਕਾਮਯਾਬ ਹੋਣਗੇ। ਇਹ ਯਾਤਰਾ ਘੱਲੂਘਾਰਾ ਸ਼ਹੀਦੀ ਸਮਾਰਕ ਕਾਹਨੂੰਵਾਨ, ਸ਼ਿਵ ਮੰਦਿਰ ਕਲਾਨੌਰ, ਕਰਤਾਰਪੁਰ ਕੋਰੀਡੋਰ, ਰੱਤੜ ਛੱਤਰ ਮਜ਼ਾਰ, ਮੰਦਰ ਬਾਵਾ ਲਾਲ ਦਿਆਲ ਧਿਆਨਪੁਰ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦੁਰ ਗੜ੍ਹੀ ਗੁਰਦਾਸ ਨੰਗਲ ਆਦਿ ਇਤਿਹਾਸਕ ਸਥਾਨਾਂ ਦੇ ਦਰਸ਼ਨ ਤੇ ਇਤਿਹਾਸਕ ਜਾਣਕਾਰੀ ਹਾਸਲ ਕਰਦੀ ਹੋਈ ਵਾਪਿਸ ਗੁਰਦਾਸਪੁਰ ਸਮਾਪਤ ਹੋਵੇਗੀ। ਪ੍ਰਸ਼ਾਸਨ ਦਾ ਇਹ ਉਪਰਾਲਾ ਬਹੁਤ ਸ਼ਲਾਘਾਯੋਗ ਹੈ ਤੇ ਇਸ ਨਾਲ ਵਿਦਿਆਰਥੀਆਂ ਆਪਣੇ ਨਾਲ ਜੁੜ ਕੇ ਅੰਬੈਸਡਰ ਬਣ ਕੇ ਸਮਾਜ ਨੂੰ ਸੇਧ ਦੇਣਗੇ ਅਤੇ ਅਜਿਹੇ ਮੌਕੇ ਵਿਦਿਆਰਥੀਆਂ ਲਈ ਯਾਦਗਾਰੀ ਹੋ ਨਿੱਬੜਦੇ ਹਨ। ਇਸ ਮੌਕੇ ਦਮਨਜੀਤ ਸਿੰਘ, ਇੰਚਾਰਜ ਘੱਲੂਘਾਰਾ ਕਾਹਨੂੰਵਾਨ ਸਮਾਰਕ, ਅਮਰਜੀਤ ਸਿੰਘ ਪੁਰੇਵਾਲ, ਮੈਡਮ ਕਿਰਨ ਬਾਲਾ ਤੋਂ ਇਲਾਵਾ ਨਰਸਿੰਗ ਕਾਲਜ ਦੇ 40 ਵਿਦਿਆਰਥੀਆਂ ਤੋਂ ਇਲਾਵਾ ਵੀ ਸਕੂਲੀ ਵਿਦਿਆਰਥੀ ਹਾਜ਼ਰ ਸਨ।

# ਬੀ ਐੱਸ ਐੱਫ ਵੱਲੋਂ ਭਾਰਤੀ ਖੇਤਰ 'ਚ ਦਾਖਲ ਹੋਏ ਪਾਕਿ ਡਰੋਨ 'ਤੇ ਗੋਲੀਬਾਰੀ

**ਕਲਾਨੌਰ (ਮਨਦੀਪ ਕੋਹਲੀ)**-ਕਲਾਨੌਰ ਬਲਾਕ ਦੇ ਸਰਹੱਦੀ ਪਿੰਡ ਚੰਦੂ ਵਡਾਲਾ ਬੀਓਪੀ ਵਿਖੇ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ 'ਤੇ ਤਾਇਨਾਤ ਬੀਐੱਸਐੱਫ ਦੀ 89ਵੀਂ ਬਟਾਲੀਅਨ ਦੇ ਜਵਾਨਾਂ ਨੇ ਸ਼ਨੀਵਾਰ ਰਾਤ ਨੂੰ ਭਾਰਤੀ ਖੇਤਰ 'ਚ ਦਾਖਲ ਹੋਏ ਪਾਕਿਸਤਾਨੀ ਡਰੋਨ 'ਤੇ ਗੋਲੀਬਾਰੀ ਕੀਤੀ ਅਤੇ ਪਾਕਿਸਤਾਨੀ ਡਰੋਨ 'ਤੇ ਹਲਕੇ ਬੰਬ ਸੁੱਟੇ ਗਏ। ਡਰੋਨ ਪਾਕਿਸਤਾਨ ਵੱਲ ਮੁੜ ਗਿਆ। ਇਸ ਤੋਂ ਬਾਅਦ ਬੀਐੱਸਐੱਫ ਅਤੇ ਪੁਲਸ ਵੱਲੋਂ ਸਬੰਧਤ ਇਲਾਕੇ ਵਿੱਚ ਤਲਾਸ਼ੀ ਮੁਹਿੰਮ ਚਲਾਈ ਗਈ ਹੈ। ਜਾਣਕਾਰੀ ਅਨੁਸਾਰ ਬੀਐੱਸਐੱਫ ਸੈਕਟਰ ਗੁਰਦਾਸਪੁਰ ਦੀ 89 ਬਟਾਲੀਅਨ ਬੀਓਪੀ ਚੰਦੂਵਡਾਲਾ ਦੇ ਜਵਾਨਾਂ ਨੇ ਬੀਤੀ ਰਾਤ ਭਾਰਤੀ ਖੇਤਰ ਵਿੱਚ ਦਾਖਲ ਹੋਏ ਪਾਕਿਸਤਾਨੀ ਡਰੋਨਾਂ 'ਤੇ 40 ਦੇ ਕਰੀਬ ਫਾਇਰਿੰਗ ਅਤੇ 6 ਰੌਸ਼ਨੀ ਬੰਬ ਦਾਗੇ। ਇਸ ਸਬੰਧੀ ਡੀਆਈਜੀ ਪ੍ਰਭਾਕਰ ਜੋਸ਼ੀ ਨੇ ਦੱਸਿਆ ਕਿ ਸਬੰਧਤ ਖੇਤਰ ਵਿੱਚ ਤਲਾਸ਼ੀ ਮੁਹਿੰਮ ਜਾਰੀ ਹੈ।

# ਤਲਵੰਡੀ ਖੁੰਮਣ ਵਿਖੇ ਕਵੀ ਦਰਬਾਰ ਕਰਵਾਇਆ

ਮਜੀਠਾ (ਸੋਇਮ ਆਨੰਦ)-ਪੰਜਾਬੀ ਸੱਥ ਮੈਲਬੌਰਨ (ਆਸਟ੍ਰੇਲੀਆ) ਦੇ ਬੈਨਰ ਹੇਠ ਮਿਸਟਰ ਸਿੰਘ ਰੋਬਿਨਸਨ ਦੇ ਜਨਮ ਦਿਨ 'ਤੇ ਕੁਲਜੀਤ ਕੌਰ ਗਜ਼ਲ ਦੇ ਗ੍ਰਹਿ ਪਿੰਡ ਤਲਵੰਡੀ ਖੁੰਮਣ ਵਿਖੇ ਕਵੀ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਹਰਮੀਤ ਕੌਰ ਮੀਤ, ਹਰਮੀਤ ਆਰਟਿਸਟ, ਕੁਲਦੀਪ ਸਿੰਘ ਦਰਾਜਕੇ, ਰਵਿੰਦਰ ਸਿੰਘ ਰਵੀ ਖਾਲਸਾ, ਨਵਜੋਤ ਕੌਰ ਨਵੀ ਭੁੱਲਰ, ਸਵਰੀਤ ਕੌਰ, ਨਿਰਮਲ ਕੌਰ ਕੋਟਲਾ, ਗਿਆਨੀ ਸੁਰਜੀਤ ਸਿੰਘ ਸਭਰਾਅ, ਸੁਖਬੀਰ ਸਿੰਘ ਭੁੱਲਰ, ਨਰੰਜਣ ਗਿੱਲ, ਯੁਧਬੀਰ ਸਿੰਘ ਔਲਖ, ਸਰਬ ਮਜੀਠਾ, ਬੇਅੰਤ ਗਿੱਲ, ਅਨੰਤ ਗਿੱਲ, ਵਜੀਰ ਸਿੰਘ ਮੂਧਲ, ਕੁਲਦੀਪ ਸਿੰਘ ਕਾਹਲੋਂ, ਨਿਰਮਲ ਸਿੰਘ ਬਰਾੜ, ਮਨਜਿੰਦਰ ਮਰੜੀ, ਰਹਿਮਤਦੀਪ ਕੌਰ, ਕੋਮਲਜੀਤ ਕੌਰ, ਸਿਮਰਨਜੀਤ ਸਿੰਘ ਬਠਿੰਡਾ, ਸਰਵਣ ਸਿੰਘ ਸ਼ਾਮਨਗਰ ਸ਼ਾਇਰਾਂ ਨੇ ਕਲਾਮ ਪੇਸ਼ ਕਰਕੇ ਸਰੋਤਿਆਂ ਦੀ ਭਰਪੂਰ ਦਾਦ ਲਈ। ਮੰਚ ਸੰਚਾਲਕ ਦੇ ਫਰਜ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਧਰਵਿੰਦਰ ਸਿੰਘ ਔਲਖ ਵੱਲੋਂ ਨਿਭਾਏ ਗਏ।



ਸਮਾਗਮ ਦੀ ਮੇਜ਼ਬਾਨ ਸ਼ਾਇਰਾ ਕੁਲਜੀਤ ਕੌਰ ਗਜ਼ਲ ਨੇ ਸਾਰੇ ਸ਼ਾਇਰਾਂ ਨੂੰ ਮੋਮੈਂਟੋ, ਨਕਦ ਰਾਸ਼ੀ ਤੇ ਆਪਣੀ ਪੁਸਤਕ 'ਇਹ ਪਰਿੰਦੇ ਸਿਆਸਤ ਨਹੀਂ ਜਾਣਦੇ' ਨਾਲ ਸਨਮਾਨਿਤ ਕੀਤਾ। ਇਸ ਪ੍ਰੋਗਰਾਮ ਦੀ ਖਾਸੀਅਤ ਇਹ ਰਹੀ ਕਿ ਆਸਟ੍ਰੇਲੀਆ ਦੇ ਜੰਮਪਲ ਬੱਚਿਆਂ ਨੇ ਠੇਠ ਪੰਜਾਬੀ ਵਿੱਚ ਗੁਰਬਾਣੀ ਉਚਾਰਨ ਕਰਕੇ ਸਭ ਦਾ ਦਿਲ ਜਿੱਤ ਲਿਆ।

# ਵਧੀਆ ਨਤੀਜਿਆਂ ਲਈ ਪ੍ਰੇਰਿਤ ਕਰਨ ਲਈ ਸਕੂਲ ਮੁਖੀਆਂ ਦੀ ਬਲਾਕ ਪੱਧਰੀ ਮੀਟਿੰਗ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸਮੂਹ ਸਰਕਾਰੀ ਸਕੂਲਾਂ ਅੰਦਰ ਪੜ੍ਹਦੇ ਬੱਚਿਆਂ ਦੀ ਸਾਲਾਨਾ ਪ੍ਰੀਖਿਆ ਦੇ 100 ਪ੍ਰਤੀਸ਼ਤ ਨਤੀਜਿਆਂ ਦੀ ਪ੍ਰਾਪਤੀ ਲਈ ਬੱਚਿਆਂ ਨੂੰ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਬਲਾਕ ਅਜਨਾਲਾ ਅਧੀਨ ਪੈਂਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ, ਹਾਈ ਅਤੇ ਮਿਡਲ ਸਕੂਲਾਂ ਦੇ ਮੁਖੀਆਂ ਦੀ ਬਲਾਕ ਪੱਧਰੀ ਇੱਕ ਅਹਿਮ ਮੀਟਿੰਗ ਬਲਾਕ ਨੋਡਲ ਅਫਸਰ ਕਮ ਪ੍ਰਿੰਸੀਪਲ ਮੈਡਮ ਰੁਪਿੰਦਰ ਕੌਰ ਰੰਧਾਵਾ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਥੋਬਾ ਵਿਖੇ ਹੋਈ ਜਿਸ ਨੂੰ ਸੰਬੋਧਨ ਕਰਦਿਆਂ ਮੈਡਮ ਰੁਪਿੰਦਰ ਰੰਧਾਵਾ ਨੇ ਕਿਹਾ ਕਿ ਸਰਕਾਰ ਵੱਲੋਂ ਇਸ ਸਾਲ ਸਕੂਲੀ ਬੱਚਿਆਂ ਲਈ ਰੱਖੇ ਗਏ ਮਿਸ਼ਨ 100 ਪ੍ਰਤੀਸ਼ਤ ਨਤੀਜਿਆਂ ਦੀ ਪ੍ਰਾਪਤੀ ਲਈ ਸਕੂਲ ਮੁਖੀ ਹੁਣ ਤੋਂ ਹੀ ਨਵੀਂ ਵਿਉਂਤਬੰਦੀ ਕਰਕੇ ਅਧਿਆਪਕਾਂ ਨੂੰ ਬੱਚਿਆਂ ਦੀਆਂ ਵਾਧੂ ਕਲਾਸਾਂ ਲਗਾਉਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਬੱਚਿਆਂ ਅੰਦਰ ਪੜ੍ਹਨ ਦੀ ਰੁਚੀ ਪੈਦਾ ਕਰਨ। ਉਨ੍ਹਾਂ ਕਿਹਾ ਕਿ ਸਮੂਹ ਸਕੂਲਾਂ ਅੰਦਰ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਅਤੇ ਬੱਚਿਆਂ ਦੀ ਗਿਣਤੀ ਦੇ ਅਨੁਸਾਰ ਅਧਿਆਪਕਾਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ ਤਾਂ ਜੋ ਕੋਈ ਵੀ ਸਕੂਲ ਕਿਸੇ ਵਿਸ਼ਾ ਅਧਿਆਪਕ ਤੋਂ ਸੱਖਣਾ ਨਾਂ ਰਹਿ ਸਕੇ। ਇਸ ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਦਲਬੀਰ ਸਿੰਘ ਥੋਬਾ, ਆਤਮਜੀਤ ਸਿੰਘ ਜਗਦੇਵ ਖੁਰਦ, ਸੁਖਦੇਵ ਸਿੰਘ ਤਲਵੰਡੀ, ਕੰਵਲਜੀਤ ਸਿੰਘ ਵਿਛੋਆ, ਪੰਕਜ ਸਿੰਘ ਗੁਰਾਲਾ, ਸਰਬਜੀਤ ਕੌਰ ਮਲਕਪੁਰ ਆਦਿ ਨੇ ਸ਼ਮੂਲੀਅਤ ਕੀਤੀ।



# ਕਿਸਾਨਾਂ ਰੋਸ ਵਜੋਂ ਮੰਨਣ ਟੋਲ ਪਲਾਜ਼ੇ ਉੱਪਰ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ

ਝਬਾਲ (ਹਰਜਿੰਦਰ ਸਿੰਘ ਸੋਨੀ/ਰੌਬਿਨ ਸਿੰਘ ਸੋਨੀ)-ਕਿਸਾਨ ਮਜ਼ਦੂਰ ਸੰਘਰਸ ਕਮੇਟੀ (ਪੰਜਾਬ) ਵੱਲੋਂ ਡੀਸੀ ਦਫਤਰ ਤਰਨਤਾਰਨ ਅੱਗੇ ਲੱਗੇ ਮੋਰਚੇ ਨੂੰ 23 ਦਿਨ ਪੂਰੇ ਹੋ ਗਏ ਹਨ। ਇਸ ਕੜਾਕੇ ਦੀ ਠੰਡ ਵਿੱਚ ਬੈਠੇ ਟੋਲ-ਫਰੀ ਸੜਕਾਂ ਨੂੰ ਚੌਥਾ ਦਿਨ ਸ਼ੁਰੂ ਹੋ ਗਿਆ ਹੈ। ਅੰਮ੍ਰਿਤਸਰ ਤੋਂ ਖੇਮਕਰਨ ਰੋਡ ਉੱਪਰ ਮੰਨਣ ਟੋਲ ਪਲਾਜ਼ੇ ਤੇ ਹਾਜ਼ਰ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ, ਜ਼ਿਲਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਪ੍ਰਧਾਨ ਸਤਵਿੰਦਰ ਸਿੰਘ ਪੰਡੋਰੀ ਸਿੱਧਵਾਂ ਨੇ ਕਿਹਾ ਕਿ ਸਰਕਾਰਾਂ ਹਮੇਸ਼ਾ ਹੀ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਭੁਗਤਣ ਲੱਗੀਆਂ ਹੋਈਆਂ ਹਨ ਜਿਸ ਦਾ ਸਬੂਤ ਦਿੰਦੇ ਹੋਏ ਸ਼ਾਂਤਮਈ ਤਰੀਕੇ ਨਾਲ ਬੈਠੇ ਕਿਸਾਨਾਂ ਉੱਪਰ ਪੁਲਸ ਪ੍ਰਸ਼ਾਸਨ ਵੱਲੋਂ ਲਾਠੀਚਾਰਜ ਕਰ ਕੇ ਧਰਨੇ ਉਪਰ ਬੈਠੇ ਕਿਸਾਨਾਂ ਨੂੰ ਜ਼ਬਰਦਸਤੀ ਹਟਾਉਣ ਦੀ ਕੋਸ਼ਿਸ਼ ਕੀਤੀ ਗਈ ਅਤੇ ਕੁਝ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕੀਤਾ ਗਿਆ। ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਇਸ ਘਟਨਾ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਜਿਹੜੇ ਕਿਸਾਨ ਆਗੂਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਉਨ੍ਹਾਂ ਨੂੰ ਜਲਦ ਤੋਂ ਜਲਦ ਰਿਹਾਅ ਕੀਤਾ ਜਾਵੇ, ਸ਼ਰਾਬ ਫੈਕਟਰੀ ਨੂੰ ਜਲਦ ਤੋਂ ਜਲਦ ਬੰਦ ਕੀਤਾ ਜਾਵੇ, ਪੰਜਾਬ ਸਰਕਾਰ ਨੂੰ ਆਗੂਆਂ ਵੱਲੋਂ ਕਿਹਾ ਕਿ ਜਥੇਬੰਦੀ ਆਮ ਜਨਤਾ ਨਾਲ ਖੜੇਗੀ ਤੇ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰ ਭਗਵੰਤ ਮਾਨ ਦੀ ਆਪ ਸਰਕਾਰ ਹੋਵੇਗੀ, ਆਮ ਜਨਤਾ ਦਾ ਨਾਅਰਾ ਦੇਣ ਵਾਲੀ ਆਪ ਸਰਕਾਰ ਆਮ ਜਨਤਾ ਨਾਲ ਹੀ ਧੱਕੇਸ਼ਾਹੀ ਕਰ ਰਹੀ ਹੈ ਜਿਸ ਦਾ ਸਬੂਤ ਜਲੰਧਰ ਦੇ ਲਤੀਫਪੁਰ ਪਿੰਡ ਦਾ ਉਜਾੜਾ ਕਰਕੇ ਆਮ ਜਨਤਾ ਨੂੰ ਘਰੋਂ ਕੱਢਿਆ ਹੋਇਆ ਹੈ, ਗਰੀਬ ਪਰਿਵਾਰਾਂ ਨੂੰ ਇਸ ਕੜਾਕੇ ਦੀ ਠੰਢ ਵਿੱਚ ਘਰੋ ਬਾਹਰ ਰਹਿਣ ਲਈ ਮਜਬੂਰ ਕਿਸਾਨ ਆਗੂਆਂ ਵੱਲੋਂ ਮੰਗ ਕੀਤੀ ਗਈ ਕਿ ਪੰਜਾਬ ਸਰਕਾਰ ਉਜਾੜੇ ਹੋਏ ਪਰਿਵਾਰਾਂ ਦਾ ਮੁੜ-ਵਸੇਬਾ ਕਰੇ, ਨਹੀਂ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਇਸ ਉੱਪਰ ਸਖਤ ਐਕਸ਼ਨ ਲਵੇਗੀ। ਇਸ ਦੇ ਰੋਸ ਵਜੋਂ ਸ੍ਰੀ ਅੰਮ੍ਰਿਤਸਰ ਤੋ ਖੇਮਕਰਨ ਰੋਡ ਮੰਨਣ ਟੋਲ ਪਲਾਜ਼ੇ ਉਪਰ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਟੋਲ ਪਲਾਜ਼ੇ ਮੰਨਣ ਉਪਰ ਹਾਜ਼ਰ ਜ਼ੋਨ ਖਜ਼ਾਨਚੀ ਹਰਜਿੰਦਰ ਸਿੰਘ, ਭੁਪਿੰਦਰ ਸਿੰਘ ਭਿੰਦਾ, ਅਵਤਾਰ ਸਿੰਘ, ਮੇਜਰ ਸਿੰਘ, ਹਰਜੀਤ ਸਿੰਘ, ਲਖਵਿੰਦਰ ਸਿੰਘ, ਕ੍ਰਿਪਾਲ ਸਿੰਘ, ਬਲਵਿੰਦਰ ਸਿੰਘ, ਭਾਲ ਸਿੰਘ, ਬਚਨ ਸਿੰਘ, ਹਰਦਿਆਲ ਸਿੰਘ, ਜੋਗਾ ਸਿੰਘ, ਸੁਖਚੈਨ ਸਿੰਘ ਅਤੇ ਜਸਪਾਲ ਸਿੰਘ ਹਾਜ਼ਰ ਸਨ।



# ਅਧਿਆਪਨ ਸਿਰਫ਼ ਕਿੱਤਾ ਨਹੀਂ, ਬਲਕਿ ਇੱਕ ਜਜ਼ਬਾ : ਮਜੀਠੀਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਵਿਖੇ 15ਵੀਂ ਕਨਵੋਕੇਸ਼ਨ ਦੌਰਾਨ ਕਰੀਬ 550 ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ ਨੇ ਜ਼ੋਰ ਦਿੰਦਿਆਂ ਕਿਹਾ ਕਿ 'ਅਧਿਆਪਨ ਸਿਰਫ ਕਿੱਤਾ ਨਹੀਂ, ਸਗੋਂ ਇਕ ਜਜ਼ਬਾ ਹੈ। ਉਨ੍ਹਾਂ ਕਿਹਾ ਕਿ ਅਧਿਆਪਨ ਇਕ ਪ੍ਰਕਿਰਿਆ ਹੈ, ਵਾਕਿਆ ਨਹੀਂ। ਇਸ ਤੋਂ ਪਹਿਲਾਂ ਮਜੀਠੀਆ, ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ, ਮੀਤ ਪ੍ਰਧਾਨ ਸਵਿੰਦਰ ਸਿੰਘ ਕੱਥੂਨੰਗਲ ਅਤੇ ਕਾਲਜ ਪ੍ਰਿੰਸੀਪਲ ਡਾ. ਸੁਰਿੰਦਰ ਕੌਰ ਢਿੱਲੋਂ ਨੇ ਸ਼ਮ੍ਹਾ ਰੌਸ਼ਨ ਕਰ ਕੇ ਡਿਗਰੀ ਵੰਡ ਸਮਾਗਮ ਦਾ ਆਗਾਜ਼ ਕੀਤਾ।

ਸ. ਮਜੀਠੀਆ ਨੇ ਕਿਹਾ ਕਿ ਅਜੋਕੇ ਸਮਾਜ 'ਚ ਤੇਜ਼ੀ ਨਾਲ ਸਮਾਜਿਕ-ਰਾਜਨੀਤਿਕ ਅਤੇ ਆਰਥਿਕ ਤਬਦੀਲੀਆਂ ਕਾਰਨ ਵੱਧ ਰਹੀਆਂ ਮੰਗਾਂ ਦੇ ਮੱਦੇਨਜ਼ਰ ਇਕ ਅਧਿਆਪਕ ਨੂੰ ਵਿਸ਼ਵ ਭਰ 'ਚ ਹੋ ਰਹੇ ਸੂਚਨਾ ਅਤੇ ਸੰਚਾਰ ਤਕਨਾਲੋਜੀ 'ਚ ਨਿਰੰਤਰ ਤਰੱਕੀ ਦੇ ਨਾਲ ਲਗਾਤਾਰ ਤਾਲਮੇਲ ਰੱਖਣ ਦੀ ਜ਼ਰੂਰਤ ਹੈ। ਉਨ੍ਹਾਂ ਡਿਗਰੀਆਂ ਨਾਲ ਸਨਮਾਨਿਤ ਗ੍ਰੈਜੂਏਟ ਅਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਅੰਤਰਰਾਸ਼ਟਰੀ ਮਾਪਦੰਡਾਂ ਨੂੰ ਪੂਰਾ ਕਰਨ ਵਾਲੀ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਲੋੜ ਹੈ ਤਾਂ ਜੋ ਸਾਡੇ ਨੌਜਵਾਨ ਵਿਦੇਸ਼ ਦੌੜਨ ਦੀ ਬਜਾਏ ਸਾਡੇ ਆਪਣੇ ਸਮਾਜ ਦੀ ਸੇਵਾ ਕਰਨ। ਇਸ ਮੌਕੇ ਮਜੀਠੀਆ, ਸ. ਛੀਨਾ ਨੇ ਪ੍ਰਿੰ: ਡਾ. ਢਿੱਲੋਂ ਨਾਲ ਮਿਲ ਕੇ ਕਾਲਜ ਅਧਿਆਪਕਾਂ ਡਾ: ਸੁਰਿੰਦਰ ਕੌਰ, ਡਾ. ਪਰਵਿੰਦਰਜੀਤ ਕੌਰ, ਡਾ. ਸਤਨਾਮ ਕੌਰ ਨੂੰ ਸਰਵੋਤਮ ਅਧਿਆਪਕ ਅਤੇ ਡਾ. ਮਨਦੀਪ ਕੌਰ ਨੂੰ ਸਰਵੋਤਮ ਖੋਜਕਰਤਾ ਨਾਲ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਯੂਨੀਵਰਸਿਟੀ ਦੇ ਟਾਪਰ ਅਤੇ ਮੈਰਿਟ ਹੋਲਡਰਾਂ ਨੂੰ ਵੀ ਸਨਮਾਨਿਤ ਕੀਤਾ ਗਿਆ।



ਇਸ ਤੋਂ ਪਹਿਲਾਂ ਪ੍ਰਿੰ: ਡਾ. ਢਿੱਲੋਂ ਨੇ ਕਾਲਜ ਦੀ ਸਾਲਾਨਾ ਰਿਪੋਰਟ ਪੜ੍ਹਦਿਆਂ ਅਕਾਦਮਿਕ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਸਮੇਤ ਵੱਖ-ਵੱਖ ਖੇਤਰਾਂ 'ਚ ਫੈਕਲਟੀ ਅਤੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਇਸ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਸਰਦੂਲ ਸਿੰਘ ਮੰਨਨ, ਰਾਜਬੀਰ ਸਿੰਘ, ਪਰਮਜੀਤ ਸਿੰਘ ਬੱਲ, ਸੰਤੋਖ ਸਿੰਘ ਸੇਠੀ, ਮੈਂਬਰ ਡਾ. ਸੁਖਬੀਰ ਕੌਰ ਮਾਹਲ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਜੀ. ਟੀ. ਰੋਡ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ, ਖ਼ਾਲਸਾ ਕਾਲਜ ਆਫ਼ ਫਾਰਮੇਸੀ ਪ੍ਰਿੰਸੀਪਲ ਡਾ. ਆਰ. ਕੇ. ਧਵਨ, ਖ਼ਾਲਸਾ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਡਾ. ਸੁਰਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਅਤੇ ਹੋਰ ਕਾਲਜ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਕਨਵੈਨਸ਼ਨ

## ਲੋਕ ਮਾਰੂ ਸਰਕਾਰੀ ਨੀਤੀਆਂ ਖਿਲਾਫ ਕੀਤਾ ਜ਼ੋਰਦਾਰ ਰੋਸ ਪ੍ਰਦਰਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)** ਜਮਹੂਰੀ ਅਧਿਕਾਰ ਸਭਾ ਪੰਜਾਬ ਵਲੋਂ ਅੰਮ੍ਰਿਤਸਰ ਦੀਆਂ ਲੋਕਪੱਖੀ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਸਥਾਨਕ ਕੰਪਨੀ ਬਾਗ਼ ਵਿਖੇ ਕੌਮਾਂਤਰੀ ਮਨੁੱਖੀ ਅਧਿਕਾਰ ਦਿਵਸ ਨੂੰ ਸਮਰਪਿਤ ਇਕ ਜਨਤਕ ਕਨਵੈਨਸ਼ਨ ਕੀਤੀ ਗਈ ਜਿਸ ਵਿਚ ਮੌਜੂਦਾ ਲੋਕ ਵਿਰੋਧੀ ਅਤੇ ਸਾਮਰਾਜਪੱਖੀ ਹਕੂਮਤਾਂ ਵਲੋਂ ਲਾਗੂ ਕੀਤੀਆਂ ਲੋਕ ਮਾਰੂ ਆਰਥਿਕ ਨੀਤੀਆਂ, ਫ਼ਿਰਕੂ ਫਾਸ਼ੀਵਾਦ ਫੈਲਾਉਣ, ਯੂਏਪੀਏ, ਐਫਸਪਾ, ਪੀਐੱਮਐੱਲਏ, ਐੱਨਐੱਸਏ ਅਤੇ ਹੋਰਨਾਂ ਕਾਲੇ ਕਾਨੂੰਨਾਂ ਰਾਹੀਂ ਨਾਗਰਿਕਾਂ ਦੇ ਮਨੁੱਖੀ ਅਧਿਕਾਰਾਂ ਦੀ ਸ਼ਰੇਆਮ ਕੀਤੀ ਜਾ ਰਹੀ ਉਲੰਘਣਾ ਦੇ ਖਿਲਾਫ਼ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ।



ਇਸ ਮੌਕੇ ਸੰਬੋਧਨ ਕਰਦਿਆਂ ਡਾ. ਪਰਮਿੰਦਰ ਨੇ ਕਿਹਾ ਕਿ 1948 ਦੇ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰਾਂ ਦੇ ਐਲਾਨਨਾਮੇ ਤਹਿਤ ਹਰੇਕ ਨਾਗਰਿਕ ਨੂੰ ਪੂਰਨ ਆਜ਼ਾਦੀ, ਵਿਕਾਸ, ਬਰਾਬਰੀ ਅਤੇ ਸਮਾਜਿਕ ਨਿਆਂ ਦੇ ਮਨੁੱਖੀ ਹੱਕ ਦਿੱਤੇ ਗਏ ਹਨ ਪਰ ਸਾਮਰਾਜੀ ਹਕੂਮਤਾਂ ਦੀਆਂ ਲੋਕ ਵਿਰੋਧੀ ਆਰਥਿਕ ਨੀਤੀਆਂ ਅਤੇ ਸੰਵਿਧਾਨਿਕ ਹੱਕਾਂ ਦੀ ਉਲੰਘਣਾ ਦੇ ਖਿਲਾਫ਼ ਸਮੇਂ ਸਮੇਂ ਤੇ ਦੇਸ਼ ਵਿਚ ਉਠੀਆਂ ਲੋਕਪੱਖੀ ਜਨਤਕ ਲਹਿਰਾਂ ਨੂੰ ਸਖ਼ਤੀ ਨਾਲ ਦਬਾਉਣ ਲਈ ਕੇਂਦਰ ਅਤੇ ਰਾਜ ਸਰਕਾਰਾਂ ਵਲੋਂ ਐਸਮਾ, ਕੌਮੀ ਸੁਰੱਖਿਆ ਐਕਟ, ਪੀਐਸਏ, ਮੀਸਾ, ਟਾਡਾ, ਪੋਟਾ, ਐਫਸਪਾ, ਮਕੋਕਾ, ਪੀਐਮਐਲਏ ਅਤੇ ਗ਼ੈਰ ਕਾਨੂੰਨੀ ਗਤੀਵਿਧੀਆਂ ਰੋਕੂ ਕਾਨੂੰਨ (ਯੂਏਪੀਏ) ਆਦਿ ਅੰਗਰੇਜ਼ਾਂ ਤੋਂ ਵੀ ਵਧ ਖ਼ਤਰਨਾਕ ਕਾਨੂੰਨ ਲਾਗੂ ਕਰਕੇ ਆਮ ਜਨਤਾ ਦੇ ਮਨੁੱਖੀ ਅਧਿਕਾਰਾਂ ਨੂੰ ਖ਼ਤਮ ਕੀਤਾ ਗਿਆ ਹੈ। ਜਮਹੂਰੀ ਕਿਸਾਨ ਸਭਾ ਦੇ ਆਗੂ ਕਾਮਰੇਡ ਰਤਨ ਸਿੰਘ ਰੰਧਾਵਾ ਨੇ ਦੋਸ਼ ਲਾਇਆ ਕਿ ਮੋਦੀ ਸਰਕਾਰ ਵਲੋਂ ਭੀਮਾ ਕੋਰੇਗਾਓਂ ਕਥਿਤ ਹਿੰਸਾ ਵਿਚ ਦੇਸ਼ ਦੇ ਵੀਹ ਤੋਂ ਵੱਧ ਨਾਮਵਰ ਬੁੱਧੀਜੀਵੀਆਂ, ਵਕੀਲਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ ਨੂੰ ਪਿਛਲੇ ਸਾਢੇ ਚਾਰ ਸਾਲ ਤੋਂ ਕੇਸ ਦੀ ਸੁਣਵਾਈ ਦੇ ਬਿਨਾਂ ਯੂਏਪੀਏ ਦੇ ਝੂਠੇ ਦੋਸ਼ਾਂ ਹੇਠ ਜੇਲ੍ਹਾਂ ਵਿਚ ਨਜ਼ਰਬੰਦ ਕੀਤਾ ਗਿਆ ਹੈ।

ਇਸ ਮੌਕੇ ਤਰਕਸ਼ੀਲ ਸੁਸਾਇਟੀ ਪੰਜਾਬ ਦੇ ਆਗੂ ਸੁਮੀਤ ਸਿੰਘ ਨੇ ਕਿਹਾ ਕਿ ਜੰਮੂ ਕਸ਼ਮੀਰ ਵਿਚ ਗ਼ੈਰ ਸੰਵਿਧਾਨਿਕ ਅਤੇ ਫਾਸ਼ੀਵਾਦੀ ਜਬਰ ਨਾਲ ਧਾਰਾ 370 ਖਤਮ ਕਰਨ ਤੋਂ ਬਾਅਦ ਫੌਜ ਅਤੇ ਸੁਰੱਖਿਆ ਬਲਾਂ ਵਲੋਂ ਸਿਆਸੀ ਤੇ ਸਮਾਜਿਕ ਕਾਰਕੁਨਾਂ ਅਤੇ ਪੱਤਰਕਾਰਾਂ ਦੀਆਂ ਨਜਾਇਜ਼ ਗ੍ਰਿਫ਼ਤਾਰੀਆਂ ਕਰਕੇ ਮਨੁੱਖੀ ਅਧਿਕਾਰਾਂ ਦੀ ਵੱਡੇ ਪੱਧਰ ਤੇ ਉਲੰਘਣਾ ਕੀਤੀ ਜਾ ਰਹੀ ਹੈ।

ਭਾਰਤੀ ਕਿਸਾਨ ਯੂਨੀਅਨ(ਏਕਤਾ ਉਗਰਾਹਾਂ) ਦੇ ਆਗੂ ਗੁਰਬਚਨ ਸਿੰਘ ਨੇ ਕਿਹਾ ਕਿ ਦੇਸ਼ ਆਜ਼ਾਦੀ ਤੋਂ ਬਾਅਦ ਅੰਗਰੇਜ਼ਾਂ ਵਲੋਂ ਲਾਗੂ ਕੀਤੇ ਸਾਰੇ ਲੋਕ ਵਿਰੋਧੀ ਕਾਲੇ ਕਾਨੂੰਨ ਖ਼ਤਮ ਕਰਨ ਦੀ ਥਾਂ ਭਾਰਤੀ ਹੁਕਮਰਾਨਾਂ ਵਲੋਂ ਦੇਸ਼ ਦੀ ਜਨਤਾ ਦੇ ਖਿਲਾਫ਼ ਬਸਤੀਵਾਦੀ ਕਾਲੇ ਕਾਨੂੰਨਾਂ ਨੂੰ ਹੋਰ ਵੀ ਵੱਧ ਜਬਰ ਨਾਲ ਲਾਗੂ ਕੀਤਾ ਗਿਆ ਹੈ।

ਸੀ ਟੀ ਯੂ ਪੰਜਾਬ ਦੇ ਆਗੂ ਜਗਤਾਰ ਸਿੰਘ ਕਰਮਪੁਰਾ ਨੇ ਕਿਹਾ ਕਿ ਮੋਦੀ ਸਰਕਾਰ ਕਿਰਤ ਕਾਨੂੰਨਾਂ ਵਿਚ ਮਜ਼ਦੂਰ ਵਿਰੋਧੀ ਸੋਧਾਂ ਕਰਕੇ ਸਮੁੱਚੀ ਮਜਦੂਰ ਜਮਾਤ ਦਾ ਆਰਥਿਕ ਸ਼ੋਸ਼ਣ ਕਰ ਰਹੀ ਹੈ ਅਤੇ ਦੇਸ਼ ਦੀ ਆਰਥਿਕਤਾ ਨੂੰ ਕਾਰਪੋਰੇਟ ਘਰਾਣਿਆਂ ਹੱਥ ਲੁਟਾਇਆ ਜਾ ਰਿਹਾ ਹੈ।

ਕਿਰਤੀ ਕਿਸਾਨ ਯੂਨੀਅਨ ਪੰਜਾਬ ਦੇ ਆਗੂ ਅਮਰੀਕ ਸਿੰਘ ਸੰਗਤਪੁਰਾ ਨੇ ਮੋਦੀ ਸਰਕਾਰ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਮਾਓਵਾਦ ਨੂੰ ਖ਼ਤਮ ਕਰਨ ਦੀ ਆੜ ਹੇਠ ਕੇਂਦਰੀ ਸੁਰੱਖਿਆ ਬਲਾਂ ਵਲੋਂ ਸੈਂਕੜੇ ਨਿਰਦੋਸ਼ ਆਦਿਵਾਸੀਆਂ ਨੂੰ ਓਪਰੇਸ਼ਨ ਗ੍ਰੀਨ ਹੰਟ ਤਹਿਤ ਝੂਠੇ ਪੁਲਿਸ ਮੁਕਾਬਲਿਆਂ ਵਿਚ ਮਾਰਿਆ ਗਿਆ ਹੈ, ਉਨ੍ਹਾਂ ਦੀਆਂ ਔਰਤਾਂ ਨਾਲ ਬਲਾਤਕਾਰ ਕੀਤੇ ਗਏ ਹਨ ਅਤੇ ਝੂਠੇ ਕੇਸਾਂ ਹੇਠ ਜੇਲ੍ਹਾਂ ਵਿਚ ਡੱਕਿਆ ਗਿਆ ਹੈ। ਟਰੇਡ ਯੂਨੀਅਨ ਆਗੂ ਕਾਮਰੇਡ ਕਿਰਪਾਲ ਸਿੰਘ ਨੇ ਕਿਹਾ ਕਿ ਮੋਦੀ ਸਰਕਾਰ ਵਲੋਂ ਮੁਨਾਫ਼ਾਖੋਰ ਕਾਰਪੋਰੇਟ ਘਰਾਣਿਆਂ ਦਾ10ਲੱਖ ਕਰੋੜ ਰੁਪਏ ਤੋਂ ਵੱਧ ਕਰਜਾ ਮਾਫ ਕਰਕੇ ਅਤੇ10ਲੱਖ ਕਰੋੜ ਸਾਲਾਨਾ ਦੀਆਂ ਰਿਆਇਤਾਂ ਦੇ ਕੇ ਦੇਸ਼ ਦੀ ਆਮ ਜਨਤਾ ਦੇ ਮਨੁੱਖੀ ਅਧਿਕਾਰਾਂ ਦਾ ਘਾਣ ਕੀਤਾ ਗਿਆ ਹੈ ਪਰ ਇਸਦੇ ਉਲਟ ਕਿਸਾਨਾਂ ਮਜ਼ਦੂਰਾਂ ਦੇ ਖਿਲਾਫ ਕਾਲੇ ਕਾਨੂੰਨ ਅਤੇ ਸਾਮਰਾਜ ਪੱਖੀ ਨੀਤੀਆਂ ਲਾਗੂ ਕਰਕੇ ਉਨ੍ਹਾਂ ਨੂੰ ਭੁੱਖੇ ਮਰਨ ਉਤੇ ਮਜਬੂਰ ਕੀਤਾ ਜਾ ਰਿਹਾ ਹੈ।

ਜਮਹੂਰੀ ਅਧਿਕਾਰ ਸਭਾ ਦੇ ਸਕੱਤਰ ਯਸ਼ਪਾਲ ਝਬਾਲ ਨੇ ਕਨਵੈਨਸ਼ਨ ਦੇ ਮਤਿਆਂ ਰਾਹੀਂ ਪਿੰਡ ਮਨਸੂਰਵਾਲ ਕਲਾਂ ਵਿਚ ਮਾਲਬਰੋਜ਼ ਸ਼ਰਾਬ ਫੈਕਟਰੀ ਵਿਖੇ ਚਲ ਰਹੇ ਸ਼ਾਂਤਮਈ ਧਰਨੇ ਨੂੰ ਪੁਲਿਸ ਧੱਕੇਸ਼ਾਹੀ ਨਾਲ ਉਠਾਉਣ ਦੀ ਸਖਤ ਨਿਖੇਧੀ ਕੀਤੀ ਗਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜਮਹੂਰੀ ਆਗੂ ਬਲਦੇਵ ਰਾਜ ਵੇਰਕਾ, ਰਾਜ ਕੁਮਾਰ ਵੇਰਕਾ, ਕਾਮਰੇਡ ਅਮੋਲਕ ਸਿੰਘ, ਤਰਕਸ਼ੀਲ ਸੁਖਮੀਤ ਸਿੰਘ, ਦਮਨਜੀਤ ਕੌਰ, ਪ੍ਰੋ. ਹੇਮੰਤ ਕੁਮਾਰ, ਪ੍ਰਿੰਸੀਪਲ ਮੇਲਾ ਰਾਮ, ਅਨਮੋਲ ਸਿੰਘ, ਪਰਮਜੀਤ ਸਿੰਘ, ਡਾ. ਕਸ਼ਮੀਰ ਸਿੰਘ, ਕਿਸਾਨ ਪਲਵਿੰਦਰ ਮੱਟੂ, ਰਾਕੇਸ਼ ਯੂ ਪੀ, ਸੁਰਿੰਦਰ ਸ਼ਿੰਦਾ, ਸਿਮਰਨ ਲਲਕਾਰ, ਪ੍ਰੀਤੀ ਅਤੇ ਤਰਕਸ਼ੀਲ ਕਪਤਾਨ ਸਿੰਘ ਜੰਡਿਆਲਾ ਆਦਿ ਹਾਜ਼ਰ ਸਨ।

